ਸ਼ਨੀਵਾਰ, 17 ਅਗਸਤ, 2024

2 ਭਾਦੋਂ { ਨਾਨਕਸ਼ਾਹੀ 556 / ਬਿਕਰਮੀ 2081

ਜਿਲਦ/VOL. : 73

ਅੰਕ/NO. : 76

# ਨਵਾਂ ਜ਼ਮਾਨਾ

DAILY NAWAN ZAMANA • SATURDAY, 17 AUGUST, 2024

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਪੰਜਾਬ ਦੇ ਤਿੰਨ ਰਾਜ ਸੂਚਨਾ ਕਮਿਸ਼ਨਰਾਂ ਨੇ ਹਲਫ ਲਿਆ

**ਚੰਡੀਗੜ੍ਹ** : ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸ਼ੁੱਕਰਵਾਰ ਐਡਵੋਕੇਟ ਡਾ. ਭੁਪਿੰਦਰ ਸਿੰਘ ਬਾਠ, ਸੰਦੀਪ ਸਿੰਘ ਧਾਲੀਵਾਲ ਅਤੇ ਵਰਿੰਦਰਜੀਤ ਸਿੰਘ ਬਿਲਿੰਗ ਨੂੰ ਸੂਚਨਾ ਅਧਿਕਾਰ ਕਮਿਸ਼ਨ ਦੇ ਨਵੇਂ ਰਾਜ ਸੂਚਨਾ ਕਮਿਸ਼ਨਰਾਂ ਵਜੋਂ ਅਹੁਦੇ ਦੀ ਸਹੁੰ ਚੁਕਾਈ। ਸਹੁੰ ਚੁੱਕ ਸਮਾਗਮ 'ਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ, ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਤੇ ਮੁੱਖ ਸੂਚਨਾ ਕਮਿਸ਼ਨਰ ਇੰਦਰਪਾਲ ਸਿੰਘ ਧੰਨਾ ਮੌਜੂਦ ਸਨ।

## ਪੈਤੋਂਗਤਾਰਨ ਸ਼ਿਨਾਵਾਤਰਾ ਬਣੀ ਥਾਈਲੈਂਡ ਦੀ ਨਵੀਂ ਪੀ ਐੱਮ



**ਬੈਂਕਾਕ** : ਥਾਈਲੈਂਡ ਦੀ ਸੰਸਦ ਨੇ ਸਾਬਕਾ ਪ੍ਰਧਾਨ ਮੰਤਰੀ ਥਕਸੀਨ ਸ਼ਿਨਾਵਾਤਰਾ ਦੀ ਸਭ ਤੋਂ ਛੋਟੀ ਧੀ ਪੈਤੋਂਗਤਾਰਨ ਸ਼ਿਨਾਵਾਤਰਾ ਨੂੰ ਨਵੀਂ ਪ੍ਰਧਾਨ ਮੰਤਰੀ ਚੁਣਿਆ। ਪੈਤੋਂਗਤਾਰਨ ਥਾਈਲੈਂਡ ਦੀ ਕਮਾਨ ਸੰਭਾਲਣ ਵਾਲੇ ਸ਼ਿਨਾਵਾਤਰਾ ਪਰਵਾਰ ਦੀ ਤੀਜੀ ਨੇਤਾ ਬਣ ਗਈ ਹੈ। ਇਸ ਤੋਂ ਪਹਿਲਾਂ ਉਸ ਦੇ ਪਿਤਾ ਥਕਸੀਨ ਸ਼ਿਨਾਵਾਤਰਾ ਅਤੇ ਰਿਸ਼ਤੇਦਾਰ ਯਿੰਗਲਕ ਸ਼ਿਨਾਵਾਤਰਾ ਇਸ ਅਹੁਦੇ 'ਤੇ ਰਹਿ ਚੁੱਕੇ ਹਨ। ਥਕਸੀਨ ਸ਼ਿਨਾਵਾਤਰਾ ਨੂੰ ਤਖਤਾ ਪਲਟ ਰਾਹੀਂ ਸੱਤਾ ਤੋਂ ਲਾਂਭੇ ਕਰ ਦਿੱਤਾ ਗਿਆ ਸੀ।

## ਕਮਲਾ ਹੈਰਿਸ ਦੀ ਸਥਿਤੀ ਮਜ਼ਬੂਤ



**ਵਾਸ਼ਿੰਗਟਨ** : ਸਰਕਰਦਾ ਅਮਰੀਕੀ ਅਖਬਾਰ 'ਵਾਸ਼ਿੰਗਟਨ ਪੋਸਟ' ਨੇ ਆਪਣੇ ਸਰਵੇਖਣ ਦੇ ਨਤੀਜਿਆਂ ਦੇ ਆਧਾਰ 'ਤੇ ਕਿਹਾ ਹੈ ਕਿ ਜੇ ਅੱਜ ਅਮਰੀਕਾ 'ਚ ਚੋਣਾਂ ਹੁੰਦੀਆਂ ਹਨ ਤਾਂ ਡੈਮੋਕ੍ਰੇਟਿਕ ਪਾਰਟੀ ਦੀ ਰਾਸ਼ਟਰਪਤੀ ਅਹੁਦੇ ਦੀ ਉਮੀਦਵਾਰ ਤੇ ਮੌਜੂਦਾ ਉਪ ਰਾਸ਼ਟਰਪਤੀ ਕਮਲਾ ਹੈਰਿਸ ਲੋਕਾਂ ਦੀ ਪਹਿਲੀ ਪਸੰਦ ਹੋਵੇਗੀ। ਅਖਬਾਰ ਮੁਤਾਬਕ ਬਾਇਡਨ ਦੇ ਚੋਣਾਂ ਤੋਂ ਆਪਣਾ ਨਾਂਅ ਵਾਪਸ ਲੈਣ ਤੋਂ ਬਾਅਦ ਹੈਰਿਸ ਨੇ ਮਕਬੂਲੀਅਤ ਪੱਖੋਂ ਕੌਮੀ ਪੱਧਰ 'ਤੇ ਦੋ ਫੀਸਦ ਹੋਰ ਅੰਕ ਪ੍ਰਾਪਤ ਕੀਤੇ ਹਨ ਅਤੇ ਐਤਵਾਰ ਤੱਕ ਉਹ ਅੱਗੇ ਦਿਖਾਈ ਦੇ ਰਹੀ ਹੈ। ਹੈਰਿਸ ਨੇ ਵਿਸਕਾਨਸਿਨ ਅਤੇ ਪੈਨਸਿਲਵੇਨੀਆ 'ਚ ਲੀਡ ਹਾਸਲ ਕੀਤੀ ਹੈ ਅਤੇ ਮਿਸ਼ੀਗਨ 'ਚ ਡੋਨਾਲਡ ਟਰੰਪ ਉਸ ਤੋਂ ਇਕ ਫੀਸਦੀ ਤੋਂ ਵੀ ਘੱਟ ਫਰਕ ਨਾਲ ਅੱਗੇ ਹਨ।

## ਮੁੱਖ ਮੰਤਰੀ ਲਈ ਕਿਸੇ ਵੀ ਚਿਹਰੇ ਦੀ ਹਮਾਇਤ ਕਰਾਂਗਾ : ਠਾਕਰੇ

**ਮੁੰਬਈ** : ਸ਼ਿਵ ਸੈਨਾ (ਯੂ ਬੀ ਟੀ) ਮੁਖੀ ਊਧਵ ਠਾਕਰੇ ਨੇ ਕਿਹਾ ਹੈ ਕਿ ਉਹ ਮਹਾਂਵਿਕਾਸ ਅਗਾੜੀ (ਐੱਮ ਵੀ ਏ) ਦੇ ਮੁੱਖ ਮੰਤਰੀ ਅਹੁਦੇ ਦੇ ਚਿਹਰੇ ਵਜੋਂ ਕਾਂਗਰਸ ਅਤੇ ਨੈਸ਼ਨਲਿਸਟ ਕਾਂਗਰਸ ਪਾਰਟੀ (ਸ਼ਰਦਚੰਦਰ ਪਵਾਰ) ਵੱਲੋਂ ਐਲਾਨੇ ਕਿਸੇ ਵੀ ਉਮੀਦਵਾਰ ਦਾ ਸਮਰਥਨ ਕਰਨਗੇ। ਇੱਥੇ ਵਿਰੋਧੀ ਗਠਜੋੜ ਐੱਮ ਵੀ ਏ ਦੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਠਾਕਰੇ ਨੇ ਕਿਹਾ ਕਿ ਵਿਧਾਨ ਸਭਾ ਚੋਣਾਂ ਮਹਾਰਾਸ਼ਟਰ ਦੇ ਸਵੈਮਾਣ ਨੂੰ ਬਚਾਉਣ ਦੀ ਲੜਾਈ ਹੈ। ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਮੁੱਖ ਮੰਤਰੀ ਅਹੁਦੇ ਦਾ ਉਮੀਦਵਾਰ ਪਹਿਲਾਂ ਤੈਅ ਕੀਤਾ ਜਾਣਾ ਚਾਹੀਦਾ ਹੈ ਨਾ ਕਿ ਚੋਣਾਂ ਵਿਚ ਸਭ ਤੋਂ ਵੱਧ ਸੀਟਾਂ ਜਿੱਤਣ ਵਾਲੀ ਪਾਰਟੀ ਦੇ ਆਧਾਰ 'ਤੇ।

## ਮਿਜ਼ਾਈਲ ਦੇ ਪਿਤਾਮਾ ਨਹੀਂ ਰਹੇ



**ਹੈਦਰਾਬਾਦ** : ਅਗਨੀ ਮਿਜ਼ਾਈਲ ਦੇ ਪਿਤਾਮਾ ਮੰਨੇ ਜਾਂਦੇ ਆਰ ਐੱਨ ਅਗਰਵਾਲ ਦਾ ਇੱਥੇ ਦੇਹਾਂਤ ਹੋ ਗਿਆ। ਉਹ 84 ਸਾਲ ਦੇ ਸਨ। 'ਮਿਜ਼ਾਈਲ ਮੈਨ' ਅਤੇ ਸਾਬਕਾ ਰਾਸ਼ਟਰਪਤੀ ਏ ਪੀ ਜੇ ਅਬਦੁਲ ਕਲਾਮ ਨੇ ਆਈ ਜੀ ਐੱਮ ਡੀ ਪੀ (ਏਕੀਕ੍ਰਿਤ ਗਾਈਡਡ ਮਿਜ਼ਾਈਲ ਵਿਕਾਸ ਪ੍ਰੋਗਰਾਮ) ਦੀ ਸ਼ੁਰੂਆਤ ਕੀਤੀ ਸੀ ਅਤੇ ਅਗਨੀ ਪ੍ਰੋਗਰਾਮ ਇਸ ਦਾ ਮਹੱਤਵਪੂਰਨ ਹਿੱਸਾ ਸੀ।

## ਸਚਾਈ ਜੇ ਪੀ ਸੀ ਦੀ ਜਾਂਚ ਨਾਲ ਸਾਹਮਣੇ ਆਏਗੀ : ਜੈਰਾਮ

**ਨਵੀਂ ਦਿੱਲੀ** : ਕਾਂਗਰਸ ਨੇ ਸ਼ੁੱਕਰਵਾਰ ਦਾਅਵਾ ਕੀਤਾ ਕਿ ਅਮਰੀਕੀ ਸੰਸਥਾ ਹਿੰਡਨਬਰਗ ਰਿਸਰਚ ਵੱਲੋਂ ਅਡਾਨੀ ਗਰੁੱਪ ਨਾਲ ਸੰਬੰਧਤ ਕਥਿਤ ਘਪਲੇ ਸੰਬੰਧੀ ਲਾਏ ਦੋਸ਼ ਮਾਮੂਲੀ ਹਨ ਅਤੇ ਸਾਰੀ ਸੱਚਾਈ ਸਾਂਝੀ ਸੰਸਦੀ ਕਮੇਟੀ ਦੀ ਜਾਂਚ ਤੋਂ ਹੀ ਸਾਹਮਣੇ ਆ ਸਕਦੀ ਹੈ। ਪਾਰਟੀ ਦੇ ਜਨਰਲ ਸਕੱਤਰ ਜੈਰਾਮ ਰਮੇਸ ਨੇ ਕਿਹਾ ਕਿ ਸਾਰੀ ਸੱਚਾਈ ਸਾਂਝੀ ਸੰਸਦੀ ਕਮੇਟੀ (ਜੇ ਪੀ ਸੀ) ਦੀ ਜਾਂਚ ਤੋਂ ਹੀ ਸਾਹਮਣੇ ਆ ਸਕਦੀ ਹੈ।

## ਰੰਗਦਾਰ ਵਿਸ਼ੇਸ਼ ਸਪਲੀਮੈਂਟ



ਸਾਲਾਨਾ ਜੋੜ ਮੇਲੇ ਰੱਖੜ ਪੁੰਨਿਆ ਮੌਕੇ **ਬਾਬਾ ਬਕਾਲਾ** ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਜਸਪਾਲ ਸਿੰਘ** ਨਾਲ ਮੋਬਾਇਲ ਨੰਬਰ 98721-81050 'ਤੇ ਸੰਪਰਕ ਕੀਤਾ ਜਾ ਸਕਦਾ ਹੈ।

*ਜਨਰਲ ਮੈਨੇਜਰ*

## ਅੱਜ-ਨਾਮਾ

ਲੱਗੀ ਹੈ ਚੋਣ ਹਰਿਆਣਾ ਦੀ ਹੋਣ ਮੀਆਂ,
ਜੋੜਿਆ ਨਾਲ ਹੀ ਜੰਮੂ-ਕਸ਼ਮੀਰ ਮੀਆਂ।
ਦਿੱਤੀਆਂ ਛੱਡ ਪੰਜਾਬ ਦੀਆਂ ਚਾਰ ਸੀਟਾਂ,
ਸਕੀਮ ਦਾ ਪਤਾ ਨਹੀਂ ਕੀ ਅਖੀਰ ਮੀਆਂ।
ਹਰਿਆਣੇ ਵੰਨੀਂ ਤਾਂ ਤੇਜ਼ ਆ ਰਾਜਨੀਤੀ,
ਉਲਝੀ ਅਜੇ ਆ ਸਾਰੀ ਤਸਵੀਰ ਮੀਆਂ।
ਹਰ ਕੋਈ ਕਰੇ ਤਾਂ ਸਾਰੀ ਤਦਬੀਰ ਮੀਆਂ,
ਦਾਅ 'ਤੇ ਲੱਗੀ ਆ ਪਈ ਤਕਦੀਰ ਮੀਆਂ।
ਵੱਖਰੇ ਹਾਲਾਤ ਨੇ ਜੰਮੂ-ਕਸ਼ਮੀਰ ਅੰਦਰ,
ਚੱਲੀ ਜਾਏ ਰਾਜਸੀ ਸ਼ਹਿ ਤੇ ਮਾਤ ਮੀਆਂ।
ਕੀਤੇ-ਕਰਵਾਏ ਕੁਝ ਬੇਸ਼ੱਕ ਪ੍ਰਬੰਧ ਚੋਖੇ,
ਪਤਾ ਨਹੀਂ ਬਣਦੇ ਆ ਕੀ ਹਾਲਾਤ ਮੀਆਂ।

-ਤੀਸ ਮਾਰ ਖਾਂ

# ਸਵਰਗ 'ਚ ਚੋਣਾਂ ਦੀਆਂ ਘੰਟੀਆਂ

### ਹਰਿਆਣਾ 'ਚ ਵੀ ਜੰਮੂ-ਕਸ਼ਮੀਰ ਨਾਲ ਪੋਲਿੰਗ, ਮਹਾਰਾਸ਼ਟਰ 'ਚ ਚੋਣਾਂ ਬਾਅਦ 'ਚ

**ਨਵੀਂ ਦਿੱਲੀ** : ਭਾਰਤੀ ਚੋਣ ਕਮਿਸ਼ਨ ਨੇ ਸ਼ੁੱਕਰਵਾਰ ਹਰਿਆਣਾ ਤੇ ਜੰਮੂ-ਕਸ਼ਮੀਰ ਵਿਚ ਅਸੰਬਲੀ ਚੋਣਾਂ ਦਾ ਐਲਾਨ ਕਰ ਦਿੱਤਾ। ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਜੰਮੂ-ਕਸ਼ਮੀਰ 'ਚ ਤਿੰਨ ਪੜਾਵਾਂ 18, 25 ਸਤੰਬਰ ਤੇ ਪਹਿਲੀ ਅਕਤੂਬਰ ਨੂੰ ਵੋਟਾਂ ਪੈਣਗੀਆਂ। ਹਰਿਆਣਾ 'ਚ ਪਹਿਲੀ ਅਕਤੂਬਰ ਨੂੰ ਪੈਣਗੀਆਂ ਤੇ ਦੋਵਾਂ ਰਾਜਾਂ ਦੀਆਂ ਚੋਣਾਂ ਦੇ ਨਤੀਜੇ 4 ਅਕਤੂਬਰ ਨੂੰ ਐਲਾਨੇ ਜਾਣਗੇ।

ਜੰਮੂ-ਕਸ਼ਮੀਰ 'ਚ 10 ਸਾਲ ਬਾਅਦ ਅਸੰਬਲੀ ਚੋਣਾਂ ਹੋ ਰਹੀਆਂ ਹਨ। ਕਸ਼ਮੀਰ 'ਚ 47 ਤੇ ਜੰਮੂ ਖੇਤਰ 'ਚ 43 ਹਲਕੇ ਹਨ। ਇਸ ਤੋਂ ਪਹਿਲਾਂ 2014 'ਚ ਅਸੰਬਲੀ ਚੋਣਾਂ ਹੋਈਆਂ ਸਨ। ਹਰਿਆਣਾ ਅਸੰਬਲੀ ਦਾ ਕਾਰਜਕਾਲ 3 ਨਵੰਬਰ ਨੂੰ ਖਤਮ ਹੋ ਰਿਹਾ ਹੈ। ਚੋਣ ਕਮਿਸ਼ਨ ਦੀ ਜੰਮੂ-ਕਸ਼ਮੀਰ 'ਚ 30 ਸਤੰਬਰ ਤੋਂ ਪਹਿਲਾਂ ਚੋਣਾਂ ਕਰਵਾਉਣ ਦੀ ਯੋਜਨਾ ਸੀ। ਇਹ ਸਮਾਂ ਸੀਮਾ ਸੁਪਰੀਮ ਕੋਰਟ ਨੇ ਤੈਅ ਕੀਤੀ ਸੀ। ਮੁੱਖ ਚੋਣ ਕਮਿਸ਼ਨਰ ਨੇ ਦੱਸਿਆ ਕਿ ਇਸ ਕੇਂਦਰ ਸ਼ਾਸਤ ਪ੍ਰਦੇਸ਼ 'ਚ 90 ਹਲਕਿਆਂ 'ਚ 87.09 ਲੱਖ ਵੋਟਰ ਹਨ ਤੇ ਇਨ੍ਹਾਂ ਵਿੱਚ 42.6 ਲੱਖ ਮਹਿਲਾ ਵੋਟਰ ਹਨ। ਹਰਿਆਣਾ 'ਚ ਵੀ 90 ਹਲਕੇ ਹਨ ਤੇ ਇਥੇ 2 ਕਰੋੜ ਤੋਂ ਵੱਧ ਵੋਟਰ ਹਨ।

ਮੁੱਖ ਚੋਣ ਕਮਿਸ਼ਨਰ ਨੇ ਕਿਹਾ ਕਿ ਭਾਰੀ ਮੀਂਹਾਂ ਤੇ ਸੁਰੱਖਿਆ ਪ੍ਰਬੰਧਾਂ ਕਰਕੇ ਮਹਾਰਾਸ਼ਟਰ ਵਿਚ ਹਰਿਆਣਾ ਦੇ ਨਾਲ



ਚੋਣਾਂ ਨਾ ਕਰਾਉਣ ਦਾ ਫੈਸਲਾ ਕੀਤਾ ਗਿਆ ਹੈ। ਪਿਛਲੀ ਵਾਰ ਹਰਿਆਣਾ ਦੇ ਨਾਲ ਹੀ ਹੋਈਆਂ ਸਨ। ਉਦੋਂ ਜੰਮੂ-ਕਸ਼ਮੀਰ ਦਾ ਮਾਮਲਾ ਨਹੀਂ ਸੀ। ਐਤਕੀਂ ਇਸ ਸਾਲ ਚਾਰ ਅਸੰਬਲੀ ਚੋਣਾਂ ਹਨ ਤੇ ਪੰਜਵੀਂ ਵੀ ਛੇਤੀ ਬਾਅਦ ਹੋਣੀ ਹੈ। ਪਹਿਲਾਂ ਹਰਿਆਣਾ ਤੇ ਜੰਮੂ-ਕਸ਼ਮੀਰ ਦੀਆਂ ਹੋ ਰਹੀਆਂ ਹਨ। ਫਿਰ ਮਹਾਰਾਸ਼ਟਰ, ਝਾਰਖੰਡ ਤੇ ਦਿੱਲੀ ਦੀਆਂ ਹੋਣੀਆਂ ਹਨ। ਸੁਰੱਖਿਆ ਬਲਾਂ ਦੀ ਲੋੜ ਦੇ ਮੱਦੇਨਜ਼ਰ ਦੋ-ਦੋ ਅਸੰਬਲੀ ਚੋਣਾਂ ਕਰਾਉਣ ਦਾ ਫੈਸਲਾ ਲਿਆ ਗਿਆ ਹੈ। ਮਹਾਰਾਸ਼ਟਰ ਵਿਚ ਮੀਂਹ ਬਹੁਤ ਪੈ ਰਿਹਾ ਹੈ ਅਤੇ ਕਈ ਤਿਉਹਾਰ ਵੀ ਆ ਰਹੇ ਹਨ।

ਸ਼ਿਵ ਸੈਨਾ (ਯੂ ਬੀ ਟੀ) ਦੇ ਆਗੂ ਆਦਿੱਤਿਆ ਠਾਕਰੇ ਨੇ ਮਹਾਰਾਸ਼ਟਰ ਚੋਣਾਂ ਲੇਟ ਕਰਨ ਲਈ ਚੋਣ ਕਮਿਸ਼ਨ ਦੀ ਨਿੰਦਾ ਕਰਦਿਆਂ ਕਿਹਾ ਕਿ ਜੇ ਚੋਣ ਕਮਿਸ਼ਨ ਮਹਾਰਾਸ਼ਟਰ ਦੀ ਚੋਣ ਹਰਿਆਣਾ ਦੇ ਨਾਲ ਨਹੀਂ ਕਰਾ ਸਕਦਾ ਤਾਂ ਸਾਰੇ ਦੇਸ਼ ਵਿਚ ਲੋਕ ਸਭਾ ਤੇ ਅਸੰਬਲੀ ਚੋਣਾਂ ਇੱਕੋ ਵਾਰ ਕਿਵੇਂ ਕਰਾਏਗਾ, ਜਿਸ ਦਾ ਭਾਜਪਾ ਰੌਲਾ ਪਾਉਂਦੀ ਹੈ। ਜੇ ਜੰਮੂ-ਕਸ਼ਮੀਰ ਵਿਚ ਹੀ ਏਨੇ ਸੁਰੱਖਿਆ ਬਲ ਚਾਹੀਦੇ ਹਨ ਤਾਂ ਹੁਣ ਤੱਕ ਭਾਜਪਾ ਦੇ ਉੱਥੇ ਅਮਨ-ਅਮਾਨ ਦੇ ਦਾਅਵਿਆਂ ਵਿਚ ਕਿੰਨੀ ਸੱਚਾਈ ਹੈ। ਰਹੀ ਗੱਲ ਮੀਂਹ ਦੀ, ਤਾਂ ਕੀ ਸਿਰਫ ਮਹਾਰਾਸ਼ਟਰ ਵਿਚ ਹੀ ਮਾਨਸੂਨ ਦਾ ਮੀਂਹ ਪੈ ਰਿਹਾ ਹੈ, ਹੋਰਨਾਂ ਰਾਜਾਂ ਵਿਚ ਨਹੀਂ ਪੈ ਰਿਹਾ। ਉਨ੍ਹਾ ਕਿਹਾ ਕਿ ਚੋਣ ਕਮਿਸ਼ਨ ਨੂੰ ਉਸ ਦੇ ਬੌਸ (ਭਾਜਪਾ) ਨੇ ਮਹਾਰਾਸ਼ਟਰ ਵਿਚ ਅਜੇ ਚੋਣਾਂ ਨਾ ਕਰਾਉਣ ਲਈ ਕਿਹਾ ਹੈ। ਉਸ ਨੂੰ ਲੱਗਦਾ ਹੈ ਕਿ ਮਹਾਰਾਸ਼ਟਰ ਦੇ ਲੋਕ ਲੋਕ ਸਭਾ ਚੋਣਾਂ ਵਾਂਗ ਅਸੰਬਲੀ ਚੋਣਾਂ ਵਿਚ ਵੀ ਉਸ ਨੂੰ ਰੱਦ ਕਰਨ ਵਾਲੇ ਹਨ।

### ਮੈਂ ਲੜਾਂਗਾ, ਉਮਰ ਨਹੀਂ : ਫਾਰੂਕ

**ਸ੍ਰੀਨਗਰ** : ਨੈਸ਼ਨਲ ਕਾਨਫਰੰਸ ਦੇ ਪ੍ਰਧਾਨ ਤੇ ਸਾਬਕਾ ਮੁੱਖ ਮੰਤਰੀ ਫਾਰੂਕ ਅਬਦੁੱਲਾ ਨੇ ਕਿਹਾ ਹੈ—ਮੈਂ ਅਸੰਬਲੀ ਚੋਣਾਂ ਲੜਾਂਗਾ। ਬੇਟਾ ਉਮਰ ਅਬਦੁੱਲਾ ਨਹੀਂ ਲੜੇਗਾ। ਉਹ ਉਦੋਂ ਲੜੇਗਾ ਜਦੋਂ ਜੰਮੂ-ਕਸ਼ਮੀਰ ਦਾ ਰਾਜ ਦਾ ਰੁਤਬਾ ਬਹਾਲ ਹੋਵੇਗਾ। ਉਦੋਂ ਮੈਂ ਸੀਟ ਛੱਡ ਦੇਵਾਂਗਾ ਤੇ ਉਮਰ ਲੜੇਗਾ। ਉਮਰ ਅਬਦੁੱਲਾ ਨੇ ਚੋਣਾਂ ਦੇ ਐਲਾਨ ਤੋਂ 24 ਘੰਟੇ ਪਹਿਲਾਂ ਵੱਡੀ ਪੱਧਰ 'ਤੇ ਪ੍ਰਸ਼ਾਸਨਕ ਤਬਾਦਲਿਆਂ ਦੀ ਜਾਂਚ ਦੀ ਮੰਗ ਕੀਤੀ ਹੈ।

## ਫੋਗਾਟ ਦੀ ਜਾਨ ਜਾ ਸਕਦੀ ਸੀ!



**ਨਵੀਂ ਦਿੱਲੀ** : ਪੈਰਿਸ ਉਲੰਪਿਕ ਵਿਚ ਸ਼ਾਨਦਾਰ ਪ੍ਰਦਰਸ਼ਨ ਦੇ ਬਾਵਜੂਦ ਕੋਈ ਤਮਗਾ ਹਾਸਲ ਕਰਨ ਵਿਚ ਨਾਕਾਮ ਰਹੀ ਭਲਵਾਨ ਵਿਨੇਸ਼ ਫੋਗਾਟ ਦੇ ਕੋਚ ਵੂਲਰ ਅਕੋਸ ਨੇ ਸਨਸਨੀਖੇਜ਼ ਖੁਲਾਸਾ ਕਰਦਿਆਂ ਦੱਸਿਆ ਹੈ ਕਿ ਇਕ ਪਲ ਲਈ ਉਸ ਨੂੰ ਲੱਗਾ ਕਿ ਫੋਗਾਟ ਆਪਣੀ ਜਾਨ ਗੁਆ ਸਕਦੀ ਹੈ। ਵੂਲਰ ਨੇ ਇੱਕ ਇੰਟਰਵਿਊ 'ਚ ਦੱਸਿਆ ਕਿ ਫੋਗਾਟ ਨੇ ਜਿਸ ਤਰੀਕੇ ਨਾਲ ਭਾਰ ਘੱਟ ਕਰਨ ਦੀ ਕੋਸ਼ਿਸ਼ ਕੀਤੀ, ਉਸ ਨੂੰ ਦੇਖ ਕੇ ਇਕ ਸਮੇਂ ਤਾਂ ਅਜਿਹਾ ਲੱਗਾ ਕਿ ਸ਼ਾਇਦ ਉਹ ਆਪਣੀ ਜਾਨ ਗੁਆ ਦੇਵੇ। ਵੂਲਰ ਨੇ ਕਿਹਾ-ਸੈਮੀਫਾਈਨਲ ਤੋਂ ਬਾਅਦ ਫੋਗਾਟ ਦਾ ਭਾਰ 2.7 ਕਿੱਲੋ ਵਧ ਗਿਆ ਸੀ। ਇੱਕ ਘੰਟਾ 20 ਮਿੰਟ ਵਰਕਆਊਟ ਕਰਨ ਦੇ ਬਾਵਜੂਦ ਡੇਢ ਕਿੱਲੋ ਬਚਿਆ ਸੀ। 50 ਮਿੰਟਾਂ ਲਈ ਸੌਨਾ ਸੈਸ਼ਨ ਸੀ, ਜਿਸ 'ਚ ਕੋਈ ਪਸੀਨਾ ਨਹੀਂ ਆਇਆ ਸੀ। ਇਸ ਦੇ ਬਾਵਜੂਦ ਉਸ ਨੇ ਕਈ ਕਾਰਡੀਓ ਮਸ਼ੀਨਾਂ 'ਤੇ ਵਰਕਆਊਟ ਕੀਤਾ। ਉਹ ਅੱਧੀ ਰਾਤ ਤੋਂ ਸਵੇਰੇ 5.30 ਵਜੇ ਤੱਕ ਕੁਸ਼ਤੀ ਅਤੇ ਕਾਰਡੀਓ ਕਰਦੀ ਰਹੀ। ਕਈ ਵਾਰ ਉਹ ਥਕਾਵਟ ਕਾਰਨ ਹੇਠਾਂ ਡਿੱਗ ਪਈ। ਮੈਂ ਸੱਚਮੁੱਚ ਮਹਿਸੂਸ ਕੀਤਾ ਕਿ ਉਸ ਦੀ ਜਾਨ ਨੂੰ ਖਤਰਾ ਸੀ।

ਇੰਨੀ ਮਿਹਨਤ ਕਰਨ ਦੇ ਬਾਵਜੂਦ ਜਦੋਂ ਫਾਈਨਲ ਵਾਲੇ ਦਿਨ ਫੋਗਾਟ ਦਾ ਭਾਰ 100 ਗ੍ਰਾਮ ਵੱਧ ਨਿਕਲਿਆ ਤਾਂ ਉਸ ਨੂੰ ਅਯੋਗ ਕਰਾਰ ਦੇ ਦਿੱਤਾ ਗਿਆ। ਹਾਲਾਂਕਿ ਇਸ ਦੇ ਬਾਵਜੂਦ ਉਸ ਨੇ ਹਿੰਮਤ ਨਹੀਂ ਹਾਰੀ। ਕੋਚ ਵੂਲਰ ਨੇ ਦੱਸਿਆ ਕਿ ਉਸ ਦੌਰਾਨ ਫੋਗਾਟ ਨੇ ਕਿਹਾ-ਕੋਚ ਨੂੰ ਨਿਰਾਸ਼ ਨਹੀਂ ਹੋਣਾ ਚਾਹੀਦਾ। ਮੈਂ ਦੁਨੀਆ ਦੀ ਸਭ ਤੋਂ ਵਧੀਆ ਭਲਵਾਨ ਨੂੰ ਹਰਾਇਆ ਹੈ। ਮੈਂ ਆਪਣਾ ਟੀਚਾ ਹਾਸਲ ਕਰ ਲਿਆ। ਮੈਂ ਸਾਬਤ ਕਰ ਦਿੱਤਾ ਹੈ ਕਿ ਮੈਂ ਬਿਹਤਰੀਨ ਭਲਵਾਨਾਂ ਵਿੱਚੋਂ ਇੱਕ ਹਾਂ। ਸਾਡੀ ਖੇਡ ਯੋਜਨਾ ਨੇ ਕੰਮ ਕੀਤਾ ਹੈ। ਮੈਡਲ ਸਿਰਫ ਇੱਕ ਚੀਜ਼ ਹੈ, ਪ੍ਰਦਰਸ਼ਨ ਮਾਇਨੇ ਰੱਖਦਾ ਹੈ।

## ਮਾਨ ਦੀ ਸਿਸੋਦੀਆ ਤੇ ਸੁਨੀਤਾ ਨਾਲ ਮੁਲਾਕਾਤ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ੁੱਕਰਵਾਰ ਨੂੰ ਦਿੱਲੀ ਵਿੱਚ ਆਮ ਆਦਮੀ ਪਾਰਟੀ ਦੇ ਕੌਮੀ ਆਗੂ ਮਨੀਸ਼ ਸਿਸੋਦੀਆ ਨਾਲ ਮੁਲਾਕਾਤ ਕੀਤੀ। ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਿਸੋਦੀਆ ਲਗਭਗ ਡੇਢ ਸਾਲ ਤੱਕ ਤਾਨਾਸ਼ਾਹੀ ਦਾ ਸ਼ਿਕਾਰ ਰਹੇ, ਪਰ ਆਖ਼ਰਕਾਰ ਸੱਚ ਦੀ ਹੀ ਜਿੱਤ ਹੁੰਦੀ ਹੈ। ਸ਼ੁੱਕਰਵਾਰ ਅਰਵਿੰਦ ਕੇਜਰੀਵਾਲ ਦਾ ਜਨਮ ਦਿਨ ਵੀ ਸੀ। ਇਸੇ ਲਈ ਮਾਨ ਨੇ ਸੁਨੀਤਾ ਕੇਜਰੀਵਾਲ ਨਾਲ ਵੀ ਮੁਲਾਕਾਤ ਕੀਤੀ। ਉਨ੍ਹਾਂ ਕਿਹਾ ਕਿ ਕੇਜਰੀਵਾਲ ਵੀ ਜਲਦੀ ਬਾਹਰ ਆਉਣਗੇ। ਉਨ੍ਹਾਂ ਕਿਹਾ ਕਿ ਭਾਜਪਾ ਆਗੂਆਂ ਨੇ ਪਾਰਟੀ ਦੇ ਖ਼ਿਲਾਫ਼ ਅਫ਼ਵਾਹਾਂ ਫੈਲਾਈਆਂ ਅਤੇ ਇਹ ਵੀ ਝੂਠਾ ਪ੍ਰਚਾਰ ਕੀਤਾ ਕਿ ਸ਼ਾਇਦ ਕੇਜਰੀਵਾਲ ਸਿਸੋਦੀਆ ਦਾ ਨਾਂ ਲੈ ਲੈਣ ਅਤੇ ਸਿਸੋਦੀਆ ਕੇਜਰੀਵਾਲ ਦਾ, ਪਰ ਉਨ੍ਹਾਂ ਨੂੰ ਇਹ ਨਹੀਂ ਪਤਾ ਸੀ ਕਿ ਆਮ ਆਦਮੀ ਪਾਰਟੀ ਵਿੱਚ ਇੱਕ ਦੂਜੇ ਨੂੰ ਨੀਵਾਂ ਦਿਖਾਉਣ ਦਾ ਸਭਿਆਚਾਰ ਨਹੀਂ ਹੈ। ਅਸੀਂ ਇਕੱਠੇ ਕੰਮ ਕਰਨ ਵਾਲੇ ਲੋਕ ਹਾਂ।



## ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਭਲਕੇ ਬਰਨਾਲਾ ਤੇ ਚੱਬੇਵਾਲ 'ਚ ਵੱਡੀਆਂ ਰੋਸ ਰੈਲੀਆਂ : ਚਾਹਲ

*ਮੀਟਿੰਗਾਂ ਤੈਅ ਕਰਕੇ ਮੁਲਤਵੀ ਕਰਨ ਦਾ ਲਾਇਆ ਦੋਸ਼*

**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਸਰਕਾਰ ਦੀਆਂ ਵਾਅਦਾ ਖਿਲਾਫੀਆਂ ਦੇ ਰੋਸ ਵਜੋਂ 18 ਅਗਸਤ ਨੂੰ ਮਾਲਵਾ ਦੇ ਜ਼ਿਲ੍ਹਿਆਂ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਬਰਨਾਲਾ ਵਿਖੇ, ਮਾਝਾ ਤੇ ਦੁਆਬਾ ਦੇ ਜ਼ਿਲ੍ਹਿਆਂ ਵੱਲੋਂ ਚੱਬੇਵਾਲ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਰੋਸ ਰੈਲੀਆਂ ਕਰਨ ਦੇ ਐਕਸ਼ਨ ਪ੍ਰੋਗਰਾਮ ਉਲੀਕੇ ਗਏ ਹਨ। ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22 ਬੀ ਚੰਡੀਗੜ੍ਹ ਦੇ ਸੂਬਾ ਸਰਪ੍ਰਸਤ ਚਰਨ ਸਿੰਘ ਸਰਾਭਾ, ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ, ਸੂਬਾ ਕਾਰਜਕਾਰੀ ਚੇਅਰਮੈਨ ਅਵਤਾਰ ਸਿੰਘ ਗਗੜਾ, ਜਨਰਲ ਸਕੱਤਰ ਪ੍ਰੇਮ ਚਾਵਲਾ, ਮੁੱਖ

● ਬਾਕੀ ਸਫ਼ਾ 2 'ਤੇ

## ਜੱਗੂ ਭਗਵਾਨਪੁਰੀਆ ਗਰੋਹ ਦੇ ਚਾਰ ਮੈਂਬਰ ਗ੍ਰਿਫਤਾਰ

**ਜਲੰਧਰ (ਸ਼ੈਲੀ ਐਲਬਰਟ)** : ਜਲੰਧਰ ਦਿਹਾਤੀ ਪੁਲਸ ਨੇ ਜਲੰਧਰ-ਬਟਾਲਾ ਹਾਈਵੇਅ 'ਤੇ ਜੱਗੂ ਭਗਵਾਨਪੁਰੀਆ ਗਰੋਹ ਦੇ ਚਾਰ ਮੈਂਬਰਾਂ ਆਸ਼ਰਤ ਕੰਠ ਉਰਫ ਸਾਬੀ, ਕਮਲਪ੍ਰੀਤ ਸਿੰਘ ਉਰਫ ਕੋਮਲ ਬਾਜਵਾ, ਪਰਦੀਪ ਕੁਮਾਰ ਉਰਫ ਗੋਰਾ ਅਤੇ ਗੁਰਮੀਤ ਰਾਜ ਉਰਫ ਜੁਨੇਜਾ ਨੂੰ ਗ੍ਰਿਫਤਾਰ ਕਰਕੇ ਚੀਨ ਦਾ 7.65 ਐੱਮ ਐੱਮ ਗਲਾਕ, ਦੋ .30 ਬੋਰ ਦਾ ਪਿਸਤੌਲ ਅਤੇ ਰਿਵਾਲਵਰ ਸਮੇਤ ਚਾਰ ਕਾਰਤੂਸ ਅਤੇ ਤਿੰਨ ਮੈਗਜ਼ੀਨ ਬਰਾਮਦ ਕੀਤੇ ਹਨ। ਦੋ ਵਾਹਨ ਮਹਿੰਦਰਾ ਐੱਕਸ ਯੂ ਵੀ (ਪੀ ਬੀ-09-3039) ਅਤੇ ਬ੍ਰੇਜ਼ਾ (ਪੀ ਬੀ-09-ਈ ਪੀ-7100) ਵੀ ਜ਼ਬਤ ਕੀਤੇ ਹਨ। ਪੁਲਸ ਮੁਤਾਬਕ

● ਬਾਕੀ ਸਫ਼ਾ 2 'ਤੇ

## ਮੁਹਾਲੀ ਧਰਨਾ ਮੁਲਤਵੀ, ਨਵੀਂ ਤਰੀਕ ਦਾ ਐਲਾਨ ਛੇਤੀ : ਧਾਲੀਵਾਲ

**ਪਟਿਆਲਾ** : ਪੰਜਾਬ ਏਟਕ ਦੇ ਜਨਰਲ ਸਕੱਤਰ ਸ੍ਰੀ ਨਿਰਮਲ ਸਿੰਘ ਧਾਲੀਵਾਲ ਨੇ ਪ੍ਰੈੱਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਘੱਟੋ-ਘੱਟ ਉਜਰਤਾਂ 'ਤੇ ਕੰਮ ਕਰਦੇ ਵਰਕਰਾਂ ਦੀਆਂ ਉਜਰਤਾਂ ਵਿੱਚ ਪਿਛਲੇ 12 ਸਾਲ ਤੋਂ ਕੋਈ ਵਾਧਾ ਨਹੀਂ ਕੀਤਾ ਗਿਆ, ਜਿਹੜੀਆਂ ਕਿ ਅਜੇ ਤੱਕ ਵੀ 11000 ਰੁਪਏ ਤੋਂ ਘੱਟ ਹਨ, ਜਦ ਕਿ ਮਹਿੰਗਾਈ ਅਣਕਿਆਸੀਆਂ ਉਚਾਈਆਂ 'ਤੇ ਪੁੱਜ ਚੁੱਕੀ ਹੈ ਜਿਸ ਮੁਤਾਬਿਕ ਘੱਟੋ-ਘੱਟ ਉਜਰਤ 26000 ਰੁਪਏ ਮਹੀਨਾ ਹੋਣੀ ਚਾਹੀਦੀ ਹੈ, ਪਰ ਸਰਮਾਏਦਾਰੀ ਦੇ ਚੁੰਗਲ ਵਿੱਚ ਜਕੜੀ ਹੋਈ ਮਾਨ ਸਰਕਾਰ ਉਹਨਾਂ ਦੀ ਮਰਜ਼ੀ ਦੇ ਵਿਰੁੱਧ ਉਜਰਤਾਂ ਵਿੱਚ ਵਾਧਾ ਨਹੀਂ ਕਰ ਰਹੀ ਅਤੇ ਵਰਕਰਾਂ ਦਾ ਭਾਰੀ ਆਰਥਿਕ ਸ਼ੋਸ਼ਣ ਕਰ ਰਹੀ ਹੈ। ਇਸੇ ਤਰ੍ਹਾਂ ਪੰਜਾਬ

● ਬਾਕੀ ਸਫ਼ਾ 2 'ਤੇ

## ਪੀ ਆਰ ਟੀ ਸੀ ਜਥੇਬੰਦੀਆਂ ਦੀ ਮੀਟਿੰਗ 24 ਨੂੰ

**ਪਟਿਆਲਾ** : ਪੀ ਆਰ ਟੀ ਸੀ ਵਿੱਚ ਕੰਮ ਕਰਦੀਆਂ ਛੇ ਜਥੇਬੰਦੀਆਂ ਦੀ ਐਕਸ਼ਨ ਕਮੇਟੀ ਦੇ ਕਨਵੀਨਰ ਨਿਰਮਲ ਸਿੰਘ ਧਾਲੀਵਾਲ ਅਤੇ ਮੈਂਬਰ ਸਰਵ ਸ੍ਰੀ ਬਲਦੇਵ ਰਾਜ ਬੱਤਾ, ਹਰਪ੍ਰੀਤ ਸਿੰਘ ਖਟੜਾ, ਰਾਕੇਸ਼ ਕੁਮਾਰ ਦਾਤਾਰਪੁਰੀ, ਮਨਜਿੰਦਰ ਕੁਮਾਰ (ਬੱਬੂ) ਅਤੇ ਮੁਹੰਮਦ ਖਲੀਲ ਨੇ ਪ੍ਰੈਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਦੱਸਿਆ ਕਿ 24 ਅਗਸਤ ਨੂੰ ਪੀ ਆਰ ਟੀ ਸੀ ਅਤੇ ਪੰਜਾਬ ਰੋਡਵੇਜ਼ ਪਨਬਸ ਵਿੱਚ ਕੰਮ ਕਰਦੀਆਂ ਜਥੇਬੰਦੀਆਂ ਦੀਆਂ ਐਕਸ਼ਨ ਕਮੇਟੀਆਂ ਦੇ ਪ੍ਰਮੁੱਖ ਨੁਮਾਇੰਦਿਆਂ ਦੀ ਸਾਂਝੀ ਮੀਟਿੰਗ ਲੁਧਿਆਣਾ ਈਸੜੂ ਭਵਨ ਵਿਖੇ ਹੋਵੇਗੀ। ਇਸ ਮੀਟਿੰਗ ਵਿੱਚ ਪੰਜਾਬ ਰੋਡਵੇਜ਼/ਪਨਬਸ ਅਤੇ ਪੀ ਆਰ ਟੀ ਸੀ ਵਿਚੋਂ ਕੰਟਰੈਕਟ ਵਰਕਰਾਂ ਦੀਆਂ ਕੁਝ ਜਥੇਬੰਦੀਆਂ ਦੇ ਨੁਮਾਇੰਦੇ ਵੀ ਸ਼ਾਮਲ ਹੋਣਗੇ। ਧਾਲੀਵਾਨ ਨੇ ਮੀਟਿੰਗ

● ਬਾਕੀ ਸਫ਼ਾ 2 'ਤੇ



# ਲਾਲ ਕਿਲ੍ਹੇ ਤੋਂ ਮੋਦੀ ਦਾ ਥੋਥਾ ਭਾਸ਼ਣ : ਅਮਰਜੀਤ ਕੌਰ



**ਈਸੜੂ/ਦੋਰਾਹਾ (ਹਰਮਿੰਦਰ ਸੇਠ/ਜਗਦੀਸ਼ ਬੌਬੀ)**-ਗੋਆ ਮੁਕਤੀ ਲਹਿਰ ਦੇ ਸ਼ਹੀਦ ਕਰਨੈਲ ਸਿੰਘ ਈਸੜੂ ਨੂੰ ਸ਼ਰਧਾਂਜਲੀ ਦੇਣ ਲਈ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਉਨ੍ਹਾਂ ਦੇ ਜੱਦੀ ਪਿੰਡ ਈਸੜੂ ਵਿਖੇ ਇੱਕ ਜਨਤਕ ਸਮਾਗਮ ਦਾ ਆਯੋਜਨ ਕੀਤਾ ਗਿਆ। ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ, ਨੌਜਵਾਨਾਂ ਤੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ।

ਇਸ ਮੌਕੇ ਬੋਲਦਿਆਂ ਸੀ ਪੀ ਆਈ ਦੀ ਕੌਮੀ ਸਕੱਤਰ ਕਾਮਰੇਡ ਅਮਰਜੀਤ ਕੌਰ ਨੇ ਕਿਹਾ ਕਿ ਸਾਰੀਆਂ ਗੰਦੀਆਂ ਚਾਲਾਂ, ਪੈਸੇ ਤੇ ਤਾਕਤ ਦੀ ਵਰਤੋਂ ਕਰਨ ਦੇ ਬਾਵਜੂਦ ਭਾਜਪਾ ਸੰਸਦ ਵਿੱਚ ਬਹੁਮਤ ਹਾਸਲ ਨਹੀਂ ਕਰ ਸਕੀ। ਲੋਕਾਂ ਨੇ ਭਾਜਪਾ ਸਰਕਾਰ ਦੀਆਂ ਫਿਰਕੂ ਅਤੇ ਲੁੱਟਪਾਊ ਨੀਤੀਆਂ ਨੂੰ ਰੱਦ ਕਰਦਿਆਂ ਵੋਟ ਰਾਹੀਂ ਸਿੱਖਿਆ, ਸਿਹਤ, ਰੁਜ਼ਗਾਰ ਤੇ ਔਰਤਾਂ ਦੀ ਭਲਾਈ ਵਰਗੇ ਮਸਲਿਆਂ ’ਤੇ ਮੋਦੀ ਸਰਕਾਰ ਨੂੰ ਨਕਾਰਿਆ ਹੈ। ਪਿਛਲੇ 10 ਸਾਲਾਂ ਦੌਰਾਨ ਆਰ.ਐੱਸ.ਐੱਸ. ਨਾਲ ਜੁੜੀਆਂ ਜਥੇਬੰਦੀਆਂ ਵੱਲੋਂ ਦਲਿਤਾਂ ਅਤੇ ਘੱਟ ਗਿਣਤੀਆਂ ਦੇ ਖਿਲਾਫ ਵੱਡੇ ਪੱਧਰ ’ਤੇ ਕੁਕਰਮ ਕੀਤੇ ਗਏ ਹਨ। ਲੋਕਾਂ ਨੇ ਸਮਾਜਿਕ ਸਦਭਾਵਨਾ ਅਤੇ ਸਮਾਵੇਸ਼ੀ ਵਿਕਾਸ ਲਈ ਵੋਟਾਂ ਪਾਈਆਂ ਹਨ। ਉਨ੍ਹਾ ਕਿਹਾ ਕਿ ਮੋਦੀ ਰਾਜ ’ਚ ਔਰਤਾਂ ਵਿਰੁੱਧ ਹਿੰਸਾ ਵਧੀ ਹੈ। ਬਿਲਕਿਸ ਬਾਨੋ ਪਰਵਾਰ ਦੇ ਕਾਤਲਾਂ ਦੀ ਰਿਹਾਈ, ਹਾਥਰਸ ਵਿਖੇ ਬੱਚੀ ਨਾਲ ਬਲਾਤਕਾਰ ਅਤੇ ਕਤਲ ਅਤੇ ਮਹਿਲਾ ਪਹਿਲਵਾਨਾਂ ਨਾਲ ਕੀਤੇ ਅੱਤਿਆਚਾਰ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਬੇਟੀ ਬਚਾਓ ਅਤੇ ਬੇਟੀ ਪੜ੍ਹਾਓ ਦੇ ਨਾਅਰੇ ਦੇ ਖੋਖਲੇਪਣ ਨੂੰ ਨੰਗਾ ਕਰ ਦਿੱਤਾ ਹੈ। ਇਹ ਸ਼ਰਮਨਾਕ ਹੈ ਕਿ ਹਿੰਸਾ ਪ੍ਰਭਾਵਿਤ ਮਣੀਪੁਰ ਬਾਰੇ ਉਸ ਨੇ ਇੱਕ ਵੀ ਸ਼ਬਦ ਨਹੀਂ ਬੋਲਿਆ। ਦੌਰਾ ਕਰਨ ਦੀ ਗੱਲ ਤਾਂ ਦੂਰ, ਹੁਣ ਇਹ ਸਭ ਨੂੰ ਪਤਾ ਹੈ ਕਿ ਪ੍ਰਧਾਨ ਮੰਤਰੀ ਕਮਜ਼ੋਰ ਵਰਗਾਂ ਵਿਰੁੱਧ ਹਿੰਸਾ ਦੇ ਦੋਸ਼ੀਆਂ ਨਾਲ ਹੱਥ ਮਿਲਾ ਰਹੇ ਹਨ। ਭਾਜਪਾ ਸਰਕਾਰ ਦੀਆਂ ਆਰਥਿਕ ਨੀਤੀਆਂ ਪੂਰੀ ਤਰ੍ਹਾਂ ਕਾਰਪੋਰੇਟ ਪੱਖੀ ਹਨ ਅਤੇ ਕ੍ਰੋਨੀ ਪੂੰਜੀਵਾਦ ਨੂੰ ਉਤਸ਼ਾਹਿਤ ਕਰਦੀਆਂ ਹਨ। ਹਿੰਡਨਬਰਗ ਦੀ ਰਿਪੋਰਟ ਵਿੱਚ ਸਪੱਸ਼ਟ ਤੌਰ ’ਤੇ ਅਡਾਨੀ ਸਮੂਹ ਦੁਆਰਾ ਮਨੀ ਲਾਂਡਰਿੰਗ ਦਾ ਦੋਸ਼ ਲਗਾਇਆ ਗਿਆ ਹੈ, ਜੋ ਨਰਿੰਦਰ ਮੋਦੀ ਦੇ ਚਹੇਤੇ ਹਨ। ਹੁਣ ਭਾਜਪਾ ਅਡਾਨੀ ਨੂੰ ਬਚਾਉਣ ਲਈ ਅੱਡੀ-ਚੋਟੀ ਦਾ ਜ਼ੋਰ ਲਾ ਰਹੀ ਹੈ। ਮਜ਼ਦੂਰਾਂ ਅਤੇ ਕਿਸਾਨਾਂ ’ਤੇ ਲਗਾਤਾਰ ਹਮਲੇ ਹੋ ਰਹੇ ਹਨ। ਹਾਲ ਹੀ ਦੇ ਬਜਟ ਨੇ ਸਰਕਾਰ ਦੀ ਸਿਹਤ ਅਤੇ ਸਿੱਖਿਆ ਦੇ ਵਿਕਾਸ ਪ੍ਰਤੀ ਪੂਰੀ ਤਰ੍ਹਾਂ ਬੇਰੁਖ਼ੀ ਦਾ ਪ੍ਰਗਟਾਵਾ ਕੀਤਾ ਹੈ, ਕਿਉਂਕਿ ਉਨ੍ਹਾਂ ਲਈ ਬਜਟ ਨੂੰ ਅਮਲੀ ਤੌਰ ’ਤੇ ਘਟਾ ਦਿੱਤਾ ਗਿਆ ਹੈ। ਅਸਲ ਵਿੱਚ ਮਨਰੇਗਾ, ਪੋਸ਼ਣ ਅਭਿਆਨ ਸਮੇਤ ਰੁਜ਼ਗਾਰ ਪੈਦਾ ਕਰਨ ਵਾਲੇ ਸਾਰੇ ਵਰਗਾਂ ਲਈ ਬਜਟ ਘਟਾਇਆ ਗਿਆ ਹੈ। ਅਸੰਗਠਿਤ ਵਰਗਾਂ ਨੂੰ ਮਿਲਣ ਵਾਲੇ ਲਾਭਾਂ ਵਿੱਚ ਭਾਰੀ ਕਟੌਤੀ ਕੀਤੀ ਗਈ ਹੈ। ਐੱਮ ਐੱਸ ਐੱਮ ਈ ਅਤੇ ਮੱਧ ਵਰਗ ’ਤੇ ਟੈਕਸਾਂ ਦਾ ਮਾੜਾ ਪ੍ਰਭਾਵ ਸਾਫ ਦਿਖਾਈ ਦੇ ਰਿਹਾ ਹੈ। ਨੀਟ ਪ੍ਰੀਖਿਆ ’ਚ ਹੋਈਆਂ ਬੇਨਿਯਮੀਆਂ ਨੇ ਸਰਕਾਰ ਦੇ ਮਾੜੇ ਪ੍ਰਸ਼ਾਸਨ ਨੂੰ ਸਾਹਮਣੇ ਲਿਆ ਕੇ ਰੱਖ ਦਿੱਤਾ ਹੈ।

ਉਨ੍ਹਾ ਕਿਹਾ ਕਿ ਹਾਲ ਦੀਆਂ ਸੰਸਦੀ ਚੋਣਾਂ ਨੇ ਧਰਮ ਨਿਰਪੱਖ ਅਤੇ ਜਮਹੂਰੀ ਤਾਕਤਾਂ ਦੀ ਨਿਰੰਤਰ ਏਕਤਾ ਦੀ ਲੋੜ ਨੂੰ ਉਜਾਗਰ ਕੀਤਾ ਹੈ। ਇੰਡੀਆ ਬਲਾਕ ਦੇ ਗਠਨ ਤੋਂ ਬਿਨਾਂ ਭਾਜਪਾ ਨੂੰ ਘੇਰਨਾ ਸੰਭਵ ਨਹੀਂ ਸੀ। ਇਹਨਾਂ ਸਾਰੀਆਂ ਉਪਰੋਕਤ ਗੱਲਾਂ ਦੇ ਸੰਦਰਭ ਵਿੱਚ ਮੋਦੀ ਦਾ 15 ਅਗਸਤ ਨੂੰ ਲਾਲ ਕਿਲ੍ਹੇ ’ਤੇ ਭਾਸ਼ਣ ਕੇਵਲ ਥੋਥੀਆਂ ਗੱਲਾਂ ਸੀ। ਮਜ਼ਦੂਰ, ਕਿਸਾਨ, ਵਿਦਿਆਰਥੀ, ਨੌਜਵਾਨ, ਇਸਤਰੀਆਂ, ਛੋਟੇ ਉਦਯੋਗ, ਦੁਕਾਨਦਾਰਾਂ ਆਦਿ ਕਿਸੇ ਵੀ ਵਰਗ ਲਈ ਕੋਈ ਵੀ ਸਾਰਥਕ ਗੱਲ ਨਹੀਂ ਕਹੀ।ਕਾਮਰੇਡ ਚਰਨ ਸਰਾਭਾ, ਇੱਕ ਬਜ਼ੁਰਗ ਅਧਿਆਪਕ ਆਗੂ ਨੇ ਕੋਠਾਰੀ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਨੁਸਾਰ ਸਭ ਲਈ ਸਿੱਖਿਆ ਪ੍ਰਤੀ ਸਰਕਾਰਾਂ ਦੀ ਬੇਰੁਖ਼ੀ ’ਤੇ ਡੂੰਘੀ ਚਿੰਤਾ ਜ਼ਾਹਰ ਕੀਤੀ। ਉਨ੍ਹਾ ਕਿਹਾ ਕਿ ਹਰੇਕ ਬੱਚੇ ਨੂੰ ਘੱਟੋ-ਘੱਟ 10+2 ਪੱਧਰ ਤੱਕ ਦੀ ਪੜ੍ਹਾਈ ਦਾ ਅਧਿਕਾਰ ਹੋਣਾ ਚਾਹੀਦਾ ਹੈ। ਪੰਜਾਬ ਦੇ ਹਾਲਾਤ ਬਾਰੇ ਬੋਲਦਿਆਂ ਕਾਮਰੇਡ ਗੁਲਜ਼ਾਰ ਪੰਧੇਰ ਨੇ ਸੁਚੇਤ ਕਰਦਿਆਂ ਕਿਹਾ ਕਿ ਸਿਆਸਤਦਾਨਾਂ, ਨੌਕਰਸ਼ਾਹਾਂ, ਪੁਲਸ ਅਤੇ ਮਾਫੀਆ ਦਰਮਿਆਨ ਮਜ਼ਬੂਤ ??ਗਠਜੋੜ ਹੈ। ਇਸ ਕਾਰਨ ਸੂਬੇ ’ਚ ਨਸ਼ੇ ਦੀ ਤਸਕਰੀ ਰੁਕਣ ਦਾ ਨਾਂਅ ਨਹੀਂ ਲੈ ਰਹੀ ਹੈ। ਆਪ ਵੱਲੋਂ ਚੋਣਾਂ ਦੌਰਾਨ ਕੀਤੇ ਵਾਅਦੇ ਪੂਰੇ ਨਾ ਹੋਣ ਦੇ ਨਾਲ ਲੋਕਾਂ ਵਿੱਚ ਬੇਚੈਨੀ ਵਧ ਰਹੀ ਹੈ। ਸੂਬੇ ’ਤੇ ਕਰਜ਼ਾ ਵਧਦਾ ਜਾ ਰਿਹਾ ਹੈ। ਐੱਨ.ਓ.ਸੀ ’ਤੇ ਕੋਈ ਸਪੱਸ਼ਟ ਨੀਤੀ ਨਾ ਹੋਣ ਕਾਰਨ ਲੋਕਾਂ ਨੂੰ ਜਾਇਦਾਦ ਦੀ ਖਰੀਦਦਾਰੀ ਕਰਨੀ ਔਖੀ ਹੋ ਰਹੀ ਹੈ। ਇਨਪੁਟਸ ਦੀਆਂ ਉੱਚੀਆਂ ਦਰਾਂ ਕਾਰਨ ਉਸਾਰੀ ਦੀ ਲਾਗਤ ਵਧ ਗਈ ਹੈ।ਕੁਲ ਹਿੰਦ ਕਿਸਾਨ ਸਭਾ ਲੁਧਿਆਣਾ ਦੇ ਪ੍ਰਧਾਨ ਕਾਮਰੇਡ ਜਸਬੀਰ ਝੱਜ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਹੀ ਨੀਤੀਆਂ ਨਾ ਅਪਣਾਈਆਂ ਗਈਆਂ ਤਾਂ ਪਾਣੀ ਦਾ ਪੱਧਰ ਹੋਰ ਹੇਠਾਂ ਜਾਣ ਨਾਲ ਕਿਸਾਨਾਂ ਦੀਆਂ ਮੁਸ਼ਕਲਾਂ ਵਧ ਜਾਣਗੀਆਂ। ਉਨ੍ਹਾ ਕਿਹਾ ਕਿ ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ ਤੁਰੰਤ ਦਿੱਤਾ ਜਾਵੇ। ਇਹ ਮੰਦਭਾਗਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੇ ਸੰਬੋਧਨ ਵਿੱਚ ਕਿਸਾਨਾਂ ਨੂੰ ਕੋਈ ਰਾਹਤ ਦੇਣ ਦਾ ਐਲਾਨ ਨਹੀਂ ਕੀਤਾ। ਕਾਮਰੇਡ ਭਗਵਾਨ ਸਿੰਘ ਸੋਮਲ ਖੇੜੀ ਬਲਾਕ ਸਕੱਤਰ ਮਲੋਟ ਨੇ ਵੀ ਸੰਬੋਧਨ ਕੀਤਾ। ਸੀ ਪੀ ਆਈ ਸਿਟੀ ਲੁਧਿਆਣਾ ਇਕਾਈ ਦੇ ਸਕੱਤਰ ਐੱਮ ਐੱਸ ਭਾਟੀਆ ਨੇ ਸਟੇਜ ਦੀ ਕਾਰਵਾਈ ਦਾ ਸੰਚਾਲਨ ਕੀਤਾ। ਉਨ੍ਹਾ ਭਰੋਸਾ ਦਿਵਾਇਆ ਕਿ ਪਾਰਟੀ ਵਰਕਰ ਸ਼ਹੀਦਾਂ ਦੀਆਂ ਕੁਰਬਾਨੀਆਂ ਤੋਂ ਸੇਧ ਲੈਂਦਿਆਂ ਸਮੇਂ-ਸਮੇਂ ’ਤੇ ਲੋਕਾਂ ਦੇ ਵੱਖ-ਵੱਖ ਮੁੱਦਿਆਂ ਨੂੰ ਉਠਾਉਣਗੇ। ਕਾਮਰੇਡ ਚਮਕੌਰ ਸਿੰਘ ਸਹਾਇਕ ਸਕੱਤਰ ਸੀ ਪੀ ਆਈ ਜ਼ਿਲ੍ਹਾ ਲੁਧਿਆਣਾ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਤੋਂ ਇਲਾਵਾ ਪ੍ਰਮੁੱਖ ਆਗੂ ਜੋ ਇਸ ਸਮਾਗਮ ਵਿੱਚ ਸ਼ਾਮਲ ਹੋਏ, ਉਹ ਹਨ ਕਾਮਰੇਡ ਰਮੇਸ਼ ਰਤਨ, ਵਿਜੇ ਕੁਮਾਰ, ਜਗਦੀਸ਼ ਬਾਬੀ, ਰਾਮ ਪ੍ਰਤਾਪ, ਨਰੇਸ਼ ਗੌੜ, ਨਿਰੰਜਨ ਸਿੰਘ, ਮਨਜੀਤ ਸਿੰਘ, ਕੁਲਵੰਤ ਕੌਰ, ਅਮਰ ਸਿੰਘ ਭੱਟੀਆਂ, ਦੀਪਕ ਕੁਮਾਰ, ਕੇਵਲ ਸਿੰਘ ਬਨਵੈਤ, ਅਵਤਾਰ ਛਿੱਬੜ, ਨਿਰੰਜਨ ਸਿੰਘ, ਬਲਬੀਰ ਸਿੰਘ ਮਾਨ, ਕਰਮ ਸਿੰਘ ਜਟਾਣਾ, ਨੌਜਵਾਨ ਸਾਥੀ ਮਨੂੰ।

## ਸਰਕਾਰੀ ਹਸਪਤਾਲਾਂ ’ਚ ਓ ਪੀ ਡੀ ਸੇਵਾਵਾਂ ਰਹੀਆਂ ਠੱਪ

**ਜਗਰਾਉਂ (ਅਮਿਤ ਖੰਨਾ)**-ਕੋਲਕਾਤਾ ਦੇ ਆਰ. ਜੀ. ਕਰ ਮੈਡੀਕਲ ਕਾਲਜ ਤੇ ਹਸਪਤਾਲ ਵਿੱਚ ਇੱਕ ਰੈਜ਼ੀਡੈਂਟ ਡਾਕਟਰ ਨਾਲ ਘਿਨੌਣੇ ਬਲਾਤਕਾਰ ਤੇ ਕਤਲ ਦੇ ਸਬੰਧ ਵਿੱਚ ਪੰਜਾਬ ਰਾਜ ਦੇ ਸਰਕਾਰੀ ਡਾਕਟਰਾਂ ਦੇ ਸੰਗਠਨ ਪੀਸੀਐਮਐਸਏ ਪੰਜਾਬ ਨੇ 16 ਅਗਸਤ 2024 ਨੂੰ ਸਮੂਹ ਡਾਕਟਰਾਂ ਵਿੱਚ ਵਿਆਪਕ ਰੋਸ ਦੇ ਮੱਦੇਨਜ਼ਰ ਰਾਜ ਦੇ ਸਾਰੇ ਜਨਤਕ ਹਸਪਤਾਲਾਂ ਤੇ ਸਿਹਤ ਕੇਂਦਰਾਂ ਵਿੱਚ ਓਪੀਡੀ ਸੇਵਾਵਾਂ ਨੂੰ ਠੱਪ ਰੱਖਿਆ।ਉਨ੍ਹਾਂ ਪ੍ਰਮੁੱਖਤਾ ਨਾਲ ਮੰਗ ਰੱਖਦੇ ਹੋਏ ਪੀੜਤ ਦੇ ਪਰਿਵਾਰ ਲਈ ਜਲਦੀ ਨਿਆਂ ਦੀ ਮੰਗ ਕੀਤੀ ਅਤੇ ਡਾਕਟਰਾਂ ਤੇ ਸਿਹਤ ਸੰਭਾਲ ਪੇਸ਼ੇਵਰਾਂ ਲਈ ਕੇਂਦਰੀ ਸੁਰੱਖਿਆ ਐਕਟ ਅਤੇ ਪੰਜਾਬ ਰਾਜ ਵਿੱਚ ਵੀ ਹਸਪਤਾਲਾਂ ਤੇ ਸਿਹਤ ਕੇਂਦਰਾਂ ’ਤੇ ਸੁਰੱਖਿਆ ਦੇ ਢੁੱਕਵੇਂ ਪ੍ਰਬੰਧ ਕਰਨ ਲਈ ਸਕਿਓਰਿਟੀ ਗਾਰਡ ਰੱਖਣ ’ਤੇ ਜ਼ੋਰ ਦਿੱਤਾ।ਐਸੋਸੀਏਸ਼ਨ ਨੇ ਮੰਗ ਪੱਤਰ ਸੌਂਪਦੇ ਹੋਏ ਕਿਹਾ ਕਿ ਸਾਡੀਆਂ ਸਿਹਤ ਸੰਸਥਾਵਾਂ ਵਿੱਚ ਸੁਰੱਖਿਆ ਸਰਕਾਰ ਦੀ ਜ਼ਿੰਮੇਵਾਰੀ ਹੈ ਤੇ ਇਸ ਦੇ ਸਬੰਧ ਵਿੱਚ ਉੱਚ ਅਧਿਕਾਰੀਆਂ ਤੇ ਵਿਭਾਗ ਦੇ ਮੰਤਰੀ ਨੂੰ ਕਈ ਵਾਰ ਬੇਨਤੀਆਂ ਕਰਨ ਦੇ ਬਾਵਜੂਦ ਅੱਜ ਤੱਕ ਕੁਝ ਵੀ ਠੋਸ ਨਹੀਂ ਕੀਤਾ ਗਿਆ ਹੈ।ਕੱਲ੍ਹ ਵੀ ਚੰਡੀਗੜ੍ਹ ਵਿਖੇ ਸੱਦੀ ਗਈ ਵਿਭਾਗ ਦੇ ਪ੍ਰਮੁੱਖ ਸਕੱਤਰ ਨਾਲ ਹੋਈ ਸਪੈਸ਼ਲ ਮੀਟਿੰਗ ਵਿੱਚ ਵੀ ਸੁਰੱਖਿਆ ਦੀ ਮੰਗ ਦੁਹਰਾਈ ਗਈ।ਰੋਜ਼ਾਨਾ ਕਿਸੇ ਨਾ ਕਿਸੇ ਹਸਪਤਾਲ ਵਿੱਚ ਅਜਿਹੀਆਂ ਘਟਨਾਵਾਂ ਵਾਪਰਦੀਆਂ ਹਨ, ਜਿਸ ਨਾਲ ਡਾਕਟਰ ਨਿੱਡਰ ਹੋ ਕੇ ਲੜਾਈ ਝਗੜੇ ਦੇ ਕੇਸ ਵਿੱਚ ਮੈਡੀਕੋ ਲੀਗਲ ਰਿਪੋਰਟ ਕਿਵੇਂ ਬਣਾ ਸਕਣਗੇ।ਸਰਕਾਰ ਨੂੰ ਰਾਜ ਦੇ ਲੋਕਾਂ ਨੂੰ ਨਿਰਵਿਘਨ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਹਸਪਤਾਲਾਂ ਵਿਚ ਇੱਕ ਸੁਰੱਖਿਅਤ ਤੇ ਅਨੁਕੂਲ ਵਾਤਾਵਰਣ ਨੂੰ ਯਕੀਨੀ ਬਣਾਉਣ ਲਈ ਸੁਰੱਖਿਆ ਦੇ ਇੰਤਜ਼ਾਮ ਕਰਨ ਦੀ ਲੋੜ ਹੈ।


**ਉੱਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉੱਤਰ ਰੇਲਵੇ, ਫਿਰੋਜ਼ਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚਨਾ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
| --- | --- | --- |
| EAFZR-WVM24-10 | 29.08.2024 ਨੂੰ 11.30 ਵਜੇ | ਰੇਲਵੇ ਸਟੇਸ਼ਨ ਜਲੰਧਰ ਸ਼ਹਿਰ, ਫਰੀਦਕੋਟ, ਫਿਲੌਰ ਕਨੂਆ, ਫਿਰੋਜ਼ਪੁਰ ਕੈਂਟ, ਪਠਾਨਕੋਟ ਕੈਂਟ ਅਤੇ ਊਧਮਪੁਰ ਤੇ ਵਾਟਰ ਵੈਂਡਿੰਗ ਮਸ਼ੀਨਾਂ ਦੇ ਪ੍ਰਾਵਧਾਨ ਅਤੇ ਸੰਚਾਲਨ ਦੇ ਲਈ ਠੇਕੇ ਦਾ ਅਲਾਟਮੈਂਟ। |
| EAFZR-MA24-9 | 29.08.2024 ਨੂੰ 12.30 ਵਜੇ | ਕ) ਗੱਡੀ ਨੰਬਰ 12408 14612, 14634, 14624 (ਗਰੁਪ ਰੇਕ ਲਿੰਕ) ਅਤੇ ਕਸ਼ਮੀਰ ਘਾਟੀ ਵਿਚ ਡੀਐਮਯੂ ਟ੍ਰੇਨਾਂ ਦੇ ਸਵਾਰੀ ਡੱਬਿਆਂ ਦੇ ਬਾਹਰੀ ਭਾਗ ’ਤੇ ਵਿਨਾਇਲ ਰੈਪਿੰਗ ਦੇ ਮਾਧਿਅਮ ਨਾਲ ਵਾਣਿਜਕ ਪ੍ਰਚਾਰ ਅਧਿਕਾਰਾਂ ਦੇ ਲਈ ਠੇਕੇ ਦਾ ਅਲਾਟਮੈਂਟ। (ਖ) ਮਖੂ, ਨਕੋਦਰ ਤੇ ਸਾਂਬਾ ਰੇਲਵੇ ਸਟਸ਼ਨ ਤੇ ਹੋਰਡਿੰਗ ਦੇ ਮਾਧਿਅਮ ਨਾਲ ਅਤੇ ਪਾਣੀ ਦੀ ਟੰਕੀਆਂ ਦੇ ਓਵਰਹੇਡ ਦੇ ਬਹਾਰੀ ਹਿਸੇ ਤੇ ਵਾਣਿਜਕ ਵਿਗਿਆਪਨ ਅਧਿਕਾਰਾਂ ਦੇ ਲਈ ਠੇਕੇ ਦਾ ਅਲਾਟਮੈਂਟ। |
| EAFZR-SLR24-45 | 30.08.2024 ਨੂੰ 11.00 ਵਜੇ | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ ਤੇ ਦੇਣ ਦਾ ਠੇਕਾ (ਟ੍ਰੇਨ) ਨੰਬਰ/ਐਸਐਲਆਰ ਕੰਪਾਰਟਮੈਂਟ): 12426-F1, 12492-F1, 14606-F1, 14630-F1, 12550-F1, 14662-R1, 14610-F1, 19614-F1, 14662-F1, 12476-F1, 14630-R1, 11906-F1, 14616-F1, 12478-F1, 14662-F2 & 11906-R1. |
| EAFZR-OH24-8 | 30.08.2024 ਨੂੰ 12.30 ਵਜੇ | (ਕ) ਸੁਜਾਨਪੁਰ, ਸਾਹਨੇਵਾਲ, ਬਾਡੀ ਬ੍ਰਹਮਨਾ, ਜੰਮੂ ਤਵੀ, ਪਠਾਨਕੋਟ, ਅੰਮ੍ਰਿਤਸਰ, ਜਲੰਧਰ ਸ਼ਹਿਰ, ਬਾਰਾਮੂਲਾ, ਸੋਪੁਰ, ਬਡਗਾਮ, ਸ਼੍ਰੀਨਗਰ, ਅਨੰਤਨਾਗ, ਕਾਜੀਗੁੰਡ ਅਤੇ ਬਨਿਹਾਲ ਰੇਲਵੇ ਸਟੇਸ਼ਨ ਤੇ ਪਾਣੀ ਦੀਆਂ ਟੰਕੀਆਂ ਦੇ ਓਵਰਹੇਡ ਦੇ ਬਾਹਰੀ ਹਿਸੇ ਤੇ ਵਾਣਿਜਕ ਵਿਗਿਆਪਨ ਅਧਿਕਾਰਾਂ ਦੇ ਲਈ ਠੇਕੇ ਦਾ ਅਲਾਟਮੈਂਟ। (ਖ) ਛੀਨਾ, ਵੇਰਕਾ, ਜੈਂਤੀਪੁਰਾ, ਬਟਾਲਾ, ਭਗਤਾਂਵਾਲਾ ਅਤੇ ਪੱਟੀ ਰੇਲਵੇ ਸਟੇਸ਼ਨ ਨਾਲ ਲਗੇ ਲੇਵਲ ਕ੍ਰਾਸਿੰਗ ਗੇਟਾਂ ਤੇ ਵਾਦਿਜਕ ਪ੍ਰਚਾਰ ਅਧਿਕਾਰਾਂ ਦੇ ਲਈ ਠੇਕੇ ਦਾ ਅਲਾਟਮੈਂਟ। |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in ’ਤੇ ਜਾਓ। 2566/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ਵਪਾਰੀ ਤੋਂ 50 ਲੱਖ ਦੀ ਫਿਰੌਤੀ ਮੰਗਣ ਵਾਲੇ 2 ਕਾਬੂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਚਾਵਲਾ, ਪਰਮਜੀਤ ਸਿੰਘ)**-ਸ਼ਰਾਰਤੀ ਅਨਸਰਾਂ ਖਿਲਾਫ ਵਿੱਢੀ ਗਈ ਮੁਹਿੰਮ ਦੌਰਾਨ ਮਨਮੀਤ ਸਿੰਘ ਢਿੱਲੋਂ, ਕਪਤਾਨ ਪੁਲਸ (ਡੀ) ਤੇ ਜਸਪਾਲ ਸਿੰਘ ਡੀ.ਐੱਸ.ਪੀ. (ਡੀ) ਦੀ ਨਿਗਰਾਨੀ ਹੇਠ ਇੰਸਪੈਕਟਰ ਗੁਰਵਿੰਦਰ ਸਿੰਘ ਇੰਚਾਰਜ ਸੀ.ਆਈ.ਏ. ਸ੍ਰੀ ਮੁਕਤਸਰ ਸਾਹਿਬ, ਐੱਸ ਆਈ ਰਵਿੰਦਰ ਕੌਰ ਇੰਚਾਰਜ ਟੈਕਨੀਕਲ ਸੈੱਲ ਅਤੇ ਐੱਸ ਆਈ ਵਰੁਨ ਮੁੱਖ ਅਫਸਰ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਤੇ ਪੁਲਸ ਪਾਰਟੀ ਵੱਲੋਂ ਗੁਰਲਾਲ ਬਰਾੜ ਬਦਮਾਸ਼ ਦੇ ਨਾਮ ’ਤੇ ਵਪਾਰੀ ਤੋਂ 50 ਲੱਖ ਦੀ ਫਿਰੌਤੀ ਮੰਗਣ ਵਾਲੇ 2 ਵਿਅਕਤੀਆਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਗਈ ਹੈ।ਮੁਦਈ ਅਟਲ ਕੁਮਾਰ ਜੋ ਕਿ ਪੱਥਰ (ਸੰਗਮਰਮਰ) ਦਾ ਬਿਜ਼ਨੈੱਸ ਕਰਦਾ ਹੈ, ਉਸ ਨੂੰ ਕਿਸੇ ਅਨਜਾਣ ਨੰਬਰ ਤੋਂ ਫੋਨ ਆਇਆ, ਜਿਸ ’ਤੇ ਉਸ ਤੋਂ ਫਿਰੌਤੀ ਦੀ ਮੰਗ ਕੀਤੀ ਅਤੇ ਫਿਰੌਤੀ ਨਾ ਦੇਣ ’ਤੇ ਉਸ ਦੇ ਬੇਟੇ ਨੂੰ ਮਾਰ ਦੇਣ ਦੀ ਧਮਕੀ ਦਿੱਤੀ, ਜਿਸ ’ਤੇ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਵਿਖੇ ਮੁਕੱਦਮਾ ਦਰਜ ਕਰ ਤਫਤੀਸ਼ ਸ਼ੁਰੂ ਕੀਤੀ ਗਈ। ਤਫਤੀਸ਼ ਦੌਰਾਨ ਹਿਊਮਨ ਇੰਟੈਲੀਜੈਂਸ ਤੇ ਟੈਕਨੀਕਲ ਦੀ ਸਹਾਇਤਾ ਨਾਲ ਫਿਰੌਤੀ ਦੀ ਮੰਗ ਕਰਨ ਵਾਲੇ ਰਾਜਵਿੰਦਰ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਭੁੱਲਰ ਕਲੌਨੀ ਸ੍ਰੀ ਮੁਕਤਸਰ ਸਾਹਿਬ ਤੇ ਗੁਰਦੇਵ ਸਿੰਘ ਪੁੱਤਰ ਮੇਜਰ ਸਿੰਘ ਵਾਸੀ ਭੁੱਲਰ ਕਲੌਨੀ ਸ੍ਰੀ ਮੁਕਤਸਰ ਸਾਹਿਬ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ ਫਿਰੌਤੀ ਵਿੱਚ ਵਰਤੇ ਮੋਬਾਇਲ ਫੋਨ ਤੇ ਇੱਕ ਸਿਮ ਬ੍ਰਾਮਦ ਕਰ ਲਿਆ ਹੈ, ਜਿਨ੍ਹਾਂ ਨੂੰ ਉੱਕਤ ਮੁਕੱਦਮਾ ਵਿੱਚ ਨਾਮਜ਼ਦ ਕਰਕੇ ਮਾਨਯੋਗ ਅਦਾਲਤ ਵਿੱਚ ਪੇਸ਼ ਕਰ ਰਿਮਾਂਡ ਹਾਸਲ ਕੀਤਾ ਜਾਵੇਗਾ, ਜਿਨ੍ਹਾਂ ਤੋਂ ਹੋਰ ਵੀ ਖੁਲਾਸੇ ਹੋਣ ਦੀ ਸੰਭਵਨਾ ਹੈ।

## ਪੰਜਾਬੀ ਯੂਨੀਵਰਸਿਟੀ ਦੇ ਡੀਨ ਦਾ ਕਾਲੀਆਂ ਝੰਡੀਆਂ ਨਾਲ ਵਿਰੋਧ



**ਪਟਿਆਲਾ (ਅਵਤਾਰ ਜਟਾਣਾ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਨੇਬਰਹੁੱਡ ਕੈਂਪਸ ਤੇ ਕਾਂਸਟੀਚੂਐਂਟ ਕਾਲਜਾਂ ਵਿੱਚ ਕੰਮ ਕਰਦੇ ਸਹਾਇਕ ਪ੍ਰੋਫੈਸਰਾਂ (ਗੈਸਟ ਫੈਕਲਟੀ) ਵੱਲੋਂ ਅਕਾਦਮਿਕ ਸੈਸ਼ਨ 2024-25 ਦੀ ਪ੍ਰਵਾਨਗੀ ਦੀ ਮੰਗ ਦੀ ਪੂਰਤੀ ਲਈ ਵਾਈਸ ਚਾਂਸਲਰ ਦੀ ਬਿਲਡਿੰਗ ਉੱਤੇ ਚੜ੍ਹਿਆਂ ਹੋਇਆ ਤੀਜੇ ਦਿਨ ਅਤੇ ਪੱਕਾ ਧਰਨਾ ਅੱਜ 25ਵੇਂ ਦਿਨ ਵਿੱਚ ਦਾਖਲ ਹੋ ਚੁੱਕਾ ਹੈ।ਜ਼ਿਕਰਯੋਗ ਹੈ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਕਾਰਜਕਾਰੀ ਵਾਇਸ ਚਾਂਸਲਰ ਸਾਹਿਬ ਵੱਲੋਂ ਲੰਮੇ ਸਮੇਂ ਤੋਂ ਕੰਮ ਕਰਦੇ ਸਹਾਇਕ ਪ੍ਰੋਫੈਸਰਾਂ (ਗੈਸਟ ਫੈਕਲਟੀ) ਨੂੰ ਆਕਦਿਮਕ ਸੈਸ਼ਨ 2024-25 ਦੀ ਪ੍ਰਵਾਨਗੀ ਦੇਣ ਦੀ ਥਾਂ ਇੰਟਰਵਿਊ ਰੱਖ ਦਿੱਤੀ।ਵੀ. ਸੀ. ਦਫ਼ਤਰ (ਗੁਰੂ ਤੇਗ ਬਹਾਦਰ ਹਾਲ) ਉੱਤੇ ਚੜ੍ਹੇ 6 ਮਹਿਲਾ ਪ੍ਰੋਫ਼ੈਸਰਾਂ ਨੇ ਕਿਹਾ ਕਿ ਸਾਨੂੰ ਵਾਇਸ ਚਾਂਸਲਰ ਸਾਹਿਬ ਦੀ ਬਿਲਡਿੰਗ ਦੀ ਛੱਤ ਉੱਤੇ ਚੜ੍ਹਿਆਂ ਨੂੰ ਤੀਜਾ ਦਿਨ ਹੋ ਗਿਆ, ਪਰ ਵਾਇਸ ਚਾਂਸਲਰ ਸਾਹਿਬ ਤੇ ਪੰਜਾਬ ਸਰਕਾਰ ਸਾਡੀ ਮੰਗ ਦਾ ਹੱਲ ਨਹੀਂ ਕਰ ਰਹੇ।ਛੱਤ ਉਤੇ ਚੜ੍ਹੀਆਂ ਮਹਿਲਾ ਪ੍ਰੋਫ਼ੈਸਰਾਂ ਨੇ ਕਿਹਾ ਕਿ ਜੇਕਰ ਸਾਨੂੰ ਕੁਝ ਵੀ ਹੁੰਦਾ ਹੈ ਤਾਂ ਇਸ ਸਭ ਦਾ ਜ਼ਿੰਮੇਵਾਰ ਪੰਜਾਬ ਦਾ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਤੇ ਸਿੱਖਿਆ ਸਕੱਤਰ ਕੇ. ਕੇ. ਯਾਦਵ ਸਮੇਤ ਪੰਜਾਬ ਸਰਕਾਰ ਹੋਵੇਗੀ।ਬੀਤੇ 15 ਅਗਸਤ ਨੂੰ ਪੰਜਾਬੀ ਯੂਨੀਵਰਸਿਟੀ ਦੇ ਡੀਨ ਅਕਾਦਮਿਕ ਵੱਲੋਂ ਪੰਜਾਬੀ ਯੂਨੀਵਰਸਿਟੀ ਦੇ ਗੈਸਟ ਹਾਊਸ ਵਿਖੇ ਝੰਡਾ ਲਹਿਰਾਉਣ ਦੀ ਰਸਮ ਕੀਤੀ ਗਈ, ਝੰਡੇ ਲਹਿਰਾਉਣ ਦੀ ਰਸਮ ਤੋਂ ਬਾਅਦ ਲੰਮੇ ਸਮੇਂ ਤੋਂ ਧਰਨੇ ’ਤੇ ਬੈਠੇ ਸਹਾਇਕ ਪ੍ਰੋਫੈਸਰਾਂ (ਗੈਸਟ ਫੈਕਲਟੀ) ਵੱਲੋਂ ਕਾਲੀਆਂ ਝੰਡੀਆਂ ਦਿਖਾ ਕੇ ਡੀਨ ਅਕਾਦਮਿਕ ਦਾ ਵਿਰੋਧ ਕੀਤਾ ਗਿਆ।ਯੂਨੀਅਨ ਆਗੂਆਂ ਵੱਲੋਂ ਕਿਹਾ ਕਿ ਸਰਕਾਰ ਜਿੱਥੇ ਆਜ਼ਾਦੀ ਦਾ ਦਿਹਾੜਾ ਮਨਾਉਣ ਦਾ ਦਿਖਾਵਾ ਕਰ ਰਹੀ ਤੇ ਆਪਣੀਆਂ ਝੂਠੀਆਂ ਪ੍ਰਾਪਤੀਆਂ ਬਾਰੇ ਦੱਸ ਰਹੀ ਹੈ ਅਤੇ ਨੌਜਵਾਨ ਨੂੰ ਰੁਜ਼ਗਾਰ ਦੇਣ ਦੇ ਵੱਡੇ-ਵੱਡੇ ਦਾਅਵੇ ਕਰ ਰਹੀ, ਪਰ ਅਸਲ ਵਿੱਚ ਸਰਕਾਰ ਪਹਿਲਾਂ ਤੋਂ ਕੰਮ ਕਰਦੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਨੇਬਰਹੁੱਡ ਕੈਂਪਸਾਂ ਤੇ ਕਾਂਸਟੀਚਿਊਟ ਕਾਲਜਾਂ ਦੇ ਯੋਗ ਸਹਾਇਕ ਪ੍ਰੋਫੈਸਰਾਂ ਦਾ ਰੁਜ਼ਗਾਰ ਖੋਹ ਰਹੀ ਹੈ।ਆਗੂਆਂ ਨੇ ਕਿਹਾ ਕਿ ਇਹ ਸਾਰੇ ਪ੍ਰੋਫੈਸਰ ਯੂ. ਜੀ. ਸੀ., ਪੰਜਾਬ ਸਰਕਾਰ ਤੇ ਪੰਜਾਬੀ ਯੂਨੀਵਰਸਿਟੀ ਦੀਆਂ ਸਾਰੀਆਂ ਸ਼ਰਤਾਂ ਪੂਰੀਆਂ ਕਰਦੇ ਹਨ, ਜੋ ਪ੍ਰੋਫੈਸਰ ਲੱਗਣ ਲਈ ਨਿਰਧਾਰਤ ਕੀਤੀਆਂ ਗਈਆਂ ਹਨ।ਇਸ ਮੌਕੇ ਡਾ. ਬੇਅੰਤ ਸਿੰਘ, ਪ੍ਰੋ. ਹਰਪ੍ਰੀਤ ਸਿੰਘ, ਡਾ. ਬਲਵਿੰਦਰ ਸਿੰਘ, ਜਸਪ੍ਰੀਤ ਸਿੰਘ ਸਿਵੀਆ, ਪ੍ਰੋ. ਅਮਨਦੀਪ ਸਿੰਘ, ਪ੍ਰੋ. ਗੁਰਜੀਤ ਸਿੰਘ, ਪ੍ਰੋ. ਦੇਵ ਕਰਨ, ਪ੍ਰੋ. ਹਰਮੇਸ਼, ਡਾ. ਜਸਪ੍ਰੀਤ ਕੌਰ, ਪ੍ਰੋ. ਗੁਰਪ੍ਰੀਤ ਕੌਰ ਸਮੇਤ ਸਮੂਹ ਪ੍ਰੋਫੈਸਰ ਹਾਜ਼ਰ ਸਨ।

## ਕੇਂਦਰ ਸਰਕਾਰ ਕਾਲੇ ਕਾਨੂੰਨਾਂ ਨੂੰ ਰੱਦ ਕਰਕੇ ਕਿਸਾਨਾਂ ਦੀਆਂ ਮੰਗਾਂ ਵੱਲ ਧਿਆਨ ਦੇਵੇ : ਬੌਂਦਲੀ/ਮੁਸ਼ਕਾਬਾਦ



**ਸਮਰਾਲਾ (ਸੁਰਜੀਤ ਸਿੰਘ)** : ਗੈਰ-ਰਾਜਨੀਤਕ ਕਿਸਾਨ ਮੋਰਚਾ ਦੇ ਸੱਦੇ ’ਤੇ ਸ਼ੇਰੇ ਪੰਜਾਬ ਕਿਸਾਨ ਯੂਨੀਅਨ ਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਸਾਂਝੇ ਰੂਪ ਵਿੱਚ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਦਰਸ਼ਨ ਸਿੰਘ ਬੌਂਦਲੀ, ਮੀਤ ਪ੍ਰਧਾਨ ਹਰਪ੍ਰੀਤ ਸਿੰਘ ਬਲਿਓਂ ਤੇ ਸਕੱਤਰ ਨਿਰਮਲ ਸਿੰਘ ਮੁਸ਼ਕਾਬਾਦ ਦੀ ਅਗਵਾਈ ਹੇਠ ਆਜ਼ਾਦੀ ਦਿਹਾੜੇ ਮੌਕੇ ਕੇਂਦਰ ਸਰਕਾਰ ਦੇ ਵਿਰੋਧ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਇਕੱਤਰ ਕਿਸਾਨਾਂ ਤੇ ਮਜ਼ਦੂਰਾਂ ਵੱਲੋਂ ਟਰੈਕਟਰ ਮਾਰਚ ਕੱਢਿਆ ਗਿਆ।ਇਸ ਮੌਕੇ ਉਪਰੋਕਤ ਆਗੂਆਂ ਨੇ ਸੰਬੋਧਨ ਵਿੱਚ ਕਿਹਾ ਕਿ ਕਿਸਾਨ ਪਿਛਲੇ ਛੇ ਮਹੀਨੇ ਤੋਂ ਸ਼ੰਭੂ ਬਾਰਡਰ ਉੱਤੇ ਸ਼ਾਂਤਮਈ ਢੰਗ ਨਾਲ ਕੇਂਦਰ ਸਰਕਾਰ ਦੇ ਕਾਲੇ ਕਾਨੂੰਨਾਂ ਦੇ ਵਿਰੋਧ ਤੇ ਐਮਐਸਪੀ ਦੀ ਮੰਗ ਲਈ ਆਪਣੀਆਂ ਟਰੈਕਟਰ ਟਰਾਲੀਆਂ ਲੈ ਕੇ ਬੈਠੇ ਹਨ। ਕੇਂਦਰ ਸਰਕਾਰ ਨੇ ਕਿਸਾਨਾਂ ਦੀ ਐਮਐਸਪੀ ਦੀ ਮੰਗ ਮੰਨਣੀ ਤਾਂ ਦੂਰ ਦੀ ਗੱਲ, ਸਗੋਂ ਦਿੱਲੀ ਜਾਣ ਤੋਂ ਰੋਕਣ ਲਈ ਸੜਕਾਂ ’ਤੇ ਕਿੱਲ ਤੇ ਪੱਕੇ ਬੈਰੀਗੇਡ ਲਗਾ ਕੇ ਸੜਕਾਂ ਨੂੰ ਪੱਕੇ ਤੌਰ ’ਤੇ ਬੰਦ ਕਰ ਦਿੱਤਾ ਹੈ।ਇਸ ਸੰਘਰਸ਼ ਦੌਰਾਨ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਕਿਸਾਨਾਂ ’ਤੇ ਅੱਥਰੂ ਗੈਸ ਦੇ ਗੋਲੇ ਸੁੱਟੇ ਗਏ, ਗੋਲੀਆਂ ਚਲਾਈਆਂ ਗਈਆਂ।ਕੇਂਦਰ ਸਰਕਾਰ ਤੇ ਹਰਿਆਣਾ ਸਰਕਾਰ ਵੱਲੋਂ ਢਾਹੇ ਜਜ਼ਲਮਾਂ ਲਈ ਕਿਸਾਨਾਂ ਨੂੰ ਇਨਸਾਫ ਤਾਂ ਕੀ ਦੇਣਾ ਸੀ, ਸਗੋਂ ਗੋਲੀ ਚਲਾਉਣ ਵਾਲੇ ਪੁਲਸ ਅਫਸਰਾਂ ਨੂੰ ਸਨਮਾਨਤ ਕੀਤਾ ਗਿਆ।ਉਪਰੋਕਤ ਆਗੂਆਂ ਤੋਂ ਇਲਾਵਾ ਹੋਰ ਵੀ ਕਿਸਾਨ ਆਗੂਆਂ ਨੇ ਸੰਬੋਧਨ ਕੀਤਾ ਤੇ ਕਾਲੇ ਕਾਨੂੰਨਾਂ ਨੂੰ ਰੱਦ ਕਰਨ ’ਤੇ ਜ਼ੋਰ ਦਿੱਤਾ ਗਿਆ।ਟਰੈਕਟਰ ਮਾਰਚ ਵਿੱਚ ਉਪਰੋਕਤ ਤੋਂ ਇਲਾਵਾ ਸੈਂਕੜਿਆਂ ਦੀ ਗਿਣਤੀ ਵਿੱਚ ਕਿਸਾਨ ਤੇ ਮਜ਼ਦੂਰ ਹਾਜ਼ਰ ਸਨ। ਅਖੀਰ ਦਰਸ਼ਨ ਸਿੰਘ ਬੌਂਦਲੀ ਤੇ ਨਿਰਮਲ ਸਿੰਘ ਮੁਸ਼ਕਾਬਾਦ ਵੱਲੋਂ ਟਰੈਕਟਰ ਮਾਰਚ ਵਿੱਚ ਆਏ ਕਿਸਾਨਾਂ ਤੇ ਮਜ਼ਦੂਰਾਂ ਦਾ ਧੰਨਵਾਦ ਕੀਤਾ ਗਿਆ।

## ...ਸ.ਫ਼ਾ 1 ਦੇ ਬਾਕੀ

### ਮੁਲਾਜ਼ਮਾਂ ਤੇ ਪੈਨਸ਼ਨਰਾਂ...

ਜਥੇਬੰਦਕ ਸਕੱਤਰ ਅਵਤਾਰ ਸਿੰਘ ਤਾਰੀ, ਵਿੱਤ ਸਕੱਤਰ ਪ੍ਰਿਤਪਾਲ ਸਿੰਘ ਪੰਡੋਰੀ, ਪ੍ਰੈਸ ਸਕੱਤਰ ਭੁਪਿੰਦਰ ਸਿੰਘ ਸੇਖੋਂ ਤੇ ਕੁਲਵੰਤ ਸਿੰਘ ਚਾਨੀ, ਮੀਤ ਪ੍ਰਧਾਨ ਜਗਮੇਲ ਸਿੰਘ ਪੱਖੋਵਾਲ, ਸੂਬਾਈ ਆਗੂ ਬਲਰਾਜ ਸਿੰਘ ਭੰਗੂ, ਸਵਰਨ ਸਿੰਘ ਹਠੂਰ, ਨਸੀਬ ਸਿੰਘ ਜੜੌਤ, ਅੰਗਰੇਜ਼ ਸਿੰਘ, ਹਰਭਗਵਾਨ ਸ੍ਰੀ ਮੁਕਤਸਰ ਸਾਹਿਬ, ਸੱਤ ਪਾਲ ਸਿੰਘ ਸਹਿਗਲ, ਕਾਮਰੇਡ ਸੁੱਚਾ ਸਿੰਘ ਅਜਨਾਲਾ ਅਤੇ ਪੋਹਲਾ ਸਿੰਘ ਬਰਾੜ ਨੇ ਮੁੱਖ ਮੰਤਰੀ ਭਗਵੰਤ ਮਾਨ ’ਤੇ ਦੋਸ਼ ਲਾਇਆ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ ਗਿਣੀ ਮਿਥੀ ਸਾਜਿਸ਼ ਤਹਿਤ ਨਜ਼ਰ ਅੰਦਾਜ਼ ਕੀਤਾ ਜਾ ਰਿਹਾ ਹੈ। ਜਿਵੇਂ ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਸਾਢੇ ਪੰਜ ਸਾਲਾਂ ਦਾ ਬਣਦਾ ਬਕਾਇਆ ਨਹੀਂ ਦਿੱਤਾ ਜਾ ਰਿਹਾ, ਪੈਨਸ਼ਨਰਾਂ ਲਈ 2.59 ਦਾ ਗੁਣਾਕ ਲਾਗੂ ਨਹੀਂ ਕੀਤਾ ਜਾ ਰਿਹਾ, ਮਹਿੰਗਾਈ ਭੱਤੇ ਦੀਆਂ 12 ਫੀਸਦੀ ਦੀ ਦਰ ਨਾਲ ਬਕਾਇਆ ਪਈਆਂ ਤਿੰਨ ਕਿਸ਼ਤਾਂ ਨਹੀਂ ਦਿੱਤੀਆਂ ਜਾ ਰਹੀਆਂ, ਪੁਰਾਣੀ ਪੈਨਸ਼ਨ ਸਕੀਮ ਅਸਲ ਰੂਪ ਵਿੱਚ ਬਹਾਲ ਨਹੀਂ ਕੀਤੀ ਜਾ ਰਹੀ, ਮਾਨਯੋਗ ਅਦਾਲਤਾਂ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕ ਵਿੱਚ ਕੀਤੇ ਗਏ ਫੈਸਲੇ ਲਾਗੂ ਨਹੀਂ ਕੀਤੇ ਜਾ ਰਹੇ, ਮੁੱਖ ਮੰਤਰੀ ਮਾਨ ਵਾਰ ਵਾਰ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਨਾਲ ਗੱਲਬਾਤ ਦਾ ਸਮਾਂ ਤੈਅ ਕਰਕੇ ਮੀਟਿੰਗਾਂ ਮੁਲਤਵੀ ਕਰ ਰਹੇ ਹਨ। ਆਗੂਆਂ ਨੇ ਐਲਾਨ ਕੀਤਾ ਕਿ ਪੰਜਾਬ ਪੈਨਸ਼ਨਰਜ਼ ਯੂਨੀਅਨ ਵੱਲੋਂ 18 ਅਗਸਤ ਨੂੰ ਬਰਨਾਲਾ ਤੇ ਚੱਬੇਵਾਲ ਦੀਆਂ ਰੈਲੀਆਂ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ ਤਾਂ ਕਿ ਪੰਜਾਬ ਸਰਕਾਰ ਨੂੰ ਸਬਕ ਸਿਖਾਇਆ ਜਾ ਸਕੇ ਅਤੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ ਪ੍ਰਵਾਨ ਕਰਵਾਇਆ ਜਾ ਸਕੇ।

### ਪੀ ਆਰ ਟੀ ਸੀ...

ਵਿੱਚ ਵਿਚਾਰੇ ਜਾਣ ਵਾਲੇ ਅਜੰਡਿਆਂ ਅਤੇ ਅਗਲੇ ਐਕਸ਼ਨ ਪ੍ਰੋਗਰਾਮ ਦੇ ਸਬੰਧ ਵਿੱਚ ਦੱਸਿਆ ਕਿ ਸਰਕਾਰੀ ਟਰਾਂਸਪੋਰਟ ਨੂੰ ਪੰਜਾਬ ਸਰਕਾਰ ਨੇ ਪਿਛਲੇ ਢਾਈ ਸਾਲਾਂ ਤੋਂ ਪੂਰੀ ਤਰ੍ਹਾਂ ਨਜ਼ਰ ਅੰਦਾਜ਼ ਕਰਕੇ ਪ੍ਰਾਈਵੇਟ ਟਰਾਂਸਪੋਰਟ ਮਾਫੀਏ ਨੂੰ ਪ੍ਰਫੁੱਲਤ ਹੋਣ ਦੀ ਖੁੱਲ੍ਹੀ ਛੁੱਟੀ ਦਿੱਤੀ ਹੋਈ ਹੈ।ਆਪ ਸਰਕਾਰ ਨੇ ਦੋਨਾਂ ਅਦਾਰਿਆਂ ਵਿੱਚ ਇਕ ਵੀ ਨਵੀਂ ਬੱਸ ਨਹੀਂ ਪਾਈ।ਪੁਰਾਣੀ ਪੈਨਸ਼ਨ ਸਕੀਮ ਬਹਾਲ ਨਹੀਂ ਕੀਤੀ ਜਾ ਰਹੀ। ਕੰਟਰੈਕਟ/ਆਊਟਸੋਰਸ ਵਰਕਰਾਂ ਨੂੰ ਰੈਗੂਲਰ ਕਰਨ ਦੀ ਬਜਾਏ ਕਮੇਟੀਆਂ ਦੇ ਚੱਕਰਾਂ ਵਿੱਚ ਪਾ ਕੇ ਲਟਕਾ ਦਿੱਤਾ ਗਿਆ ਹੈ। ਭ੍ਰਿਸ਼ਟਾਚਾਰ ਸਿਖਰਾਂ ’ਤੇ ਹੈ। ਦੋਨਾਂ ਅਦਾਰਿਆਂ ਦੀਆਂ ਮੈਨੇਜਮੈਂਟਾਂ ਫੇਲ੍ਹ ਸਾਬਤ ਹੋ ਚੁੱਕੀਆਂ ਹਨ। ਪ੍ਰਾਈਵੇਟਾਂ ਦੇ ਪੱਖ ਵਿੱਚ ਬਣੀਆਂ ਟਰਾਂਸਪੋਰਟ ਪਾਲਸੀਆਂ ਨੂੰ ਘੋਖਿਆ ਤੱਕ ਨਹੀਂ ਗਿਆ।ਵਰਕਰਾਂ ਨਾਲ ਭਾਰੀ ਵਿਤਕਰਾ ਕੀਤਾ ਜਾਂਦਾ ਹੈ ਅਤੇ ਹੋਰ ਅਨੇਕਾਂ ਸੁਆਲਾਂ ਨੂੰ ਡੂੰਘਾਈ ਨਾਲ ਵਿਚਾਰ ਕੇ ਲਗਾਤਾਰ ਪ੍ਰਭਾਵਸ਼ਾਲੀ ਢੰਗ ਨਾਲ ਐਜੀਟੇਸ਼ਨ ਦੀ ਰੂਪ ਰੇਖਾ ਉਲੀਕੀ ਜਾਵੇਗੀ।

### ਮੁਹਾਲੀ ਧਰਨਾ ਮੁਲਤਵੀ...

ਸਰਕਾਰ ਕੇਂਦਰ ਵੱਲੋਂ 44 ਕੇਂਦਰੀ ਕਾਨੂੰਨਾਂ ਨੂੰ ਤੋੜ ਕੇ 4 ਲੇਬਰ ਕੋਰਡਾਂ ਵਿੱਚ ਤਬਦੀਲ ਕਰਕੇ ਵਰਕਰਾਂ ਦਾ ਹਰ ਤਰ੍ਹਾਂ ਦਾ ਆਰਥਿਕ ਅਤੇ ਸਮਾਜਿਕ ਸ਼ੋਸ਼ਣ ਕਰਨ ਦੀ ਪ੍ਰਕਿਰਿਆ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਨ ਲੱਗੀ ਹੋਈ ਹੈ। ਉਸ ਦੇ ਸੰਬੰਧ ਵਿੱਚ ਵੀ ਪੰਜਾਬ ਸਰਕਾਰ ਕੇਂਦਰ ਸਰਕਾਰ ਦੀ ਪੈੜ ਵਿੱਚ ਪੈੜ ਰੱਖਦੀ ਆ ਰਹੀ ਹੈ। ਪੁਰਾਣੀ ਪੈਨਸ਼ਨ ਸਕੀਮ ਲਾਗੂ ਨਹੀਂ ਕਰ ਰਹੀ। ਕੰਟਰੈਕਟ ਅਤੇ ਆਊਟ ਸੋਰਸ ਵਰਕਰਾਂ ਨੂੰ ਪੱਕੇ ਹੋਣ ਦੀ ਉਮੀਦ ਨੂੰ ਵੀ ਖਤਮ ਕਰਨ ਵਰਗੇ ਢੰਗ-ਤਰੀਕੇ ਲੱਭ ਰਹੀ ਹੈ। ਟਰਾਂਸਪੋਰਟ ਮਾਫੀਏ ਨੂੰ ਸਪੱਸ਼ਟ ਤੌਰ ’ਤੇ ਪ੍ਰਫੁੱਲਤ ਕਰ ਰਹੀ ਹੈ। ਆਂਗਣਵਾੜੀ, ਆਸ਼ਾ ਕਰਮੀ, ਮਿੱਡ ਡੇ ਮੀਲ ਅਤੇ ਹੋਰ ਸਕੀਮ ਵਰਕਰਾਂ ਦੀਆਂ ਵਾਜਬ ਮੰਗਾਂ-ਮੁਸ਼ਕਲਾਂ ਨੂੰ ਪੂਰੀ ਤਰ੍ਹਾਂ ਨਜ਼ਰ-ਅੰਦਾਜ਼ ਕੀਤਾ ਹੋਇਆ ਹੈ। ਭ੍ਰਿਸ਼ਟਾਚਾਰ ਸਿਖਰਾਂ ’ਤੇ ਹੈ। ਨਰੇਗਾ ਕਾਮਿਆਂ ਵੱਲੋਂ ਹਰ ਰੋਜ਼ ਧਰਨੇ, ਮੁਜ਼ਾਹਰੇ ਕਰਕੇ ਕੰਮ ਅਤੇ ਉਜਰਤਾਂ ਲੈਣੀਆਂ ਪੈਂਦੀਆਂ ਹਨ। ਉਸਾਰੀ ਕਿਰਤੀਆਂ ਦੇ ਬਣਦੇ ਹੱਕ ਅਤੇ ਲਾਭ ਲੈਣ ਲਈ ਮੁਜ਼ਾਹਰੇ ਕਰਨੇ ਪੈਂਦੇ ਹਨ ਅਤੇ ਦਫਤਰਾਂ ਦੇ ਦਰਜਨਾਂ ਚੱਕਰ ਕੱਟਣੇ ਪੈਂਦੇ ਹਨ।ਧਾਲੀਵਾਲ ਨੇ ਦੱਸਿਆ ਕਿ ਇਹਨਾਂ ਉਪਰੋਕਤ ਅਤੇ ਹੋਰ ਸੁਆਲਾਂ ਨੂੰ ਲੈ ਕੇ 23 ਅਗਸਤ ਨੂੰ ਕਿਰਤ ਭਵਨ ਮੁਹਾਲੀ ਵਿਖੇ ਜੋ ਵਿਸ਼ਾਲ ਧਰਨਾ ਦਿੱਤਾ ਜਾਣਾ ਸੀ, ਉਹ ਮੁਲਤਵੀ ਕਰ ਦਿੱਤਾ ਗਿਆ ਹੈ ਅਤੇ ਇੱਕ ਹਫਤੇ ਦੇ ਅੰਦਰ-ਅੰਦਰ ਨਵੀਂ ਤਾਰੀਖ ਦਾ ਐਲਾਨ ਕਰ ਦਿੱਤਾ ਜਾਵੇਗਾ।

### ਜੱਗੂ ਭਗਵਾਨਪੁਰੀਆ...

ਗਰੋਹ ਦੇ ਸਰਗਨਾ ਸਾਬੀ ਨੇ ਮੰਨਿਆ ਕਿ ਹਥਿਆਰ ਜੱਗੂ ਭਗਵਾਨਪੁਰੀਆ ਗੈਂਗ ਦੇ ਅਮਨ ਉਰਫ ਅੰਡਾ, ਜੋ ਇਸ ਸਮੇਂ ਜਰਮਨੀ ’ਚ ਰਹਿੰਦਾ ਹੈ, ਵੱਲੋਂ ਬਟਾਲਾ ਵਾਸੀ ਸੰਜੂ ਉਰਫ ਸਾਹਿਲ ਕੁਮਾਰ ਜ਼ਰੀਏ ਸਪਲਾਈ ਕੀਤੇ ਗਏ ਸਨ, ਜੋ ਇਸ ਸਮੇਂ ਜੇਲ੍ਹ ’ਚ ਹੈ। ਐੱਸ ਐੱਸ ਪੀ ਹਰਕਮਲਪ੍ਰੀਤ ਸਿੰਘ ਖੱਖ ਨੇ ਪ੍ਰੈੱਸ ਕਾਨਫਰੰਸ ’ਚ ਕਿਹਾ ਕਿ ਸੂਚਨਾ ਮਿਲਣ ’ਤੇ ਸੀ ਆਈ ਏ ਸਟਾਫ ਜਲੰਧਰ ਦਿਹਾਤੀ ਦੇ ਇੰਚਾਰਜ ਤੇ ਥਾਣਾ ਭੋਗਪੁਰ ਦੇ ਮੁੱਖ ਅਫਸਰ ਸਿਕੰਦਰ ਸਿੰਘ ਨੇ ਪਿੰਡ ਲਹਿਰਾ ਨੇੜੇ ਨਾਕਾ ਲਗਾਇਆ ਅਤੇ ਬ੍ਰੇਜ਼ਾ ਨੂੰ ਰੋਕਣ ’ਚ ਕਾਮਯਾਬ ਹੋ ਗਏ, ਜਿਸ ਦੇ ਨਤੀਜੇ ਵਜੋਂ ਸਾਬੀ ਅਤੇ ਕੋਮਲ ਬਾਜਵਾ ਨੂੰ ਤੁਰੰਤ ਗ੍ਰਿਫਤਾਰ ਕਰ ਲਿਆ ਗਿਆ। ਮਹਿੰਦਰਾ ਐਕਸ ਯੂ ਵੀ ਚਲਾ ਰਹੇ ਵਿਅਕਤੀ ਨਾਕਾਬੰਦੀ ਤੋੜ ਕੇ ਫਰਾਰ ਹੋ ਗਏ, ਜਿਨ੍ਹਾਂ ਦਾ ਪਿੱਛਾ ਕਰਨ ਤੋਂ ਬਾਅਦ ਪੁਲਸ ਨੇ ਗੋਰਾ ਅਤੇ ਜੁਨੇਜਾ ਨੂੰ ਮਕਸੂਦਾਂ ਦੇ ਜੀਂਦਾ ਰੋਡ ’ਤੇ ਕਾਬੂ ਕਰ ਲਿਆ ਅਤੇ ਪੰਜਵਾਂ ਸਾਜਨਦੀਪ ਉਰਫ ਲੋਡਾ ਭੱਜਣ ’ਚ ਕਾਮਯਾਬ ਹੋ ਗਿਆ।


**Public Notice**

It hereby informs to public at large that Roshni Trading Co has avail loan from AU SMALL FINANCE BANK LIMITED have its branch office at Jalandhar. That Manoj Kumar S/o Hardeyal Chand is owner of Property Measuring 5 Marla 162 Sq. Feet Comprising Under Khasra Nos. 20//22, 23, 24, 25, 25//2, 3, 4, 5, 8, 9, 11, 25//12, 13, 18, 19, 20, 21, 22, 23/1 Situated at Ashok Vihar, Village Salempur Musalmana, Tehsil Jalandhar-2, District Jalandhar VIDE Sale Deed No.1225 dated 26.04.2024. Manoj Kumar S/o Hardeyal Chand is true owner and no person any interest in this property and property is free from all encumbrances.

**PUBLIC NOTICE**

I, Anand Aggarwal S/o Joginder Pal, R/o 1716/12, Gali Chajju Mishar, Chowk Farid, Distt. Amritsar declare that Previous Original Registry of my Property i.e. Plot no. 14, area measuring 125 Sq. Yds., Khasra no. 121, 126, 127, 128 all min as per sale deed and Khasra No. 128 min as per jamabandi, situated at Wadali Guru Urban, Abadi Kirpa Nagar, Tehsil and Distt. Amritsar bearing Document no. 1633 registered on 2.5.2007 registered at office of Sub Registrar Amritsar and executed by Sh. Gurbaksh Singh s/o Prem Singh in favour of Sh. Harbhej Singh S/o Mohanjit Singh has been lost on 29.07.2024 and report G.D. No. 023 has been lodged on dated 14.8.2024 in Police Station Civil Lines, Amritsar. Now, I want to Mortgage the above said Property with Canara Bank, Amritsar. If any person has any objection or interest with regard to equitable mortgage of above said Property or is having any Claim / Knowledge of above said Document allege to have been lost, he may approach and file objection within 7 days before undersigned. There after bank will allow Loan against equitable mortgage of said Property considering the above said previous Registry to be lost and not deposited with any bank, private agency or person as security and thereafter, later on bank will not entertain any Claim / Objection this regard. Anybody dealing in any manner regarding the property mentioned in lost Old Registry shall be responsible of his own. If anybody / borrower find / get the lost Old Registry, the same will have to deposit to the Canara Bank, Retail Assets Hub, Amritsar.

**ਪਬਲਿਕ ਨੋਟਿਸ**

ਸੂਚਿਤ ਕੀਤਾ ਜਾਂਦਾ ਹੈ ਕਿ ਮੇਰਾ ਚਾਚਾ ਰਣਜੀਤ ਬੌਬੀ ਸੇਠ ਪੁੱਤਰ ਪੰਨਾ ਲਾਲ ਵਾਸੀ ਗਲੀ ਨੰ 6, ਕ੍ਰਿਸ਼ਨਾ ਨਗਰ, ਫ਼ੋੜਾ ਫਾਟਕ ਅੰਮ੍ਰਿਤਸਰ ਮੇਰੇ ਤੋਂ ਵੱਖ ਰਹਿੰਦਾ ਹੈ ਉਸਦਾ ਵੱਖਰਾ ਕਾਰੋਬਾਰ ਹੈ ਅਤੇ ਮੇਰਾ ਕਾਰੋਬਾਰ ਵੱਖਰਾ ਹੈ ਉਸਦੇ ਕੁੱਝ ਗੈਰ ਕਾਨੂੰਨੀ ਕੰਮਾਂ ਦੇ ਕਾਰਨ ਪੁਲਿਸ ਅਕਸਰ ਸਾਡੇ ਘਰ ਵਿੱਚ ਦਾਖਲ ਹੁੰਦੀ ਹੈ ਅਤੇ ਉਸਦੇ ਬਾਰੇ ਪੁੱਛ ਪੜਤਾਲ ਕਰਦੀ ਹੈ ਜਦ ਕਿ ਸਾਡਾ ਉਸਦੇ ਨਾਲ ਕੋਈ ਵੀ ਸੰਬੰਧ ਨਹੀ ਹੈ ਮੈਂ ਇਸ ਪਬਲਿਕ ਸੂਚਨਾ ਰਾਹੀਂ ਆਮ ਜਨਤਾ ਅਤੇ ਪੁਲਿਸ ਪ੍ਰਸ਼ਾਸਨ ਨੂੰ ਸੂਚਿਤ ਕਰਦਾ ਹਾਂ ਕਿ ਜੇਕਰ ਮੇਰਾ ਚਾਚਾ ਬਾਹਰ ਕਿਸੇ ਕਿਸਮ ਦਾ ਕੋਈ ਲੈਣ ਦੇਣ, ਝਗੜਾ ਜਾਂ ਗੈਰ ਕਾਨੂੰਨੀ ਕੰਮ ਕਰਦਾ ਹੈ ਤਾਂ ਉਸਦਾ ਜਿੰਮੇਵਾਰ ਉਹ ਖੁਦ ਆਪ ਹੋਵੇਗਾ ਮੇਰਾ ਅਤੇ ਮੇਰੇ ਪਰਿਵਾਰ ਦਾ ਉਸ ਨਾਲ ਕੋਈ ਸੰਬੰਧ ਨਹੀ ਹੋਵੇਗਾ। ਸੂਚਿਤ ਕਰਤਾ, ਕਰਨਦੀਪ ਪੁੱਤਰ ਰਾਮ ਚੰਦ ਵਾਸੀ ਮਕਾਨ ਨੰ 413, ਗਲੀ ਨੰ 6, ਕ੍ਰਿਸ਼ਨਾ ਨਗਰ, ਫ਼ੋੜਾ ਫਾਟਕ ਅੰਮ੍ਰਿਤਸਰ।

**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ ਫ਼ਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰ, ਆਖਰੀ ਮਿਤੀ ਆਖਰੀ ਮਿਤੀ **26.08.2024** ਵਕਤ **15.00** ਵਜੇ ਤਕ **www.ireps.gov.in** ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ **www.ireps.gov.in** ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ |
| --- | --- | --- |
| ਖੁਲੀ | ਕੰਮ | ਏਕਲ ਬੋਲੀ ਪ੍ਰਣਾਲੀ |
| **ਟੈਂਡਰ ਅਪਲੋਡ ਕਰਨ ਦੀ ਮਿਤੀ** | **ਟੈਂਡਰ ਸ਼ੁਰੂ ਦੀ ਮਿਤੀ** | **ਬੋਲੀ ਪੂਰਾ ਕਰਨ ਦੀ ਮਿਤੀ ਅਤੇ ਸਮਾਂ** |
| 01.08.2024 | 12.08.2024 | 26.08.2024 / 15:00 ਵਜੇ |

| ਲ. ਨੰ: | ਟੈਂਡਰ ਨੰਬਰ, ਮਿਤੀ | ਟੈਂਡਰ ਦਾ ਵੇਰਵਾ | | |
| --- | --- | --- | --- | --- |
| 1. | 146-2024-25-ADEN-2-FZR | ਸਹਾਇਕ ਮੰਡਲ ਇੰਜੀਨੀਅਰ-ਦੂਸਰੀ/ਫ਼ਿਰੋਜ਼ਪੁਰ ਦੇ ਅਧੀਨ ਜਲੰਧਰ ਸ਼ਹਿਰ ਤੋਂ ਫ਼ਿਰੋਜ਼ਪੁਰ ਖੰਡ ਦੇ ਸੁਲਤਾਨਪੁਰ ਲੋਧੀ ਸਟੇਸ਼ਨ ਉਤੇ ਘਾਟ ਦੀ ਜ਼ਰੂਰਤਾ। | | |
| | **ਵਿਗਿਆਪਨ ਮੂਲ (ਰੁ:)** | **ਬਿਆਨਾ ਰਾਸ਼ੀ (ਰੁ:)** | **ਆਫਰ ਦੀ ਵੈਧਤਾ** | **ਪੂਰਾ ਕਰਨ ਦਾ ਸਮਾਂ** |
| | 7,00,85,550.70/- | 5,00,400/- | 60 ਦਿਨ | 10 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ:- “ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ” | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ। 2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ। ਪੱਤਰ ਨੰ: 146-2024-25-ADEN-2-FZR Date: 06.08.2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 2568/24

**AXIS BANK LTD.** ਰਿਟੇਲ ਐਸੇਟਸ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਰਿਟੇਲ ਐਸਟਸ ਸੈਂਟਰ : ਐਕਸਿਸ ਬੈਂਕ ਲਿਮਟਿਡ, ਤੀਜੀ ਮੰਜ਼ਲ, ਐੱਸ ਸੀ ਓ 367-368, ਆਕਾਸ਼ ਇੰਸਟੀਚਿਊਟਨ ਦੇ ਉਪਰ ਸੈਕਟਰ 34 ਏ, ਚੰਡੀਗੜ੍ਹ-160022-ਕਾਰਪੋਰੇਟ ਦਫਤਰ : ਤੀਜੀ ਮੰਜ਼ਲ, ਬਲਾਕ-ਬੀ, ਬੌਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025, ਰਜਿ.ਦਫ਼ਤਰ : ‘ਤ੍ਰਿਸ਼ੂਲ’, ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਟੈਂਪਲ, ਲਾਅ ਗਾਰਡਨ ਐਲਿਸਬ੍ਰਿਜ, ਅਹਿਮਦਾਬਾਦ-380006

**ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ**

ਜਦੋਂ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਦੱਸਦੇ ਹਾਂ ਕਿ ਵਿੱਤੀ ਸਹਾਇਤਾ ਹਾਸਲ ਕਰਨ ਦੇ ਬਾਵਜੂਦ, ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਰਧਾਰਤ ਮਿਤੀਆਂ ’ਤੇ ਮੂਲ ਅਤੇ ਵਿਆਜ ਰਕਮਾਂ ਦੀ ਮੁੜ ਅਦਾਇਗੀ ’ਚ ਅਨੇਕਾਂ ਭੁੱਲਾਂ ਕੀਤੀਆਂ ਹਨ। ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ ਨਿਰਦੇਸ਼ਾਂ/ਗਾਈਡ ਲਾਈਨਾਂ ਅਨੁਸਾਰ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ ’ਤੇ ਖਾਤੇ ਨੂੰ ਨਾਨ-ਪ੍ਰਫਾਰਮਿੰਗ ਐੱਸਟ ਵਰਗੀਕ੍ਰਿਤ ਕਰ ਦਿੱਤਾ ਗਿਆ ਹੈ, ਨਤੀਜੇ ਵਜੋਂ ਐਕਸਿਸ ਬੈਂਕ ਦੇ ਅਧਿਕਾਰਤ ਅਫਸਰ ਨੇ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ, 2002 ਅਤੇ ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ, ਸਰਫੇਸੀ ਐਕਟ, 2002 ਦੇ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ ਨੂੰ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ ’ਚ ਦਰਸਾਈ ਰਕਮ ਸਮੇਤ ਇਸ ਉੱਪਰ ਇਕਰਾਰਨਾਮੇ ਅਨੁਸਾਰ ਭਵਿੱਖੀ ਵਿਆਜ ਅਤੇ ਅਚਨਚੇਤੀ ਖਰਚੇ, ਲਾਗਤ ਚਾਰਜਿਜ਼ ਆਦਿ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ। ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ ’ਤੇ ਉਨ੍ਹਾਂ ਨੂੰ ਜਾਰੀ ਕੀਤੇ ਗਏ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਹਨ, ਇਸ ਲਈ ਉਨ੍ਹਾਂ ਨੂੰ ਉਹੀ ਜਾਣਕਾਰੀ ਹਿਤ ਇਸ ਜਨਤਕ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ ਦਾ ਨਾਂਅ/ਪਤਾ; ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ/ਕਾਨੂੰਨੀ ਵਾਰਸ ਪਤਾ | ਐੱਨ ਪੀ ਏ ਮਿਤੀ / ਡਿਮਾਂਡ ਨੋਟਿਸ ਦੀ ਮਿਤੀ / ਕਰਜ਼ਾ ਰਕਮ (ਰੁ.) | ਡਿਮਾਂਡ ਨੋਟਿਸ ਦੀ ਮਿਤੀ ’ਤੇ ਬਕਾਇਆ ਰਕਮ (ਰੁ.) |
| --- | --- | --- | --- |
| 1 | 1. ਸ੍ਰੀ ਸੰਤੀ ਲਾਲ ਪੁੱਤਰ ਨਰੰਜੀ #43 ਹਲਟੀ ਵਾਲੀ ਗਲੀ, ਵਾਰਡ ਨੰ. 7, ਖਰੜ, ਐੱਸ ਏ ਐੱਸ ਨਗਰ, ਮੋਹਾਲੀ-140301 | 30 ਨਵੰਬਰ-2023; 16 ਜਨਵਰੀ-2024 | ਰੁ. 18,82,094/- (ਅਠਾਰਾਂ ਲੱਖ ਬਿਆਸੀ ਹਜ਼ਾਰ ਚੁਰਾਨਵੇਂ ਰੁਪਏ ਕੇਵਲ) |
| | 2. ਸ੍ਰੀਮਤੀ ਸੰਗੀਤਾ ਪਤਨੀ ਸੰਤੀ ਲਾਲ # 43, ਹਲਟੀ ਵਾਲੀ ਗਲੀ, ਵਾਰਡ ਨੰ. 7, ਖਰੜ, ਐੱਸ ਏ ਐੱਸ ਨਗਰ, ਮੋਹਾਲੀ-140301 | ਰੁ.1,885,048/- (ਅਠਾਰਾਂ ਲੱਖ ਪਚਾਸੀ ਹਜ਼ਾਰ ਅਠਤਾਲੀ ਰੁਪਏ ਕੇਵਲ) | |
| | ਸਕਿਉਰਡ ਐੱਸਟ ਦਾ ਜਾਇਦਾਦੀ ਪਤਾ : ਜਾਇਦਾਦ ਨੰ. ਬੀ 014/02290, ਪ੍ਰੀਤ ਨਗਰ, ਸੈਕਟਰ-11, ਖਰੜ, ਰਕਬਾ 0 ਕਨਾਲ 2-1/4 ਮਰਲੇ, ਖੇਵਟ/ਖਤੌਨੀ ਨੰ. 2675/2776 ਖਸਰਾ ਨੰ. 52//3/2/1 (4-9), ਜ਼ਮੀਨ ਰਕਬਾ 4 ਕਨਾਲ 9 ਮਰਲੇ, 9/365 ਤੱਕ ਦਾ ਹਿੱਸਾ, ਜੋ ਕਿ 0 ਕਨਾਲ 2-1/4 ਮਰਲੇ ਹੈ, ਪਿੰਡ ਖਰੜ, ਹਦਬਸਤ ਨੰ. 184, ਤਹਿਸੀਲ ਖਰੜ, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਐੱਸ ਏ ਐੱਸ ਨਗਰ, ਮੋਹਾਲੀ, ਬੈਨਾਮਾ ਨੰ. 2088 ਮਿਤੀ 01.06.2017 ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਐੱਨ ਏ, ਪੱਛਮ : ਐੱਨ ਏ, ਉੱਤਰ : ਐੱਨ ਏ, ਦੱਖਣ : ਐੱਨ ਏ | | |
| 2 | 1. ਰਾਹੁਲ ਗੌੜ ਪੁੱਤਰ ਸ਼ੰਭੂ ਗੌੜ# 1185/ਏ, ਸੈਕਟਰ 19 ਬੀ, ਚੰਡੀਗੜ੍ਹ, ਨੇੜੇ ਪਲੇਗਰਾਊਂਡ, ਚੰਡੀਗੜ੍ਹ-160019 | 8 ਅਕਤੂਬਰ 2023; 30 ਅਪ੍ਰੈਲ-2024 | ਰੁ. 1,559,416/- (ਪੰਦਰਾਂ ਲੱਖ ਉਨਾਹਠ ਹਜ਼ਾਰ ਚਾਰ ਸੌ ਸੋਲਾਂ ਰੁਪਏ ਕੇਵਲ) |
| | 2. ਸ੍ਰੀਮਤੀ ਜ਼ੀਨਾ ਪਤਨੀ ਰਾਹੁਲ ਗੌੜ # 1185/ਏ, ਸੈਕਟਰ 19 ਬੀ, ਚੰਡੀਗੜ੍ਹ, ਨੇੜੇ ਪਲੇਗਰਾਊਂਡ, ਚੰਡੀਗੜ੍ਹ-160019 | ਰੁ.1,621,187/- (ਸੋਲਾਂ ਲੱਖ ਇੱਕੀ ਹਜ਼ਾਰ ਇੱਕ ਸੌ ਸਤਾਸੀ ਰੁਪਏ ਕੇਵਲ) | |
| | ਰਿਹਾਇਸ਼ੀ ਡੁਪਲੈਕਸ ਜਾਇਦਾਦ ਨੰ. 472, ਰਕਬਾ 2 ਬਿਸਵਾ 13 ਬਿਸਵਾਸੀ (133 ਵਰਗ ਗਜ਼), ਖੇਵਟ ਨੰ. 213/323, ਖਤੌਨੀ ਨੰ. ਅਤੇ ਖਸਰਾ ਨੰ. 22 (3-4), 23 (3-4), 27 (4-0), 28 (4-0), 29 (4-8), 30 (4-0), 31 (4-0), 32 (4-10), 33 (5-7) 36 (4-0), 37 (4-0), ਕਿੱਤੇ 11, ਜ਼ਮੀਨ ਰਕਬਾ 44 ਵਿਘੇ 13 ਬਿਸਵੇ, 53/17860 ਤੱਕ ਦਾ ਹਿੱਸਾ ਜੋ ਕਿ ਜਾਇਦਾਦ ਰਕਬਾ 02 ਬਿਸਵੇ 13 ਬਿਸਵਾਸੀ ਹੈ, ਹਰ ਮਿਲਾਪ ਨਗਰ, ਫੇਜ਼-1, ਪਿੰਡ ਬਲਟਾਨਾ, ਹਦਬਸਤ ਨੰ. 47, ਸਬ-ਤਹਿਸੀਲ ਜ਼ੀਰਕਪੁਰ, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਮੋਹਾਲੀ, ਪੰਜਾਬ, ਬੈਨਾਮਾ ਨੰ. 1163 ਮਿਤੀ 31.08.2018 ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਗਲੀ, ਪੱਛਮ : ਖੁੱਲ੍ਹਾ ਖੇਤਰ, ਉੱਤਰ : ਉਸਾਰੀ, ਦੱਖਣ : ਸੜਕ | | |

ਉਪਰੋਕਤ ਦਰਸਾਏ ਹਾਲਤਾਂ ’ਚ ਉਕਤ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ /ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂ ਹੋਣ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਉਪਰੋਕਤ ਦਰਸਾਏ ਬਕਾਇਆਂ ਸਮੇਤ ਭਵਿੱਖੀ ਵਿਆਜ ਅਤੇ ਲਾਗੂ ਚਾਰਜਿਜ਼ ਅਦਾ ਕਰਨ ਲਈ ਨੋਟਿਸ ਦਿੱਤਾ ਜਾਂਦਾ ਹੈ। ਅਸਫਲ ਰਹਿਣ ’ਤੇ ਇਸ ਨੋਟਿਸ ਦੇ 60 ਦਿਨ ਗੁਜ਼ਰਨ ਤੋਂ ਬਾਅਦ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (4) ਅਤੇ ਇਸ ਤਹਿਤ ਲਾਗੂ ਨਿਯਮਾਂ ਤਹਿਤ ਕਰਜ਼ਦਾਰਾਂ ਅਤੇ ਗਰੰਟਰਾਂ ਦੇ ਸਕਿਉਰਡ ਐੱਸਟਸ ਵਿਰੁੱਧ ਸਮੇਤ ਕਬਜ਼ਾ ਹਾਸਲ ਕਰਨ ਜਿਹੇ ਅਗਲੇ ਕਦਮ ਉਠਾਏ ਜਾਣਗੇ। ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਉਕਤ ਐਕਟ ਦੇ ਸੈਕਸ਼ਨ 13 (13) ਤਹਿਤ ਕਰਜ਼ਦਾਰ ਸਕਿਉਰਡ ਕ੍ਰੈਡਿਟਸ ਤੋਂ ਅਗਾਊਂ ਲਿਖਤੀ ਮਨਜ਼ੂਰੀ ਤੋਂ ਬਿਨਾਂ ਇਸ ਨੋਟਿਸ ’ਚ ਹਵਾਲੇ ਵਾਲੇ ਕਿਸੇ ਸਕਿਉਰਡ ਐੱਸਟਸ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕਦਾ।

ਮਿਤੀ : 17.08-2024, ਸਥਾਨ : ਨੋਇਡਾ, ਯੂ ਪੀ — ਸਹੀ/-ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

**AXIS BANK LTD.** ਰਿਟੇਲ ਐਸਟਸ ਸੈਂਟਰ : ਐਕਸਿਸ ਬੈਂਕ ਲਿਮਟਿਡ, ਤੀਜੀ ਮੰਜ਼ਲ, ਐੱਸ ਸੀ ਓ 367-368, ਆਕਾਸ਼ ਇੰਸਟੀਚਿਊਟ, ਸੈਕਟਰ 34 ਏ, ਚੰਡੀਗੜ੍ਹ-160022-ਕਾਰਪੋਰੇਟ ਦਫਤਰ : ਤੀਜੀ ਮੰਜ਼ਲ, ਬਲਾਕ-ਬੀ, ਬੌਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025

**ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ** ਰਜਿ.ਦਫ਼ਤਰ : ‘ਤ੍ਰਿਸ਼ੂਲ’, ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਟੈਂਪਲ, ਲਾਅ ਗਾਰਡਨ ਐਲਿਸਬ੍ਰਿਜ, ਅਹਿਮਦਾਬਾਦ-380006

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸੇਂਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ ’ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ ’ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ ’ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ’ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ / ਡਿਮਾਂਡ ਨੋਟਿਸ ’ਚ ਰਕਮ (ਰੁ.) |
| --- | --- | --- |
| 1 | 1. ਮੈਸ: ਐੱਸ ਐੱਸ ਪੇਟ ਇੰਟਪ੍ਰਾਇਜਜ਼ ਰਾਹੀਂ ਇਸ ਦੇ ਪਾਰਟਨਰਾਂ ਸ੍ਰੀ ਵਿਜੇ ਕੁਮਾਰ ਅਤੇ ਸ੍ਰੀਮਤੀ ਅਨੂ, ਪਤਾ : ਦੁਕਾਨ ਨੰ. 10, ਪਿਹੋਵਾ ਰੋਡ, ਪਿੰਡ ਉਪਲੀ, ਭੁਨਰਹੇੜੀ, ਪਟਿਆਲਾ, ਪੰਜਾਬ-147111, 2. ਸ੍ਰੀਮਤੀ ਅਨੂ ਪਤਨੀ ਵਿਜੇ ਕੁਮਾਰ, ਪਤਾ : ਭੁਨਰਹੇੜੀ ਪਟਿਆਲਾ, ਪੰਜਾਬ-147111 | 22 ਜਨਵਰੀ, 2024 / 13 ਅਗਸਤ 2024, ਪਟਿਆਲਾ, ਪੰਜਾਬ / ਰੁ. 67,47,875/- (ਸਤਾਹਠ ਲੱਖ ਸੰਤਾਲੀ ਹਜ਼ਾਰ ਅੱਠ ਸੌ ਪਝੱਤਰ ਰੁਪਏ ਕੇਵਲ) |
| | ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਵਸੀਕਾ ਨੰ. 10556 ਮਿਤੀ 21.11.2019 ਅਨੁਸਾਰ ਕੁਲ ਜ਼ਮੀਨ ਰਕਬਾ 4 ਕੇ 12 ਮਰਲੇ ਵਿੱਚੋਂ ਵਪਾਰਕ ਜ਼ਮੀਨ ਰਕਬਾ 1 ਕੇ 18 ਮਰਲੇ ਜੋ ਕਿ 1156 ਵਰਗ ਗਜ਼ ਹੈ, ਤਬਾਦਲਾ ਬੈਨਾਮਾ ਨੰ. 2019-20/11/1/11180 ਮਿਤੀ 4.12.2019 ਰਾਹੀਂ ਵਿਜੇ ਕੁਮਾਰ ਦੇ ਨਾਂਅ ’ਤੇ ਹੈ, ਖੇਵਟ ਨੰ. 8/6, ਖਤੌਨੀ ਨੰ. 19, ਖਸਰਾ ਨੰ. 8//7 (4-12) ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਲਿੰਕ ਰੋਡ ਉਪਲੀ, 75’, ਪੱਛਮ : ਕ੍ਰਿਪਾ ਸਿੰਘ, 39’9”, ਉੱਤਰ : ਫੈਕਟਰੀ, 181’1”, ਦੱਖਣ : ਜ਼ਮੀਨ ਕ੍ਰਿਪਾ ਸਿੰਘ 185’ | |
| 2 | 1. ਮੈਸ: ਸੀ ਕੇ ਇੰਟਰਪ੍ਰਾਇਜਜ਼ ਰਾਹੀਂ ਇਸ ਦੇ ਪ੍ਰੋਪ. ਸ੍ਰੀ ਚੰਚਲ ਕੁਮਾਰ, ਪਤਾ : ਸਟਾਰ ਟਵਨਡ ਗਲਾਸ, ਪਿੰਡ ਦੁਲੱਦੀ, ਨੇੜੇ ਸ੍ਰੀ ਇਤੀ ਮਾਲੇਰਕੋਟਲਾ, ਨਾਭਾ, ਪਟਿਆਲਾ, ਪੰਜਾਬ-147201, 2. ਸ੍ਰੀ ਚੰਚਲ ਕੁਮਾਰ ਪੁੱਤਰ ਗੋਪਾਲ ਦਾਸ, ਪਤਾ :# 229, ਡਬਲਯੂ ਨੰ. 7,8 ਬਠਿੰਡੀਆ ਮੁਹੱਲਾ ਤਹਿਸੀਲ ਨਾਭਾ, ਪਟਿਆਲਾ, ਪੰਜਾਬ-147201 | 22 ਜਨਵਰੀ, 2024 / 13 ਅਗਸਤ 2024, ਨਾਭਾ, ਪੰਜਾਬ / ਰੁ. 56,98,046/- (ਛਪੰਜਾ ਲੱਖ ਅਠਾਨਵੇਂ ਹਜ਼ਾਰ ਛਿਆਲੀ ਰੁਪਏ ਕੇਵਲ) |
| | ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਰਿਹਾਇਸ਼ੀ ਜਾਇਦਾਦ ਡਿਫੈਂਸ ਕਾਲੋਨੀ ਅਲੋਹਰਾਂ ਤਹਿਸੀਲ ਨਾਭਾ, ਜ਼ਿਲ੍ਹਾ ਪਟਿਆਲਾ, ਜਮ੍ਹਾਂਬੰਦੀ ਸਾਲ 2015-16, ਖੇਵਟ ਨੰ. 526/541, ਖਤੌਨੀ ਨੰ. 618, ਖਸਰਾ ਨੰ. 545 (6-2), 556 (4-3), 535/1/3 (3-3), 535/2/1 (0-1), 543/1/3 (0-9), 543/2/2 (0-5), 544/2 (8-18), 546/1/3 (2-19), 546/2/2 (0-13), 555/1 (0-15), 555/2 (4-18), 555/3/3 (0-6), 557/1 (6-8), ਕਿੱਤੇ 13 ਕੁਲ ਰਕਬਾ 39 ਬੀ-6 ਬਿਸਵਾ ਵਿੱਚੋਂ 4/786 ਹਿੱਸਾ ਰਕਬਾ 0 ਬੀ-4 ਬਿਸਵਾ ਰਜਿਸਟਰਡ ਬੈਨਾਮਾ ਦਸਤਾਵੇਜ਼ ਨੰ. 2020-21/77/1/897 ਮਿਤੀ 29.07.2020 ਰਾਹੀਂ ਚੰਚਲ ਕੁਮਾਰ ਪੁੱਤਰ ਗੋਪਾਲ ਦਾਸ ਦੇ ਨਾਂਅ ’ਤੇ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਪਰਮਜੀਤ ਸਿੰਘ ਸਾਈਡ 75’, ਪੱਛਮ : ਸੁਨੀਲ ਅਹੂਜਾ ਸਾਈਡ 75’, ਉੱਤਰ : ਗਲੀ ਸਾਈਡ 23’-2”, ਦੱਖਣ : ਸੰਜੀਵ ਜਿੰਦਲ ਸਾਈਡ 23’-2”, | |
| 3 | 1. ਮੈਸ: ਸੂਦ ਟਰੇਡਰਜ਼ ਰਾਹੀਂ ਇਸ ਦੇ ਪ੍ਰੋਪ. ਸ੍ਰੀਮਤੀ ਕੁਸਮ ਯਾਦਵ, ਪਤਾ : 3 ਜੈਨ ਗਲੀ ਬਲਿਆਲ ਰੋਡ, ਭਵਾਨੀਗੜ੍ਹ ਸੰਗਰੂਰ-148026, 2. ਸ੍ਰੀਮਤੀ ਕੁਸਮ ਯਾਦਵ ਪਤਨੀ ਸੁਮਿਤ ਸੂਦ, ਪਤਾ : ਮਕਾਨ ਨੰ. 1843, ਫੇਸ-2, ਅਰਬਨ ਅਸਟੇਟ ਪਟਿਆਲਾ-147002, 3. ਸ੍ਰੀਮਤੀ ਸਕਸ਼ਮ ਸੂਦ ਪਤਨੀ ਅਸ਼ੋਕ ਸੂਦ, ਪਤਾ: ਮਕਾਨ ਨੰ. 1843, ਫੇਸ-2, ਅਰਬਨ ਅਸਟੇਟ, ਪਟਿਆਲਾ-147002,4 ਸ੍ਰੀ ਸੁਮਿਤ ਸੂਦ ਪੁੱਤਰ ਅਸ਼ੋਕ ਸੂਦ, ਪਤਾ : ਮਕਾਨ ਨੰ. 1843, ਫੇਸ-2, ਅਰਬਨ ਅਸਟੇਟ, ਪਟਿਆਲਾ-147002 | 24 ਜਨਵਰੀ, 2024 / 13 ਅਗਸਤ 2024, ਪਟਿਆਲਾ, ਪੰਜਾਬ / ਰੁ. 46,89,537/- (ਛਿਆਲੀ ਲੱਖ ਉਨਾਨਵੇਂ ਹਜ਼ਾਰ ਪੰਜ ਸੌ ਸੈਂਤੀ ਰੁਪਏ ਕੇਵਲ) |
| | ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਰਜਿਸਟਰਡ ਬੈਨਾਮਾ ਦਸਤਾਵੇਜ਼ ਨੰ. 2020-21/11/1/11507 ਮਿਤੀ 18.01.2021 ਰਾਹੀਂ ਸਕਸ਼ਮ ਸੂਦ ਪਤਨੀ ਅਸ਼ੋਕ ਸੂਦ ਦੇ ਨਾਂਅ ’ਤੇ ਰਿਹਾਇਸ਼ੀ ਜਾਇਦਾਦ/ਮਕਾਨ ਨੰ. 1843, ਅਰਬਨ ਅਸਟੇਟ, ਫੇਸ 2, ਪਟਿਆਲਾ, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ (ਇਸ ਤੋਂ ਬਾਅਦ ਉਕਤ ਜਾਇਦਾਦ ਵਜੋਂ ਹਵਾਲਾ) ਨਾਲ ਸੰਬੰਧਤ ਸਭ ਕੁਝ। ਬੈਨਾਮੇ ’ਚ ਹੱਦਾਂ ਨਹੀਂ ਦਰਸਾਈਆਂ ਗਈਆਂ। ਹੱਦਾਂ : ਪੂਰਬ : ਐੱਨ ਏ, ਪੱਛਮ : ਐੱਨ ਏ, ਉੱਤਰ : ਐੱਨ ਏ, ਦੱਖਣ : ਐੱਨ ਏ | |
| 4 | 1. ਮੈਸ: ਗੁਪਤਾ ਇੰਟਰਪ੍ਰਾਇਜਜ਼ ਰਾਹੀਂ ਇਸਦੇ ਪ੍ਰੋਪ. ਸ੍ਰੀ ਅਨਿਲ ਗੁਪਤਾ, ਪਤਾ : ਭਵਾਨੀਗੜ੍ਹ ਰੋਡ, ਆਲੋਅਰਖ ਸੰਗਰੂਰ, ਪੰਜਾਬ -148026, 2. ਸ੍ਰੀ ਅਨਿਲ ਗੁਪਤਾ ਪੁੱਤਰ ਕੇਵਲ ਕ੍ਰਿਸ਼ਨ ਗੁਪਤਾ, ਪਤਾ : ਮਕਾਨ ਨੰ. 75, ਮਲੇਰੀਆਂ ਸਟ੍ਰੀਟ ਨਾਭਾ, ਪਟਿਆਲਾ, ਪੰਜਾਬ-147201, 3. ਸ੍ਰੀ ਤਰੁਣ ਗੁਪਤਾ ਪੁੱਤਰ ਅਨਿਲ ਕੁਮਾਰ ਗੁਪਤਾ, ਪਤਾ : ਮਕਾਨ ਨੰ. 75, ਮਲੇਰੀਆਂ ਸਟ੍ਰੀਟ ਨਾਭਾ, ਪਟਿਆਲਾ, ਪੰਜਾਬ-147201, 4. ਸ੍ਰੀਮਤੀ ਮੀਨਾ ਗੁਪਤਾ ਪਤਨੀ ਅਨਿਲ ਕੁਮਾਰ, ਪਤਾ : ਮਕਾਨ ਨੰ. 75, ਮਲੇਰੀਆਂ ਸਟ੍ਰੀਟ ਨਾਭਾ, ਪਟਿਆਲਾ, ਪੰਜਾਬ-147201 | 18 ਜਨਵਰੀ, 2024 / 13 ਅਗਸਤ 2024, ਨਾਭਾ, ਪੰਜਾਬ / ਰੁ. 9140,004/- (ਇਕਾਨਵੇਂ ਲੱਖ ਚਾਲੀ ਹਜ਼ਾਰ ਚਾਰ ਰੁਪਏ ਕੇਵਲ) |
| | ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਤਬਾਦਲਾ ਬੈਨਾਮਾ ਦਸਤਾਵੇਜ਼ ਨੰ. 2020-21/77/1/1291 ਮਿਤੀ 04.09.2020 ਰਾਹੀਂ ਮੀਨਾ ਗੁਪਤਾ ਪਤਨੀ ਅਨਿਲ ਗੁਪਤਾ ਦੇ ਨਾਂਅ ’ਤੇ ਵਪਾਰਕ ਜਾਇਦਾਦ ਦੁਕਾਨ ਨੰ. 762/1158, ਭਵਰਾ ਬਜ਼ਾਰ, ਨਾਭਾ, ਤਹਿਸੀਲ ਨਾਭਾ, ਜ਼ਿਲ੍ਹਾ ਪਟਿਆਲਾ, ਰਕਬਾ 96.1/2 ਵਰਗ ਗਜ਼ (ਇਸ ਤੋਂ ਬਾਅਦ ਉਕਤ ਜਾਇਦਾਦ ਵਜੋਂ ਹਵਾਲਾ) ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਸੜਕ ਸਾਈਡ 13’, ਪੱਛਮ : ਗਲੀ ਸਾਈਡ 11’6”, ਉੱਤਰ : ਸੰਜੀਵ ਕੁਮਾਰ ਅਤੇ ਹਰਬੰਸ ਲਾਲ ਦੀ ਦੁਕਾਨ ਸਾਈਡ 25’6+1’4”+49’3”, ਦੱਖਣ : ਸਾਂਝੀਆਂ ਪੌੜੀਆਂ + ਜੇ ਡੀ ਜਵੈਲਰਜ਼ + ਦਰਸ਼ਨ ਕੁਮਾਰ ਸਾਈਡ 24’6”+2’ 6”+49’3” | |

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀਆਂ ਜਾਇਦਾਦਾਂ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ ’ਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 17 ਅਗਸਤ 2024, ਸਥਾਨ : ਪੰਜਾਬ — ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ


## ਮਾਨ ਵੱਲੋਂ 14 ਅੱਤ-ਆਧੁਨਿਕ ਲਾਇਬ੍ਰੇਰੀਆਂ ਲੋਕਾਂ ਨੂੰ ਸਮਰਪਤ



**ਲੁਧਿਆਣਾ (ਰਾਜ ਸਿੰਗਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨੌਜਵਾਨਾਂ ’ਚ ਪੜ੍ਹਨ ਦੀ ਆਦਤ ਨੂੰ ਹੋਰ ਹੁਲਾਰਾ ਦੇਣ ਅਤੇ ਉਨ੍ਹਾਂ ਨੂੰ ਸੂਬੇ ਦੀ ਸਮਾਜਿਕ-ਆਰਥਿਕ ਤਰੱਕੀ ਵਿੱਚ ਭਾਈਵਾਲ ਬਣਾਉਣ ਦੇ ਉਦੇਸ਼ ਨਾਲ ਇਥੇ 14 ਅਤਿ ਆਧੁਨਿਕ ਪੇਂਡੂ ਲਾਇਬ੍ਰੇਰੀਆਂ ਲੋਕਾਂ ਨੂੰ ਸਮਰਪਤ ਕੀਤੀਆਂ।ਮੁੱਖ ਮੰਤਰੀ ਨੇ ਕਿਹਾ ਕਿ ਇਹ ਲਾਇਬ੍ਰੇਰੀਆਂ ਵਾਈ-ਫਾਈ, ਸੋਲਰ ਪਾਵਰ ਡਿਜੀਟਲ ਐਨਾਲਾਗ ਅਤੇ ਹੋਰ ਉੱਚ ਪੱਧਰੀ ਸਹੂਲਤਾਂ ਨਾਲ ਲੈਸ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਲਾਇਬ੍ਰੇਰੀਆਂ ਵਿੱਚ ਸਮਕਾਲੀ ਸਾਹਿਤ ਅਤੇ ਪਾਠਕ੍ਰਮ ਬਾਰੇ ਵਿਸ਼ਵ ਪੱਧਰੀ ਪੁਸਤਕਾਂ ਉਪਲਬਧ ਹੋਣਗੀਆਂ, ਜੋ ਸਿੱਖਣ ਲਈ ਅਨੁਕੂਲ ਤਜਰਬਾ ਪ੍ਰਦਾਨ ਕਰਨਗੀਆਂ।ਉਦਘਾਟਨੀ ਸਮਾਰੋਹ ਦੌਰਾਨ ਇਕ ਲੜਕੀ ਨੇ ਮੁੱਖ ਮੰਤਰੀ ਨੂੰ ਰੱਖੜੀ ਬੰਨ੍ਹੀ ਜੋ ਸਰਕਾਰ ਅਤੇ ਲੋਕਾਂ ਦਰਮਿਆਨ ਮਜ਼ਬੂਤ ਰਿਸ਼ਤੇ ਦਾ ਪ੍ਰਤੀਕ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪਲ ਉਨ੍ਹਾਂ ਨੂੰ ਸੂਬੇ ਅਤੇ ਇੱਥੋਂ ਦੇ ਲੋਕਾਂ ਲਈ ਜੋਸ਼ ਨਾਲ ਕੰਮ ਕਰਨ ਦੀ ਯਾਦ ਦਿਵਾਉਂਦਾ ਰਹੇਗਾ।

## ਜਨਤਕ ਜਥੇਬੰਦੀਆਂ ਵੱਲੋਂ ਸੁਤੰਤਰਤਾ ਦਿਵਸ ਮੌਕੇ ਰੋਸ ਮੁਜ਼ਾਹਰਾ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸੂਬੇ ਦੇ ਕਿਸਾਨਾਂ, ਖੇਤ ਮਜ਼ਦੂਰਾਂ, ਸਨਅਤੀ ਤੇ ਬਿਜਲੀ ਕਾਮਿਆਂ, ਵਿਦਿਆਰਥੀ ਤੇ ਠੇਕਾ ਕਾਮਿਆਂ ਦੀਆਂ ਵੀਹ ਜਨਤਕ ਜਥੇਬੰਦੀਆਂ ਦੁਆਰਾ ਨਵੇਂ ਫੌਜਦਾਰੀ ਤੇ ਹੋਰ ਲਾਗੂ ਕੀਤੇ ਜਾ ਰਹੇ ਕਾਲੇ ਕਾਨੂੰਨਾਂ ਸਣੇ ਸਾਮਰਾਜੀਆਂ ਦੁਆਰਾ ਮੜ੍ਹੀਆਂ ਜਾ ਰਹੀਆਂ ਲੋਟੂ ਨੀਤੀਆਂ ਖ਼ਿਲਾਫ਼ ਸੁਤੰਤਰਤਾ ਦਿਵਸ ਮੌਕੇ ਸ਼ਹਿਰ ਦੀ ਅਨਾਜ ਮੰਡੀ ਵਿੱਚ ਵਿਸ਼ਾਲ ਰੋਸ ਮੁਜ਼ਾਹਰਾ ਕੀਤਾ ਗਿਆ।ਇਸ ਦੌਰਾਨ ਇਕੱਤਰ ਵੱਡੀ ਵਿੱਚ ਵੱਖ-ਵੱਖ ਜਥੇਬੰਦੀਆਂ ਦੇ ਵਰਕਰਾਂ ਨੇ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ।ਰੋਸ ਮੁਜ਼ਾਹਰੇ ਨੂੰ ਸੰਬੋਧਨ ਕਰਦਿਆਂ ਜਨਤਕ ਜਥੇਬੰਦੀ ਦੇ ਆਗੂ ਅਮਰੀਕ ਸਿੰਘ ਘੱਗਾ, ਜਸਵਿੰਦਰ ਸਿੰਘ ਬਰਾਸ, ਅਵਤਾਰ ਸਿੰਘ ਬਹੁੜ, ਬੱਲਮ ਸਿੰਘ ਨਿਆਲ, ਅਜੈਬ ਸਿੰਘ ਦਫ਼ਤਰੀਵਾਲਾ, ਜੀਤ ਸਿੰਘ ਨਨਹੇੜਾ, ਤੇਜਪਾਲ ਸਿੰਘ ਭੂਤਗੜ੍ਹ, ਗੁਰਮੁੱਖ ਸਿੰਘ ਕਰਵਾਨੂੰ, ਵਰਿੰਦਰ ਸਿੰਘ ਮੋਮੀ, ਸਤਿਗੁਰ ਸਿੰਘ ਮੌਲਵੀਵਾਲਾ ਤੇ ਜਗਸੀਰ ਸਿੰਘ ਜੱਗੀ ਨੇ ਕਿਹਾ ਕਿ ਆਜ਼ਾਦੀ ਦੇ ਨਾਂ ਹੇਠ ਸਾਮਰਾਜ ਤੋਂ ਮੁਕਤੀ ਲਈ ਜੂਝਦੇ ਕ੍ਰੋੜਾਂ ਦੇਸ਼ ਵਾਸੀਆਂ ਨਾਲ ਕੀਤਾ ਗਿਆ ਵੱਡਾ ਧੋਖਾ ਸੀ, ਕਿਉਂਕਿ ਉਦੋਂ ਇੱਕ ਪਾਸੇ ਦੇਸ਼ ਦੀਆਂ ਲੋਟੂ ਜਮਾਤਾਂ ਤੇ ਬਰਤਾਨਵੀ ਸਰਕਾਰ ਦੇ ਚਹੇਤਿਆਂ ਵੱਲੋਂ ਜਸ਼ਨ ਮਨਾਏ ਗਏ ਤੇ ਦੂਜੇ ਪਾਸੇ ਲੋਕਾਂ ’ਚ ਫਿਰਕੂ ਫ਼ਸਾਦ ਭੜਕਾ ਕੇ ਲੱਖਾਂ ਬੇਕਸੂਰ ਲੋਕਾਂ ਦੀਆਂ ਜਾਨਾਂ ਲਈਆਂ ਗਈਆਂ, ਘਰ ਘਾਟ ਉਜਾੜੇ ਗਏ ਤੇ ਔਰਤਾਂ ਦੀਆਂ ਬੇਪਤੀਆਂ ਸ਼ਰੇਆਮ ਕੀਤੀਆਂ ਗਈਆਂ।ਇਸੇ ਕਾਰਨ ਲੋਕ ਹਿਤਾਂ ਨੂੰ ਪ੍ਰਨਾਏ ਦੇਸ਼ਵਾਸੀ ਇਸ ਵਰ੍ਹੇ ਨੂੰ ਹੱਲੇ-ਗੁੱਲਿਆਂ ਵਾਲੇ ਮਾਤਮੀ ਸਾਲ ਵਜੋਂ ਯਾਦ ਕਰਦੇ ਹਨ।


**SBFC** ਐੱਸ ਬੀ ਐੱਫ ਸੀ ਫਾਇਨਾਂਸ ਲਿਮਟਿਡ

ਰਜਿਸਟਰਡ ਦਫਤਰ : ਯੂਨਿਟ ਨੰ. 103, ਪਹਿਲੀ ਮੰਜ਼ਲ, ਸੀ ਅਤੇ ਬੀ ਸੁਕੇਅਰ, ਸੰਗਮ ਕੰਪਲੈਕਸ, ਪਿੰਡ ਚਕਾਲਾ, ਅੰਧੇਰੀ-ਕੁਰਲਾ ਰੋਡ, ਅੰਧੇਰੀ (ਈਸਟ), ਮੁੰਬਈ-400059

**ਕਬਜ਼ਾ ਨੋਟਿਸ (ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (2) ਤਹਿਤ)**

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਉਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਤਹਿਤ ਐੱਸ ਬੀ ਐੱਫ ਸੀ ਫਾਇਨਾਂਸ ਲਿਮਟਿਡ ਦਾ ਅਧਿਕਾਰਤ ਅਫਸਰ ਹੁੰਦਿਆਂ ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ ਨੂੰ ਨੋਟਿਸ ’ਚ ਦਰਸਾਈ ਰਕਮ, ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ।

ਕਰਜ਼ਦਾਰ/ਸਹਿ-ਕਰਜ਼ਦਾਰ ਰਕਮ ਵਾਪਸ ਮੋੜਨ ’ਚ ਅਸਫਲ ਰਹੇ ਹਨ। ਕਰਜ਼ਦਾਰਾਂ/ਸਹਿ-ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਹੇਠਾਂ ਦਰਸਾਈ ਜਾਇਦਾਦ ਦਾ ਉਕਤ ਰੂਲਜ਼ ਦੇ ਰੂਲ 8 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਮਿਤੀ ’ਤੇ ਹੇਠਾਂ ਦਰਸਾਈ ਜਾਇਦਾਦ ਦਾ ਕਬਜ਼ਾ ਹਾਸਲ ਕਰ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਸ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕਰਨ ਦੀ ਚਿਤਾਵਨੀ ਦਿੱਤੀ ਜਾਂਦੀ ਹੈ ਅਤੇ ਇਸ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਐਸ ਬੀ ਐੱਫ ਸੀ ਫਾਇਨਾਂਸ ਲਿਮਟਿਡ ਦੀ ਵਸੂਲੀ ਹੇਠ ਹੋਵੇਗੀ।

| ਕਰਜ਼ਦਾਰ ਦਾ ਨਾਂਅ ਅਤੇ ਪਤਾ ਅਤੇ ਡਿਮਾਂਡ ਨੋਟਿਸ ਦੀ ਮਿਤੀ | ਜਾਇਦਾਦ ਦਾ ਵੇਰਵਾ ਅਤੇ ਕਬਜ਼ੇ ਦੀ ਮਿਤੀ | ਕਬਜ਼ਾ ਨੋਟਿਸ ’ਚ ਮੰਗੀ ਗਈ ਰਕਮ (ਰੁਪਏ) |
| --- | --- | --- |
| 1. ਸਤਕਰਤਾਰ ਇੰਡਸਟਰੀ, ਪਤਾ : ਪ੍ਰੇਮ ਨਗਰ, ਇਡਸਟ੍ਰੀਅਲ ਜ਼ੋਨ, ਚੱਕ ਹੁਸੈਨਾ ਲੰਬਾ ਰੋਡ, ਜਲੰਧਰ, ਪੰਜਾਬ-144001 2. ਗੁਰਮੀਤ ਸਿੰਘ, 3. ਆਸ਼ਾ ਰਾਣੀ, 4. ਨਵਦੀਪ, ਨੰ. 2 ਤੋਂ ਨੰ. 4 ਦਾ ਪਤਾ : ਮਕਾਨ ਨੰ. ਬੀ/9, 573, ਨਿਊ ਸੰਤੋਖਪੁਰਾ, ਜਲੰਧਰ, ਪੰਜਾਬ-144004 ਡਿਮਾਂਡ ਨੋਟਿਸ ਦੀ ਮਿਤੀ : 31 ਮਈ 2024 ਕਰਜ਼ਾ ਨੰ. ’4021060000028951 (ਪੀ ਆਰ 0720499),’28951 (ਪੀ ਆਰ 00721067) ਅਤੇ ’38549 (ਪੀ ਆਰ 00809703) | ਜਾਇਦਾਦ ਰਕਬਾ 15 ਮਰਲੇ, ਹੱਦਾਂ : ਪੂਰਬ : ਹੋਰ, ਪੱਛਮ : ਜਗਦੇਵ ਸਿੰਘ, ਉੱਤਰ : ਦਲੀਪ ਸਿੰਘ/ਸਾਧੂ ਸਿੰਘ, ਦੱਖਣ ਸੜਕ। ਖਸਰਾ ਨੰ. 3009/1755, 3008/1755,3246/1947, 1948 ਅਤੇ ਹੋਰ ਚੱਕ ਹੁਸੈਨਾ ਲੰਬਾ ਪਿੰਡ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਕਬਜ਼ੇ ਦੀ ਮਿਤੀ 16 ਅਗਸਤ 2024 | 30 ਮਈ 2024 ਨੂੰ ਰੁ. 21,74,431/- (ਇੱਕੀ ਲੱਖ ਚੁਹੱਤਰ ਹਜ਼ਾਰ ਚਾਰ ਸੌ ਇਕੱਤੀ ਰੁਪਏ ਕੇਵਲ) |

ਉਪਲਬਧ ਸਮੇਂ ਅੰਦਰ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਸਥਾਨ : ਜਲੰਧਰ
ਮਿਤੀ 17-08-2024

ਸਹੀ/-(ਅਧਿਕਾਰਤ ਅਫਸਰ)
ਐੱਸ ਬੀ ਐੱਫ ਸੀ ਫਾਇਨਾਂਸ ਲਿਮਟਿਡ


ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

17-AUG-PAGE-3 qxd.qxd 8/16/2024 9:01 PM Page 1



# ਹੱਡਾਰੋੜੀ ਨਾ ਚੁੱਕਣ ਦੇ ਰੋਸ 'ਚ ਅਰਥੀ ਫੂਕ ਰੋਸ ਮੁਜ਼ਾਹਰਾ

**ਮਾਲੇਰਕੋਟਲਾ (ਪੱਤਰ ਪ੍ਰੇਰਕ)** ਨੌਧਰਾਣੀ ਫਾਟਕਾਂ ਦੇ ਨਜ਼ਦੀਕ ਨਗਰ ਕੌਂਸਲ ਵੱਲੋਂ ਲਾਈ ਹੱਡਾਰੋੜੀ 'ਚੋਂ ਆਉਂਦੀ ਬਦਬੋ ਤੋਂ ਪ੍ਰੇਸ਼ਾਨ ਗਾਂਧੀ ਨਗਰ ਅਤੇ ਗੋਬਿੰਦ ਨਗਰ ਦੇ ਵਾਸੀਆਂ ਵੱਲੋਂ 'ਹੱਡਾਂਰੋੜੀ ਚੁਕਾਓ, ਪਰਵਾਰ ਬਚਾਓ ਕਮੇਟੀ' ਦੇ ਬੈਨਰ ਹੇਠ ਜ਼ਿਲ੍ਹਾ ਪ੍ਰਸ਼ਾਸਨ ਤੇ ਮਿਊਂਸਪਲ ਕਮੇਟੀ ਦੇ ਈ.ਓ. ਵਿਰੁੱਧ ਬਜ਼ਾਰਾਂ ਵਿੱਚ ਰੋਸ ਮੁਜ਼ਾਹਰਾ ਕੀਤਾ ਗਿਆ। ਮੁਹੱਲਾ ਵਾਸੀਆਂ ਵੱਲੋਂ ਰੋਸ ਮੁਜ਼ਾਹਰੇ ਵਿੱਚ 'ਹੱਡਾਰੋੜੀ ਚੁਕਾਓ, ਪਰਵਾਰ ਬਚਾਓ', 'ਪੰਜਾਬ ਸਰਕਾਰ ਮੁਰਦਾਬਾਦ', 'ਈ.ਓ.ਮਾਲੇਰਕੋਟਲਾ ਮੁਰਦਾਬਾਦ' ਦੇ ਨਾਅਰੇ ਲਾਏ ਗਏ।



ਰੋਸ ਰੈਲੀ ਨੂੰ ਸੰਬੋਧਨ ਕਰਦਿਆਂ ਮੁਹੱਲਾ ਨਿਵਾਸੀ ਤੇ ਮੁਲਾਜ਼ਮਾਂ ਦੇ ਸੂਬਾਈ ਆਗੂ ਰਣਜੀਤ ਸਿੰਘ ਰਾਣਵਾਂ, ਬਘੇਲ ਸਿੰਘ, ਕਾ. ਭਰਪੂਰ ਸਿੰਘ ਬੂਲਾਪੁਰ ਸਕੱਤਰ ਪੰਜਾਬ ਏਟਕ, ਪ੍ਰਿੰਸੀਪਲ ਜੱਗਾ ਸਿੰਘ ਮੰਡਿਆਲਾ, ਅਜੇ ਕੁਮਾਰ, ਸਤਨਾਮ ਸਿੰਘ, ਲਾਲ ਸਿੰਘ, ਸੁਖਦੇਵ ਸਿੰਘ, ਮਹਿੰਦਰ ਸਿੰਘ, ਨਰਿੰਦਰ ਸਿੰਘ (ਬਿਜਲੀ ਫੈਡਰੇਸ਼ਨ) ਨੇ ਕਿਹਾ ਕਿ ਚਾਰ ਮਹੀਨਿਆਂ ਤੋਂ ਨੌਧਰਾਣੀ ਫਾਟਕ ਦੇ ਨਜ਼ਦੀਕ ਲਾਈ ਹੱਡਾਂਰੋੜੀ ਨੂੰ ਰਿਹਾਇਸ਼ੀ ਏਰੀਏ ਅਤੇ ਉਦਯੋਗਿਕ ਖੇਤਰ ਤੋਂ ਦੂਰ ਸ਼ਿਫ਼ਟ ਕਰਨ ਦੀ ਮੰਗ ਨੂੰ ਮਾਲੇਰਕੋਟਲਾ ਜ਼ਿਲ੍ਹੇ ਦੇ ਪ੍ਰਸ਼ਾਸਨ ਅਤੇ ਈ.ਓ. ਵੱਲੋਂ ਲਗਾਤਾਰ ਅਣਗੌਲਿਆਂ ਕਰਨ 'ਤੇ ਚਿੰਤਾ ਪ੍ਰਗਟ ਕੀਤੀ।ਆਗੂਆਂ ਨੇ ਕਿਹਾ ਕਿ ਹੱਡਾਂਰੋੜੀ ਦੀ ਮੁਸ਼ਕ ਤੋਂ ਪ੍ਰੇਸ਼ਾਨ ਲੋਕਾਂ ਵੱਲੋਂ ਡਿਪਟੀ ਕਮਿਸ਼ਨਰ ਨੂੰ ਰੋਸ ਮੁਜ਼ਾਹਰਾ ਕਰਕੇ 26 ਜੁਲਾਈ ਨੂੰ ਮੰਗ ਪੱਤਰ ਦਿੱਤਾ ਗਿਆ ਸੀ। ਇਸ ਤੋਂ ਇਲਾਵਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ, ਹਲਕਾ ਵਿਧਾਇਕ ਜਮੀਲ ਉਰ ਰਹਿਮਾਨ ਅਤੇ ਚੇਅਰਮੈਨ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਸਮੇਤ ਨੈਸ਼ਨਲ ਗਰੀਨ ਟ੍ਰਿਬਿਊਨਲ, ਨੀਊ ਦਿੱਲੀ ਸਮੇਤ ਉੱਚ ਅਧਿਕਾਰੀਆਂ ਨੂੰ ਮੰਗ ਪੱਤਰ ਭੇਜੇ ਗਏ ਹਨ, ਪਰ ਅਜੇ ਤੱਕ ਕੋਈ ਠੋਸ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਗਈ।

ਆਗੂਆਂ ਐਲਾਨ ਕੀਤਾ ਕਿ ਜੇਕਰ ਜਲਦੀ ਤੋਂ ਜਲਦੀ ਹੱਡਾਂਰੋੜੀ ਨੂੰ ਰਿਹਾਇਸ਼ੀ ਏਰੀਏ ਤੋਂ ਦੂਰ ਸ਼ਿਫ਼ਟ ਨਾ ਕੀਤਾ ਤਾਂ ਕਰੋ ਜਾਂ ਮਰੋ ਦਾ ਸੰਘਰਸ਼ ਆਰੰਭ ਕਰ ਦਿੱਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਸਬੰਧਤ ਅਧਿਕਾਰੀਆਂ ਦੀ ਹੋਵੇਗੀ।

ਮੁਲਾਜ਼ਮ ਆਗੂ ਰਣਜੀਤ ਸਿੰਘ ਰਾਣਵਾਂ ਨੇ ਦੱਸਿਆ ਕਿ ਐਸ ਡੀ ਐਮ ਵੱਲੋਂ ਆਪ ਜਾ ਕੇ ਹੱਡਾਂਰੋੜੀ ਦਾ ਨਿਰੀਖਣ ਕੀਤਾ ਅਤੇ ਠੇਕੇਦਾਰ ਨੂੰ 16 ਅਗਸਤ ਤੱਕ ਹੱਡਾਂਰੋੜੀ ਖਾਲੀ ਕਰਨ ਦੇ ਆਦੇਸ਼ ਦਿੱਤੇ।

## ਰੋਟਰੀ ਕਲੱਬ ਨੇ ਵਾਤਾਵਰਨ ਸ਼ੁੱਧਤਾ ਲਈ ਪੌਦੇ ਲਾਏ

**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)** ਰੋਟਰੀ ਕਲੱਬ ਵੱਲੋਂ ਪ੍ਰਧਾਨ ਜੀ.ਸੀ ਗੋਇਲ, ਸੈਕਟਰੀ ਮਨੀਸ਼ ਗੁਪਤਾ, ਕੈਸ਼ੀਅਰ ਅਰੁਣ ਬਾਂਸਲ ਤੇ ਪ੍ਰੋਜੈਕਟ ਚੇਅਰਮੈਨ ਡਾ. ਅਮਨ ਜੌਹਰੀ ਦੀ ਅਗਵਾਈ ਹੇਠ ਵਾਤਾਵਰਨ ਸ਼ੁੱਧਤਾ ਲਈ ਪੌਦੇ ਲਗਾਉਣ ਦੀ ਮੁਹਿੰਮ ਨੂੰ ਅੱਗੇ ਤੋਰਦਿਆਂ ਪਬਲਿਕ ਕਾਲਜ ਵਿਖੇ 50 ਦੇ ਕਰੀਬ ਫ਼ਲਦਾਰ ਅਤੇ ਛਾਂਦਾਰ ਪੌਦੇ ਲਾਏ ਗਏ।ਇਸ ਮੌਕੇ ਪਬਲਿਕ ਕਾਲਜ ਦੇ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਪੌਦੇ ਲਾਉਣ ਲਈ ਰੋਟਰੀ ਕਲੱਬ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਭਰੋਸਾ ਦਿੱਤਾ ਕਿ ਇਨ੍ਹਾਂ ਪੌਦਿਆਂ ਦੀ ਪੂਰੀ ਸਾਂਭ ਸੰਭਾਲ ਕੀਤੀ ਜਾਵੇਗੀ।ਇਸ ਮੌਕੇ ਪ੍ਰਧਾਨ ਜੀ ਸੀ ਗੋਇਲ ਅਤੇ ਡਾ. ਅਮਨ ਜੌਹਰੀ ਨੇ ਮੀਡੀਆ ਰਾਹੀਂ ਲੋਕਾਂ ਨੂੰ ਵਾਤਾਵਰਨ ਸ਼ੁੱਧ ਰੱਖਣ ਦਾ ਸੁਨੇਹਾ ਦਿੰਦੇ ਹੋਏ ਕਿਹਾ ਕਿ ਹਰ ਨਾਗਰਿਕ ਦਾ ਮੁੱਢਲਾ ਫ਼ਰਜ਼ ਬਣਦਾ ਹੈ ਕਿ ਉਹ ਵਾਤਾਵਰਣ ਦੀ ਸਾਂਭ ਸੰਭਾਲ ਵਿਚ ਆਪਣਾ ਯੋਗਦਾਨ ਪਾਵੇ ਤਾਂ ਜੁ ਸ਼ੁੱਧ ਵਾਤਾਵਰਨ ਸਿਰਜਿਆ ਜਾ ਸਕੇ।ਇਸ ਮੌਕੇ ਨਰੇਸ਼ ਮਿੱਤਲ, ਅਮਿਤ ਕਾਂਸਲ, ਗੌਰਵ ਜਿੰਦਲ, ਅਮਿਤ ਗਰਗ (ਗੁਰਦਾਸ), ਸੁਮਿਤ ਸਿੰਗਲਾ, ਵਨੀਤ ਗਰਗ ਅਤੇ ਅਮਿਤ ਗੁਪਤਾ ਆਦਿ ਤੋਂ ਇਲਾਵਾ ਕਾਲਜ ਪ੍ਰੋਫ਼ੈਸਰ ਡਾ.ਹਰਕੀਰਤਨ ਕੌਰ, ਡਾ.ਪ੍ਰਿਤਪਾਲ ਸਿੰਘ ਸੰਧੂ, ਪ੍ਰੋਫ਼ੈਸਰ ਗੁਰਜਿੰਦਰ ਨਾਗੀ ਅਤੇ ਦਫ਼ਤਰ ਸੁਪਰਡੈਂਟ ਸੁਭਾਸ਼ ਸਚਦੇਵਾ ਵੀ ਮੌਜੂਦ ਰਹੇ।

## ਕਿੰਡਰ ਗਾਰਟਨ ਸਕੂਲ 'ਚ ਸੁਤੰਤਰਤਾ ਦਿਵਸ ਮਨਾਇਆ



**ਸਮਰਾਲਾ, (ਸੁਰਜੀਤ ਸਿੰਘ)** ਕਿੰਡਰ ਗਾਰਟਨ ਸੀ. ਸੈਂ ਸਕੂਲ ਵਿੱਚ ਸਵੇਰ ਦੀ ਸਭਾ ਵਿੱਚ ਸੁਤੰਤਰਤਾ ਦਿਵਸ ਮਨਾਇਆ ਗਿਆ। ਇਸ ਮੌਕੇ ਬੱਚਿਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ ਕੀਤੇ ਗਏ। ਇਸ ਉਪਰੰਤ ਡਾਇਰੈਕਟਰ ਮੈਡਮ ਸ਼੍ਰੀਮਤੀ ਸਰਬਜੀਤ ਕੌਰ ਨੇ ਬੱਚਿਆਂ ਨੂੰ ਅਜ਼ਾਦੀ ਦਿਵਸ ਦੇ ਇਤਿਹਾਸ ਬਾਰੇ ਦੱਸਿਆ ਕਿ ਸਾਡਾ ਦੇਸ 15 ਅਗਸਤ 1947 ਈ: ਨੂੰ ਸਾਡਾ ਦੇਸ ਅਜ਼ਾਦ ਹੋਇਆ। ਇਸ ਦਿਨ ਹੀ ਸਾਡੀ ਗੁਲਾਮੀ ਦੀਆਂ ਜੰਜੀਰਾਂ ਟੁੱਟੀਆਂ ਸਨ ਅਤੇ ਅਸੀਂ ਅੰਗਰੇਜ਼ੀ ਰਾਜ ਤੋਂ ਅਜ਼ਾਦ ਹੋਏ ਸੀ। ਸਾਨੂੰ ਸਾਰਿਆਂ ਨੂੰ ਉਨ੍ਹਾਂ ਸ਼ਹੀਦਾਂ ਨੂੰ ਪ੍ਰਣਾਮ ਕਰਨਾ ਚਾਹੀਦਾ ਹੈ, ਜਿਨ੍ਹਾਂ ਨੇ ਸਾਨੂੰ ਅਜ਼ਾਦੀ ਦਿਵਾਉਣ ਲਈ ਆਪਣੀਆਂ ਕੁਰਬਾਨੀਆਂ ਦਿੱਤੀਆਂ। ਪ੍ਰੋਗਰਾਮ ਦੇ ਅੰਤ ਸਕੂਲ ਦੇ ਡਾਇਰੈਕਟਰ ਮੈਡਮ ਸ਼੍ਰੀਮਤੀ ਸਰਬਜੀਤ ਕੌਰ, ਪ੍ਰਿੰਸੀਪਲ ਮੈਡਮ ਸ਼੍ਰੀਮਤੀ ਰਣਜੋਤ ਕੌਰ ਤੇ ਉਪ ਚੇਅਰਮੈਨ ਕਮਲਜੀਤ ਸਿੰਘ ਸ਼ਾਹੀ ਨੇ ਨਰਸਰੀ ਤੋਂ ਬਾਰ੍ਹਵੀਂ ਤੱਕ ਸੈਸ਼ਨ 2023-2024 ਦੀ ਸਾਲਾਨਾ ਪ੍ਰੀਖਿਆ ਵਿੱਚੋਂ ਪਹਿਲੀਆਂ ਤਿੰਨ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਅਤੇ ਮੈਰਿਟ ਸੂਚੀ ਵਿੱਚ ਆਉਣ ਵਾਲੀਆਂ ਵਿਦਿਆਰਥਣਾਂ ਮਹਿਕਦੀਪ ਕੌਰ ਤੇ ਮਨਪ੍ਰੀਤ ਕੌਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਅੰਤ ਵਿੱਚ ਸਕੂਲ ਦੇ ਚੇਅਰਮੈਨ ਦਲਜੀਤ ਸਿੰਘ, ਡਾਇਰੈਕਟਰ ਮੈਡਮ ਸ਼੍ਰੀਮਤੀ ਸਰਬਜੀਤ ਕੌਰ, ਪ੍ਰਿੰਸੀਪਲ ਮੈਡਮ ਸ਼੍ਰੀਮਤੀ ਰਣਜੋਤ ਕੌਰ ਨੇ ਸਾਰੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਸੁਤੰਤਰਤਾ ਦਿਵਸ ਦੀਆਂ ਬਹੁਤ ਬਹੁਤ ਵਧਾਈਆਂ ਦਿੱਤੀਆਂ।

## ਬਾਬਾ ਫਰੀਦ ਪਬਲਿਕ ਸਕੂਲ 'ਚ ਸ਼ਹੀਦਾਂ ਨੂੰ ਸਿਜਦਾ ਕੀਤਾ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਬਾਬਾ ਫਰੀਦ ਪਬਲਿਕ ਸਕੂਲ ਵਿਖੇ ਦੇਸ਼ ਦੇ ਆਜ਼ਾਦੀ ਦਿਹਾੜੇ ਨੂੰ ਸਮਰਪਿਤ ਇਕ ਵਿਸ਼ੇਸ਼ ਤੇ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ। ਸਮਾਗਮ ਦੌਰਾਨ ਵੱਖ-ਵੱਖ ਵਿਦਿਆਰਥੀਆਂ ਨੇ ਗੀਤ, ਨਾਟਕ, ਕੋਰੀਓਗਰਾਫੀਆਂ, ਕਵਿਤਾਵਾਂ ਤੇ ਭਾਸ਼ਨਾਂ ਰਾਹੀਂ ਸ਼ਹੀਦਾਂ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਦਰਸਾਏ ਹੋਏ ਰਾਹਾਂ ਤੇ ਚੱਲਣ ਦਾ ਸੁਨੇਹਾ ਦਿੱਤਾ। ਸਮਾਗਮ ਦੀ ਸ਼ੁਰੂਆਤ ਜੀਆ ਤੇ ਰਿਤਿਕਾ ਨੇ ਗੀਤ 'ਐ ਮੇਰੇ ਵਤਨ ਕੇ ਲੋਗੋ, ਜ਼ਰਾ ਆਂਖ ਮੇ ਭਰਲੋ ਪਾਣੀ' ਨਾਲ ਕੀਤੀ। 11ਵੀਂ ਜਮਾਤ ਦੇ ਵਿਦਿਆਰਥੀਆਂ ਨੇ 'ਮੇਰਾ ਰੰਗ ਦੇ ਬਸੰਤੀ ਚੋਲਾ' ਗਰੁੱਪ ਗੀਤ ਗਾ ਕੇ ਸਸ਼ਹੀਦਾਂ ਨੂੰ ਸਿਜਦਾ ਕੀਤਾ। ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਵੱਖ-ਵੱਖ ਦੇਸ਼ ਭਗਤੀ ਦੇ ਗੀਤਾਂ 'ਤੇ ਕੋਰੀਓਗਰਾਫੀਆਂ, ਨਾਟਕ ਅਤੇ ਕਵਿਤਾਵਾਂ ਪੇਸ਼ ਕਰਕੇ ਆਜ਼ਾਦੀ ਦੀ ਮਹੱਤਤਾ, ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਤੇ ਵਿਦਿਆਰਥੀਆਂ ਨੂੰ ਦੇਸ਼ ਦੀ ਅਣਖ ਅਤੇ ਗੈਰਤ ਨੂੰ ਕਾਇਮ ਰੱਖਣ ਲਈ ਪ੍ਰੇਰਿਤ ਕੀਤਾ। ਸਕੂਲ ਦੇ ਅਧਿਕਾਰੀਆਂ ਨੇ ਵੀ ਸਮੂਹ ਵਿਦਿਆਰਥੀਆਂ ਨੂੰ ਆਜ਼ਾਦੀ ਦਿਹਾੜੇ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ।

## ਸੈਂਟੀਨਲ ਇੰਟਰਨੈਸ਼ਨਲ ਸਕੂਲ 'ਚ ਮਨਾਇਆ ਤੀਜ ਦਾ ਤਿਉਹਾਰ



**ਸਮਰਾਲਾ, (ਸੁਰਜੀਤ ਸਿੰਘ)** ਸੈਂਟੀਨਲ ਇੰਟਰਨੈਸ਼ਨਲ ਸਕੂਲ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪ੍ਰਿੰਸੀਪਲ ਡਾਕਟਰ ਪੂਨਮ ਸ਼ਰਮਾ ਤੇ ਸਕੂਲ ਪ੍ਰਬੰਧਕ ਮੈਡਮ ਅੰਮ੍ਰਿਤਪਾਲ ਕੌਰ ਦੀ ਅਗਵਾਈ ਵਿੱਚ ਤੀਆਂ ਦਾ ਤਿਉਹਾਰ ਬੜੇ ਚਾਅ ਤੇ ਉਤਸ਼ਾਹ ਨਾਲ ਮਨਾਇਆ ਗਿਆ।ਤੀਜ ਫੈਸਟੀਵਲ ਦੀ ਸ਼ੁਰੂਆਤ ਚੀਫ ਗੈਸਟ ਵੋਇਸ ਆਫ ਪੰਜਾਬ ਗੁਰਕੀਰਤ ਕੌਰ ਦਾ ਸਵਾਗਤ ਕਰਦੇ ਹੋਏ ਕੀਤੀ। ਇਸ ਦਿਨ ਸਕੂਲ ਦੀਆਂ ਵਿਦਿਆਰਥਣਾਂ ਦੇ ਨਾਲ-ਨਾਲ ਉਨ੍ਹਾਂ ਦੀਆਂ ਮਾਂਵਾਂ ਵੱਲੋਂ ਵੀ ਵਧ-ਚੜ੍ਹ ਕੇ ਇਸ ਤਿਉਹਾਰ ਵਿੱਚ ਹਿੱਸਾ ਲਿਆ ਗਿਆ।ਤਿਉਹਾਰ ਨੂੰ ਮਨਾਉਂਦਿਆਂ ਪੰਜਾਬੀ ਸੱਭਿਆਚਾਰ ਦੇ ਅਮੀਰ ਵਿਰਸੇ ਨੂੰ ਉਜਾਗਰ ਕਰਦਿਆਂ ਪੀਂਘਾਂ ਪਾਈਆਂ ਗਈਆਂ।ਗਿੱਧਾ, ਬੋਲੀਆਂ ਤੇ ਸਾਵਣ ਨਾਲ ਸੰਬੰਧਤ ਲੋਕ ਗੀਤ ਵੀ ਗਾਏ ਗਏ। ਇਸ ਦੇ ਨਾਲ-ਨਾਲ ਕੁਝ ਸੱਭਿਆਚਾਰਕ ਮੁਕਾਬਲੇ ਵੀ ਕਰਾਏ ਗਏ।ਅੱਵਲ ਰਹਿਣ ਵਾਲੀਆਂ ਮਾਵਾਂ ਨੂੰ ਟਾਈਟਲਾਂ ਨਾਲ ਸਨਮਾਨਤ ਕੀਤਾ ਗਿਆ।ਮਿਸ ਤੀਜ ਤੇ ਸੋਹਣੇ ਪਹਿਰਾਵੇ ਬੈਸਟ ਮਹਿੰਦੀ ਆਦਿ ਐਵਾਰਡ ਦਿੱਤੇ ਗਏ।ਪ੍ਰਿੰਸੀਪਲ ਡਾਕਟਰ ਪੂਨਮ ਸ਼ਰਮਾ ਤੇ ਮੈਡਮ ਅੰਮ੍ਰਿਤਪਾਲ ਕੌਰ ਨੇ ਸਾਰੀਆਂ ਪੰਜਾਬਣਾਂ ਨੂੰ ਇਸ ਤੀਜ ਦੇ ਤਿਉਹਾਰ ਦੀ ਲੱਖ-ਲੱਖ ਵਧਾਈ ਭੇਜੀ।ਉਨ੍ਹਾਂ ਕਿਹਾ ਕਿ ਤੀਆਂ ਦਾ ਤਿਉਹਾਰ ਸਾਡੇ ਸੱਭਿਆਚਾਰ ਦਾ ਅਨਿੱਖੜਵਾਂ ਅੰਗ ਹੈ।

## 'ਦਰੱਖਤ ਕੱਟੇ ਤਾਂ ਲੋਕ ਕਰਨਗੇ ਸੰਘਰਸ਼'

**ਲੌਂਗੋਵਾਲ, (ਕੁਲਦੀਪ ਅੱਤਰੀ/ਪ੍ਰਦੀਪ ਸਿੰਘ ਸੱਪਲ)** ਭਾਵੇਂ ਪੰਜਾਬ ਸਰਕਾਰ ਥਾਂ-ਥਾਂ ਹਰੇਵਾਈ ਨੂੰ ਫੈਲਾਉਣ ਲਈ ਵੱਡੀ ਗਿਣਤੀ 'ਚ ਬੂਟੇ ਲਾ ਰਹੀ ਹੈ, ਪਰ ਦੂਜੇ ਪਾਸੇ ਸਰਕਾਰ ਦੇ ਕੁੱਝ ਉੱਚ ਅਧਿਕਾਰੀਆਂ ਵੱਲੋਂ ਲੱਗੇ ਵੱਡੇ-ਵੱਡੇ ਦਰੱਖਤਾਂ ਨੂੰ ਕੱਟ ਕੇ ਉਸ ਥਾਂ 'ਤੇ ਸਟੇਡੀਅਮ ਬਣਾਉਣ ਦੇ ਚੱਕਰ ਵਿੱਚ ਭੱਜ-ਨੱਠ ਕਰ ਰਹੇ ਹਨ, ਜਿਵੇਂ ਕਿ ਕਸਬਾ ਲੌਂਗੋਵਾਲ ਦੇ ਪੁਲਸ ਸਟੇਸ਼ਨ ਦੇ ਪਿਛਲੇ ਪਾਸੇ ਵੱਡੇ-ਵੱਡੇ ਦਰੱਖਤਾਂ ਨੂੰ ਕੱਟ ਕੇ ਸਰਕਾਰ ਸਟੇਡੀਅਮ ਬਣਾਉਣ ਦੇ ਚੱਕਰ ਵਿੱਚ ਆਪਣੀ ਕਾਰਵਾਈ ਤੇ ਉੱਚ ਅਧਿਕਾਰੀਆਂ ਨਾਲ ਆਪਣੀਆਂ ਮੀਟਿੰਗਾਂ ਕਰ ਰਹੇ ਹਨ। ਲੋਕਾਂ ਨੇ ਲਿਖਤੀ ਬਿਆਨ ਵਿੱਚ ਕਿਹਾ ਕਿ ਥਾਣੇ ਦੇ ਪਿਛਲੇ ਪਾਸੇ ਵੱਡੇ-ਵੱਡੇ ਦਰੱਖਤਾਂ ਨੂੰ ਨਹੀਂ ਕੱਟਣ ਦੇਣਗੇ, ਪਰ ਜੇਕਰ ਸਰਕਾਰ ਨੇ ਨੌਜਵਾਨਾਂ ਲਈ ਸਟੇਡੀਅਮ ਬਣਾਉਣਾ ਹੈ ਤਾਂ ਪੱਤੀ ਜੈਦ ਲੱਫ਼ ਦਾਸ ਦੇ ਕੋਲ ਟੋਭੇ ਵਿੱਚ ਭਰਤ ਪਾ ਕੇ ਉਥੇ ਸਟੇਡੀਅਮ ਬਣਾਇਆ ਜਾ ਸਕਦਾ ਹੈ।

ਯੂਥ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਗੁਰਤੇਗ ਸਿੰਘ ਲੌਂਗੋਵਾਲ, ਅਮਰਜੀਤ ਸਿੰਘ ਗਿੱਲ ਅਤੇ ਕਾਲਾ ਮਿੱਤਲ ਨੇ ਕਿਹਾ ਕਿ ਸਰਕਾਰ ਨੂੰ ਦਰੱਖਤ ਕੱਟ ਕੇ ਸਟੇਡੀਅਮ ਬਣਾਉਣ ਦੀ ਥਾਂ ਕੋਈ ਨਵੀਂ ਜਗ੍ਹਾ ਤੈਅ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਦਰੱਖਤਾਂ ਉਪਰ ਪੰਛੀਆਂ ਦੇ ਰੈਣ ਬਸੇਰਾ ਬਣੇ ਹੋਏ ਹਨ ਤੇ ਦਰੱਖਤਾਂ ਦੇ ਕੱਟਣ ਨਾਲ ਪੰਛੀਆਂ ਦੀ ਹੋਂਦ ਖਤਰੇ ਵਿੱਚ ਪੈ ਜਾਵੇਗੀ ਅਤੇ ਇਨ੍ਹਾਂ ਪੰਛੀਆਂ ਕਾਰਨ ਵਾਤਾਵਰਣ ਵੀ ਸੁਹਾਵਨਾ ਬਣਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਸਟੇਡੀਅਮ ਵਾਲੀ ਥਾਂ ਨਾ ਬਦਲੀ ਤਾਂ ਲੋਕਾਂ ਨੂੰ ਇਨ੍ਹਾਂ ਦਰੱਖਤਾਂ ਨੂੰ ਬਚਾਉਣ ਲਈ ਸੰਘਰਸ਼ ਸ਼ੁਰੂ ਕਰਨਾ ਪਵੇਗਾ, ਜਿਸਦੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।

## ਜਿੱਥੇ ਹਰਿਆਲੀ ਤੇ ਖੁਸ਼ਹਾਲੀ ਹੈ, ਉਥੇ ਹੀ ਪ੍ਰਮਾਤਮਾ ਦਾ ਵਾਸਾ ਹੁੰਦਾ : ਸੰਧਵਾਂ



**ਤਲਵੰਡੀ ਸਾਬੋ/ਹਰਰਾਏਪੁਰ (ਜਗਦੀਪ ਗਿੱਲ)** ਅਕਾਲ ਪੁਰਖ ਕੁਦਰਤ ਦੀ ਗੋਦ 'ਚ ਵਸਿਆ ਹੋਇਆ ਹੈ। ਜਿੱਥੇ ਹਰਿਆਲੀ ਹੈ, ਉਥੇ ਹੀ ਖੁਸ਼ਹਾਲੀ ਹੁੰਦੀ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਪਛਾੜੀ ਸਾਹਿਬ ਗੁਰੂ ਕੇ ਬਾਗ ਦੀ ਆਰੰਭਤਾ ਦੇ ਸ਼ੁਭ ਮੌਕੇ ਗੁਰਦੁਆਰਾ ਜੰਡ ਸਾਹਿਬ ਪਾਤਸ਼ਾਹਿ 7ਵੀਂ ਵਿਖੇ ਨਤਮਸਤਕ ਹੋਣ ਉਪਰੰਤ ਸਿੱਖ ਸੰਗਤਾਂ ਨਾਲ ਆਪਣੇ ਵਡਮੁੱਲੇ ਵਿਚਾਰ ਸਾਂਝੇ ਕਰਨ ਮੌਕੇ ਕੀਤਾ।ਇਸ ਮੌਕੇ ਉਨ੍ਹਾਂ ਦੇ ਨਾਲ ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ, ਚੇਅਰਮੈਨ ਸ਼ੂਗਰਫੈਡ ਨਵਦੀਪ ਜੀਦਾ, ਗੁਰੂਦੁਆਰਾ ਜੰਡ ਸਾਹਿਬ ਹਰਰਾਏਪੁਰ ਦੇ ਪ੍ਰਧਾਨ ਮਨਜੀਤ ਸਿੰਘ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਸਾਨੂੰ ਹਮੇਸ਼ਾ ਗੁਰੂਆਂ ਦੀ ਧਾਰਨਾਵਾਂ ਅਨੁਸਾਰ ਹੀ ਚੱਲਣਾ ਚਾਹੀਦਾ ਹੈ, ਜਿਸ ਨਾਲ ਜ਼ਿੰਦਗੀ ਹਮੇਸ਼ਾ ਹੀ ਚੜ੍ਹਦੀ ਕਲਾ ਵਾਲੀ ਰਹਿੰਦੀ ਹੈ।ਉਨ੍ਹਾਂ ਇਹ ਵੀ ਕਿਹਾ ਕਿ ਜਿੱਥੇ ਹਰਿਆਲੀ ਤੇ ਖੁਸ਼ਹਾਲੀ ਹੈ ਉਥੇ ਹੀ ਪ੍ਰਮਾਤਮਾ ਦਾ ਵਾਸਾ ਹੁੰਦਾ ਹੈ।ਇਸ ਦੌਰਾਨ ਉਨ੍ਹਾਂ ਰਵਾਇਤੀ ਦਰੱਖਤ ਲਾਉਣ ਦੇ ਨਾਲ-ਨਾਲ ਆਯੁਰਵੈਦਿਕ ਮੈਡੀਸਨ ਪਲਾਂਟ ਲਾਉਣ ਦੀ ਵੀ ਅਪੀਲ ਕੀਤੀ।

ਸੰਧਵਾਂ ਨੇ ਗੁਰੂਹਰਰਾਏ ਜੀ ਦੇ ਜੀਵਨ ਬਾਰੇ ਵਿਚਾਰ ਸਾਂਝੇ ਕਰਦਿਆਂ ਸਿੱਖ ਇਤਿਹਾਸ ਤੇ ਵਾਤਾਵਰਨ ਦੀ ਸ਼ੁੱਧਤਾ ਲਈ ਵੱਧ ਤੋਂ ਵੱਧ ਰੁੱਖ ਲਾਉਣ ਲਈ ਵੀ ਪ੍ਰੇਰਿਤ ਕੀਤਾ।ਉਨ੍ਹਾਂ ਜਿੱਥੇ ਸਕੂਲੀ ਬੱਚਿਆਂ ਨੂੰ 1-1 ਬੂਟਾ ਲਾਉਣ ਤੇ ਉਸ ਦੀ ਸੰਭਾਲ ਕਰਨ ਲਈ ਪ੍ਰੇਰਤ ਕੀਤਾ, ਉਥੇ ਕਿਹਾ ਕਿ ਵਾਤਾਵਰਣ ਨੂੰ ਬਚਾਉਣ ਲਈ ਉਹ ਆਪਣੇ ਮਾਪਿਆਂ ਨੂੰ ਰੁੱਖ ਨਾ ਕੱਟਣ ਲਈ ਜਾਗਰੂਕ ਵੀ ਕਰਨ।ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਨੇ ਕਿਹਾ ਕਿ ਵਾਤਾਵਰਣ ਨੂੰ ਬਚਾਉਣ ਲਈ ਫ਼ਸਲੀ ਵਿਭਿੰਨਤਾ ਦੀ ਖੇਤੀ ਕਰਨੀ ਲਾਜ਼ਮੀ ਬਣਾਈ ਜਾਵੇ।ਉਨ੍ਹਾਂ ਇਹ ਵੀ ਕਿਹਾ ਕਿ ਦਿਨ ਪ੍ਰਤੀ ਦਿਨ ਪਾਣੀ ਦੇ ਘਟ ਰਹੇ ਪੱਧਰ ਨੂੰ ਬਚਾਉਣ ਲਈ ਘੱਟ ਪਾਣੀ ਵਾਲੀਆਂ ਫ਼ਸਲਾਂ ਬੀਜਣ ਨੂੰ ਤਰਜੀਹ ਦਿੱਤੀ ਜਾਵੇ।ਉਨ੍ਹਾਂ ਇਹ ਵੀ ਕਿਹਾ ਕਿ ਇਸ ਸੀਜ਼ਨ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਨੇ 15 ਲੱਖ ਬੂਟੇ ਲਾਉਣ ਦਾ ਮਿੱਥਿਆ ਟੀਚਾ ਹੈ, ਜਿਸ ਨੂੰ ਜਲਦ ਪੂਰਾ ਕੀਤਾ ਜਾਵੇਗਾ।

ਡਾ. ਸੰਜੀਵ ਤਿਵਾੜੀ (ਆਈਏਐਸ) ਨੇ ਵਾਤਾਰਣ, ਧਰਤੀ ਦੀ ਸੰਭਾਲ, ਰੁੱਖਾਂ ਦੀ ਮਹੱਤਤਾ ਤੇ ਲਾਏ ਜਾਣ ਵਾਲੇ ਬੂਟਿਆਂ ਦੀ ਸਾਂਭ-ਸੰਭਾਲ ਲਈ ਆਪਣੇ ਵਡਮੁੱਲੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਗਿਆਨੀ ਕੇਵਲ ਸਿੰਘ ਅਤੇ ਵਾਤਾਵਰਣ ਪ੍ਰੇਮੀ ਡਾ. ਬਲਵਿੰਦਰ ਸਿੰਘ ਲੱਖੇਵਾਲੀ ਨੇ ਵਾਤਾਰਣ ਦੀ ਸ਼ੁੱਧਤਾ ਨੂੰ ਬਰਕਰਾਰ, ਦਰੱਖਤਾਂ ਦੀ ਮਹੱਤਤਾ ਤੇ ਉਨ੍ਹਾਂ ਦੀ ਸਾਂਭ-ਸੰਭਾਲ ਬਾਰੇ ਆਪਣੇ ਵਡਮੁੱਲੇ ਵਿਚਾਰ ਸਾਂਝੇ ਕੀਤੇ।

ਇਸ ਦੌਰਾਨ ਭਾਈ ਅਮਨਦੀਪ ਸਿੰਘ ਵਲੋਂ ਆਪਣੀ ਕਥਾ ਰਾਹੀਂ ਗੁਰ ਇਤਿਹਾਸ ਦੇ ਨਾਲ-ਨਾਲ ਮਨੁੱਖਤਾ ਦੀ ਭਲਾਈ ਲਈ ਆਪਣੀਆਂ ਆਦਤਾਂ 'ਚ ਸੁਧਾਰ ਕਰਨ ਤੇ ਆਉਣ ਵਾਲੀ ਪੀੜ੍ਹੀ ਦਾ ਭਵਿੱਖ ਸੁਰੱਖਿਅਤ ਰੱਖਣ ਦੀ ਅਪੀਲ ਕੀਤੀ।

## ਜਸ਼ਨਪ੍ਰੀਤ ਸਿੰਘ ਨੇ ਕੈਨੇਡਾ 'ਚ ਹੋਏ ਬਾਡੀ ਬਿਲਡਰ ਮੁਕਾਬਲੇ 'ਚ ਜਿੱਤਿਆ ਸੋਨ ਤਮਗਾ



**ਨਾਭਾ (ਵਰਿੰਦਰ ਵਰਮਾ)** ਰਿਆਸਤੀ ਸ਼ਹਿਰ ਦੇ ਰਹਿਣ ਵਾਲੇ ਨੌਜਵਾਨ ਜਸ਼ਨਪ੍ਰੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਦਸਮੇਸ਼ ਕਲੋਨੀ ਨੇ ਆਪਣੀ ਮਿਹਨਤ ਸਦਕਾ ਕਨੇਡਾ ਵਿੱਚ ਹੋਏ ਬਾਡੀ ਬਿਲਡਰ ਮੁਕਾਬਲੇ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਜਿਥੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ, ਉਥੇ ਪੂਰੀ ਦੁਨੀਆ ਵਿੱਚ ਵੀ ਆਪਣੇ ਦੇਸ਼ ਦਾ ਮਾਣ ਵੀ ਵਧਾਇਆ ਹੈ। ਵਤਨ ਪਰਤਣ ਉਪਰੰਤ ਉਨ੍ਹਾਂ ਦੱਸਿਆ ਕਿ ਇਸ ਮੁਕਾਬਲੇ ਵਿੱਚ ਦੁਨੀਆ ਭਰ ਵਿੱਚੋਂ 28 ਦੇਸ਼ਾਂ ਦੀਆਂ ਟੀਮਾਂ ਨੇ ਭਾਗ ਲਿਆ, ਜਿਸ ਵਿੱਚ ਉਨ੍ਹਾਂ ਨੇ ਆਪਣੇ ਵਿਰੋਧੀਆਂ ਨੂੰ ਚਿੱਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਓਵਰਆਲ ਵਰਲਡ ਚੈਂਪੀਅਨਸ਼ਿਪ ਹਾਸ਼ਲ ਕੀਤੀ, ਜਿਸ ਨੂੰ ਲੈ ਕੇ ਐਸ.ਡੀ.ਐਮ. ਤਰਸੇਮ ਚੰਦ ਨੇ ਬਾਡੀ ਬਿਲਡਰ ਵਿਜੇਤਾ ਜਸ਼ਨਪ੍ਰੀਤ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਤ ਕੀਤਾ। ਉਪਰੰਤ ਐਸ.ਡੀ.ਐਮ. ਤਰਸੇਮ ਚੰਦ ਨੇ ਕਿਹਾ ਕਿ ਸਾਡੇ ਦੇਸ਼ ਤੇ ਹਲਕੇ ਲਈ ਬਹੁਤ ਹੀ ਖੁਸ਼ੀ ਅਤੇ ਮਾਣ ਵਾਲੀ ਗੱਲ ਹੈ ਕਿ ਜਸ਼ਨਪ੍ਰੀਤ ਨੇ ਇਹ ਮੁਕਾਮ ਹਾਸਲ ਕੀਤਾ ਹੈ। ਸਨਮਾਨਤ ਹੋਣ ਉਪਰੰਤ ਵਿਜੇਤਾ ਜਸ਼ਨਪ੍ਰੀਤ ਸਿੰਘ ਨੇ ਐਸ.ਡੀ.ਐਮ. ਤਰਸੇਮ ਚੰਦ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਭੂਤਾਂ ਵਾਲੇ ਖੂਹ ਤੇ ਗੁਰਦੁਆਰਾ ਭਾਈਆਣਾ ਸਾਹਿਬ ਨੂੰ ਮਿਲਾਉਂਦੀ ਲਿੰਕ ਰੋਡ ਦੀ ਹਾਲਤ ਖਸਤਾ



**ਭਗਤਾ ਭਾਈਕਾ (ਰਾਜੀਵ ਗੋਇਲ)**-ਸਥਾਨਿਕ ਸ਼ਹਿਰ ਦੇ ਮੇਨ ਬਾਜ਼ਾਰ 'ਚੋਂ ਲੰਘਦੀ ਲਿੰਕ ਸੜਕ, ਜਿਹੜੀ ਕਿ ਦੋ ਇਤਿਹਾਸਕ ਜਗ੍ਹਾ ਨੂੰ ਮਿਲਾਉਂਦੀ ਹੈ, ਦੀ ਖਸਤਾ ਹਾਲਤ ਤੋਂ ਆਮ ਲੋਕ ਤੇ ਰਾਹਗੀਰ ਡਾਢੇ ਪਰੇਸ਼ਾਨ ਹਨ। ਸਥਾਨਕ ਬਜ਼ਾਰ ਵਿੱਚੋਂ ਇੱਕ ਲਿੰਕ ਸੜਕ ਜਿਹੜੀ ਕਿ 'ਭਾਈ ਬਹਿਲੋ ਰੋਡ' ਦੇ ਨਾਂਅ 'ਤੇ ਮਸ਼ਹੂਰ ਹੈ, ਇਹ ਸੜਕ ਸਥਾਨਕ ਸ਼ਹਿਰ ਦੀ ਮਸ਼ਹੂਰ ਤੇ ਇਤਿਹਾਸਕ ਜਗ੍ਹਾ 'ਭੂਤਾਂ ਵਾਲੇ ਖੂਹ' ਨੂੰ ਜਾਣ ਦੇ ਨਾਲ-ਨਾਲ ਕੋਠੇ ਭਾਈਆਣਾ ਨਗਰ ਦੇ ਗੁਰੂਦੁਆਰਾ ਭਾਈਆਣਾ ਸਾਹਿਬ ਨੂੰ ਵੀ ਜਾਂਦੀ ਹੈ, ਜਿੱਥੇ ਵਿਸਾਖੀ ਦਾ ਤਿਉਹਾਰ ਬੜੀ ਹੀ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਇਸ ਲਿੰਕ ਸੜਕ ਦੀ ਹਾਲਤ ਬਹੁਤ ਹੀ ਖਸਤਾ ਹੈ, ਰਸਤੇ ਵਿੱਚ ਕਈ ਥਾਈਂ ਤਾਂ ਵੱਡੇ-ਵੱਡੇ ਖੱਡੇ ਵੀ ਪਏ ਹੋਏ ਹਨ। ਜਦੋਂ ਬਰਸਾਤ ਹੁੰਦੀ ਹੈ ਤਾਂ ਇਹ ਖੱਡੇ ਛੱਪੜ ਦਾ ਰੂਪ ਧਾਰਨ ਕਰ ਲੈਂਦੇ ਹਨ, ਜਿੱਥੋਂ ਲੰਘਣ ਲਈ ਦੋ ਪਹੀਆ ਸਵਾਰ ਤਾਂ ਕੀ, ਚਾਰ ਪਹੀਆ ਵਾਹਨ ਚਾਲਕ ਵੀ ਗੁਰੇਜ਼ ਕਰਦੇ ਹਨ ਅਤੇ ਇਹ ਰਸਤਾ ਬਰਸਾਤ ਤੋਂ ਬਾਅਦ ਤਕਰੀਬਨ ਬੰਦ ਵਾਂਗ ਹੀ ਜਾਪਦਾ ਹੈ। ਨਗਰ ਦੇ ਸਮੂਹ ਵਾਸੀਆਂ ਅਤੇ ਰਾਹਗੀਰਾਂ ਵੱਲੋਂ ਪ੍ਰਸ਼ਾਸਨ ਪਾਸੋਂ ਇਸ ਸੜਕ ਨੂੰ ਮੁੜ ਦੁਬਾਰਾ ਬਣਾਉਣ ਦੀ ਮੰਗ ਕੀਤੀ ਗਈ ਹੈ ਤਾਂ ਕਿ ਰੋਜ਼ ਗੁਰੂਘਰ ਜਾਣ ਵਾਲੀਆਂ ਸੰਗਤਾਂ ਨੂੰ ਕੋਈ ਪਰੇਸ਼ਾਨੀ ਨਾ ਆਵੇ।

## ਸ਼ਿਵਾਲਿਕ ਕਿਡਜ਼ ਸਕੂਲ 'ਚ ਆਜ਼ਾਦੀ ਦਿਵਸ ਮਨਾਇਆ



**ਜੈਤੋ (ਸਤੀਸ਼ ਕੁਮਾਰ ਭੀਰੀ)**- ਸੁਤੰਤਰਤਾ ਦਿਵਸ ਦੇ ਮੌਕੇ ਸ਼ਿਵਾਲਿਕ ਕਿਡਜ਼ ਸਕੂਲ ਦੇ ਵਿਦਿਆਰਥੀਆਂ ਨੇ ਆਪਣੇ ਦੇਸ਼ ਨੂੰ ਸਮਰਪਤ ਗੀਤ ਅਤੇ ਡਾਂਸ ਪੇਸ਼ ਕੀਤਾ ਅਤੇ ਫਿਰ ਰਾਸ਼ਟਰੀ ਗੀਤ ਜਨ ਗਨ ਮਨ ਗਾਇਆ। ਵਿਦਿਆਰਥੀਆਂ ਨੂੰ ਦੇਸ਼ ਦੇ ਰਾਸ਼ਟਰੀ ਝੰਡੇ ਅਤੇ ਰਾਸਟਰੀ ਚਿੰਨ੍ਹ ਨੂੰ ਆਕਾਰ ਦੇਣ ਅਤੇ ਰੰਗਾਂ ਨਾਲ ਭਰਨ ਲਈ ਬਣਾਇਆ ਗਿਆ ਸੀ। ਪਹਿਲੀ ਤੋਂ ਚੌਥੀ ਜਮਾਤ ਦੇ ਬੱਚਿਆਂ ਵਿੱਚ ਫੈਂਸੀ ਡਰੈੱਸ ਗਤੀਵਿਧੀ ਕਰਵਾਈ ਗਈ। ਇਸ ਗਤੀਵਿਧੀ ਵਿੱਚ ਵਿਦਿਆਰਥੀਆਂ ਨੇ ਮਹਾਤਮਾ ਗਾਂਧੀ, ਸੁਭਾਸ਼ ਚੰਦਰ ਬੋਸ, ਜਵਾਹਰ ਲਾਲ ਨਹਿਰੂ, ਸਰਦਾਰ ਵੱਲਭ ਭਾਈ ਪਟੇਲ ਦੀਆਂ ਭੂਮਿਕਾਵਾਂ ਨਿਭਾਈਆਂ। ਪੰਜਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਲਈ ਸੁਤੰਤਰਤਾ ਦਿਵਸ ਨਾਲ ਸਬੰਧਤ ਭਾਸ਼ਣ ਗਤੀਵਿਧੀ ਕਰਵਾਈ ਗਈ। ਇਸ ਮੌਕੇ ਸਕੂਲ ਦੀ ਮੁੱਖ ਅਧਿਆਪਕਾ ਸੁਖਵਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸੁਤੰਤਰਤਾ ਦਿਵਸ ਬਾਰੇ ਦੱਸਿਆ ਕਿ 15 ਅਗਸਤ 1947 ਭਾਰਤ ਦੇ ਇਤਿਹਾਸ ਦਾ ਸਭ ਤੋਂ ਮਹੱਤਵਪੂਰਨ ਦਿਨ ਹੈ ਅਤੇ ਭਾਰਤ ਦੇ ਲੋਕ ਆਜ਼ਾਦ ਦੇਸ਼ ਵਿੱਚ ਸਾਹ ਲੈਣ ਲੱਗੇ। ਅੱਜ ਭਾਰਤ ਆਪਣਾ 78ਵਾਂ ਸੁਤੰਤਰਤਾ ਦਿਵਸ ਬੜੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾ ਰਿਹਾ ਹੈ। ਇਸ ਮੌਕੇ ਸਕੂਲ ਦੇ ਮੁੱਖ ਅਧਿਆਪਕ ਅਤੇ ਮੈਨੇਜਮੈਂਟ ਕਮੇਟੀ ਨੇ ਸਾਰਿਆਂ ਨੂੰ ਆਜ਼ਾਦੀ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ।

## ਪਤੰਜਲੀ ਯੋਗ ਸਮਿਤੀ ਨੇ ਵੱਖ-ਵੱਖ ਥਾਂਵਾਂ 'ਤੇ ਪੌਦੇ ਲਾਏ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)** ਪਤੰਜਲੀ ਯੋਗ ਸਮਿਤੀ ਵੱਲੋਂ ਪ੍ਰਧਾਨ ਸ਼੍ਰੀ ਰਾਜਿੰਦਰ ਗਰਗ ਦੀ ਅਗਵਾਈ ਹੇਠ ਵਾਤਾਵਰਨ ਨੂੰ ਹਰਾ ਭਰਾ ਰੱਖਣ ਦੇ ਉਦੇਸ਼ ਨਾਲ ਸ਼ਿਵ ਸ਼ਕਤੀ ਸੀ ਐਨ ਜੀ ਗੈਸ ਮਵੀਂ ਕਲਾਂ ਤੇ ਸ਼੍ਰੀ ਨਰਾਇਣ ਫੂਡ ਕਾਨਗੜ੍ਹ ਵਿਖੇ ਵੱਖ-ਵੱਖ ਥਾਂਵਾਂ 'ਤੇ ਪੌਦੇ ਲਾਏ ਗਏ।ਇਸ ਦੌਰਾਨ ਸ਼੍ਰੀ ਪ੍ਰੇਮ ਗਰਗ (ਸ਼ਿਵ ਸ਼ਕਤੀ ਸੀ ਐਨ ਜੀ ਗੈਸ) ਤੇ ਪ੍ਰਧਾਨ ਜੀਵਨ ਗਰਗ (ਸ਼੍ਰੀ ਨਰਾਇਣ ਫੂਡ ਵੱਲੋਂ) ਸੰਸਥਾ ਦਾ ਧੰਨਵਾਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਹਰ ਮਨੁੱਖ ਨੂੰ ਕੁਦਰਤ ਨਾਲ ਪਿਆਰ ਕਰਦੇ ਹੋਏ ਵੱਧ ਤੋਂ ਵੱਧ ਰੁੱਖ ਲਾਉਣੇ ਚਾਹੀਦੇ ਹਨ।ਉਨ੍ਹਾਂ ਕਿਹਾ ਕਿ ਦਿਨੋ-ਦਿਨ ਗੰਧਲੇ ਹੋ ਰਹੇ ਵਾਤਾਵਰਨ ਨੂੰ ਸ਼ੁੱਧ ਤੇ ਹਰਿਆ-ਭਰਿਆ ਰੱਖਣ ਲਈ ਵੱਧ ਤੋਂ ਵੱਧ ਬੂਟੇ ਲਾਉਣੇ ਅਤੇ ਉਨਾਂ ਦੀ ਸਾਂਭ-ਸੰਭਾਲ ਕਰਨੀ ਬੇਹੱਦ ਜ਼ਰੂਰੀ ਹੈ।ਇਸ ਮੌਕੇ ਕਿਟੀ ਗਰਗ ਮੀਡੀਆ ਰਾਹੀਂ ਲੋਕਾਂ ਨੂੰ ਅਪੀਲ ਕੀਤੀ ਕਿ ਵਾਤਾਵਰਨ ਦੀ ਸ਼ੁੱਧਤਾ ਅਤੇ ਹਰ ਦਿਨ ਵਧ ਰਹੀ ਗਰਮੀ ਨੂੰ ਦੇਖਦਿਆਂ ਆਪਣੇ ਘਰਾਂ, ਖੇਤਾਂ, ਧਾਰਮਿਕ ਅਤੇ ਸਾਂਝੀਆਂ ਥਾਵਾਂ ਤੇ ਵੱਧ ਤੋਂ ਵੱਧ ਦਰੱਖਤ ਲਾਏ ਜਾਣ ਅਤੇ ਉਨ੍ਹਾਂ ਦੀ ਸਾਂਭ ਸੰਭਾਲ ਕੀਤੀ ਜਾਵੇ।



## ਨਵੇਂ ਟ੍ਰੈਫ਼ਿਕ ਨਿਯਮ, ਐਂਟੀ ਡਰੱਗਜ਼ ਤੇ ਫਾਸਟ ਫੂਡ ਦੇ ਮਾੜੇ ਪ੍ਰਭਾਵਾਂ ਸੰਬੰਧੀ ਸੈਮੀਨਾਰ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)** ਸਰਕਾਰੀ ਕਾਲਜ ਵਿਖੇ ਪ੍ਰਿੰਸੀਪਲ ਡਾ. ਪ੍ਰਭਜੋਤ ਕੌਰ ਗਿੱਲ ਦੀ ਰਹਿਨੁਮਾਈ ਹੇਠ ਨਵੇਂ ਟ੍ਰੈਫ਼ਿਕ ਨਿਯਮਾਂ, ਐਂਟੀ ਡਰੱਗਜ ਅਤੇ ਫਾਸਟ ਫੂਡ ਦੇ ਦੁਸ਼-ਪ੍ਰਭਾਵਾਂ ਸੰਬੰਧੀ ਸੈਮੀਨਾਰ ਕਰਾਇਆ ਗਿਆ। ਇਸ ਸੈਮੀਨਾਰ ਵਿੱਚ ਮਾਛੀਵਾੜਾ ਸਾਹਿਬ ਸੋਸ਼ਲ ਵੈੱਲਫੇਅਰ ਸੋਸਾਇਟੀ ਐਨਜੀਓ ਨਾਲ ਸਬੰਧਤ ਉੱਘੇ ਸਮਾਜ ਸੇਵੀ ਸ਼ਿਵ ਕੁਮਾਰ ਸ਼ਿਵਲੀ ਤੇ ਟ੍ਰੈਫ਼ਿਕ ਇੰਚਾਰਜ ਇੰਦਰਜੀਤ ਸਿੰਘ ਪ੍ਰਮੁੱਖ ਬੁਲਾਰਿਆਂ ਵਜੋਂ ਸ਼ਾਮਲ ਹੋਏ। ਆਰੰਭ ਵਿੱਚ ਪ੍ਰੋਗਰਾਮ ਕੋਆਰਡੀਨੇਟਰ ਪ੍ਰੋ. ਬਿਨੀਤਾ ਝਾਂਜੀ ਨੇ ਆਏ ਮਹਿਮਾਨਾਂ ਨੂੰ ਜੀ ਆਇਆਂ ਆਖਿਆ ਅਤੇ ਵਿਸ਼ੇ ਸਬੰਧੀ ਗੱਲ ਕੀਤੀ। ਇਸ ਉਪਰੰਤ ਸ਼ਿਵ ਕੁਮਾਰ ਸ਼ਿਵਲੀ ਨੇ ਐਂਟੀ ਡਰੱਗਜ ਵਿਸ਼ੇ 'ਤੇ ਗੱਲ ਕਰਦਿਆਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਆਈ.ਏ.ਐੱਸ. ਪੀ.ਸੀ.ਐੱਸ ਤੇ ਜੀਵਨ ਵਿੱਚ ਹੋਰ ਉੱਚੇ ਆਦਰਸ਼ ਪ੍ਰਾਪਤ ਕਰਨ ਲਈ ਪ੍ਰੇਰਿਆ।

ਟ੍ਰੈਫ਼ਿਕ ਇੰਚਾਰਜ ਸ਼੍ਰੀ ਇੰਦਰਜੀਤ ਸਿੰਘ ਨੇ ਪੰਜਾਬ ਸਰਕਾਰ ਤੇ ਭਾਰਤ ਸਰਕਾਰ ਵੱਲੋਂ ਪਾਸ ਕੀਤੇ ਗਏ ਟ੍ਰੈਫ਼ਿਕ ਕਾਨੂੰਨਾਂ ਤੋਂ ਜਾਣੂ ਕਰਾਇਆ। ਉਨ੍ਹਾਂ ਵਿਦਿਆਰਥੀਆਂ ਨੂੰ ਟ੍ਰੈਫ਼ਿਕ ਨਿਯਮਾਂ ਦੇ ਪਾਲਣ ਅਤੇ ਟੂ-ਵੀਲਰ ਦਾ ਪ੍ਰਯੋਗ ਕਰਨ ਵਾਲਿਆਂ ਨੂੰ ਹੈਲਮੇਟ ਦੇ ਪ੍ਰਯੋਗ ਲਈ ਵੀ ਕਿਹਾ। ਅਖੀਰ ਵਿੱਚ ਪ੍ਰੋ. ਕਮਲ ਕਿਸ਼ੋਰ ਨੇ ਫਾਸਟ ਫੂਡ ਦੇ ਦੁਸ਼-ਪ੍ਰਭਾਵਾਂ ਤੋਂ ਜਾਣੂ ਕਰਾਉਂਦੇ ਹੋਏ ਵਿਦਿਆਰਥੀਆਂ ਨੂੰ ਇਨ੍ਹਾਂ ਦੇ ਇਸਤੇਮਾਲ ਤੋਂ ਬਚਣ ਲਈ ਪ੍ਰੇਰਿਤ ਕੀਤਾ। ਇਸ ਉਪਰੰਤ ਐੱਨ.ਜੀ.ਓ. ਦੇ ਮੈਂਬਰਾਂ ਵੱਲੋਂ ਪ੍ਰਿੰਸੀਪਲ ਡਾ. ਪ੍ਰਭਜੋਤ ਕੌਰ ਗਿੱਲ ਨੂੰ ਸਨਮਾਨਿਤ ਕੀਤਾ ਗਿਆ।

## ਮਾਲਵਾ ਕਾਲਜ 'ਚ 'ਹਰ ਘਰ ਤਿਰੰਗਾ' ਤਹਿਤ ਕੱਢੀ ਰੈਲੀ



**ਸਮਰਾਲਾ, (ਸੁਰਜੀਤ ਸਿੰਘ)** ਮਾਲਵਾ ਕਾਲਜ ਬੌਂਦਲੀ ਦੇ ਐਨ.ਐਸ.ਐਸ (ਲੋਕਲ ਯੂਨਿਟ) ਵੱਲੋਂ ਅਜ਼ਾਦੀ ਦਿਵਸ ਨਾਲ ਸਬੰਧਤ ਲਹਿਰ 'ਹਰ ਘਰ ਤਿਰੰਗਾ' ਦੇ ਸਬੰਧ ਵਿੱਚ ਵੱਖ-ਵੱਖ ਗਤੀਵਿਧੀਆਂ ਕਰਾਈਆਂ ਗਈਆਂ, ਜਿਸ ਵਿੱਚ 'ਹਰ ਘਰ ਤਿਰੰਗਾ' ਲਹਿਰ ਨਾਲ ਸਬੰਧਤ ਸਹੁੰ ਚੁੱਕੀ ਗਈ ਤੇ ਪੋਸਟਰ ਮੇਕਿੰਗ ਮੁਕਾਬਲੇ ਅਤੇ ਰੈਲੀ ਕੱਢੀ ਗਈ, ਜਿਸ ਵਿੱਚ ਬੀ.ਏ. ਭਾਗ ਤੀਜਾ ਦੀ ਵਿਦਿਆਰਥਣ ਜਾਨਵੀ ਨੇ ਪਹਿਲਾ ਸਥਾਨ, ਬੀ.ਏ.ਭਾਗ ਦੂਜਾ ਦੀਆਂ ਵਿਦਿਆਰਥਣਾਂ ਰਾਜਦੀਪ ਕੌਰ ਤੇ ਸਮਨਦੀਪ ਕੌਰ ਨੇ ਦੂਜਾ, ਜਸਮਨਜੋਤ ਸਿੰਘ, ਪਲਕਪ੍ਰੀਤ ਕੌਰ ਅਤੇ ਅਨੀਸ਼ਾ ਬੀ. ਕਾਮ ਭਾਗ ਪਹਿਲਾ ਦੇ ਵਿਦਿਆਰਥੀਆਂ ਨੇ ਤੀਜਾ ਸਥਾਨ ਹਾਸਲ ਕੀਤਾ।ਇਨ੍ਹਾਂ ਗਤੀਵਿਧੀਆਂ ਵਿੱਚ ਭਾਗ ਲੈਣ ਵਾਲੇ ਹੋਰ ਵਿਦਿਆਰਥੀਆਂ ਨੂੰ ਵੀ ਕੰਨਸੋਲੇਸ਼ਨ ਇਨਾਮ ਦਿੱਤੇ ਗਏ।ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਡਾ. ਹਰਿੰਦਰ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਦਿੱਤੇ ਤੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਵੀ ਕੀਤੀ।ਉਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਅਜ਼ਾਦੀ ਦਿਵਸ ਦੀ ਵਧਾਈ ਦਿੱਤੀ ਅਤੇ ਹਰ ਘਰ ਤਿਰੰਗਾ ਲਾਉਣ ਲਈ ਵੀ ਕਿਹਾ।ਮਾਲਵਾ ਕਾਲਜ ਬੌਂਦਲੀ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਬਲਬੀਰ ਸਿੰਘ ਰਾਜੇਵਾਲ ਨੇ ਇਸ ਸਮਾਗਮ ਦੀ ਸ਼ਲਾਘਾ ਕੀਤੀ।ਐਨ.ਐਸ.ਐਸ ਲੋਕਲ ਯੂਨਿਟ ਦੇ ਇੰਚਾਰਜ ਸ੍ਰੀਮਤੀ ਪਰਦੀਪ ਕੌਰ ਨੇ ਵਿਦਿਆਰਥੀਆਂ ਨੂੰ ਅਜ਼ਾਦੀ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

## ਬੱਚਿਆਂ ਨੂੰ ਗਿਆਨ ਦਾ ਪ੍ਰਕਾਸ਼ ਦੇਣ ਲਈ ਸਕੂਲ ਨੂੰ ਮੁਫ਼ਤ ਕਿਤਾਬਾਂ ਭੇਟ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਡਾ. ਐਸ ਪੀ ਸਿੰਘ ਉਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਲੜੀ ਤਹਿਤ ਆਮ ਲੋਕਾਂ ਨੂੰ ਅਤੇ ਸਕੂਲੀ ਬੱਚਿਆਂ ਨੂੰ ਗਿਆਨ ਦਾ ਪ੍ਰਕਾਸ਼ ਕਰਾਉਣ ਲਈ ਸਾਂਝੀਆਂ ਥਾਂਵਾਂ 'ਤੇ ਅਤੇ ਵੱਖ-ਵੱਖ ਸਕੂਲਾਂ ਵਿੱਚ ਖੁੱਲ੍ਹੀਆਂ ਲਾਇਬ੍ਰੇਰੀਆਂ ਲਈ ਵੱਡੀ ਗਿਣਤੀ ਵਿੱਚ ਮੁਫ਼ਤ ਕਿਤਾਬਾਂ ਦਿੱਤੀਆਂ ਜਾ ਰਹੀਆਂ ਹਨ। ਇਸ ਲੜੀ ਤਹਿਤ ਸਰਕਾਰੀ ਪ੍ਰਾਇਮਰੀ ਸਕੂਲ ਮੜ ਮੱਲੂ ਨੂੰ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਮੈਡਮ ਇੰਦਰਜੀਤ ਕੌਰ ਡਾਇਰੈਕਟਰ ਐਜੂਕੇਸ਼ਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਰਹਿਨੁਮਾਈ ਹੇਠ ਵੱਡੀ ਗਿਣਤੀ ਵਿੱਚ ਮੁਫ਼ਤ ਕਿਤਾਬਾਂ ਦਿੱਤੀਆਂ ਗਈਆਂ ਹਨ, ਜਿਨ੍ਹਾਂ ਨੂੰ ਪੜ੍ਹਨ ਉਪਰੰਤ ਬੱਚਿਆਂ ਨੂੰ ਵੱਖ-ਵੱਖ ਧਰਮਾਂ, ਇਤਿਹਾਸ, ਸਮਾਜਿਕ ਗਤੀਵਿਧੀਆਂ ਤੇ ਸਾਨੂੰ ਮਿਲੀ ਅਜ਼ਾਦੀ ਨਾਲ ਸਬੰਧਤ ਵਾਤਾਵਰਣ ਨੂੰ ਸ਼ੁੱਧ ਰੱਖਣ ਸਬੰਧੀ ਜਾਣਕਾਰੀ ਮਿਲੇਗੀ।

ਅਰਵਿੰਦਰ ਪਾਲ ਸਿੰਘ ਚਾਹਲ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਅਜਿਹੀਆਂ 9 ਲਾਇਬ੍ਰੇਰੀਆਂ (ਵੱਖ-ਵੱਖ ਪਿੰਡਾਂ ਦੇ ਗੁਰਦੁਆਰਾ ਸਾਹਿਬ, ਸਕੂਲੀ ਲਾਇਬ੍ਰੇਰੀਆਂ, ਸਾਂਝੀਆਂ ਥਾਵਾਂ ਆਦਿ ਵਿੱਚ) ਸਫਲਤਾ ਪੂਰਵਕ ਚੱਲ ਰਹੀਆਂ ਹਨ।ਇਸ ਮੌਕੇ ਸਾਹਿਬ ਸਿੰਘ ਸੈਂਟਰ ਹੈਡ, ਗਗਨਦੀਪ ਸਿੰਘ ਹੈਡ ਮਾਸਟਰ, ਮੈਡਮ ਮਨਿੰਦਰ ਕੌਰ, ਮੈਡਮ ਸੁਨੀਤਾ ਰਾਣੀ, ਮੈਡਮ ਗੁਰਪ੍ਰੀਤ ਕੌਰ, ਜਸਪਾਲ ਸਿੰਘ ਰਿਟਾਇਰਡ ਲੈਕਚਰਾਰ ਸੀਨੀਅਰ ਮੀਤ ਪ੍ਰਧਾਨ, ਮਲਕੀਤ ਸਿੰਘ ਰਿਟਾਇਰਡ ਬੈਂਕ ਮੈਨੇਜਰ ਮੀਤ ਪ੍ਰਧਾਨ, ਚਰਨਜੀਤ ਸਿੰਘ, ਸੋਮਨਾਥ, ਸੁਖਬੀਰ ਸਿੰਘ ਜੈਲਦਾਰ, ਜਸਬੀਰ ਸਿੰਘ ਰਿਟਾਇਰਡ ਏ ਐਸ ਆਈ ਤੇ ਕਾਕਾ ਸਨਾਵਰ ਸੰਧੂ ਆਦਿ ਹਾਜ਼ਰ ਸਨ।

## 'ਆਪ' ਸਰਕਾਰ ਦੇ ਵਾਅਦੇ ਵਫ਼ਾ ਨਾ ਹੋਣ 'ਤੇ ਕੀਤਾ ਰੋਸ ਮੁਜ਼ਾਹਰਾ



**ਸ੍ਰੀ ਮੁਕਤਸਰ ਸਾਹਿਬ/ਮੰਡੀ ਲੱਖੇਵਾਲੀ (ਸਮਿੰਦਰਪਾਲ/ਪੂਜਾ)** ਪਿੰਡ ਚਿੱਬੜਾਂਵਾਲੀ ਵਿੱਚ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੀ ਅਗਵਾਈ ਹੇਠ ਔਰਤਾਂ ਵੱਲੋਂ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਅੱਧਾ ਕਾਰਜਕਾਲ ਲੰਘਣ ਬਾਅਦ ਵੀ ਚੋਣਾਂ ਸਮੇਂ ਕੀਤੇ ਵਾਅਦੇ ਅਨੁਸਾਰ 18 ਸਾਲ ਉਮਰ ਤੋਂ ਵੱਧ ਹਰ ਔਰਤ ਦੇ ਖਾਤੇ ਵਿੱਚ 1000 ਰੁਪਏ ਪ੍ਰਤੀ ਮਹੀਨਾ ਨਾ ਪਾਉਣ ਤੇ ਬੁਢਾਪਾ, ਵਿਧਵਾ, ਅੰਗਹੀਣ, ਆਸ਼ਰਿਤ ਪੈਨਸ਼ਨ 2500 ਰੁਪਏ ਨਾ ਕਰਨ ਦੀ ਵਾਅਦਾਖਿਲਾਫ਼ੀ ਵਿਰੁੱਧ ਪਿੰਡ ਵਿੱਚ ਰੋਸ ਮੁਜਾਹਰਾ ਕੀਤਾ ਗਿਆ। ਰੋਸ ਮੁਜਾਹਰੇ ਨੂੰ ਸੰਬੋਧਨ ਕਰਦਿਆਂ ਬਲਾਕ ਪ੍ਰਧਾਨ ਕਾਕਾ ਸਿੰਘ ਖੁੰਡੇ ਹਲਾਲ ਨੇ ਕਿਹਾ ਕਿ ਆਖਿਆ ਕਿ ਆਪ ਸਰਕਾਰ ਵੱਲੋਂ ਧਰਤੀ ਹੇਠਲਾ ਪਾਣੀ ਬਚਾਉਣ ਦੇ ਨਾਂਅ ਹੇਠ ਝੋਨੇ ਦੀ ਸਿੱਧੀ ਬਿਜਾਈ ਕਰਾਉਣ ਕਾਰਨ ਇਕੱਲੇ ਮੁਕਤਸਰ ਜਿਲੇ ਵਿੱਚ ਹੀ 90 ਹਜ਼ਾਰ ਏਕੜ ਸਿੱਧੀ ਕਾਰਨ 5 ਲੱਖ 40 ਹਜ਼ਾਰ ਮਜ਼ਦੂਰਾਂ ਦੀਆਂ ਦਿਹਾੜੀਆਂ ਘੱਟ ਲੱਗਣ ਕਾਰਨ 36 ਕਰੋੜ ਰੁਪਏ ਰੁਜ਼ਗਾਰ ਦਾ ਉਜਾੜਾ ਹੋਇਆ ਹੈ। ਕੁੱਲ ਪੰਜਾਬ ਵਿੱਚ ਵੱਡੀ ਪੱਧਰ 'ਤੇ ਮਜ਼ਦੂਰਾਂ ਦਾ ਰੁਜ਼ਗਾਰ ਉਜਾੜਾ ਹੋਇਆ ਹੈ, ਜਿਸ ਦਾ ਸਰਕਾਰ ਵੱਲੋਂ ਕੋਈ ਬਦਲਵਾਂ ਪ੍ਰਬੰਧ ਨਹੀਂ ਕੀਤਾ ਗਿਆ। ਜ਼ਿਲ੍ਹਾ ਜਨਰਲ ਸਕੱਤਰ ਤਰਸੇਮ ਖੁੰਡੇ ਹਲਾਲ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਨਾ ਸਿਰਫ਼ ਖੇਤ ਮਜ਼ਦੂਰਾਂ ਦੀਆਂ ਮੰਗਾਂ ਨੂੰ ਹੀ ਅੱਖੋਂ ਪਰੋਖੇ ਕੀਤਾ ਜਾ ਰਿਹਾ, ਸਗੋਂ ਲਗਾਤਾਰ ਮਜ਼ਦੂਰ ਵਿਰੋਧੀ ਫ਼ੈਸਲੇ ਲਾਗੂ ਕੀਤੇ ਜਾ ਰਹੇ ਹਨ। ਉਨਾਂ ਆਖਿਆ ਕਿ ਪਹਿਲੀਆਂ ਸਰਕਾਰਾਂ ਵਾਂਗ 'ਆਪ' ਸਰਕਾਰ ਦੇ ਰਾਜ 'ਚ ਪੰਚਾਇਤੀ ਜ਼ਮੀਨ 'ਚੋਂ ਤੀਜਾ ਹਿੱਸਾ ਜ਼ਮੀਨ ਮਜ਼ਦੂਰਾਂ ਨੂੰ ਸਸਤੇ ਭਾਅ ਠੇਕੇ 'ਤੇ ਦੇਣ ਦੀ ਥਾਂ ਡੰਮੀ ਬੋਲੀਆਂ ਕਰਾਈਆਂ ਜਾ ਰਹੀਆਂ ਹਨ। ਮਜ਼ਦੂਰਾਂ ਨੂੰ ਕੋਆਪ੍ਰੇਟਿਵ ਸੁਸਾਇਟੀ ਦੇ ਮੈਂਬਰ ਬਣਾ ਕੇ ਸਸਤੇ ਕਰਜ਼ੇ ਦੇਣ ਦੇ ਕਾਨੂੰਨੀ ਹੱਕ ਤੋਂ ਵੀ ਵਾਂਝੇ ਰੱਖ ਕੇ ਉਨ੍ਹਾਂ ਨੂੰ ਮਾਈਕ੍ਰੋ ਫਾਈਨਾਂਸ ਕੰਪਨੀ ਦੇ ਤੰਦੂਆ ਜਾਲ 'ਚ ਜਕੜਿਆ ਜਾ ਰਿਹਾ ਹੈ। ਮੁਜਾਹਰੇ ਨੂੰ ਸੰਬੋਧਨ ਕਰਦਿਆਂ ਲੋਕ ਸੰਘਰਸ਼ਾਂ ਨੂੰ ਕੁਚਲਣ ਅਤੇ ਸਾਮਰਾਜ ਪੱਖੀ ਤੇ ਲੋਕ ਵਿਰੋਧੀ ਨਿੱਜੀਕਰਨ, ਵਪਾਰੀਕਰਨ ਦੀਆਂ ਨੀਤੀਆਂ ਹੋਰ ਵਧੇਰੇ ਜ਼ੋਰ ਨਾਲ ਲਾਗੂ ਕਰਨ ਲਈ ਮੋਦੀ ਹਕੂਮਤ ਵਲੋਂ ਲਿਆਂਦੇ ਨਵੇਂ ਫੌਜਦਾਰੀ ਕਾਨੂੰਨਾਂ ਸਮੇਤ ਯੂ ਏ ਪੀ ਏ, ਐਨ ਐਸ ਏ ਤੇ ਅਫਸਪਾ ਵਰਗੇ ਸਾਰੇ ਕਾਲੇ ਕਾਨੂੰਨ ਰੱਦ ਕਰਨ ਆਦਿ ਮੰਗਾਂ ਨੂੰ ਲੈ ਕੇ ਵੱਖ-ਵੱਖ ਤਬਕਿਆਂ ਦੀਆਂ ਜਨਤਕ ਜਥੇਬੰਦੀਆਂ ਵੱਲੋਂ 15 ਅਗਸਤ ਨੂੰ ਰੋਸ ਮੁਜ਼ਾਹਰੇ ਵਿੱਚ ਸ਼ਾਮਲ ਦਾ ਸੱਦਾ ਵੀ ਦਿੱਤਾ ਗਿਆ।

## ਸਾਧ ਸੰਗਤ ਨੇ ਵੱਖ-ਵੱਖ ਫਲਦਾਰ ਤੇ ਛਾਂਦਾਰ ਬੂਟੇ ਲਗਾਏ



**ਲੌਂਗੋਵਾਲ (ਕੁਲਦੀਪ ਅੱਤਰੀ / ਪ੍ਰਦੀਪ ਸਿੰਘ ਸੱਪਲ)**-ਡੇਰਾ ਸੱਚਾ ਸੌਦਾ ਦੇ ਸੰਤ ਡਾ. ਗੁਰਮੀਤ ਰਾਮ ਰਹੀਮ ਸਿੰਘ ਇੰਸਾਂ ਦੇ ਜਨਮ ਦਿਨ ਨੂੰ ਸਮਰਪਤ ਸਾਧ ਸੰਗਤ ਵੱਲੋਂ ਵੱਖ-ਵੱਖ ਥਾਵਾਂ 'ਤੇ ਫਲਦਾਰ ਅਤੇ ਛਾਂਦਾਰ 700 ਤੋਂ ਵੱਧ ਬੂਟੇ ਲਗਾਏ ਗਏ ਅਤੇ ਇਨ੍ਹਾਂ ਬੂਟਿਆਂ ਨੂੰ ਲਾਉਣ ਦਾ ਆਗਾਜ਼ ਨਗਰ ਕੌਂਸਲ ਪ੍ਰਧਾਨ ਪਰਮਿੰਦਰ ਕੌਰ ਬਰਾੜ ਅਤੇ ਥਾਣਾ ਲੌਂਗੋਵਾਲ ਮੁਖੀ ਜਤਿੰਦਰਪਾਲ ਸਿੰਘ ਵੱਲੋਂ ਸਾਧ ਸੰਗਤ ਨਾਲ ਮਿਲ ਕੇ ਕੀਤਾ ਗਿਆ। ਉਨ੍ਹਾਂ ਆਖਿਆ ਕਿ ਮੌਜੂਦਾ ਸਮੇਂ ਵਿੱਚ ਵਧੇ ਰਹੇ ਪ੍ਰਦੂਸ਼ਣ ਨੂੰ ਘਟਾਉਣ ਲਈ ਵੱਧ ਤੋਂ ਵੱਧ ਰੁੱਖ ਲਾਉਣਾ ਸਮੇਂ ਦੀ ਮੁੱਖ ਲੋੜ ਹੈ ਅਤੇ ਉਨ੍ਹਾਂ ਇਨ੍ਹਾਂ ਰੁੱਖਾਂ ਦੀ ਸਾਂਭ-ਸੰਭਾਲ ਕਰਨ ਲਈ ਵੀ ਹੋਕਾ ਦਿੱਤਾ।

## ਲਵਿੰਗ ਲਿਟਲ ਪਲੇਵੇਅ ਸਕੂਲ 'ਚ ਆਜ਼ਾਦੀ ਦਿਹਾੜਾ ਮਨਾਇਆ

**ਮਲੋਟ (ਗੁਰਮੀਤ ਸਿੰਘ ਮੱਕੜ)** ਲਵਿੰਗ ਲਿਟਲ ਪਲੇਵੇਅ ਐਂਡ ਪ੍ਰੇਪਰੇਟਰੀ ਸਕੂਲ ਵਿਖੇ 78ਵਾਂ ਆਜ਼ਾਦੀ ਦਿਹਾੜਾ ਸਕੂਲ ਦੀ ਪ੍ਰਿੰਸੀਪਲ ਮੀਨਾ ਅਰੋੜਾ ਦੀ ਅਗਵਾਈ ਵਿਚ ਸਟਾਫ਼ ਤੇ ਬੱਚਿਆਂ ਵੱਲੋਂ ਮਨਾਇਆ ਗਿਆ। ਛੋਟੇ-ਛੋਟੇ ਬੱਚਿਆਂ ਨੇ ਰਾਸ਼ਟਰੀ ਗੀਤ ਗਾ ਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਤੇ ਰਾਸ਼ਟਰੀ ਝੰਡੇ ਨੂੰ ਸਲਾਮੀ ਦਿੱਤੀ। ਇਸ ਮੌਕੇ 'ਤੇ ਦੇਸ਼ ਭਗਤੀ ਦੇ ਰੰਗ ਵਿਚ ਰੰਗੇ ਬੱਚਿਆਂ ਵੱਲੋਂ ਦੇਸ਼ ਭਗਤੀ ਸਬੰਧੀ ਵੱਖ-ਵੱਖ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ। ਸਕੂਲ ਦੀ ਪ੍ਰਿੰਸੀਪਲ ਮੀਨਾ ਅਰੋੜਾ ਨੇ ਆਜ਼ਾਦੀ ਦਿਹਾੜੇ ਦੇ ਮਹੱਤਵ 'ਤੇ ਵਿਸਥਾਰਪੂਰਵਕ ਚਾਨਣਾ ਪਾਉਂਦੇ ਹੋਏ ਬੱਚਿਆਂ ਨੂੰ ਏਕਤਾ ਦੀ ਲੜੀ ਵਿੱਚ ਬੱਝ ਕੇ ਰਹਿਣ ਦੀ ਪ੍ਰੇਰਨਾ ਦਿੱਤੀ। ਉਨ੍ਹਾਂ ਕਿਹਾ ਕਿ ਅੱਜ ਅਸੀਂ ਜਿਸ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ, ਉਸ ਨੂੰ ਵੱਡੀ ਗਿਣਤੀ ਵਿਚ ਦੇਸ਼ ਭਗਤਾਂ ਨੇ ਸ਼ਹਾਦਤ ਦੇ ਕੇ ਹਾਸਲ ਕੀਤੀ ਹੈ ਤੇ ਇਸ ਨੂੰ ਸੰਭਾਲਣਾ ਸਾਡਾ ਫ਼ਰਜ਼ ਹੈ। ਉਨ੍ਹਾਂ ਦੇਸ਼ ਦੀ ਸਰਹੱਦ ਦੀ ਰੱਖਿਆ ਕਰਨ ਵਾਲੇ ਫ਼ੌਜੀਆਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਅਸਲੀ ਨਾਇਕ ਫ਼ੌਜ ਦੇ ਜਵਾਨ ਹਨ ਜੋ ਸਰਹੱਦਾਂ 'ਤੇ ਖੜ ਕੇ ਸਾਡੀ ਅਤੇ ਸਾਡੇ ਦੇਸ਼ ਦੀ ਦੁਸ਼ਮਣਾਂ ਤੋਂ ਰਾਖੀ ਕਰਦੇ ਹਨ। ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿਚ ਮੈਡਮ ਅੰਨੂ, ਨਿਸ਼ਾ, ਗਗਨ, ਸ਼ੀਨੂੰ ਆਦਿ ਸਮੂਹ ਸਟਾਫ਼ ਦਾ ਵਿਸ਼ੇਸ਼ ਸਹਿਯੋਗ ਰਿਹਾ। ਪ੍ਰੋਗਰਾਮ ਦੀ ਸਮਾਪਤੀ ਰਾਸ਼ਟਰੀ ਗਾਣ ਨਾਲ ਕੀਤੀ ਗਈ।

## ਰੋਟਰੀ ਕਲੱਬ ਰੋਇਲ ਵੱਲੋਂ ਸਕੂਲ ਨੂੰ ਪੱਖੇ ਦਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਮਾਜ ਸੇਵੀ ਸੰਸਥਾ ਰੋਟਰੀ ਕਲੱਬ ਪਾਤੜਾਂ ਰੋਇਲ ਦੇ ਕਲੱਬ ਮੈਂਬਰ ਅਮਨਦੀਪ ਸਿੰਘ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਦਿਓਗੜ੍ਹ ਵਿਖੇ ਛੱਤ ਵਾਲੇ ਪੰਜ ਪੱਖੇ ਦਾਨ ਕੀਤੇ ਗਏ।ਕਲੱਬ ਦੇ ਪ੍ਰਧਾਨ ਕਪਿਲ ਕੌਸ਼ਲ ਮਲਿਕ ਨੇ ਦੱਸਿਆ ਕਿ ਰੋਟਰੀ ਇਟਰਨੈਸ਼ਨਲ ਦਾ ਮੁੱਖ ਉਦੇਸ਼ ਬੁਨਿਆਦੀ ਸਿੱਖਿਆ ਤੇ ਸਾਖਰਤਾ ਹੈ।ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਕਲੱਬ ਵੱਲੋਂ ਸਰਕਾਰੀ ਮਿਡਲ ਸਕੂਲ ਨਿਆਲ ਵਿਖੇ ਵਾਟਰ ਫਿਲਟਰ ਦਿੱਤਾ ਗਿਆ ਸੀ।ਰੋਟਰੀ ਕਲੱਬ ਰੋਇਲ ਹਰ ਸਮੇਂ ਸਮਾਜ ਭਲਾਈ ਦੇ ਕੰਮਾਂ ਲਈ ਤਿਆਰ ਰਹਿੰਦਾ ਹੈ।ਆਉਣ ਵਾਲੇ ਸਮੇਂ ਵਿੱਚ ਕਲੱਬ ਵੱਲੋਂ 25 ਅਗਸਤ ਨੂੰ ਰੋਟਰੀ ਦੇ ਨਵੇਂ ਸਾਲ ਲਈ ਟੀਮ ਦੀ ਤਾਜਪੋਸ਼ੀ ਲਈ ਸਮਾਗਮ ਰੱਖਿਆ ਗਿਆ ਹੈ।ਇਸ ਮੌਕੇ ਸੈਕਟਰੀ ਕੁਨਾਲ ਗੋਇਲ, ਕੈਸ਼ੀਅਰ ਅਰੁਣ ਕੁਮਾਰ, ਅਮਨਦੀਪ ਸਿੰਘ, ਰਾਕੇਸ਼ ਗਰਗ ਚੇਅਰਮੈਨ ਮਦਰ ਇੰਡੀਆ, ਨਰਾਇਣ ਗਰਗ, ਅਸ਼ੋਕ ਗਰਗ, ਕੁਨਾਲ ਗੋਇਲ, ਰਾਕੇਸ਼ ਗੋਇਲ, ਨਰਾਇਣ ਦਾਸ, ਰਾਕੇਸ਼ ਸਿੰਗਲਾ ਚੇਅਰਮੈਨ ਗੁਰੂਕੁਲ ਸਕੂਲ, ਡਾ. ਅਸ਼ੋਕ ਦੇਵ, ਸੋਨੂ ਬਾਂਸਲ, ਸੁਨੀਲ ਮਿੱਤਲ, ਡਾ. ਮੋਹਨ ਲਾਲ ਸਿੰਗਲਾ, ਸੰਦੀਪ ਗੁਪਤਾ, ਰਕੇਸ਼ ਗਰਗ, ਦੀਪਕ ਗਰਗ, ਰਾਕੇਸ਼ ਸਿੰਗਲਾ, ਡਾ. ਅਮਨ ਸ਼ਰਮਾ, ਹਰਮੇਸ਼ ਸਿੰਗਲਾ ਆਦਿ ਮੈਂਬਰ ਹਾਜ਼ਰ ਸਨ।

## ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਨੇ ਮਨਾਇਆ ਆਜ਼ਾਦੀ ਦਿਹਾੜਾ



**ਬਾਘਾਪੁਰਾਣਾ (ਮਨੀ ਸਿੰਗਲਾ)** ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਵਿਖੇ ਚੇਅਰਮੈਨ ਗੁਰਦੇਵ ਸਿੰਘ, ਪ੍ਰਿੰਸੀਪਲ ਤੇ ਡਾਇਰੈਕਟਰ ਸੰਦੀਪ ਮਹਿਤਾ ਦੀ ਰਹਿਨੁਮਾਈ ਵਿੱਚ 78ਵਾਂ ਆਜ਼ਾਦੀ ਦਿਹਾੜਾ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ।ਇਸ ਮੌਕੇ ਇੱਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਦੀ ਸ਼ੁਰੂਆਤ ਰਾਸ਼ਟਰੀ ਗੀਤ ਗਾ ਕੇ ਕੀਤੀ ਗਈ।ਇਸ ਤੋਂ ਬਾਅਦ ਲੈਕਚਰਾਰ ਹਰਜਿੰਦਰਪਾਲ ਸਿੰਘ ਵਲੋਂ ਅਜ਼ਾਦੀ ਦਿਵਸ ਬਾਰੇ ਵਿਸਥਾਰਪੂਰਵਕ ਜਾਣਕਾਰੀ ਭਰਪੂਰ ਸਪੀਚ ਦਿੱਤੀ ਗਈ।ਇਸ ਤੋਂ ਇਲਾਵਾ ਨੌਂਵੀਂ ਸ਼੍ਰੇਣੀ ਦੀਆਂ ਵਿਦਿਆਰਥਣਾਂ ਵੱਲੋਂ ਦੇਸ਼ ਭਗਤੀ ਦਾ ਗੀਤ ਦੇਸ਼ ਮੇਰਾ ਰੰਗੀਲਾ, ਲੜਕੇ ਅਗਾਜਪ੍ਰੀਤ ਵੱਲੋਂ ਪਾਣੀ ਪੰਜਾ ਦਰਿਆਵਾਂ ਵਾਲਾ, ਸਾਜਨਪ੍ਰੀਤ ਵੱਲੋਂ ਸਪੀਚ ਅਤੇ ਅਜ਼ਾਦੀ ਦੇ ਨਾਲ ਸੰਬੰਧਿਤ ਗੀਤ ਅਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ।

ਪ੍ਰੋਗਰਾਮ ਦੇ ਅਖੀਰ ਵਿੱਚ ਸੰਸਥਾ ਦੇ ਪ੍ਰਿੰਸੀਪਲ ਤੇ ਡਾਇਰੈਕਟਰ ਸ਼੍ਰੀ ਸੰਦੀਪ ਮਹਿਤਾ ਵੱਲੋਂ ਵਿਦਿਆਰਥੀਆਂ ਨੂੰ ਅਜ਼ਾਦੀ ਦਿਹਾੜੇ ਦੀ ਮਾਨਤਾ ਅਤੇ ਅਜ਼ਾਦੀ ਪ੍ਰਾਪਤੀ ਦੀ ਲੜਾਈ ਲੜਨ ਵਾਲੇ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ, ਸ਼ਰਾਭਾ ਵਰਗੇ ਲੱਖਾਂ ਯੋਧਿਆਂ ਦੀਆਂ ਕੁਰਬਾਨੀਆਂ ਨੂੰ ਹਮੇਸ਼ਾ ਯਾਦ ਰੱਖਣ ਦੀ ਪ੍ਰੇਰਣਾ ਦਿੱਤੀ।ਸੰਸਥਾ ਦੇ ਕੋਆਰਡੀਨੇਟਰ ਸ਼੍ਰੀ ਮੁਕੇਸ਼ ਅਰੋੜਾ ਨੇ ਅਜ਼ਾਦੀ ਦਿਵਸ ਬਾਰੇ ਆਪਣੇ ਵਿਚਾਰ ਵਿਦਿਆਰਥੀਆਂ ਨਾਲ ਸਾਂਝੇ ਕੀਤੇ।ਸਟੇਜ ਦਾ ਸੰਚਾਲਨ ਮੈਡਮ ਨਵਜੋਤ ਕੌਰ ਨੇ ਕੀਤਾ।ਪ੍ਰੋਗਰਾਮ ਦੀ ਤਿਆਰੀ ਮੈਡਮ ਸੰਦੀਪ ਕੌਰ ਤੇ ਮੈਡਮ ਰਜਨੀ ਅਰੋੜਾ ਅਤੇ ਸੁਖਚੈਨ ਸਿੰਘ ਵੱਲੋਂ ਕਰਾਈ ਗਈ।ਇਸ ਮੌਕੇ ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ, ਕੋਆਰਡੀਨੇਟਰ ਸ਼੍ਰੀ ਮੁਕੇਸ਼ ਅਰੋੜਾ, ਕੋਆਰਡੀਨੇਟਰ ਮੈਡਮ ਦੀਪਿਕਾ ਮਨਚੰਦਾ, ਐਡਵੋਕੇਟ ਰਾਜਾ ਸਿੰਘ ਅਤੇ ਮੈਡਮ ਖੁਸ਼ਪ੍ਰੀਤ ਕੌਰ ਹਾਜ਼ਰ ਸਨ।

## ਪੰਜਾਬ ਪਬਲਿਕ ਸਕੂਲ ਨੇ ਕਰਾਇਆ ਜੇ ਕੇ ਕਾਟੇ ਮੈਮੋਰੀਅਲ ਆਲ ਇੰਡੀਆ ਇੰਟਰ-ਸਕੂਲ ਗਿਆਨ ਸੰਮੇਲਨ

**ਨਾਭਾ (ਵਰਿੰਦਰ ਵਰਮਾ)** ਪੰਜਾਬ ਪਬਲਿਕ ਸਕੂਲ ਵਿਖੇ ਦੋ ਰੋਜ਼ਾ ਸ਼੍ਰੀ ਜੇ.ਕੇ. ਕਾਟੇ ਮੈਮੋਰੀਅਲ ਆਲ ਇੰਡੀਆ ਇੰਟਰ-ਸਕੂਲ ਗਿਆਨ ਸੰਮੇਲਨ ਸਮਾਪਤ ਹੋਇਆ।ਲੈਫਟੀਨੈਂਟ ਜਨਰਲ ਟੀਕੇ ਸਪਰੂ, ਪੀਵੀਐਸਐਮ, ਵਾਈਐਸਐਮ (ਸੇਵਾਮੁਕਤ), ਮੈਂਬਰ, ਕਾਰਜਕਾਰੀ ਕਮੇਟੀ ਪੀਪੀਐਸ ਨੇ ਸੰਮੇਲਨ ਵਿੱਚ ਮੁੱਖ ਮਹਿਮਾਨ ਦੀ ਭੂਮਿਕਾ ਨਿਭਾਈ।12 ਅਗਸਤ ਨੂੰ ਉਦਘਾਟਨੀ ਸਮਾਰੋਹ ਲਈ ਭਾਰਤ ਦੇ ਨੰਬਰ ਇੱਕ ਸਿੱਖਿਆ ਮੈਗਜ਼ੀਨ, ਐਜੂਕੇਸ਼ਨ ਵਰਲਡ ਤੇ ਪੇਰੈਂਟਸ ਵਰਲਡ ਦੇ ਸੀਈਓ ਅਤੇ ਨਿਰਦੇਸ਼ਕ ਸ਼੍ਰੀ ਭਾਵਿਨ ਸ਼ਾਹ ਮੁੱਖ ਮਹਿਮਾਨ ਸਨ।ਪੁਸਤਕ ਸਮੀਖਿਆ ਮੁਕਾਬਲੇ ਦੀ ਪ੍ਰਧਾਨਗੀ ਉੱਘੇ ਲੇਖਕਾ ਸ਼੍ਰੀਮਤੀ ਸਕੂਨ ਸਿੰਘ ਨੇ ਕੀਤੀ ਅਤੇ ਅੰਗਰੇਜ਼ੀ ਡਿਬੇਟ ਦੇ ਸੈਮੀਫਾਈਨਲ ਦੀ ਪ੍ਰਧਾਨਗੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅੰਗਰੇਜ਼ੀ ਦੇ ਸਾਬਕਾ ਪ੍ਰੋਫ਼ੈਸਰ ਡਾ. ਰਾਜੇਸ਼ ਸ਼ਰਮਾ ਨੇ ਕੀਤੀ ।



ਦੇਸ਼ ਦੇ ਨਾਮਵਰ 21 ਸਕੂਲਾਂ ਨੇ ਇਸ ਵੱਕਾਰੀ ਸਮਾਗਮ ਵਿੱਚ ਹਿੱਸਾ ਲਿਆ।ਸੰਮੇਲਨ ਵਿੱਚ ਵੱਖ-ਵੱਖ ਸੱਤ ਈਵੈਂਟਸ ਸ਼ਾਮਲ ਸਨ, ਜਿਵੇਂ ਅੰਗਰੇਜ਼ੀ ਵਾਦ-ਵਿਵਾਦ, ਰਚਨਾਤਮਕ ਲੇਖਣ, ਕਵਿਜ਼, ਬੁੱਕ ਰਿਵਿਊ, ਮੂਵੀ ਰਿਵਿਊ, ਵਾਲ ਮੈਗਜ਼ੀਨ ਤੇ ਕਹਾਣੀ-ਉਚਾਰਣ।ਮੇਓ ਕਾਲਜ ਗਰਲਜ਼ ਸਕੂਲ, ਅਜਮੇਰ ਦੀ ਵਾਨਿਆ ਸ਼ੇਖਰ ਨੇ ਰਚਨਾਤਮਕ ਲੇਖਣ ਟਰਾਫੀ ਜਿੱਤੀ।ਏਮਰਲਡ ਹਾਈਟਸ ਇੰਟਰਨੈਸ਼ਨਲ ਸਕੂਲ, ਇੰਦੌਰ ਦੀ ਮਾਨਸਵੀ ਸੁਰਾਨਾ ਨੇ ਬੁੱਕ ਰਿਵਿਊ ਟਰਾਫੀ ਜਿੱਤੀ।ਯਾਦਵਿੰਦਰਾ ਪਬਲਿਕ ਸਕੂਲ, ਮੋਹਾਲੀ ਦੇ ਅਭਿਰਾਜ ਕੁਮਾਰ ਅਤੇ ਅਬੀਰ ਸੰਧੂ ਨੇ ਕਵਿਜ਼ ਟਰਾਫੀ ਜਿੱਤੀ।ਸਿੰਗਾਪੁਰ ਇੰਟਰਨੈਸ਼ਨਲ ਸਕੂਲ, ਮੁੰਬਈ ਦੇ ਸ਼ਾਸ਼ਵਤ ਸਰਾਵਗੀ ਨੇ ਮੂਵੀ ਰਿਵਿਊ ਟਰਾਫੀ ਜਿੱਤੀ।ਮਾਨ ਸਕੂਲ, ਦਿੱਲੀ ਤੋਂ ਆਦਿਆ ਸ੍ਰੇਸ਼ਠ ਤੇ ਅਦਿਤੀ ਵਿਕਰਮ ਨੂੰ ਵਾਲ ਮੈਗਜ਼ੀਨ ਟਰਾਫੀ ਦਿੱਤੀ ਗਈ।ਆਰਮੀ ਪਬਲਿਕ ਸਕੂਲ, ਦਗਸ਼ਾਈ ਤੋਂ ਤਵਿਸ਼ਾ ਦਵੇ ਨੇ ਕਹਾਣੀ ਉਚਾਰਣ ਦੀ ਟਰਾਫੀ ਜਿੱਤੀ।ਸ਼੍ਰੀ ਜੇ.ਕੇ. ਕਾਟੇ ਮੈਮੋਰੀਅਲ ਆਲ ਇੰਡੀਆ ਇੰਟਰ-ਸਕੂਲ ਗਿਆਨ ਸੰਮੇਲਨ ਦੀ ਓਵਰਆਲ ਟਰਾਫੀ ਸਨਬੀਮ ਸਕੂਲ, ਲਹਿਰਤਾਰਾ (ਵਾਰਾਨਸੀ) ਨੇ ਜਿੱਤੀ।ਰਾਜਮਾਤਾ ਕ੍ਰਿਸ਼ਨਾ ਕੁਮਾਰੀ ਗਰਲਜ਼ ਪਬਲਿਕ ਸਕੂਲ, ਜੋਧਪੁਰ ਦਾ ਡੈਲੀਗੇਸ਼ਨ ਉਪ ਜੇਤੂ ਰਿਹਾ।ਪੰਜਾਬ ਪਬਲਿਕ ਸਕੂਲ ਨਾਭਾ ਤੇ ਸਿੰਘਾਪੁਰ ਇੰਟਰਨੈਸ਼ਨਲ ਸਕੂਲ, ਮੁੰਬਈ ਨੇ ਸਾਂਝੇ ਤੌਰ 'ਤੇ ਤੀਜਾ ਇਨਾਮ ਹਾਸਲ ਕੀਤਾ।ਸਾਰੇ ਸਮਾਗਮਾਂ ਵਿੱਚ ਸਭ ਤੋਂ ਵਧੀਆ ਖੋਜ ਸਮੱਗਰੀ ਵਾਲੀ ਟੀਮ ਲਈ ਸਰਵੋਤਮ ਖੋਜ ਡੈਲੀਗੇਸ਼ਨ ਪੁਰਸਕਾਰ ਸਨਬੀਮ ਸਕੂਲ, ਮੁਗਲਸਰਾਏ ਨੂੰ ਦਿੱਤਾ ਗਿਆ।ਇਸ ਮੌਕੇ ਲੈਫਟੀਨੈਂਟ ਜਨਰਲ ਟੀ.ਕੇ ਸਪਰੂ ਨੇ ਅਜਿਹੇ ਸਮਾਗਮਾਂ ਰਾਹੀਂ ਬੱਚਿਆਂ ਦੇ ਸਰਵਪੱਖੀ ਵਿਕਾਸ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਵੱਖ-ਵੱਖ ਟੀਮਾਂ ਦੇ ਭਾਗੀਦਾਰਾਂ ਨੂੰ ਮਿਆਰ ਤੈਅ ਕਰਨ ਲਈ ਸ਼ਲਾਘਾ ਕੀਤੀ।ਹੈੱਡਮਾਸਟਰ ਡਾ.ਡੀ.ਸੀ.ਸ਼ਰਮਾ ਨੇ ਮੁੱਖ ਮਹਿਮਾਨ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਉਨ੍ਹਾਂ ਆਏ ਹੋਏ ਸਾਰੇ ਸਕੂਲਾਂ ਦੇ ਵਿਦਿਆਰਥੀਆਂ, ਅਧਿਆਪਕਾਂ ਤੇ ਉਨ੍ਹਾਂ ਸਕੂਲਾਂ ਦੇ ਪ੍ਰਿੰਸੀਪਲ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ।

## ਤੀਆਂ ਦਾ ਤਿਓਹਾਰ ਮਨਾਇਆ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਮਾਤਾ ਸਾਹਿਬ ਕੌਰ ਨਰਸਿੰਗ ਇਸਟੀਚਿਊਟ ਗਿੱਦੜਬਾਹਾ ਵਿਖੇ ਵਿਦਿਆਰਥਣਾਂ ਨੇ ਤੀਆਂ ਦਾ ਤਿਓਹਾਰ ਮਨਾਇਆ। ਇਸ ਮੌਕੇ ਵਿਸ਼ੇਸ਼ ਪੰਜਾਬੀ ਪਹਿਰਾਵੇ ਵਿੱਚ ਸੱਜ ਧੱਜ ਕੇ ਆਈਆਂ ਵਿਦਿਆਰਥਣਾਂ ਨੇ ਗਿੱਧੇ ਦੇ ਖੂਬ ਰੰਗ ਬੰਨ੍ਹੇ, ਲੋਕ ਬੋਲੀਆਂ ਪਾਈਆਂ ਤੇ ਹੋਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਇਸ ਸਮੇਂ ਪੀਂਘਾਂ ਝੂਟੀਆਂ ਤੇ ਮਹਿੰਦੀ ਮੁਕਾਬਲੇ ਵੀ ਕੀਤੇ ਗਏ। ਇਸ ਮੌਕੇ ਬੀਬੀ ਗੁਰਦਿਆਲ ਕੌਰ ਮੱਲਣ, ਬੀਬੀ ਪਰਮਪਾਲ ਕੌਰ, ਡਾਕਟਰ ਬਲਤੇਜ ਸਿੰਘ, ਬਲਵਿੰਦਰ ਸਿੰਘ ਨੇ ਸਮੂਹ ਸਟਾਫ ਨੂੰ ਇਸ ਸ਼ੁਭ ਤਿਓਹਾਰ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਪ੍ਰਿੰਸੀਪਲ ਜਸਪ੍ਰੀਤ ਕੌਰ, ਮੈਡਮ ਇੰਦਰਜੀਤ ਕੌਰ, ਪਰਮਪਾਲ ਕੌਰ, ਸੁਖਜੀਤ ਕੌਰ, ਸੁਖਵਿੰਦਰ ਕੌਰ ਤੇ ਅਜੈ ਕੁਮਾਰ ਹਾਜ਼ਰ ਸਨ।

16-Aug-PAGE-4.qxd 8/16/2024 9:12 PM Page 1

ਨਵਾਂ ਜ਼ਮਾਨਾ
ਸ਼ਨੀਵਾਰ, 17 ਅਗਸਤ 2024

# ਕਰੇਜ਼ ਖਤਮ !

ਲੋਕ ਸਭਾ ਚੋਣਾਂ ਵਿਚ ਲਾਹਾ ਲੈਣ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਯੁੱਧਿਆ ਦੇ ਅਧੂਰੇ ਰਾਮ ਮੰਦਰ ਵਿਚ ਹੀ 22 ਜਨਵਰੀ ਨੂੰ ਰਾਮ ਲੱਲਾ ਦੀ ਪ੍ਰਾਣ ਪ੍ਰਤਿਸ਼ਠਾ ਕਰ ਦਿੱਤੀ ਸੀ। ਰਾਮ ਮੰਦਰ ਦੁਆਲੇ ਦੇਸ਼-ਦੁਨੀਆ ਵਿਚ ਬਣਾਏ ਗਏ ਮਾਹੌਲ ਦਰਮਿਆਨ ਏਅਰਲਾਈਨਜ਼ ਨੂੰ ਵੀ ਅਯੁੱਧਿਆ ਲਈ ਉਡਾਣਾਂ ਸ਼ੁਰੂ ਕਰਨ ਦਾ ਕਾਫੀ ਚਾਅ ਚੜ੍ਹਿਆ ਪਿਆ ਸੀ। ਰਾਮ ਲੱਲਾ ਦੀ ਪ੍ਰਾਣ ਪ੍ਰਤਿਸ਼ਠਾ ਤੋਂ ਪਹਿਲਾਂ ਮਹਾਰਿਸ਼ੀ ਵਾਲਮੀਕ ਇੰਟਰਨੈਸ਼ਨਲ ਏਅਰਪੋਰਟ ਤੋਂ ਪ੍ਰਮੁੱਖ ਸ਼ਹਿਰਾਂ ਨੂੰ ਕਰੀਬ 20 ਰੋਜ਼ਾਨਾ ਉਡਾਣਾਂ ਸ਼ੁਰੂ ਵੀ ਹੋ ਗਈਆਂ ਸਨ ਤੇ ਕੌਮਾਂਤਰੀ ਉਡਾਣਾਂ ਵੀ ਅਯੁੱਧਿਆ ਆਉਣ ਦੀਆਂ ਗੱਲਾਂ ਹੋ ਰਹੀਆਂ ਸਨ। ਅਜੇ ਸੱਤ ਮਹੀਨੇ ਨਹੀਂ ਬੀਤੇ ਕਿ 13 ਰੋਜ਼ਾਨਾ ਉਡਾਣਾਂ ਬੰਦ ਹੋ ਗਈਆਂ ਹਨ। ਬਚੀਆਂ ਦੇ ਏਅਰਲਾਈਨਜ਼ ਨੇ ਹਫਤੇ ਵਿਚ ਦੋ ਗੇੜੇ ਕਰ ਦਿੱਤੇ ਹਨ। ਇਸ ਵੇਲੇ ਅਹਿਮਦਾਬਾਦ, ਦਿੱਲੀ, ਮੁੰਬਈ ਤੇ ਬੇਂਗਲੂਰੂ ਤੋਂ ਹੀ ਸਿੱਧੀਆਂ ਉਡਾਣਾਂ ਹਨ ਜਦਕਿ ਹੈਦਰਾਬਾਦ, ਪਟਨਾ, ਦਰਭੰਗਾ ਤੇ ਕੋਲਕਾਤਾ ਤੋਂ ਬੰਦ ਹੋ ਗਈਆਂ ਹਨ। ਜਹਾਜ਼ਰਾਨੀ ਅਧਿਕਾਰੀ ਉਡਾਣਾਂ ਘਟਣ ਦਾ ਕਾਰਨ ਮੌਨਸੂਨ ਦੇ ਮੌਸਮ ਨੂੰ ਦੱਸ ਰਹੇ ਹਨ ਜਦਕਿ ਹਕੀਕਤ ਇਹ ਹੈ ਕਿ ਸ਼ਰਧਾਲੂ ਇਹ ਸਮਝ ਗਏ ਹਨ ਕਿ ਰਾਮ ਸਿਰਫ ਅਯੁੱਧਿਆ ਵਿਚ ਨਹੀਂ, ਹਰ ਥਾਂ ਮੌਜੂਦ ਹਨ। ਲੋਕ ਸਭਾ ਚੋਣਾਂ ਦੌਰਾਨ ਰਾਮ ਦੇ ਨਾਂ 'ਤੇ ਵੋਟਾਂ ਬਟੋਰਨ ਦੀ ਤਰਕੀਬ ਤਹਿਤ ਪ੍ਰਧਾਨ ਮੰਤਰੀ ਨੇ ਪਿਛਲੇ ਸਾਲ 30 ਦਸੰਬਰ ਨੂੰ ਏਅਰਪੋਰਟ ਦਾ ਉਦਘਾਟਨ ਕਰਨ ਤੋਂ ਬਾਅਦ ਸ਼ਹਿਰ ਤੱਕ ਰੋਡ ਸ਼ੋਅ ਵੀ ਕੀਤਾ ਸੀ। ਲਗਪਗ ਸਾਰੀਆਂ ਏਅਰਲਾਈਨਜ਼ ਨੇ ਅਯੁੱਧਿਆ ਵੱਲ ਉਡਾਣਾਂ ਸ਼ੁਰੂ ਕਰ ਦਿੱਤੀਆਂ ਸਨ। ਵੇਲੇ ਦੇ ਸ਼ਹਿਰੀ ਹਵਾਬਾਜ਼ੀ ਮੰਤਰੀ ਜਿਓਤਿਰਦਿੱਤਿਆ ਨੇ ਐਲਾਨਿਆ ਸੀ ਕਿ ਜਦਕਿ ਵਰਤਮਾਨ ਪੱਟੀ ਘਰੇਲੂ ਉਡਾਣਾਂ ਲਈ ਹੈ, ਛੇਤੀ ਹੀ ਕੌਮਾਂਤਰੀ ਉਡਾਣਾਂ ਲਈ ਵੱਖਰੀ ਪੱਟੀ ਬਣਾਈ ਜਾਵੇਗੀ। ਉਸ ਲਈ ਜ਼ਮੀਨ ਹਾਸਲ ਕਰ ਲਈ ਗਈ ਹੈ। ਮੰਤਰੀ ਨੇ ਐਲਾਨ ਤਾਂ ਕਰ ਦਿੱਤਾ ਸੀ ਪਰ ਕਿਸੇ ਕੌਮਾਂਤਰੀ ਏਅਰਲਾਈਨਜ਼ ਨੇ ਇੱਥੇ ਜਹਾਜ਼ ਉਤਾਰਨ ਵਿਚ ਦਿਲਚਸਪੀ ਨਹੀਂ ਦਿਖਾਈ। ਹੁਣ ਹਾਲਤ ਇਹ ਹੈ ਕਿ ਸ਼ਰਧਾਲੂਆਂ ਦੀ ਗਿਣਤੀ ਏਨੀ ਘਟ ਗਈ ਹੈ ਕਿ ਏਅਰਪੋਰਟ ਦੇ ਚਾਲੂ ਰਹਿਣ 'ਤੇ ਵੀ ਸਵਾਲੀਆ ਨਿਸ਼ਾਨ ਲੱਗ ਗਿਆ ਹੈ।

ਹਵਾਈ ਯਾਤਰੀਆਂ ਵਿਚ ਕਮੀ ਉਨ੍ਹਾਂ ਲਈ ਵੀ ਮੁਸ਼ਕਲਾਂ ਪੈਦਾ ਕਰੇਗੀ, ਜਿਨ੍ਹਾਂ ਨੇ ਕਰੋੜਾਂ ਰੁਪਏ ਖਰਚ ਕਰਕੇ ਅਯੁੱਧਿਆ ਵਿਚ ਇਸ ਆਸ ਨਾਲ ਵੱਡੇ-ਵੱਡੇ ਹੋਟਲ ਬਣਾਏ ਕਿ ਮੋਟੀ ਕਮਾਈ ਕਰਨਗੇ।

# ਸੰਸਾਰ ਵਿਆਪੀ ਜੰਗੀ ਮਹੌਲ ਕਿਵੇਂ ਰੁਕ ਸਕਦਾ


ਡਾ. ਸੁਰਿੰਦਰ ਮੰਡ (ਪ੍ਰੋਫੈਸਰ)

ਹੁਣ ਯੂਕਰੇਨ-ਰੂਸ ਅਤੇ ਫਲਸਤੀਨ ਇਰਾਨ-ਇਜ਼ਰਾਈਲ ਵਿਚਕਾਰ ਜੰਗ ਪੂਰੀ ਤਰ੍ਹਾਂ ਭੜਕੀ ਪਈ ਹੈ। ਤਾਈਵਾਨ-ਚੀਨ ਅਤੇ ਉੱਤਰੀ ਕੋਰੀਆ ਦੇ ਮੁੱਦੇ ਉੱਪਰ ਕਿਸੇ ਵੇਲੇ ਵੀ ਭੜਕ ਸਕਦੀ ਹੈ। ਵੱਡੀ ਜੰਗੀ ਸੰਭਾਵਨਾ ਦੇ ਤਿੰਨ ਕੇਂਦਰ ਏਸ਼ੀਆ ਵਿਚ ਹਨ ਅਤੇ ਇਕ (ਯੂਕਰੇਨ) ਯੂਰਪ ਵਿਚ। ਇਸ ਤੋਂ ਇਲਾਵਾ ਭਾਰਤ ਲਾਗੋਂ ਵੀ ਧੂੰਆਂ ਉੱਠਦਾ ਰਹਿੰਦਾ ਹੈ। ਕੌਣ ਕਿਉਂ ਸੁਲਘਾਉਂਦਾ-ਭੜਕਾਉਂਦਾ ਇਹ ਸਭ, ਤੇ ਕੀ ਇਹ ਅੱਗ ਤਬਾਹਕੁੰਨ ਭਾਂਬੜ ਬਣਨੋਂ ਰੁਕ ਸਕਦੀ ? ਇਹ ਵਿਚਾਰ ਕਰਨੀ ਹੈ ਇਸ ਲੇਖ ਵਿਚ।

ਦੂਜੀ ਸੰਸਾਰ ਜੰਗ (1939-1945) ਵਿਚ ਕੁੱਲ ਮਿਲਾ ਕੇ 7 ਕਰੋੜ ਦੇ ਕਰੀਬ ਫੌਜੀ ਅਤੇ ਲੋਕ ਮਰੇ, ਜਿਸ ਵਿਚ ਸਵਾ 2 ਕਰੋੜ ਤੋਂ ਵੱਧ ਸੋਵੀਅਤ ਰੂਸ ਦੇ ਅਤੇ ਪੌਣੇ ਦੋ ਕਰੋੜ ਚੀਨ ਦੇ ਸਨ। 18 ਲੱਖ ਦੇ ਕਰੀਬ ਭਾਰਤੀ ਸਨ। ਹਿਟਲਰ ਨੇ ਜਰਮਨੀ ਵਿਚ ਯਹੂਦੀਆਂ ਦਾ ਲੱਖਾਂ ਵਿਚ ਕਤਲੇਆਮ ਵੀ ਕੀਤਾ। ਜਰਮਨੀ ਵਿਚ ਇਹ ਧਾਰਮਿਕ ਨਸਲਕੁਸ਼ੀ ਵਰਗੀ ਗੱਲ ਵੀ ਸੀ।

ਇਸ ਨਸਲਕੁਸ਼ੀ ਦਾ ਅਸਰ ਇਹ ਹੋਇਆ ਕਿ ਇੰਗਲੈਂਡ-ਅਮਰੀਕਾ ਧੜੇ ਨੇ ਯੂ.ਐਨ ਰਾਹੀਂ 14 ਮਈ 1948 ਨੂੰ ਮੁਸਲਮਾਨ ਬਹੁਲ ਦੇਸ਼ ਫਲਸਤੀਨ ਨੂੰ 55-45 ਵਿਚ ਵੰਡ ਕੇ ਇਕ ਹਿੱਸੇ ਵਿਚ ਯਹੂਦੀਆਂ ਲਈ ਆਪਣਾ ਵੱਖਰਾ ਮੁਲਕ ਇਜ਼ਰਾਈਲ ਬਣਵਾ ਦਿੱਤਾ। ਯੂਰੋਸ਼ਲਮ ਨੂੰ ਅੰਤਰ-ਰਾਸ਼ਟਰੀ ਦੇਖ-ਰੇਖ ਅਧੀਨ ਸਾਂਝੀ ਭੋਇੰ ਮੰਨਿਆ ਗਿਆ। ਇੰਜ ਆਪਣੇ (ਯਹੂਦੀ-ਇਸਾਈ) ਵੱਲ ਨੂੰ ਆਉਂਦੇ ਨਸਲੀ ਟਕਰਾਅ ਦੀ ਸੰਭਾਵਨਾ ਦਾ ਰੁਖ਼ ਮੁਸਲਿਮ ਪਾਸੇ ਮੋੜ ਦਿੱਤਾ। ਫਲਸਤੀਨ 'ਤੇ ਇਸ ਵਕਤ ਇਜ਼ਰਾਈਲ ਪੂਰੀ ਤਰ੍ਹਾਂ ਭਾਰੂ ਕਾਬਜ਼ ਹੋ ਚੁੱਕਾ। 1967 ਦੀ ਜੰਗ ਵਿਚ ਇਜ਼ਰਾਈਲ ਨੇ ਸੀਰੀਆ-ਜਾਰਡਨ ਅਤੇ ਮਿਸਰ ਦੇ ਕੁਝ ਇਲਾਕਿਆਂ 'ਤੇ ਵੀ ਕਬਜ਼ਾ ਕਰ ਲਿਆ। ਨਾਲ ਹੀ ਯੂਰੋਸ਼ਲਮ ਅਤੇ ਫਲਸਤੀਨ ਦੇ ਵੈਸਟ ਬੈਂਕ ਨੂੰ ਵੀ ਕਬਜ਼ੇ ਵਿਚ ਲੈ ਲਿਆ। ਬਚਿਆ-ਖੁਚਿਆ ਫਲਸਤੀਨ ਉਦੋਂ ਤੋਂ ਅੱਜ ਤੱਕ ਜ਼ੁਲਮ ਸਿਤਮ ਹੰਢਾ ਰਿਹਾ। ਫਲਸਤੀਨ ਅੱਜ ਇਕ ਅਜ਼ਾਦ ਮੁਲਕ ਵਾਲੀ ਹੈਸੀਅਤ ਨਹੀਂ ਰੱਖਦਾ। ਫਲਸਤੀਨ ਨੂੰ ਪ੍ਰਭੂਸੱਤਾ ਸੰਪੰਨ ਮੁਲਕ ਦਾ ਦਰਜਾ ਦੇਣ ਵਾਲੇ ਸੈਂਕੜੇ ਯੂ.ਐਨ ਮਤਿਆਂ ਨੂੰ ਇਜਰਾਈਲ ਰੱਦ ਕਰ ਚੁੱਕਾ। ਇਸ ਕਰਕੇ ਪ੍ਰਚਾਰ ਤੰਤਰ ਦੀ ਇਹ ਦਲੀਲ ਗਲਤ ਹੈ ਕਿ ਮੌਜੂਦਾ ਟਕਰਾਅ ਦੀ ਮੁੱਖ ਵਜ੍ਹਾ 7 ਅਕਤੂਬਰ ਦਾ ਹਮਾਸ ਵੱਲੋਂ ਕੀਤਾ ਹਮਲਾ ਹੈ। ਪਿਛੋਕੜ ਹੀ ਇਸ ਟਕਰਾਅ ਦੀ ਅਸਲੀ ਵਜ੍ਹਾ ਹੈ।

ਤੇਲ ਹਿੱਤਾਂ ਵਾਲੇ ਇਸ ਖਿੱਤੇ ਵਿਚ ਇਜ਼ਰਾਈਲ ਨੂੰ ਅਮਰੀਕਾ ਧੜਾ ਆਪਣੇ ਲੈਫਟੀਨੈਂਟ ਵਜੋਂ ਵੀ ਵਰਤ ਰਿਹਾ ਤੇ ਉਸ ਦੇ ਰਾਖੇ ਤਾਂ ਫਿਰ ਬਣਨਾ ਹੀ ਪੈਣਾ, ਪਰ ਇਸ ਖੇਡ ਵਿਚ ਫਲਸਤੀਨੀ ਵਿਚਾਰੇ ਨਿਰਦੋਸ਼ ਰਗੜੇ ਗਏ, ਪਰੰਤੂ ਅੱਜ ਇਹ ਝਗੜਾ ਇਜ਼ਰਾਈਲ ਫਲਸਤੀਨ ਇਰਾਨ ਤਕ ਸੀਮਤ ਨਾ ਰਹਿ ਕੇ ਅਮਰੀਕਾ, ਲਿਬਨਾਨ, ਯਮਨ, ਇਰਾਕ, ਸੀਰੀਆ, ਤੁਰਕੀ, ਰੂਸ, ਚੀਨ ਉੱਤਰੀ ਕੋਰੀਆ ਨੂੰ ਵੀ ਆਪਣੇ ਲਪੇਟੇ ਵਿਚ ਲੈਂਦਾ ਨਜ਼ਰ ਆ ਰਿਹਾ। ਫਲਸਤੀਨ ਨੂੰ ਮੁਲਕ ਵਜੋਂ ਮਾਨਤਾ ਦਿੱਤੇ ਬਿਨਾਂ ਇਥੇ ਸ਼ਾਂਤੀ ਬਹਾਲੀ ਦੇ ਆਸਾਰ ਨਹੀਂ।

ਹੁਣ ਕਰੀਏ ਯੂਕਰੇਨ ਦੀ ਗੱਲ। 1991 ਵਿਚ ਧਰਤੀ ਦੇ ਛੇਵੇਂ ਹਿੱਸੇ ਵਿਚ ਫੈਲਿਆ ਸੋਵੀਅਤ ਯੂਨੀਅਨ ਜਦ 15 ਮੁਲਕਾਂ ਵਿਚ ਟੁੱਟ-ਭੱਜ ਗਿਆ ਤਾਂ ਉਸ ਦਾ ਇਕ ਟੁਕੜਾ 'ਯੂਕਰੇਨ' ਜੋ ਫਿਰ ਵੀ ਇਲਾਕੇ ਦੇ ਲਿਹਾਜ਼ ਨਾਲ ਯੂਰਪ ਦੇ ਹਰ ਮੁਲਕ ਤੋਂ ਵੱਡਾ ਸੀ, ਉਸ ਦੇ 2014 ਤੱਕ ਆਉਂਦਿਆਂ ਪੱਛਮ ਵੱਲ ਝੁਕਾਅ ਦੇ ਕਾਰਨ ਰੂਸ ਨਾਲ ਸੰਬੰਧ ਖਰਾਬ ਹੋ ਗਏ। ਰੂਸ ਨਾਲ ਟਕਰਾਅ ਵਾਲੇ ਤਿੱਖੇ ਤੇਵਰਾਂ ਨਾਲ ਕਾਮੇਡੀਅਨ ਜੈਲੇਂਸਕੀ 2019 ਦੀ ਰਾਸ਼ਟਰਪਤੀ ਦੀ ਚੋਣ ਜਿੱਤਿਆ ਅਤੇ ਉਹ ਅਮਰੀਕੀ ਧੜੇ ਵੱਲ ਨੂੰ ਉਲਰਦਿਆਂ 'ਨਾਟੋ ਫੌਜੀ ਗਠਜੋੜ' ਦਾ ਮੈਂਬਰ ਬਣਨ ਨੂੰ ਉਤਾਵਲਾ ਹੋਇਆ। ਮਤਲਬ ਬਈ ਰੂਸ ਦੀਆਂ ਬਰੂਹਾਂ 'ਤੇ 32 ਦੇਸ਼ਾਂ ਦੀਆਂ ਫੌਜਾਂ ਨੂੰ ਪੱਕਾ ਸੱਦਾ ਦਿੱਤਾ। ਉਸ ਨੇ ਇਹੀ ਮੌਜੂਦਾ ਰੂਸ-ਯੂਕਰੇਨ ਜੰਗ ਦੀ ਸਭ ਤੋਂ ਵੱਡੀ ਵਜ੍ਹਾ ਬਣੀ। ਅੱਜ ਅਮਰੀਕਾ ਦੀ ਅਗਵਾਈ ਵਿਚ ਨਾਟੋ ਦੇ 32 ਦੇਸ਼ ਯੂਕਰੇਨ ਦੀ ਪਿੱਠ 'ਤੇ ਹਨ। ਦੂਜੇ ਪਾਸੇ ਰੂਸ ਹੈ, ਜਿਸ ਨੂੰ ਚੀਨ ਇਰਾਨ ਅਤੇ ਉੱਤਰੀ ਕੋਰੀਆ ਦੀ ਹਮਾਇਤ ਹੈ। ਛਡਾਵਾ ਕੋਈ ਨਹੀਂ। ਇਹ ਜੰਗ ਦੁਨੀਆ ਦੇ ਵੱਡੇ ਹਿੱਸੇ ਵਿਚ ਪਰਮਾਣੂ ਜੰਗ ਦਾ ਰੂਪ ਲੈ ਸਕਦੀ।

ਤਾਈਵਾਨ ਦਾ ਮਸਲਾ ਇਹ ਹੈ ਕਿ ਜਦ ਚੀਨੀ ਸਿਵਲ ਵਾਰ ਵਿਚ ਮਾਓ-ਜ਼ੇ-ਤੁੰਗ ਦੀ ਅਗਵਾਈ ਵਿਚ ਕਮਿਊਨਿਸਟ ਪਾਰਟੀ ਨੇ 1949 ਵਿਚ ਮੁਲਕ 'ਤੇ ਅਧਿਕਾਰ ਕਰ ਲਿਆ ਤਾਂ ਚੀਨ ਦਾ ਪਹਿਲਾ ਹਾਕਮ ਚਿਆਂਗ ਕਾਈ ਸ਼ੈਕ ਭੱਜ ਕੇ ਚੀਨੀ ਮੁੱਖ ਧਰਤੀ ਤੋਂ 100 ਕੁ ਮੀਲ ਦੂਰ ਤਾਈਵਾਨ ਟਾਪੂ ਤੋਂ ਬਰਾਬਰ ਦੀ ਚੀਨ ਸਰਕਾਰ ਚਲਾਉਣ ਲੱਗਾ। ਉਸ ਨੂੰ ਅਮਰੀਕਾ ਦੀ ਹਮਾਇਤ ਸੀ। 'ਤਾਈਵਾਨ' ਹੀ (ਰਿਪਬਲਿਕ ਆਫ ਚਾਈਨਾ) ਵਜੋਂ ਚੀਨ ਦਾ ਯੂ. ਐਨ ਵਿਚ ਪ੍ਰਤੀਨਿਧ ਰਿਹਾ। 1971 ਵਿਚ ਯੂ. ਐਨ ਨੇ ਇਹ ਪ੍ਰਤੀਨਿਧ ਰੁਤਬਾ ਮੁੱਖ ਚੀਨੀ ਧਰਤੀ ਦੀ ਸਰਕਾਰ ਨੂੰ ਦੇ ਦਿੱਤਾ। ਤਾਈਵਾਨ ਟਾਪੂ ਦਾ ਅੱਜ ਤੱਕ ਵੀ ਨਾਂਅ 'ਰਿਪਬਲਿਕ ਆਫ ਚਾਈਨਾ' ਹੈ, ਪਰ ਉਹ ਨਿੱਤਾਪ੍ਰਤੀ ਦੇ ਸ਼ਾਸਨ ਵਜੋਂ ਅਜ਼ਾਦ ਹੈ ਤੇ ਖੁਦ ਨੀਤੀਆਂ ਬਣਾਉਂਦਾ। ਕੁਝ ਸਾਲਾਂ ਤੋਂ ਤਾਈਵਾਨ ਚੋਣਾਂ ਵਿਚ ਘੋਰ ਚੀਨ ਵਿਰੋਧੀ ਜਿੱਤੇ, ਜੋ ਮੁਕੰਮਲ ਅਜ਼ਾਦੀ ਦਾ ਨਾਹਰਾ ਦੇ ਕੇ ਅਮਰੀਕਾ ਨਾਲ ਜੁੜਨ ਦੇ ਰਾਹੇ ਪੈ ਗਏ ਹਨ, ਜੋ ਚੀਨ ਨੂੰ ਮਨਜ਼ੂਰ ਨਹੀਂ। ਅੰਤਰਰਾਸ਼ਟਰੀ ਕਾਇਦੇ ਕਾਨੂੰਨ ਜਿਸ ਨੂੰ ਅਮਰੀਕਾ ਵੀ ਮੰਨਦਾ, ਮੁਤਾਬਕ ਤਾਈਵਾਨ ਅਲੱਗ ਦੇਸ਼ ਨਹੀਂ, ਚੀਨ ਦਾ ਅਲੱਗ ਖੁਦਮੁਖਤਾਰ ਹਿੱਸਾ ਹੈ, ਜਿਸ ਦੀ ਆਪਣੀ ਕਰੰਸੀ ਤੇ ਫੌਜ ਹੈ, ਪਰ ਕੁੱਝ ਸਾਲਾਂ ਤੋਂ ਚੀਨ-ਅਮਰੀਕਾ ਦੇ ਵਿਗੜੇ ਸੰਬੰਧ ਵੀ ਕਲੇਸ਼ ਵਧਾਉਣ ਦਾ ਕਾਰਨ ਬਣੇ। ਅਮਰੀਕਾ ਤਾਈਵਾਨ ਵਿਚ ਪੈਰ ਧਰਾਵਾ ਕਰਕੇ 'ਸਾਊਥ ਚੀਨ ਸਮੁੰਦਰ ਝਗੜੇ' ਵਿਚ ਵੀ ਮਜ਼ਬੂਤ ਹੋਣਾ ਚਾਹੁੰਦਾ ਤੇ ਚੀਨ ਦੇ ਐਨ ਕੋਲ ਆਪਣੀ ਫੌਜ ਚਾਹੁੰਦਾ ਯੂਕਰੇਨ ਵਾਂਗ। ਚੀਨ ਇਸ ਦਾ ਅੰਤਿਮ ਹੱਲ ਫੌਜ ਨਾਲ ਤਾਈਵਾਨ 'ਤੇ ਮੁਕੰਮਲ ਕਬਜ਼ਾ ਕਰ ਲੈਣ ਵਿਚ ਵੀ ਵੇਖਦਾ। ਮਹੌਲ ਪੂਰਾ ਗਰਮ ਹੈ। ਜੇਕਰ ਗੱਲ ਵਧਦੀ ਹੈ ਤਾਂ ਇਹ ਖਿੱਤਾ ਚੀਨ-ਅਮਰੀਕਾ ਜੰਗ ਦਾ ਮੈਦਾਨ ਬਣੇਗਾ, ਜਿਸ ਵਿਚ ਦੇਰ-ਸਵੇਰ ਜਪਾਨ ਅਤੇ ਉੱਤਰੀ ਕੋਰੀਆ ਵੀ ਹੋਣਗੇ। ਪਰਮਾਣੂ ਸ਼ਕਤੀ ਸੰਪੰਨ ਮੁਲਕ ਕਦੋਂ ਕੀ ਕਾਂਡ ਕਰ ਦੇਣ, ਕੋਈ ਨਹੀਂ ਜਾਣਦਾ। ਅਮਰੀਕੀ ਸੰਸਦ ਦੀ ਤਾਜ਼ਾ ਰਿਪੋਰਟ ਵਿਚ ਵੀ ਚੀਨ ਨੂੰ ਅਮਰੀਕੀ ਹਿੱਤਾਂ ਦਾ ਸਭ ਤੋਂ ਵੱਡਾ ਤੇ ਮਜ਼ਬੂਤ ਦੁਸ਼ਮਣ ਐਲਾਨਿਆ ਗਿਆ ਹੈ।

ਭਲਾ ਏਸੇ ਗੱਲ ਵਿਚ ਹੈ ਕਿ ਤਾਈਵਾਨ ਲੀਡਰਸ਼ਿਪ ਚੋਣਾਂ ਜਿੱਤਣ ਲਈ ਭੜਕਾਊ ਨਾਹਰਿਆਂ ਦੇ ਚੱਕਰੀ ਮੁਲਕ ਦਾ ਝੁੱਗਾ-ਚੌੜ ਨਾ ਕਰਾ ਬੈਠੇ। ਤਾਈਵਾਨ ਖੁਸ਼ਹਾਲ ਹੈ, ਇਸ ਦਾ ਮੌਜੂਦਾ ਰੁਤਬਾ ਬਹਾਲ ਰਵ੍ਹੇ, ਚੀਨ ਅਮਰੀਕਾ ਪਿੱਛੇ ਹਟਣ, ਪਰ ਕੋਈ ਧਿਰ ਪਿੱਛੇ ਹਟਣ ਨੂੰ ਤਿਆਰ ਨਹੀਂ। ਕਹਿੰਦੇ ਮੱਛੀ ਪੱਥਰ ਚੱਟ ਕੇ ਹੀ ਵਾਪਸ ਮੁੜਦੀ ਹੁੰਦੀ।

ਜੇ ਗੱਲ ਕੋਰੀਅਨਾਂ ਦੀ ਕਰੀਏ ਤਾਂ ਕਹਿਣਾ ਪਊ ਕਿ ਕੋਰੀਆ ਨੂੰ ਜਪਾਨ ਨੇ 1945 ਤੱਕ ਗੁਲਾਮ ਬਣਾ ਕੇ ਕਬਜ਼ਾ ਅਤੇ ਜ਼ੁਲਮ ਕੀਤੇ। ਦੂਜੀ ਸੰਸਾਰ ਜੰਗ ਦੌਰਾਨ ਜਪਾਨ ਦੀ ਹਾਰ ਬਾਅਦ ਜਦ ਕਿੰਮ-ਇਲ-ਸੁੰਗ ਦੀ ਅਗਵਾਈ ਵਿਚ ਕੋਰੀਆ ਮੁਕਤ ਹੋਇਆ ਤਾਂ ਕੋਰੀਆ ਅਤੇ ਅਮਰੀਕਾ ਦਰਮਿਆਨ 1950 ਤੋਂ 1953 ਤੱਕ ਤਿੰਨ ਸਾਲ ਭਿਅੰਕਰ ਜੰਗ ਚੱਲੀ, ਜਿਸ ਵਿਚ ਲੱਗਭੱਗ 25 ਲੱਖ ਮੌਤਾਂ ਹੋਈਆਂ ਅਤੇ ਅੱਜ ਤੱਕ ਵੀ 'ਸੀਜ਼ ਫਾਇਰ' ਹੀ ਹੈ, ਸ਼ਾਂਤੀ ਸਮਝੌਤਾ ਕੋਈ ਨਹੀਂ ਹੋਇਆ। ਮੁਲਕ ਦੋ ਹਿੱਸਿਆਂ (ਉੱਤਰੀ ਕੋਰੀਆ, ਦੱਖਣੀ ਕੋਰੀਆ) ਵਿਚ ਵੰਡਿਆ ਗਿਆ। ਕਿਸੇ ਵੇਲੇ ਮੁੜ ਏਕੀਕਰਨ ਲਹਿਰ ਸੀ, ਜੋ ਹੁਣ ਖਤਮ ਹੋ ਚੁੱਕੀ। ਉੱਤਰੀ ਕੋਰੀਆ 75 ਸਾਲਾਂ ਤੋਂ ਸਖਤ ਅਮਰੀਕੀ-ਯੂ.ਐਨ ਪਾਬੰਦੀਆਂ ਦੀ ਮਾਰ ਝੱਲ ਰਿਹਾ, ਭਰਿਆ-ਪੀਤਾ ਹੈ ਅਤੇ ਅਮਰੀਕਾ ਨੂੰ ਮੁੱਖ ਦੁਸ਼ਮਣ ਸਮਝਦਾ।

ਮੌਜੂਦਾ ਸਮੇਂ ਉੱਤਰੀ ਕੋਰੀਆ ਦਾ ਪ੍ਰਮਾਣੂ ਸ਼ਕਤੀ ਹੋਣਾ ਅਮਰੀਕਾ ਲਈ ਵੱਡੀ ਚਿੰਤਾ ਦਾ ਵਿਸ਼ਾ ਹੈ। ਦੱਖਣੀ ਕੋਰੀਆ ਵਿਚ ਹਜ਼ਾਰਾਂ ਅਮਰੀਕੀ ਫੌਜ ਬੈਠੀ ਹੈ, ਉੱਤਰੀ ਕੋਰੀਆ ਵਿਰੁੱਧ ਨਿੱਤ ਜੰਗੀ ਮਸ਼ਕਾਂ ਹੁੰਦੀਆਂ ਹਨ। ਉੱਤਰੀ ਕੋਰੀਆ ਨੂੰ ਚੀਨ-ਰੂਸ ਦੀ ਹਮਾਇਤ ਹੈ। ਇੱਥੇ ਜਦੋਂ ਵੀ ਭੜਕੀ ਆਮ ਜੰਗ ਨਹੀਂ, ਪ੍ਰਮਾਣੂ ਜਵਾਲਾ ਹੀ ਭੜਕਣੀ। ਚੰਗਾ ਹੋਵੇ ਜੇ ਇਕ-ਦੂਜੇ ਦੀ ਹੋਂਦ ਨੂੰ ਬਰਾਬਰ ਮਾਨਤਾ ਦੇ ਕੇ ਅਮਨ-ਸ਼ਾਂਤੀ ਦੀ ਕੋਈ ਪਹਿਲ ਕਿਸੇ ਪਾਸਿਉਂ ਹੋਵੇ।

ਭਾਰਤ-ਚੀਨ ਸਰਹੱਦੀ ਵਿਵਾਦ ਵੀ ਹੈ, ਜਿਸ ਵਿਚ ਦੋਵੇਂ ਦੇਸ਼ ਗੱਲਬਾਤ ਨੂੰ ਪਹਿਲ ਦੇ ਰਹੇ ਨੇ। ਲੜਨੋਂ ਬਚ ਰਹੇ ਨੇ। ਅਮਰੀਕਾ ਦੀ ਕੋਸ਼ਿਸ਼ ਹੈ ਕਿ 'ਕੁਆਡ' ਗਰੁੱਪ (ਭਾਰਤ, ਜਪਾਨ, ਆਸਟਰੇਲੀਆ ਅਮਰੀਕਾ) ਰਣਨੀਤਕ ਗਠਜੋੜ ਦਾ ਰੂਪ ਲੈ ਲਵੇ ਤੇ ਕੱਲ੍ਹ ਨੂੰ ਚੀਨ ਵਿਰੁੱਧ ਜੰਗ ਵਿਚ ਭਾਰਤ-ਅਮਰੀਕਾ ਦਾ ਜੰਗੀ ਭਾਈਵਾਲ/ਮਦਦਗਾਰ ਬਣੇ। ਪਰ ਭਾਰਤ ਅਜੇ ਤੱਕ ਉਨ੍ਹਾਂ ਦੇ ਟੇਟੇ ਨਹੀਂ ਚੜ੍ਹਿਆ। ਇਹ ਕਹਿੰਦਾ ਹੈ ਕਿ ਭਾਈ ਅਸੀਂ ਤਾਂ ਵਾਤਾਵਰਨ, ਵਿਕਾਸ ਸਹਿਯੋਗ ਲਈ ਕੁਆਡ ਦੇ ਮੈਂਬਰ ਹਾਂ। ਚੰਗਾ ਹੈ ਜੇ ਬਚਿਆ ਰਵ੍ਹੇ, ਕਿਉਂਕਿ ਅਮਰੀਕੀ ਵੀ ਅੱਗੋਂ ਕੋਈ ਕੱਚੀਆਂ ਗੋਲੀਆਂ ਨਹੀਂ ਖੇਡੇ। ਐਂਜ ਵਿਚ ਘੜੀਸ ਲੈਂਦੇ, ਜਿਵੇਂ ਗਿੱਧਾ ਪਾਉਣ ਵਾਲੀਆਂ ਬੋਲੀ ਪਾ ਕੇ ਪਾਸੇ ਖਲੋਤੀ ਨੂੰ ਗੇੜਾ ਦੇਣ ਲਈ ਘੜੀਸ ਲੈਂਦੀਆਂ। ਰੂਸ ਨੇ ਹਮੇਸ਼ਾ ਭਾਰਤ-ਚੀਨ ਤਣਾਓ ਵਧਣੋਂ ਰੋਕਣ ਵਿਚ ਭੂਮਿਕਾ ਨਿਭਾਈ ਹੈ।

ਪਰ ਇੱਥੇ ਹੁਣ ਚਿੰਤਾ ਅਤੇ ਵਿਚਾਰ ਦੀ ਗੱਲ ਇਹ ਹੈ ਕਿ ਉਪਰੋਕਤ ਸਾਰੇ ਵਿਵਾਦਾਂ (ਯੂਕਰੇਨ, ਫਲਸਤੀਨ, ਤਾਈਵਾਨ, ਕੋਰੀਆ) ਨੂੰ ਸੁਲਝਾਉਣ ਦੀ ਕੋਈ ਵੀ ਨਿੱਗਰ ਕੋਸ਼ਿਸ਼ ਨਜ਼ਰ ਨਹੀਂ ਆ ਰਹੀ ਅਤੇ ਬੇਵਿਸ਼ਵਾਸੀ ਏਨੀ ਹੈ ਕਿ ਪੁੱਛੋ ਨਾ। ਕੋਈ ਸਮਰੱਥ ਛਡਾਵਾ ਦੇਸ਼ ਨਜ਼ਰ ਨਹੀਂ ਆ ਰਿਹਾ। ਸੱਚ ਇਹ ਹੈ ਰੂਸ, ਚੀਨ, ਅਮਰੀਕਾ ਦਰਮਿਆਨ ਯੁੱਧ ਛਿੜਿਆ ਤਾਂ ਅਖੀਰੀ ਪਰਮਾਣੂ ਜੰਗ ਵੱਲ ਹੀ ਜਾਏਗਾ। ਮਨੁੱਖੀ ਨਸਲ ਦਾ ਬਹੁਤ ਵੱਡਾ ਘਾਣ ਹੋਣ ਦਾ ਖਤਰਾ।

ਮੇਰਾ ਅੰਦਾਜ਼ਾ ਕਿ ਜੇਕਰ ਵੱਡਾ ਪ੍ਰਮਾਣੂ ਯੁੱਧ ਛਿੜਿਆ ਵੀ ਤਾਂ ਇਸ ਵਿਚ ਸਾਰੀ ਦੁਨੀਆ ਤਬਾਹ ਨਹੀਂ ਹੋਊ। ਪਰਮਾਣੂ ਸ਼ਕਤੀ ਮੁਲਕਾਂ ਵਿੱਚੋਂ ਭਾਰਤ ਤੇ ਪਾਕਿਸਤਾਨ ਕਿਸੇ ਬੰਨਿਓਂ ਲੱਤ ਗੱਡ ਕੇ ਨਹੀਂ ਕੁੱਦਣਗੇ। ਸਾਰੇ ਲਾਤੀਨੀ, ਅਮਰੀਕੀ ਅਤੇ ਅਫਰੀਕੀ ਦੇਸ਼ ਵੀ ਇਸ ਸੇਕ ਤੋਂ ਤਕਰੀਬਨ ਬਚੇ ਰਹਿਣਗੇ, ਕਿਉਂਕਿ ਉਹ ਕਿਸੇ ਧੜੇ ਵਿਚ ਨਹੀਂ ਹਨ ਅਤੇ ਕੁਝ ਹੋਰ ਏਸ਼ੀਅਨ ਮੁਲਕ ਵੀ, ਪਰ ਇਸ ਵਿਨਾਸ਼ਕਾਰੀ ਜੰਗ ਦੇ ਮਾਰੂ ਅਸਿੱਧੇ ਅਸਰਾਂ ਤੋਂ ਕੋਈ ਨਹੀਂ ਬਚੇਗਾ।

ਆਪਾਂ ਤਾਂ ਇਹ ਵੀ ਪੜ੍ਹਿਆ-ਸੁਣਿਆ ਕਿ 'ਰੱਬ' ਦਾ ਨਿਵਾਸ ਸਥਾਨ ਹਰ ਮਨੁੱਖ ਦੇ ਹਿਰਦੇ ਵਿਚ ਹੈ। ਜੰਗਬਾਜ਼ਾਂ ਵਿਚ ਵੀ ਹੁੰਦਾ ਹੋਊ..? ਅੱਧਿਓਂ ਬਹੁਤੀ ਦੁਨੀਆ ਤਾਂ ਅਮਲੀ ਵੀ ਨੇ, ਕਿਸੇ ਦੇ ਕਹਿਣੇ 'ਚ ਨੀ ਜਾਪਦੇ। ਚੰਗਾ ਹੋਵੇ ਜੇ ਰੱਬ ਜੀ ਇਸ ਦੂਸ਼ਿਤ ਅਤੇ ਅਸੁਰੱਖਿਅਤ ਨਿਵਾਸ ਨੂੰ ਛੱਡ ਹੀ ਜਾਣ।

ਥੋਪੀਆਂ ਜੰਗਾਂ, ਹਮਲਾਵਰਾਂ ਅਤੇ ਜ਼ੁਲਮ ਦਾ ਮੁਕਾਬਲਾ ਕਰਨ ਵਾਲੇ ਲੋਕ 'ਦੇਸ਼-ਭਗਤ/ਸ਼ਹੀਦ' ਕਹਾਉਂਦੇ ਹਨ।

ਇਹਨਾਂ ਜੰਗਾਂ ਦੇ ਕਾਰਨਾਂ ਬਾਰੇ ਸਿਆਣੇ ਲੋਕਾਂ ਦਾ ਵਿਚਾਰ ਹੈ ਕਿ ਇਕ ਤਾਂ ਜਿਨ੍ਹਾਂ ਮੁਲਕਾਂ ਦਾ ਵਪਾਰ, ਕਾਰੋਬਾਰ ਹਥਿਆਰ ਬਣਾਉਣ-ਵੇਚਣ ਨਾਲ ਜੁੜਿਆ ਹੋਇਆ, ਉਹਨਾਂ ਨੇ ਕਦੀ ਵੀ ਦੁਨੀਆ 'ਤੇ ਅਮਨ-ਸ਼ਾਂਤੀ ਨਹੀਂ ਹੋਣ ਦੇਣੀ। ਜ਼ਿਆਦਾਤਰ ਜੰਗਾਂ ਵਪਾਰਕ/ਮਾਇਕ ਹਿੱਤਾਂ ਲਈ ਹੁੰਦੀਆਂ। ਤਕੜੇ ਲੁੱਟਣਾ, ਦਬਾਉਣਾ ਚਾਹੁੰਦੇ ਮਾੜਿਆਂ ਨੂੰ। ਜਿਨ੍ਹਾਂ ਵਪਾਰਕ ਘਰਾਣਿਆਂ ਦੇ ਹਿੱਤਾਂ ਲਈ ਜੰਗਾਂ ਹੁੰਦੀਆਂ, ਉਹ ਕਦੀ ਕਿਸੇ ਜੰਗ ਵਿਚ ਨਹੀਂ ਮਰਦੇ। ਹਮੇਸ਼ਾ ਕਮਾਈਆਂ ਕਰਦੇ ਤੇ ਸੁੱਖ ਲੈਂਦੇ। ਇਹੀ ਅਸਲੀ ਹਾਕਮ ਨੇ। ਲੀਡਰ ਇਹਨਾਂ ਦੇ ਮੋਹਰੇ, ਜੋ ਰਾਜ ਕਰਨ ਦੇ ਭੁਸ ਭਰਮ ਖਾਤਰ ਕਿਸੇ ਹੱਦ ਤੱਕ ਵੀ ਜਾ ਸਕਦੇ। ਕਈ ਵਾਰ ਲੀਡਰ ਚੋਣਾਂ ਜਿੱਤਣ ਲਈ ਜੰਗ ਲਾ ਦੇਣ ਦੀਆਂ ਬੜ੍ਹਕਾਂ ਵੀ ਮਾਰਦੇ ਆਪ ਭੋਰਿਆਂ ਵਿਚ ਵੜ ਕੇ। ਰੋਟੀ ਲਈ ਭਰਤੀ ਹੋਏ ਫੌਜੀਆਂ ਦੀਆਂ ਮਾਵਾਂ/ਵਹੁਟੀਆਂ ਸ਼ਾਂਤੀ ਲਈ ਅਰਦਾਸਾਂ ਕਰਦੀਆਂ ਕਿ ਰੱਬਾ ਲੀਡਰਾਂ ਨੂੰ ਸੁਮੱਤ ਬਖ਼ਸ਼ੀਂ।

ਸੁਮੱਤ ਦੇਣ ਵਾਲਾ ਕੋਈ ਵੀ ਦੇਸ਼ ਇਸ ਵਕਤ ਸਾਹਮਣੇ ਨਹੀਂ ਆ ਰਿਹਾ। ਯੂਰਪੀ ਮੁਲਕਾਂ ਨੇ 'ਸ਼ੈਤਾਨੀ ਚੁੱਪ' ਧਾਰੀ ਲਗਦੀ। ਉਹ ਅਮਰੀਕਾ ਦੀ ਕਾਰੋਬਾਰੀ ਜ਼ੋਰਾਵਰੀ ਤੋਂ ਔਖੇ ਵੀ ਹਨ, ਤੇ ਜਾਪਦਾ ਜਿਵੇਂ ਅੰਦਰੋਂ ਚਾਹ ਰਹੇ ਹੋਣ ਕਿ ਅਮਰੀਕਾ ਕਿਤੇ ਸਿੰਙ ਫਸਾ ਕੇ ਜ਼ਰਾ ਕੁ ਤੁੜਾ ਲਵੇ, ਤੇ ਸਾਵਾਂ ਜਿਹਾ ਹੋ ਜੇ ਸਾਡੇ ਨਾਲ।

ਵਰਣਨਯੋਗ ਹੈ ਕਿ ਰੂਸ, ਚੀਨ, ਉੱਤਰੀ ਕੋਰੀਆ, ਇਰਾਨ ਆਪਣੇ-ਆਪਣੇ ਸਥਾਨਕ ਵਿਵਾਦ ਵਿਚ ਹਨ, ਬਾਕੀ ਕਿਸੇ ਥਾਂ ਜਾ ਕੇ ਮੋਹਰੀ ਨਹੀਂ, ਲੇਕਿਨ ਅਮਰੀਕਾ ਦਾ ਕੋਈ ਵੀ ਸਥਾਨਕ ਵਿਵਾਦ ਨਹੀਂ, ਪਰ ਉਹ ਦੂਰ-ਪਾਰ ਜਾ ਕੇ ਸਭ ਦੂਜਿਆਂ ਦੇ ਝਗੜਿਆਂ ਵਿਚ ਮੋਹਰੀ ਹੈ। ਏਨੇ ਪਾਸੀਂ ਖਾਹਮਖਾਹ ਸਿੱਧਾ ਫਸਣਾ ਅਮਰੀਕੀਆਂ ਦੇ ਹਿੱਤ ਵਿਚ ਨਹੀਂ। ਇਹ ਆਪਣੇ ਆਮ ਨਾਗਰਿਕਾਂ ਲਈ ਦੁਨੀਆ ਭਰ ਵਿਚ ਅਸੁਰੱਖਿਅਤ ਮਹੌਲ ਪੈਦਾ ਕਰਨ ਵਾਲੀ ਗੱਲ ਹੈ, ਜਿਨ੍ਹਾਂ ਦਾ ਰਾਜਨੀਤੀ ਨਾਲ ਕੋਈ ਲੈਣਾ-ਦੇਣਾ ਨਹੀਂ ਹੁੰਦਾ। ਵੈਸੇ ਵੀ ਸਿਆਣੇ ਕਹਿੰਦੇ ਕਿ 'ਅੱਤ ਤੇ ਖੁਦਾ ਦਾ ਵੈਰ' ਹੁੰਦਾ।

ਯੂ.ਐਨ.ਓ ਤਾਂ ਜ਼ੋਰਾਵਰ ਮੁਲਕਾਂ ਸਾਹਮਣੇ ਅਸਲੋਂ ਬੇਵੱਸ ਹੋ ਗਈ ਲਗਦੀ, ਜਿਹੜਾ ਮਤਾ ਪਾਸ ਕਰਦੀ, ਤਕੜੇ ਮੁਲਕ ਮੰਨਦੇ ਈ ਨਹੀਂ, ਤੇ ਬਸ ਫਿਰ ਚੁੱਪ। ਜ਼ਰਾ ਸਮਰੱਥ ਮੁਲਕਾਂ ਵਿੱਚੋਂ ਸਿਰਫ ਭਾਰਤ ਹੈ, ਜੋ ਵਿਚੋਲਾ ਬਣ ਸਕਦਾ, ਹੋਰਨਾਂ ਨੂੰ ਨਾਲ ਲੈ ਸਕਦਾ। ਇਸ ਦਾ 1947 ਤੋਂ ਹੀ ਹੋਰਨਾਂ ਮੁਲਕਾਂ ਨਾਲ ਭਾਈਚਾਰਾ ਚੰਗਾ, ਪਰ ਸਾਡੀ ਮੌਜੂਦਾ ਲੀਡਰਸ਼ਿਪ ਦੇ ਭਾਈਚਾਰਕ ਪਿਆਰ ਪੱਖੋਂ ਵਿਚਾਰ, ਤੇਵਰ, ਕਾਰਗੁਜ਼ਾਰੀ ਸਮੇਂ ਦੇ ਹਾਣ ਦੀ ਨਹੀਂ ਲਗਦੀ। ਵਰਨਾ ਭਾਰਤ ਲਈ ਵਕਾਰ ਬਣਾਉਣ ਦਾ ਇਹ ਸਹੀ ਮੌਕਾ ਸੀ। ਸਾਡੀਆਂ ਆਪੋਜ਼ੀਸ਼ਨ ਪਾਰਟੀਆਂ ਸਮਝਦੀਆਂ ਕਿ ਅੰਤਰਰਾਸ਼ਟਰੀ ਮੁੱਦੇ 'ਤੇ ਬੋਲਣਾ ਖੌਰੇ ਸਿਰਫ ਸਰਕਾਰ ਦਾ ਹੀ ਕੰਮ ਹੁੰਦਾ, ਜਦਕਿ ਇਹ ਦੁਨੀਆ ਦੇ ਹਰ ਬੰਦੇ ਦੀ ਜ਼ਿੰਮੇਵਾਰੀ ਅਤੇ ਹੱਕ ਹੈ। ਸੰਸਾਰ ਅਮਨ ਲਹਿਰ ਵਕਤ ਦੀ ਲੋੜ ਹੈ।

**# ਸੰਪਰਕ : 94173-24543**

# ਕੀ ਧਰਤੀ 'ਤੇ ਪਾਣੀ ਸੱਚੀਂ ਹੀ ਘੱਟ ਹੈ ?


ਸੁਰਿੰਦਰ ਸ਼ਰਮਾ ਨਾਗਰਾ

ਪਿਛਲੇ ਕੁਝ ਦਿਨਾਂ ਤੋਂ ਪੈ ਰਹੀ ਸਖ਼ਤ ਗਰਮੀ ਨੇ ਇੱਕ ਵਾਰ ਸਾਰਿਆਂ ਦਾ ਧਿਆਨ ਪਾਣੀ ਦੇ ਸੰਕਟ ਵੱਲ ਕਰ ਦਿੱਤਾ ਹੈ ਅਤੇ ਸਭ ਨੂੰ ਚਿੰਤਾ ਵਿੱਚ ਪਾ ਦਿੱਤਾ ਹੈ ਕਿ ਆਉਣ ਵਾਲੇ ਵਕਤ ਵਿੱਚ ਇਸ ਪਾਣੀ ਦੇ ਸੰਕਟ ਨੂੰ ਕਿਵੇਂ ਨਜਿੱਠਿਆ ਜਾਵੇ।

ਆਪਾਂ ਆਮ ਕਰਕੇ ਪੜ੍ਹਦੇ ਹਾਂ ਕਿ ਧਰਤੀ ਉੱਪਰ 71% ਪਾਣੀ ਹੈ, ਫਿਰ ਪਾਣੀ ਘੱਟ ਕਿਵੇਂ ਹੈ, ਜੀ ਹਾਂ ! ਇਸ 71% ਪਾਣੀ ਵਿੱਚੋਂ ਸਿਰਫ 3% ਪਾਣੀ ਹੀ ਪੀਣਯੋਗ ਹੈ, ਪਰ ਉਸ ਵਿੱਚੋਂ ਵੀ ਸਿਰਫ 1% ਹੈ ਜਿਸ ਨੂੰ ਆਪਾਂ ਆਸਾਨੀ ਨਾਲ ਪੀ ਸਕਦੇ ਹਾਂ। ਬਾਕੀ 2% ਗਲੇਸ਼ੀਅਰਾਂ ਅਤੇ ਬਰਫ ਦੀਆਂ ਪਰਤਾਂ ਦੇ ਰੂਪ ਵਿੱਚ, ਜਿਸ ਨੂੰ ਕਿ ਅਸੀਂ ਆਸਾਨੀ ਨਾਲ ਪੀਣਯੋਗ ਨਹੀਂ ਬਣਾ ਸਕਦੇ, ਇਸੇ ਕਰਕੇ ਸਾਰੀ ਦੁਨੀਆ ਦੀ ਆਬਾਦੀ ਕੋਲ ਉਹੀ 1% ਪਾਣੀ ਪੀਣਯੋਗ ਹੈ, ਜੋ ਕਿ ਵਧਦੀ ਆਬਾਦੀ ਦੇ ਨਾਲ, ਪਰ ਵਿਅਕਤੀ ਲਈ ਉਸ ਦੀ ਮਿਕਦਾਰ ਲਗਾਤਾਰ ਘਟਦੀ ਜਾ ਰਹੀ ਹੈ। ਇਸੇ ਕਰਕੇ ਪਾਣੀ ਦਾ ਸੰਕਟ ਅੱਜ ਦੀ ਤਰੀਕ ਵਿੱਚ ਇੱਕ ਮੁੱਖ ਵਿਸ਼ਾ ਬਣ ਚੁੱਕਾ ਹੈ। ਇੰਜ ਨਹੀਂ ਹੈ ਕਿ ਪਾਣੀ ਵਰਤੋਂ ਨਾਲ ਘਟ ਰਿਹਾ ਹੈ, ਪਰ ਇਹ ਪਾਣੀ ਦੁਰਵਰਤੋਂ ਨਾਲ ਘਟ ਰਿਹਾ ਹੈ। ਦੁਰਵਰਤੋਂ ਕਿਸ ਤਰ੍ਹਾਂ ਜਿਵੇਂ ਪੀਣ ਵਾਲੇ ਪਾਣੀ ਨਾਲ ਹੀ ਕਾਰਾਂ ਧੋਣੀਆਂ, ਪੀਣ ਵਾਲੇ ਪਾਣੀ ਨਾਲ ਹੀ ਕੱਪੜੇ ਧੋਣੇ, ਕਿਸਾਨਾਂ ਵੱਲੋਂ ਬਿਨਾਂ ਵਜ੍ਹਾ ਮੋਟਰਾਂ ਚਲਾ ਕੇ ਖੇਤ ਭਰਨਾ। ਜੇਕਰ ਉਨ੍ਹਾਂ ਨੂੰ ਪੁੱਛਣਾ ਕਿ ਇਹ ਪਾਣੀ ਬਿਨਾਂ ਮਤਲਬ ਖੇਤਾਂ 'ਚ ਵਹਿ ਰਿਹਾ ਹੈ, ਜਦੋਂਕਿ ਝੋਨਾ ਲਾਉਣ ਦਾ ਅਜੇ ਬਹੁਤ ਸਮਾਂ ਪਿਆ ਹੈ, ਤਾਂ ਉਨ੍ਹਾਂ ਜੁਆਬ ਦੇਣਾ ਕਿ ਧਰਤੀ ਠੰਢੀ ਕਰਦੇ ਹਾਂ। ਇਸੇ ਤਰ੍ਹਾਂ ਸ਼ਰਾਬ ਬਣਾਉਣ ਵਾਲੀਆਂ ਫੈਕਟਰੀਆਂ, ਕੋਲਡ ਡਰਿੰਕ ਬਣਾਉਣ ਵਾਲੀਆਂ ਫੈਕਟਰੀਆਂ ਬਹੁਤ ਪਾਣੀ ਬਰਬਾਦ ਕਰਦੀਆਂ ਹਨ। ਇਨ੍ਹਾਂ ਉਪਰ ਵੀ ਬੰਦਿਸ਼ ਲਗਾਉਣੀ ਚਾਹੀਦੀ ਹੈ।

ਪਬਲਿਕ ਸਥਾਨਾਂ 'ਤੇ ਲੋਕਾਂ ਦੀ ਸੁਵਿਧਾ ਲਈ ਲਾਏ ਪਾਣੀ ਦੇ ਆਊਟਲੈਟ ਅਕਸਰ ਚਲਦੇ ਰਹਿੰਦੇ ਹਨ। ਉਹਨਾਂ ਉਪਰ ਵੀ ਸਥਾਨਕ ਸਰਕਾਰਾਂ (ਨਗਰ ਪਾਲਿਕਾਵਾਂ) ਨੂੰ ਨਿਯੰਤਰਣ ਕਰਨਾ ਚਾਹੀਦਾ ਹੈ।

ਸੋ ਇਸ ਸੰਕਟ ਤੋਂ ਬਚਣ ਲਈ ਪਾਣੀ ਦੀ ਦੁਰਵਰਤੋਂ ਘਟਾ ਕੇ ਉਸ ਦੀ ਸਹੀ ਵਰਤੋਂ ਤਾਂ ਵਧਾਉਣੀ ਪਵੇਗੀ ਹੀ, ਸਗੋਂ ਗੰਦੇ ਪਾਣੀ ਨੂੰ ਗੀਸਾਈਕਲ ਕਰਕੇ ਫਿਲਟਰ ਕਰਕੇ ਉਸ ਦੀ ਵਰਤੋਂ ਵੀ ਆਮ ਜ਼ਿੰਦਗੀ ਵਿੱਚ ਵਧਾਉਣੀ ਪਵੇਗੀ।

ਹੇਠ ਦਿੱਤੇ ਨੁਕਤਿਆਂ ਨੂੰ ਵਰਤ ਕੇ ਆਪਾਂ ਇਸ ਪਾਣੀ ਦੇ ਸੰਕਟ ਨੂੰ ਬਹੁਤ ਹੱਦ ਤੱਕ ਨਜਿੱਠ ਸਕਦੇ ਹਾਂ।

ਜਿਵੇਂ ਕਿ ਸਭ ਨੂੰ ਪਤਾ ਹੈ ਸੰਜਮ ਨਾਲ ਹੀ ਪਾਣੀ ਵਰਤਿਆ ਜਾਵੇ। ਜਿੰਨਾ ਵੀ ਹੋ ਸਕੇ, ਪੀਣ ਵਾਲੇ ਅਤੇ ਨਹਾਉਣ ਵਾਲੇ ਪਾਣੀ ਤੋਂ ਇਲਾਵਾ ਬਾਕੀ ਕਿਸੇ ਵੀ ਤਰ੍ਹਾਂ ਦੀ ਪਾਣੀ ਦੀ ਵਰਤੋਂ ਲਈ ਜੋ ਪਾਣੀ ਵਰਤਿਆ ਜਾ ਰਿਹਾ ਹੈ, ਉਹ ਗੀਸਾਈਕਲਡ ਪਾਣੀ ਹੀ ਹੋਵੇ ਜਿਵੇਂ ਬਾਗ਼-ਬਗੀਚੇ ਵਿੱਚ ਬੂਟਿਆਂ ਨੂੰ ਪਾਣੀ ਦੇਣਾ, ਸ਼ਹਿਰਾਂ, ਕਸਬਿਆਂ ਵਿੱਚ ਬਣੇ ਵਾਸ਼ਿੰਗ ਸੈਂਟਰਾਂ ਉਪਰ ਇਸ ਪਾਣੀ ਦੀ ਵਰਤੋਂ ਲਾਜ਼ਮੀ ਕਰਨਾ ਤੇ ਘਰਾਂ ਵਿੱਚ ਫਰਸ਼ਾਂ, ਵਿਹੜਿਆਂ ਦੀ ਧੁਆਈ ਇਸ ਪਾਣੀ ਨਾਲ ਕਰਨਾ।

ਮੀਂਹਾਂ ਦੇ ਵਿੱਚ ਪਾਣੀ ਨੂੰ ਸਟੋਰ ਕਰਨ ਦੀ ਹਰੇਕ ਖੇਤਰ ਵਿੱਚ ਸੁਵਿਧਾ ਹੋਣੀ ਚਾਹੀਦੀ ਹੈ।

ਵੱਧ ਤੋਂ ਵੱਧ ਦਰੱਖਤ ਲਾਉਣ ਦੀ ਕਵਾਇਦ ਸ਼ੁਰੂ ਕਰਨੀ ਚਾਹੀਦੀ ਹੈ।

ਹੜ੍ਹਾਂ ਦੌਰਾਨ ਨਦੀਆਂ, ਦਰਿਆਵਾਂ ਤੇ ਨਾਲਿਆਂ ਦੇ ਕਿਨਾਰਿਆਂ 'ਤੇ ਚੈੱਕ ਡੈਮ ਬਣਾਉਣੇ ਚਾਹੀਦੇ ਹਨ ਤਾਂ ਕਿ ਪਾਣੀ ਨੂੰ ਕਿਸੇ ਹੱਦ ਤੱਕ ਜਮ੍ਹਾਂ ਕੀਤਾ ਜਾ ਸਕੇ ਤੇ ਬਾਅਦ ਵਿੱਚ ਜ਼ਰੂਰਤ ਸਮੇਂ ਉਹ ਪਾਣੀ ਵਰਤਿਆ ਜਾ ਸਕੇ।

ਖੇਤੀਬਾੜੀ ਅਤੇ ਇੰਡਸਟਰੀ ਦੇ ਖੇਤਰ ਵਿੱਚ ਪਾਣੀ ਦੀ ਘੱਟ ਤੋਂ ਘੱਟ ਵਰਤੋਂ ਕਰਕੇ ਵੱਧ ਤੋਂ ਵੱਧ ਫਾਇਦੇ ਲੈਣ ਵਾਸਤੇ ਨਵੀਆਂ ਤਕਨੀਕਾਂ ਦੀ ਵਰਤੋਂ ਕੀਤੀ ਜਾਣੀ ਚਾਹੀਦੀ ਹੈ, ਕਿਉਂਕਿ ਝੋਨਾ ਪੈਦਾ ਕਰਨ ਲਈ ਬਹੁਤ ਜ਼ਿਆਦਾ ਪਾਣੀ ਵਰਤੋਂ 'ਚ ਆਉਂਦਾ ਹੈ। ਇਸ ਲਈ ਜ਼ਮੀਨ ਦੀ ਮਾਲਕੀ ਦੇ ਹਿਸਾਬ ਨਾਲ ਝੋਨੇ ਦੀ ਬਿਜਾਈ ਲਈ ਸੀਮਾ ਨਿਰਧਾਰਤ ਕਰਨੀ ਚਾਹੀਦੀ ਹੈ। ਬਾਕੀ ਜ਼ਮੀਨ ਵਿੱਚ ਪਰੰਪਰਾਗਤ ਫ਼ਸਲਾਂ ਬੀਜਣ ਦੀ ਕਿਸਾਨਾਂ ਨੂੰ ਆਦਤ ਪਾਉਣੀ ਚਾਹੀਦੀ ਹੈ। ਇਹ ਕੰਮ ਸਰਕਾਰ ਬਾਖ਼ੂਬੀ ਨਿਭਾਅ ਸਕਦੀ ਹੈ।

ਪੀਣ ਵਾਲਾ ਪਾਣੀ ਹਰ ਇੱਕ ਨੂੰ ਮੁਹੱਈਆ ਕਰਾਉਣਾ ਚਾਹੀਦਾ ਹੈ, ਪਰ ਇੱਕ ਸੀਮਤ ਮਾਤਰਾ ਵਿੱਚ, ਜੇ ਉਸ ਤੋਂ ਵੱਧ ਮਾਤਰਾ ਵਿੱਚ ਕੋਈ ਪੀਣ ਵਾਲਾ ਪਾਣੀ ਵਰਤੋ ਕਰਨਾ ਚਾਹੁੰਦਾ ਹੈ ਤਾਂ ਉਸ ਨੂੰ ਟੈਕਸ ਪੈਣਾ ਚਾਹੀਦਾ ਹੈ। ਇੱਕ ਸੀਮਤ ਮਾਤਰਾ ਤੋਂ ਵੱਧ ਪਾਣੀ ਵਰਤਣ ਵਾਲ਼ਿਆਂ ਤੋਂ ਪਾਣੀ ਦੀ ਕੀਮਤ ਵਸੂਲੀ ਜਾਣੀ ਚਾਹੀਦੀ ਹੈ, ਇਸ ਲਈ ਘਰ-ਘਰ ਮੀਟਰ ਲਗਾਉਣੇ ਚਾਹੀਦੇ ਹਨ।

ਦੇਖਣ ਵਿੱਚ ਆਇਆ ਹੈ ਕਿ ਸ਼ਹਿਰਾਂ ਵਿੱਚ, ਕਸਬਿਆਂ ਵਿੱਚ ਤੇ ਪਿੰਡਾਂ ਵਿੱਚ ਲੋਕਾਂ ਨੇ ਘਰਾਂ ਵਿੱਚ ਸਬਮਰਸੀਬਲ ਪੰਪ ਲਗਵਾਏ ਹੋਏ ਹਨ। ਸਰਕਾਰ ਨੇ ਬਿਜਲੀ ਮੁਫ਼ਤ ਦੇ ਰੱਖੀ ਹੈ, ਇਸ ਕਰਕੇ ਲੋਕ ਲੋੜ ਤੋਂ ਵੱਧ ਧਰਤੀ ਦਾ ਪਾਣੀ ਕੱਢਦੇ ਹਨ। ਖੇਤਾਂ ਵਿੱਚ ਜਿੱਥੇ ਇੱਕ ਬੋਰ ਦੀ ਜ਼ਰੂਰਤ ਹੈ, ਉੱਥੇ ਦੋ-ਦੋ ਬੋਰ ਕਰਾ ਰੱਖੇ ਹਨ। ਬਿਨਾਂ ਜ਼ਰੂਰਤ ਤੋਂ ਮੋਟਰਾਂ ਚੱਲਦੀਆਂ ਰਹਿੰਦੀਆਂ ਹਨ, ਕਿਉਂਕਿ ਖੇਤੀ ਲਈ ਵੀ ਬਿਜਲੀ ਮੁਫ਼ਤ ਹੈ। ਸਰਕਾਰ ਨੂੰ ਇਹਦੇ ਵੱਲ ਧਿਆਨ ਦੇਣਾ ਚਾਹੀਦਾ ਹੈ। ਸਰਕਾਰ ਕਾਨੂੰਨ ਬਣਾ ਕੇ ਸਖਤੀ ਨਾਲ ਲੋੜ ਤੋਂ ਵੱਧ ਸਬਮਰਸੀਬਲ ਜਾਂ ਖੇਤੀ ਮੋਟਰਾਂ ਉਪਰ ਨਿਯੰਤਰਣ ਕੀਤਾ ਜਾਵੇ, ਤਾਂ ਹੀ ਪੰਜਾਬ ਬੰਜਰ ਹੋਣ ਤੋਂ ਬਚੇਗਾ ਤੇ ਲੋਕਾਂ ਨੂੰ ਪੀਣ ਲਈ ਲੋੜੀਂਦਾ ਪਾਣੀ ਮਿਲਦਾ ਰਹੇਗਾ।

**# ਸੰਪਰਕ : 98786-46595**

ਅਜ਼ਾਦੀ ਸੰਗਰਾਮ ਦਾ ਦਲੇਰ ਪ੍ਰਵਾਨਾ

# ਸ਼ਹੀਦ ਮਦਨ ਲਾਲ ਢੀਂਗਰਾ

ਪਿਰਥੀਪਾਲ ਸਿੰਘ ਮਾੜੀਮੇਘਾ

ਇੰਗਲੈਂਡ ਦੀ ਧਰਤੀ 'ਤੇ ਪਹਿਲੇ ਪੰਜਾਬੀ ਸ਼ਹੀਦ ਮਦਨ ਲਾਲ ਢੀਂਗਰਾ ਦਾ ਜਨਮ 18 ਫਰਵਰੀ 1883 ਨੂੰ ਗੁਰੂ ਸਾਹਿਬਾਨ ਦੀ ਧਰਤੀ ਅੰਮ੍ਰਿਤਸਰ ਵਿਖੇ ਹੋਇਆ। ਆਪ ਨੇ ਬੀ ਏ ਦੀ ਪੜ੍ਹਾਈ ਅੰਮ੍ਰਿਤਸਰ ਤੇ ਲਾਹੌਰ ਦੀਆਂ ਵਿੱਦਿਅਕ ਸੰਸਥਾਵਾਂ ਤੋਂ ਪ੍ਰਾਪਤ ਕੀਤੀ। ਪੜ੍ਹਾਈ ਦੌਰਾਨ ਹੀ ਆਪ ਨੇ 'ਬੰਗਾਲ ਦੀ ਵੰਡ' ਤੇ 'ਪੰਜਾਬ ਕਾਲੋਨਾਈਜੇਸ਼ਨ' ਵਰਗੇ ਘਾਤਕ ਕਾਨੂੰਨਾਂ ਦੇ ਵਿਰੋਧ ਵਿੱਚ ਚੱਲੇ ਜਨ ਅੰਦੋਲਨਾਂ ਵਿੱਚ ਹਿੱਸਾ ਲਿਆ। ਉਨ੍ਹਾਂ ਦੇ ਬਾਪ ਸਾਹਿਬ ਦਿੱਤਾ ਮੱਲ ਅੰਗਰੇਜ਼ੀ ਰਾਜ ਸਮੇਂ ਸਿਵਲ ਸਰਜਨ ਦੀ ਉਪਾਧੀ 'ਤੇ ਸਨ। ਉਨ੍ਹਾਂ ਨੇ ਮਦਨ ਲਾਲ ਨੂੰ ਰਾਜਨੀਤਕ ਅੰਦੋਲਨ ਵਿੱਚ ਹਿੱਸਾ ਲੈਣ ਤੋਂ ਵਰਜਿਆ। ਪਿਉ-ਪੁੱਤ ਵਿੱਚ ਰਾਜਨੀਤਕ ਮੱਤਭੇਦ ਹੋਣ ਕਰਕੇ ਪਾੜਾ ਜ਼ਿਆਦਾ ਵਧ ਗਿਆ ਕਿ ਪਿਉ ਨੇ ਉਸ ਨੂੰ ਘਰ ਤੋਂ ਬੇਦਖਲ ਕਰ ਦਿੱਤਾ। ਇਸ ਹਾਲਤ ਵਿੱਚ ਮਦਨ ਲਾਲ ਨੇ ਕਾਰਖਾਨੇ ਵਿੱਚ ਨੌਕਰੀ ਕਰ ਲਈ। ਉਸ ਨੇ ਕਾਰਖਾਨੇ ਵਿੱਚ ਮਜ਼ਦੂਰ ਯੂਨੀਅਨ ਬਣਾਉਣ ਦੀ ਕੋਸ਼ਿਸ਼ ਕੀਤੀ ਤੇ ਮਾਲਕਾਂ ਨੇ ਉਸ ਨੂੰ ਨੌਕਰੀ ਤੋਂ ਹਟਾ ਦਿੱਤਾ। ਫਿਰ ਮਦਨ ਲਾਲ ਨੇ ਰਿਕਸ਼ਾ ਚਲਾ ਕੇ ਜੀਵਨ ਅੱਗੇ ਤੋਰਿਆ ਅਤੇ ਕਸ਼ਮੀਰ, ਸ਼ਿਮਲਾ, ਮੁੰਬਈ ਆਦਿ ਥਾਵਾਂ 'ਤੇ ਨੌਕਰੀ ਕੀਤੀ।




ਆਪ ਨੇ ਜੁਲਾਈ 1906 ਵਿੱਚ ਮਕੈਨੀਕਲ ਇੰਜੀਨੀਅਰ ਦੀ ਡਿਗਰੀ ਲੈਣ ਲਈ ਯੂਨੀਵਰਸਿਟੀ ਕਾਲਜ ਆਫ ਲੰਡਨ ਵਿੱਚ ਦਾਖਲਾ ਲੈ ਲਿਆ। ਲੰਡਨ ਵਿੱਚ 'ਇੰਡੀਆ ਹਾਊਸ' ਹਿੰਦ ਦੀ ਆਜ਼ਾਦੀ ਦੇ ਚਾਹਵਾਨਾਂ ਦਾ ਇੱਕ ਰਾਜਨੀਤਕ ਕੇਂਦਰ ਸੀ। ਇਸ ਕੇਂਦਰ ਦੇ ਪ੍ਰਬੰਧਕ ਹਿੰਦ ਦੇ ਵਿਦਿਆਰਥੀਆਂ ਨੂੰ ਪੜ੍ਹਨ ਲਈ ਲੰਡਨ ਸੱਦਦੇ ਅਤੇ ਪੜ੍ਹਾਈ ਦੇ ਨਾਲ-ਨਾਲ ਹਿੰਦੁਸਤਾਨ ਦੀ ਆਜ਼ਾਦੀ ਦੇ ਸੰਗਰਾਮ ਵਿੱਚ ਹਿੱਸਾ ਲੈਣ ਲਈ ਤਿਆਰ ਕਰਦੇ ਸਨ। ਮਦਨ ਲਾਲ ਵੀ ਇੰਡੀਆ ਹਾਊਸ ਨਾਲ ਜੁੜ ਗਿਆ। ਹਾਊਸ ਵੱਲੋਂ 'ਇੰਡੀਅਨ ਸੋਸ਼ਿਆਲੋਜਿਸਟ' ਨਾਮ ਦੀ ਅਖਬਾਰ ਛਪਦੀ ਸੀ ਜੋ ਅੰਗਰੇਜ਼ਾਂ ਦੀ ਜ਼ਾਲਮਾਨਾ ਨੀਤੀ ਦੇ ਪਾਜ਼ ਉਘੇੜਦੀ ਸੀ। ਅਖਬਾਰ ਵਿੱਚ ਕਾਂਗਰਸ ਪਾਰਟੀ ਦੀ ਉਦਾਰਵਾਦੀ ਪਹੁੰਚ ਬਾਰੇ ਵੀ ਲਿਖਿਆ ਜਾਂਦਾ ਸੀ। ਮਦਨ ਲਾਲ ਅਖਬਾਰ ਤੋਂ ਬਹੁਤ ਪ੍ਰਭਾਵਿਤ ਹੋਇਆ ਤੇ ਦੇਸ਼ ਦੇ ਆਜ਼ਾਦੀ ਸੰਗਰਾਮ ਵਿੱਚ ਕੁੱਦ ਪਿਆ।

ਇੰਡੀਆ ਹਾਊਸ ਵਿੱਚ ਰੂਸੀ ਕ੍ਰਾਂਤੀ, 1857 ਦਾ ਗ਼ਦਰ, ਗੁਰੂ ਗੋਬਿੰਦ ਸਿੰਘ ਜੀ ਦੇ ਗੁਰਪੁਰਬ ਅਤੇ ਹੋਰ ਮਹੱਤਵਪੂਰਨ ਦਿਹਾੜਿਆਂ 'ਤੇ ਰਾਜਨੀਤਕ ਵਿਚਾਰਾਂ ਹੁੰਦੀਆਂ ਤੇ ਮਦਨ ਲਾਲ ਦਿਲਚਸਪੀ ਨਾਲ ਜਾਂਦਾ ਤੇ ਵਿਚਾਰ-ਚਰਚਾ ਵਿੱਚ ਵੀ ਹਿੱਸਾ ਲੈਂਦਾ।

ਮਦਨ ਲਾਲ ਪੜ੍ਹਾਈ ਵਿੱਚ ਹੁਸ਼ਿਆਰ ਤੇ ਅਗਾਂਹਵਧੂ ਖਿਆਲਾਂ ਵਾਲਾ ਸੀ। ਵਿਨਾਇਕ ਦਮੋਦਰ ਸਾਵਰਕਰ ਦੀ ਸ਼ਖ਼ਸੀਅਤ ਤੋਂ ਭਾਵੇਂ ਉਹ ਪ੍ਰਭਾਵਿਤ ਸੀ ਪਰ ਉਸ ਦੀ ਮੁਸਲਿਮ ਵਿਰੋਧੀ ਸੋਚ ਨਾਲ ਉਸ ਦੇ ਮੱਤਭੇਦ ਸਨ। ਮਦਨ ਲਾਲ ਦੀ ਸੋਚ ਇਹ ਸੀ ਕਿ ਅੰਗਰੇਜ਼ ਸਭ ਧਰਮਾਂ ਦੇ ਮਨੁੱਖਾਂ ਦੀ ਕਿਰਤ ਨੂੰ ਬੜੀ ਬੇਰਹਿਮੀ ਨਾਲ ਲੁੱਟਦੇ ਹਨ ਤੇ ਜਿਹੜਾ ਵੀ ਲੁੱਟ ਦਾ ਵਿਰੋਧ ਕਰਦਾ, ਉਸ 'ਤੇ ਉਹ ਤਸ਼ੱਦਦ ਕਰਦੇ ਹਨ। ਇਸ ਲਈ ਜੇ ਸਾਰੇ ਫਿਰਕੇ ਰਲ ਕੇ ਲੜਨਗੇ ਤਾਂ ਹੀ ਹਿੰਦ ਨੂੰ ਮੁਕਤੀ ਮਿਲੇਗੀ।

ਅੰਗਰੇਜ਼ ਲੰਡਨ ਵਿੱਚ ਹਿੰਦ ਦੇ 1857 ਦੇ ਗ਼ਦਰ ਨੂੰ ਕੁਚਲਣ ਦੀ ਜਿੱਤ ਦੇ ਜਸ਼ਨ ਮਨਾਉਂਦੇ ਸਨ। ਇੰਡੀਆ ਹਾਊਸ ਦੇ ਦੇਸ਼ ਭਗਤਾਂ ਨੇ ਅੰਗਰੇਜ਼ਾਂ ਦੀ ਇਸ ਨੀਤੀ ਵਿਰੁੱਧ 10 ਮਈ 1907 ਨੂੰ 1857 ਦੇ ਗ਼ਦਰ ਦੇ ਨਾਇਕਾਂ ਦੀ ਲੰਡਨ ਵਿੱਚ ਸਿਲਵਰ ਜੁਬਲੀ ਮਨਾਈ ਅਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ। ਹਿੰਦੀ ਦੇਸ਼ ਭਗਤ ਵਿਦਿਆਰਥੀਆਂ ਨੇ 10 ਮਈ ਵਾਲੇ ਦਿਨ ਇੰਗਲੈਂਡ ਦੇ ਲੋਕਾਂ ਨੂੰ ਵਿਖਾਉਣ ਵਾਸਤੇ ਆਪਣੇ ਕੱਪੜਿਆਂ 'ਤੇ ਵਿਸ਼ੇਸ਼ ਕਿਸਮ ਦੇ ਬੈਜ ਲਾਏ ਸਨ। ਯੂਨੀਵਰਸਿਟੀ ਵਿੱਚ ਇੱਕ ਅੰਗਰੇਜ਼ ਵਿਦਿਆਰਥੀ ਨੇ ਮਦਨ ਲਾਲ ਦੇ ਬੈਜ 'ਤੇ ਹੱਥ ਲਾ ਕੇ ਉਸ ਨੂੰ ਭੱਦਾ ਮਜ਼ਾਕ ਕਰ ਦਿੱਤਾ ਤੇ ਮਦਨ ਲਾਲ ਨੇ ਉਸ ਵਿਦਿਆਰਥੀ ਨੂੰ ਏਨਾ ਜ਼ਿਆਦਾ ਕੁੱਟਿਆ ਕਿ ਜਦੋਂ ਉਸ ਨੇ ਮਾਫ਼ੀ ਮੰਗੀ, ਫਿਰ ਛੱਡਿਆ।

ਮਦਨ ਲਾਲ ਨੇ ਆਜ਼ਾਦੀ ਦਾ ਸੰਘਰਸ਼ ਤੇਜ਼ ਕਰਨ ਵਾਸਤੇ ਵੱਖਰਾ ਇਨਕਲਾਬੀ ਗਰੁੱਪ ਬਣਾ ਲਿਆ ਅਤੇ ਇੰਡੀਆ ਹਾਊਸ ਤੋਂ ਵੱਖ ਹੋ ਕੇ 'ਲੈਂਡ ਬਰੀ ਰੋਡ' 'ਤੇ ਰਹਿਣ ਲੱਗ ਪਿਆ। ਇਸ ਗਰੁੱਪ ਦਾ ਪ੍ਰੋਗਰਾਮ ਸੀ ਸਰਕਾਰੀ ਟਾਊਟਾਂ ਤੇ ਸ਼ਾਹੀ ਦਰਜੇ ਦੇ ਅੰਗਰੇਜ਼ ਅਧਿਕਾਰੀਆਂ ਨੂੰ ਮਾਰਨਾ, ਅੰਗਰੇਜ਼ਾਂ ਦੇ ਵਿਰੋਧੀਆਂ ਨੂੰ ਮਿੱਤਰ ਬਣਾਉਣਾ, ਹਥਿਆਰ, ਗੋਲੀ-ਸਿੱਕਾ ਲੈਣਾ ਤੇ ਬੰਬ ਬਣਾਉਣੇ, ਇਨਕਲਾਬੀ ਕਾਰਜ ਲਈ ਨੌਜਵਾਨਾਂ ਅਤੇ ਔਰਤਾਂ ਨੂੰ ਆਪਣੇ ਗਰੁੱਪ ਨਾਲ ਜੋੜਨਾ।

ਮਦਨ ਲਾਲ ਉੱਚਪਾਏ ਦਾ ਨਿਸ਼ਾਨਚੀ ਬਣ ਗਿਆ। ਉਹਦੇ ਮਨ ਵਿੱਚ ਸੀ ਕਿ ਲੰਡਨ ਵਿੱਚ ਕਿਸੇ ਵੱਡੇ ਅੰਗਰੇਜ਼ ਅਫ਼ਸਰ ਨੂੰ ਮਾਰ ਕੇ ਜ਼ਬਰਦਸਤ ਧਮਾਕਾ ਕੀਤਾ ਜਾਵੇ। ਓਧਰ ਲੰਡਨ ਦੀਆਂ ਅਖ਼ਬਾਰਾਂ ਨੇ 'ਅਲੀਪੁਰ ਬੰਬ ਸਾਜ਼ਿਸ਼ ਕੇਸ' ਵਿੱਚ 4 ਦੇਸ਼ ਭਗਤਾਂ ਨੂੰ ਫਾਂਸੀ ਦੇਣ ਅਤੇ 'ਮੁਜ਼ੱਫਰਪੁਰ ਬੰਬ ਧਮਾਕੇ' ਵਿੱਚ ਦਰਜਨਾਂ ਦੇਸ਼ ਭਗਤਾਂ ਨੂੰ ਸਖ਼ਤ ਸਜ਼ਾਵਾਂ ਦੇਣ ਦੀਆਂ ਖਬਰਾਂ ਨੂੰ ਬਹੁਤ ਹੀ ਉਛਾਲ ਕੇ ਪੇਸ਼ ਕੀਤਾ। ਅੰਗਰੇਜ਼ ਹਾਕਮਾਂ ਦੀ ਇਸ ਕਾਇਰਾਨਾ ਨੀਤੀ ਨੂੰ ਵੇਖ ਕੇ ਮਦਨ ਲਾਲ ਦੀਆਂ ਅੱਖਾਂ ਵਿੱਚ ਖੂਨ ਦੌੜਨ ਲੱਗ ਪਿਆ ਤੇ ਉਸ ਨੇ ਪੱਕਾ ਧਾਰ ਲਿਆ ਕਿ ਜ਼ਰੂਰ ਹੀ ਧਮਾਕਾ ਕੀਤਾ ਜਾਵੇਗਾ।

ਅੰਗਰੇਜ਼ਾਂ ਦੇ ਵਫ਼ਾਦਾਰ ਹਿੰਦੁਸਤਾਨੀਆਂ ਦੀ ਜਥੇਬੰਦੀ 'ਇੰਡੀਅਨ ਨੈਸ਼ਨਲ ਐਸੋਸੀਏਸ਼ਨ' ਵੱਲੋਂ 1 ਜੁਲਾਈ 1909 ਨੂੰ ਲੰਡਨ ਦੇ ਇੰਪੀਰੀਅਲ ਇੰਸਟੀਚਿਊਟ ਦੇ ਜਹਾਂਗੀਰ ਹਾਊਸ ਵਿੱਚ ਇਕੱਠ ਸੱਦਿਆ ਗਿਆ। ਪ੍ਰੋਗਰਾਮ ਦੇ ਮੁੱਖ ਮਹਿਮਾਨ ਸੈਕਰਟਰੀ ਆਫ ਸਟੇਟ ਫਾਰ ਇੰਡੀਆ ਦੇ ਪੁਲੀਟੀਕਲ ਏ ਡੀ ਸੀ 'ਸਰ ਵਿਲੀਅਮ ਕਰਜ਼ਨ ਵਿਲੀ' ਸਨ। ਮਦਨ ਲਾਲ ਪ੍ਰੋਗਰਾਮ 'ਚ ਸ਼ਾਮਲ ਹੋ ਗਿਆ। ਅੰਗਰੇਜ਼ ਹਾਕਮ ਕਰਜ਼ਨ ਵਿਲੀ ਨੇ ਅੰਗਰੇਜ਼ਾਂ ਦੀ ਨੀਤੀ ਨੂੰ ਬਹੁਤ ਸਲਾਹਿਆ ਅਤੇ ਹਿੰਦ ਦੇ ਆਜ਼ਾਦੀ ਸੰਗਰਾਮੀਆਂ ਨੂੰ ਗੁੰਡੇ, ਬਦਮਾਸ਼, ਲੁਟੇਰੇ ਤੇ ਅੱਤਵਾਦੀ ਗਰਦਾਨਿਆ। ਵਿਲੀ ਦੇ ਇਹ ਵਿਚਾਰ ਸੁਣ ਕੇ ਮਦਨ ਲਾਲ ਕ੍ਰੋਧ ਵਿੱਚ ਆ ਗਿਆ। ਪ੍ਰੋਗਰਾਮ ਦੀ ਸਮਾਪਤੀ 'ਤੇ ਕਰਜ਼ਨ ਵਿਲੀ ਲੋਕਾਂ ਨੂੰ ਮਿਲ ਰਿਹਾ ਸੀ ਤੇ ਮਦਨ ਲਾਲ ਨੇ ਮੌਕਾ ਤਾੜ ਕੇ ਵਿਲੀ ਦੇ ਸਿਰ 'ਤੇ ਪਿਸਤੌਲ ਦੀਆਂ ਗੋਲੀਆਂ ਮਾਰੀਆਂ ਤੇ ਉਹ ਵਲਾਵੇਂ ਖਾਂਦਾ ਹੋਇਆ ਜ਼ਮੀਨ ਤੇ ਡਿੱਗਾ ਤੇ ਜਹੱਨਮ ਪਹੁੰਚ ਗਿਆ। ਵਿਲੀ ਦੀ ਮਦਦ ਲਈ ਦੋ ਜਾਣੇ ਅੱਗੇ ਵਧੇ ਤੇ ਉਨ੍ਹਾਂ ਨੂੰ ਵੀ ਮਦਨ ਲਾਲ ਨੇ ਗੋਲੀਆਂ ਨਾਲ ਭੁੰਨ ਸੁੱਟਿਆ। ਮਦਨ ਲਾਲ ਨੇ ਆਪਣੇ ਐਕਸ਼ਨ ਦੀ ਕਾਮਯਾਬੀ ਤੋਂ ਬਾਅਦ ਆਪਣੇ ਆਪ ਹੀ ਗ੍ਰਿਫਤਾਰੀ ਦੇ ਦਿੱਤੀ।

ਮਦਨ ਲਾਲ ਦਾ ਅਦਾਲਤ ਵਿੱਚ ਦਿੱਤਾ ਬਿਆਨ ਬੜਾ ਦਲੇਰਾਨਾ ਤੇ ਪ੍ਰੇਰਨਾ ਸਰੋਤ ਸੀ। ਉਸ ਨੇ ਕਿਹਾ, "ਪਰਮਾਤਮਾ ਅੱਗੇ ਮੇਰੀ ਇੱਕੋ ਇੱਕ ਪ੍ਰਾਰਥਨਾ ਹੈ ਕਿ ਮੈਨੂੰ ਉਸੇ ਮਾਂ ਦੀ ਕੁੱਖੋਂ ਮੁੜ-ਮੁੜ ਜਨਮ ਮਿਲਦਾ ਰਹੇ ਅਤੇ ਮੈਂ ਉਦੋਂ ਤੱਕ ਇਸ ਪਵਿੱਤਰ ਕਾਰਜ ਲਈ ਮੁੜ-ਮੁੜ ਮਰਦਾ ਰਹਾਂ ਜਦੋਂ ਤੱਕ ਇਹ ਕਾਰਜ ਸਫਲ ਨਹੀਂ ਹੋ ਜਾਂਦਾ ਅਤੇ ਉਹ ਮਾਂ ਆਜ਼ਾਦ ਨਹੀਂ ਹੋ ਜਾਂਦੀ, ਅੰਗਰੇਜ਼ ਹਾਕਮਾਂ ਨੇ ਮਦਨ ਲਾਲ ਢੀਂਗਰਾ ਨੂੰ 17 ਅਗਸਤ 1909 ਨੂੰ ਲੰਡਨ ਵਿੱਚ ਫਾਂਸੀ ਦੇ ਕੇ ਸ਼ਹੀਦ ਕਰ ਦਿੱਤਾ ਤੇ ਉਹ ਸਦਾ ਲਈ ਅਮਰ ਹੋ ਗਿਆ।

ਇਸ ਮਹਾਨ ਦੇਸ਼ ਭਗਤ ਦੀਆਂ ਅਸਥੀਆਂ 17 ਸਤੰਬਰ 1976 ਨੂੰ ਹਿੰਦੁਸਤਾਨ ਲਿਆਂਦੀਆਂ ਗਈਆਂ ਤੇ ਇੱਕ ਸਪੈਸ਼ਲ ਗੱਡੀ ਵਿੱਚ ਪੰਜਾਬ ਤੇ ਦੇਸ਼ ਦੇ ਵੱਖ-ਵੱਖ ਥਾਵਾਂ 'ਤੇ ਲਿਜਾਈਆਂ ਗਈਆਂ। ਲੋਕਾਂ ਨੇ ਬੜੀ ਸ਼ਰਧਾ ਭਾਵਨਾ ਨਾਲ ਅਸਥੀਆਂ ਦੇ ਦਰਸ਼ਨ ਕੀਤੇ। ਬਾਅਦ ਵਿੱਚ ਅਸਥੀਆਂ ਦਾ ਯੂਥ ਹੋਸਟਲ ਨਜ਼ਦੀਕ ਜੀ ਟੀ ਰੋਡ ਅੰਮ੍ਰਿਤਸਰ ਵਿਖੇ ਸਸਕਾਰ ਕੀਤਾ ਗਿਆ। ਉਥੇ ਹੁਣ ਮਦਨ ਲਾਲ ਢੀਂਗਰਾ ਦਾ ਬੁੱਤ ਲੱਗਾ ਹੋਇਆ ਹੈ।

**# ਜਨਰਲ ਸਕੱਤਰ, ਦੇਸ਼ ਭਗਤ ਯਾਦਗਾਰ ਕਮੇਟੀ, ਜਲੰਧਰ, 98760-78731**

# ਕਿਸਾਨਾਂ ਨੇ ਟਰੈਕਟਰ ਮਾਰਚ ਕਰ ਕੇਂਦਰ ਦੇ ਤਿੰਨ ਫੌਜਦਾਰੀ ਕਾਨੂੰਨਾਂ ਦੀਆਂ ਕਾਪੀਆਂ ਸਾੜੀਆਂ


ਸਮਰਾਲਾ


ਚੌਕੀਮਾਨ

**ਸਮਰਾਲਾ (ਸੁਰਜੀਤ ਸਿੰਘ)**-ਅਜ਼ਾਦੀ ਦਿਵਸ ਮੌਕੇ ਆਪਣੀਆਂ ਮੰਗਾਂ ਦੇ ਸਬੰਧ ਵਿੱਚ ਤੇ ਕੇਂਦਰ ਵੱਲੋਂ ਹਾਲੀਆ ਸਮੇਂ ਵਿੱਚ ਲਾਗੂ ਕੀਤੇ ਤਿੰਨ ਫੌਜਦਾਰੀ ਕਾਨੂੰਨਾਂ ਖਿਲਾਫ ਰੋਸ ਵਿਖਾਵਾ ਕਰਦੇ ਹੋਏ ਭਾਰਤੀ ਕਿਸਾਨ ਯੂਨੀਅਨ (ਸਿੱਧੂਪੁਰ) ਨੇ ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਕ ਭਾਰਤ ਤੇ ਕਿਸਾਨ ਮਜ਼ਦੂਰ ਮੋਰਚਾ ਵੱਲੋਂ ਪੂਰੇ ਦੇਸ਼ ਅੰਦਰ ਕਿਸਾਨੀ ਮੰਗਾਂ ਦੀ ਪੂਰਤੀ ਲਈ ਦਿੱਤੀ ਗਈ ਕਾਲ ਦੇ ਸਬੰਧ ਵਿੱਚ ਏਥੇ ਜ਼ਿਲ੍ਹਾ ਪ੍ਰਧਾਨ ਸੁਪਿੰਦਰ ਸਿੰਘ ਬੱਗਾ ਦੀ ਅਗਵਾਈ ਵਿੱਚ ਸਮਰਾਲਾ ਵਿਖੇ ਚੌਕ ਵਿੱਚ ਤੇ ਮਾਛੀਵਾੜਾ ਸਾਹਿਬ ਵਿਖੇ ਚੌਕ ਵਿੱਚ ਤਿੰਨ ਫੌਜਦਾਰੀ ਕਾਨੂੰਨਾਂ ਦੀਆਂ ਕਾਪੀਆਂ ਸਾੜੀਆਂ ਗਈਆਂ।ਇਸ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਗੁਰਦੀਪ ਸਿੰਘ ਬਰਮਾਂ ਨੇ ਕਿਹਾ ਕਿ ਭਾਰਤ ਦਾ ਸੰਵਿਧਾਨ ਆਪਣੇ ਨਾਗਰਿਕਾਂ ਨੂੰ ਆਪਣੇ ਹੱਕਾਂ ਲਈ ਬੋਲਣ ਦੀ ਆਜ਼ਾਦੀ ਦਿੰਦਾ ਹੈ, ਪ੍ਰੰਤੂ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਲੋਕਾਂ ਨੂੰ ਸੰਵਿਧਾਨ ਵਿੱਚ ਮਿਲੇ ਹੋਏ ਹੱਕਾਂ ਨੂੰ ਖੋਹਣ ਲਈ ਤੇ ਪੁਲਸ ਰਾਜ ਕਾਇਮ ਕਰਨ ਲਈ 3 ਫੌਜਦਾਰੀ ਕਾਨੂੰਨ ਲੈ ਕੇ ਆਏ ਗਏ ਹਨ।ਸੁਪਿੰਦਰ ਸਿੰਘ ਬੱਗਾ ਨੇ ਕਿਹਾ ਕਿ ਸੰਵਿਧਾਨ ਵਿੱਚ ਲੋਕਾਂ ਨੂੰ ਆਪਣੇ ਹੱਕ ਹਕੂਕਾਂ ਲਈ ਆਵਾਜ਼ ਬੁਲੰਦ ਕਰਨ ਦਾ ਅਧਿਕਾਰ ਹੈ ਅਤੇ ਆਪਣੀਆਂ ਹੱਕੀ ਮੰਗਾਂ ਲਈ ਦਿੱਲੀ ਨੂੰ ਜਾ ਰਹੇ ਕਿਸਾਨਾਂ ਉੱਪਰ ਭਾਜਪਾ ਦੀ ਹਰਿਆਣਾ ਸਰਕਾਰ ਵੱਲੋਂ, ਜੋ ਅਣਮਨੁੱਖੀ ਤਸ਼ੱਦਦ ਕਰਦੇ ਹੋਏ ਅਣਗਿਣਤ ਕਿਸਾਨਾਂ ਦੇ ਗੰਭੀਰ ਸੱਟਾਂ ਮਾਰਨ ਵਾਲੇ ਤੇ ਕਈ ਕਿਸਾਨਾਂ ਦੀ ਅੱਖਾਂ ਦੀ ਰੌਸ਼ਨੀ ਖੋਹਣ ਵਾਲੇ ਅਤੇ ਸ਼ੁਭਕਰਨ ਸਿੰਘ ਦੇ ਸਿਰ ਵਿੱਚ ਗੋਲੀ ਮਾਰ ਕੇ ਕਤਲ ਕਰਨ ਵਾਲੇ ਦੋਸ਼ੀਆਂ ਉੱਪਰ ਜੁਡੀਸ਼ਅਲੀ ਜਾਂਚ ਕਰਕੇ ਕਾਰਵਾਈ ਕਰਨ ਲਈ ਜੋ ਮਾਣਯੋਗ ਹਾਈ ਕੋਰਟ ਵੱਲੋਂ ਸੇਵਾ ਮੁਕਤ ਜੱਜ ਦੀ ਅਗਵਾਈ ਵਿੱਚ ਇੱਕ ਕਮੇਟੀ ਦਾ ਗਠਨ ਕੀਤਾ ਗਿਆ ਸੀ ਤੇ ਉਸ ਜੁਡੀਸ਼ੀਅਲੀ ਜਾਂਚ ਉੱਪਰ ਰੋਕ ਲਗਵਾਉਣ ਲਈ ਅਤੇ ਕਿਸਾਨਾਂ ਉੱਪਰ ਅੱਤਿਆਚਾਰ ਕਰਨ ਵਾਲੇ ਹਰਿਆਣਾ ਪੁਲਸ ਦੇ ਦੋਸ਼ੀ ਮੁਲਾਜ਼ਮਾਂ ਨੂੰ ਬਚਾਉਣ ਲਈ ਜੋ ਹਰਿਆਣਾ ਸਰਕਾਰ ਵੱਲੋਂ ਮਾਣਯੋਗ ਸੁਪਰੀਮ ਕੋਰਟ ਵਿੱਚ ਰਿੱਟ ਪਾਈ ਗਈ ਸੀ, ਉਸ ਉੱਪਰ ਸੁਣਵਾਈ ਕਰਦੇ ਹੋਏ ਸੁਪਰੀਮ ਕੋਰਟ ਵੱਲੋਂ ਇਹ ਸਪੱਸ਼ਟ ਕਰ ਦਿੱਤਾ ਗਿਆ ਹੈ ਕਿ ਹਾਈ ਕੋਰਟ ਵੱਲੋਂ ਬਣਾਈ ਸੇਵਾ ਮੁਕਤ ਜੱਜ ਦੀ ਅਗਵਾਈ ਵਾਲੀ ਕਮੇਟੀ ਵੱਲੋਂ ਹੀ ਨਿਰਪੱਖ ਜੁਡੀਸ਼ਅਲੀ ਜਾਂਚ ਕੀਤੀ ਜਾਵੇਗੀ। ਮਾਣਯੋਗ ਸੁਪਰੀਮ ਕੋਰਟ ਵੱਲੋਂ ਲੋਕਾਂ ਦੇ ਹੱਕਾਂ ਦੀ ਰੱਖਿਆ ਕਰਨ ਲਈ ਤੇ ਨਿਰਪੱਖ ਜਾਂਚ ਕਰਵਾਉਣ ਲਈ ਧੰਨਵਾਦ ਕੀਤਾ ਜਾਂਦਾ ਹੈ।ਇਸ ਮੌਕੇ ਉਨ੍ਹਾਂ ਨਾਲ ਮਲਕੀਤ ਸਿੰਘ ਘੁਲਾਲ, ਸਵਰਨਜੀਤ ਸਿੰਘ ਘੁਲਾਲ, ਕੁਲਦੀਪ ਸਿੰਘ ਸੇਖੋਂ, ਮਲਕੀਤ ਸਿੰਘ ਘੁਲਾਲ, ਜਸਵੀਰ ਸਿੰਘ ਛੰਦੜਾਂ, ਅਵਤਾਰ ਸਿੰਘ ਪਾਗਲੀਆਂ, ਗੁਰਜੀਤ ਸਿੰਘ, ਬਲਰਾਜ ਸਿੰਘ ਰਾਮਪੁਰ, ਰਵਿੰਦਰ ਸਿੰਘ ਨਾਗਰਾ, ਬਲਕਾਰ ਸਿੰਘ ਕਕਰਾਲਾ, ਹਰਜੀਤ ਸਿੰਘ ਲੋਪੋ, ਦਲਵੀਰ ਸਿੰਘ ਕੋਟ ਗੰਗੂ ਰਾਏ, ਬਲਪ੍ਰੀਤ ਸਿੰਘ ਬਲਾਲਾ, ਅਵਤਾਰ ਸਿੰਘ ਰਾਣਵਾਂ, ਹਰਮਨ ਸਿੰਘ ਰਾਈਆਂ ਆਦਿ ਕਿਸਾਨ ਆਗੂ ਹਾਜ਼ਰ ਸਨ।

**ਚੌਕੀਮਾਨ (ਬਲਬੀਰ ਮਾਨ)** : 200 ਕਿਸਾਨ-ਮਜ਼ਦੂਰ ਜਥੇਬੰਦੀਆਂ 'ਤੇ ਅਧਾਰਤ ਸਾਂਝਾ ਫੋਰਮ ਦੇ ਦੇਸ਼ ਪੱਧਰੀ ਸੰਗਰਾਮੀ ਸੱਦੇ ਮੁਤਾਬਕ 15 ਅਗਸਤ ਵਾਲੇ ਦਿਨ ਦਸਮੇਸ਼ ਕਿਸਾਨ-ਮਜ਼ਦੂਰ ਯੂਨੀਅਨ (ਰਜਿ:) ਜ਼ਿਲ੍ਹਾ ਲੁਧਿਆਣਾ ਦੇ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ ਦੀ ਅਗਵਾਈ ਵਿੱਚ ਜੁਝਾਰੂ ਕਿਸਾਨ, ਮਜ਼ਦੂਰ, ਨੌਜਵਾਨ ਵੀਰਾਂ ਵੱਲੋਂ ਪੂਰੇ ਜੋਸ਼-ਖਰੋਸ਼ ਨਾਲ ਵੱਧ ਚੜ੍ਹ ਕੇ ਚੌਂਕੀਮਾਨ ਟੋਲ ਪਲਾਜ਼ਾ ਤੋਂ ਵਿਸ਼ਾਲ ਟਰੈਕਟਰ ਮਾਰਚ ਆਰੰਭ ਕੀਤਾ ਗਿਆ, ਜਿਸ ਦਾ ਪਹਿਲਾ ਪੜਾਅ ਅੱਡਾ ਚੌਕੀਮਾਨ ਵਿਖੇ ਕੀਤਾ ਗਿਆ।ਇਸ ਮੌਕੇ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਵੱਖ-ਵੱਖ ਆਗੂਆਂ ਜ਼ਿਲ੍ਹਾ ਸਕੱਤਰ ਜਸਦੇਵ ਸਿੰਘ ਲਲਤੋਂ, ਡਾ. ਗੁਰਮੇਲ ਸਿੰਘ ਗੁੜੇ, ਡਾ. ਗੁਰਮੇਲ ਸਿੰਘ ਕੁਲਾਰ, ਰਣਜੀਤ ਸਿੰਘ ਗੁੜੇ, ਮੀਤ ਪ੍ਰਧਾਨ ਬਲਜੀਤ ਸਿੰਘ ਸਵੱਦੀ, ਗੁਰਦੇਵ ਸਿੰਘ ਮੁੱਲਾਂਪੁਰ, ਜਰਨੈਲ ਸਿੰਘ ਮੁਲਾਂਪੁਰ ਨੇ ਕਿਸਾਨ ਮੋਰਚੇ 'ਤੇ ਅੰਨ੍ਹਾ ਜਬਰ ਢਾਹੁਣ ਵਾਲੇ ਜਾਲਮ ਤੇ ਕਾਤਲ ਪੁਲਸ ਅਫਸਰਾਂ ਦੇ ਸਨਮਾਨ ਰੱਦ ਕਰਵਾਉਣ ਅਤੇ ਫੌਰੀ ਗ੍ਰਿਫਤਾਰ ਕਰਵਾਉਣ ਅਤੇ 1 ਜੁਲਾਈ ਤੋਂ ਲਾਗੂ ਕੀਤੇ ਸਾਰੇ ਨਵੇਂ ਕਾਲੇ ਕਾਨੂੰਨਾਂ ਨੂੰ ਵਾਪਸ ਕਰਵਾਉਣ ਲਈ ਕੇਂਦਰਿਤ ਕੀਤਾ ਜਾ ਰਿਹਾ ਹੈ।ਇਸ ਤੋਂ ਉਪਰੰਤ ਗੂੰਜਾਂ ਪਾਉਂਦਾ ਤੇ ਆਕਾਸ਼ ਗੁੰਜਾਊ ਨਾਅਰੇ ਬੁਲੰਦ ਕਰਦਾ ਵਿਸ਼ਾਲ ਟਰੈਕਟਰ ਮਾਰਚ ਮੁੱਲਾਂਪੁਰ ਇਲਾਕੇ ਨੂੰ ਰਵਾਨਾ ਹੋਇਆ।ਟਰੈਕਟਰ ਮਾਰਚ 'ਚ ਹੋਰਨਾਂ ਤੋਂ ਇਲਾਵਾ ਨੌਜਵਾਨ ਆਗੂ ਹਰਮੀਤ ਸਿੰਘ ਗੁੜੇ, ਤੇਜਿੰਦਰ ਸਿੰਘ ਗੁੜੇ, ਗੁਰਸੇਵਕ ਸਿੰਘ ਸੋਨੀ ਸਵੱਦੀ, ਕੁਲਦੀਪ ਸਿੰਘ ਸਵੱਦੀ, ਜ਼ਿਲ੍ਹਾ ਖਜ਼ਾਨਚੀ ਅਮਰੀਕ ਸਿੰਘ ਤਲਵੰਡੀ, ਗੁਰਬਖਸ਼ ਸਿੰਘ ਤਲਵੰਡੀ, ਸਰਵਿੰਦਰ ਸਿੰਘ ਸੁਧਾਰ, ਅਮਰਜੀਤ ਸਿੰਘ ਖੰਜਰਵਾਲ, ਕੁਲਜੀਤ ਸਿੰਘ ਵਿਰਕ, ਗੁਰਮੀਤ ਸਿੰਘ ਵਿਰਕ, ਬਲਤੇਜ ਸਿੰਘ ਸਿੱਧਵਾਂ, ਮਨਜੀਤ ਸਿੰਘ ਸਿੱਧਵਾਂ, ਜਥੇਦਾਰ ਗੁਰਮੇਲ ਸਿੰਘ ਢੱਟ ਤੇ ਸੋਹਣ ਸਿੰਘ ਸਵੱਦੀ ਉਚੇਚੇ ਤੌਰ 'ਤੇ ਸ਼ਾਮਲ ਹੋਏ।


ਮਲੋਟ


ਦੋਰਾਹਾ

**ਮਲੋਟ (ਗੁਰਮੀਤ ਸਿੰਘ ਮੱਕੜ)** : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ ਖੋਸਾ ਤੇ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਆਗੂਆਂ ਨੇ ਸਥਾਨਕ ਦਾਣਾ ਮੰਡੀ ਵਿੱਚ ਟਰੈਕਟਰ ਮਾਰਚ ਸ਼ੁਰੂ ਕਰਦਿਆਂ ਤੇ ਫਿਰ ਮਲੋਟ ਸ਼ਹਿਰ ਦੇ ਬਠਿੰਡਾ ਚੌਕ ਵਿੱਚੋਂ ਹੁੰਦਾ ਹੋਇਆ ਇਹ ਟਰੈਕਟਰ ਮਾਰਚ ਤਹਿਸੀਲ ਕੰਪਲੈਕਸ ਐੱਸ.ਡੀ.ਐੱਮ. ਦਫਤਰ ਅੱਗੇ ਪਹੁੰਚਿਆ, ਜਿੱਥੇ ਕਿਸਾਨਾਂ ਨੇ ਨਵੇਂ ਫੌਜਦਾਰੀ ਕਾਨੂੰਨਾਂ ਨੂੰ ਰੱਦ ਕਰਨ ਦੀ ਮੰਗ ਕਰਦਿਆਂ ਇਸ ਨਵੇਂ ਕਾਨੂੰਨਾਂ ਦੀਆਂ ਕਾਪੀਆਂ ਸਾੜੀਆਂ ਅਤੇ ਕਿਹਾ ਕਿ ਨਵੇਂ ਕਾਨੂੰਨ ਕਿਸਾਨਾਂ ਤੇ ਆਮ ਲੋਕਾਂ ਲਈ ਮਾਰੂ ਸਾਬਿਤ ਹੋ ਰਹੇ ਹਨ, ਇਸ ਲਈ ਇਨ੍ਹਾਂ ਕਾਨੂੰਨਾਂ ਨੂੰ ਤੁਰੰਤ ਵਾਪਸ ਲਿਆ ਜਾਵੇ। ਕਿਸਾਨਾਂ ਨੇ ਇਹ ਵੀ ਮੰਗ ਕੀਤੀ ਕਿ ਸਰਕਾਰ ਵੱਲੋਂ ਐਲਾਨੇ ਗਈ ਐਮ.ਐਸ.ਪੀ. ਨੂੰ ਗਾਰੰਟੀ ਕਾਨੂੰਨ ਵਿੱਚ ਬਦਲ ਕੇ ਲਾਗੂ ਕੀਤਾ ਜਾਵੇ। ਕਿਸਾਨਾਂ ਨੇ ਇਸ ਮੌਕੇ ਇਹ ਵੀ ਦੁਹਰਾਇਆ ਕਿ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਨੇ ਕਿਸਾਨਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ ਹਨ।

**ਦੋਦਾ (ਵਕੀਲ ਬਰਾੜ)** : ਸੰਯੁਕਤ ਕਿਸਾਨ ਮੋਰਚਾ ਗੈਰ-ਸਿਆਸੀ ਵੱਲੋਂ ਉਲੀਕੇ ਪ੍ਰੋਗਰਾਮ ਅਧੀਨ ਦੋਦਾ ਵਿਖੇ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਤੇ ਭਰਾਤਰੀ ਜਥੇਬੰਦੀਆਂ ਅਤੇ ਮਜ਼ਦੂਰਾਂ ਵੱਲੋਂ ਕੇਂਦਰ ਸਰਕਾਰ ਖਿਲਾਫ ਲੋਕਾਂ ਦੀ ਅਜ਼ਾਦੀ ਖੋਹਣ ਲਈ ਤਿੰਨ ਨਵੇਂ ਫੌਜਦਾਰੀ ਬੀ ਅੱਨ ਐੱਸ, ਬੀ ਐੱਨ ਐੱਸ ਐੱਸ, ਬੀ ਐੱਸ ਏ ਕਾਨੂੰਨਾਂ ਦੀ ਕਾਪੀਆਂ ਸਾੜੀਆਂ। ਕਿਸਾਨਾਂ ਵੱਲੋਂ ਵੱਡੀ ਗਿਣਤੀ ਵਿੱਚ ਮੁਕਤਸਰ-ਬਠਿੰਡਾ ਹਾਈਵੇ ਉਤੇ ਰੋਸ ਮਾਰਚ ਕਰਕੇ, ਸੜਕ ਕਿਨਾਰੇ ਸਮੂਹ ਟਰੈਕਟਰ ਰੋਕ ਕੇ ਕੇਂਦਰ ਸਰਕਾਰ ਤੇ ਹਰਿਆਣਾ ਸਰਕਾਰ ਜੰਮ ਕੇ ਭੜਾਸ ਕੱਢੀ। ਇਹ ਰੋਸ ਮਾਰਚ ਬੀਕੇਯੂ ਸਿੱਧੂਪੁਰ ਦੇ ਜ਼ਿਲ੍ਹਾ ਮੀਤ ਪ੍ਰਧਾਨ ਬੇਅੰਤ ਸਿੰਘ ਖਾਲਸਾ ਦੋਦਾ ਦੀ ਅਗਵਾਈ ਹੇਠ ਕੀਤਾ ਗਿਆ। ਇਸ ਮੌਕੇ ਵੱਖ ਵੱਖ ਕਿਸਾਨ ਬੁਲਾਰੇ ਆਗੂਆਂ ਨੇ ਦੇਸ਼ ਦੇ 75ਵੇਂ ਅਜ਼ਾਦੀ ਦਿਹਾੜੇ ਨੂੰ ਗੁਲਾਮੀ ਦਿਹਾੜਾ ਗਰਦਾਨਿਆ ਗਿਆ। ਉਨ੍ਹਾਂ ਜਜ਼ਬਾਤੀ ਰੌਅ ਵਿੱਚ ਕਿਹਾ ਕਿ ਜੇਕਰ ਅਸੀ ਸੱਚਮੁੱਚ ਅਜ਼ਾਦ ਜਾਂ ਅਜ਼ਾਦ ਦੇਸ਼ ਦੇ ਵਾਸੀ ਹੁੰਦੇ ਤਾਂ ਸਾਨੂੰ ਆਪਣੇ ਦੇਸ਼ ਦੀ ਰਾਜਧਾਨੀ ਦਿੱਲੀ ਵਿਖੇ ਆਪਣੀਆਂ ਹੱਕੀ ਮੰਗਾਂ ਰੱਖਣ ਮੌਕੇ ਸਵਾ ਸਾਲ ਸੜਕਾਂ 'ਤੇ ਨਾ ਰੁਲਣਾ ਪੈਂਦਾ ਅਤੇ 700 ਤੋਂ ਵੱਧ ਕਿਸਾਨਾਂ ਦੀ ਸ਼ਹੀਦੀ ਨਾ ਦੇਣੀ ਪੈਂਦੀ। ਇਸ ਮੌਕੇ ਬਲਾਕ ਦੋਦਾ ਤੇ ਮੁਕਤਸਰ ਦੇ ਕਿਸਾਨਾਂ-ਮਜ਼ਦੂਰਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ ਅਤੇ ਕੇਂਦਰ ਤੇ ਹਰਿਆਣਾ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ। ਸਮੂਹ ਕਿਸਾਨਾਂ ਨੇ ਵਚਨ ਲਿਆ ਕਿ ਕਿਸਾਨ ਸੰਯੁਕਤ ਮੋਰਚਾ ਗੈਰ-ਰਾਜਨੀਤਕ ਵੱਲੋਂ ਜੋ ਵੀ ਪ੍ਰੋਗਰਾਮ ਉਲੀਕਿਆ ਜਾਵੇਗਾ, ਉਸ ਵਿੱਚ ਵਧ ਚੜ੍ਹ ਕੇ ਭਾਗ ਲਿਆ ਜਾਵੇਗਾ।

**ਦੋਰਾਹਾ (ਹਰਮਿੰਦਰ ਸੇਠ)** : ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਬਲਾਕ ਦੋਰਾਹਾ ਨੇ ਵੀ ਟਰੈਕਟਰ ਮਾਰਚ ਕੱਢਿਆ, ਜਿਸ ਵਿੱਚ ਤਕਰੀਬਨ 200 ਟਰੈਕਟਰਾਂ ਨੇ ਭਾਗ ਲਿਆ। ਇਹ ਕਾਫ਼ਲਾ ਗੁਰਦੁਆਰਾ ਦਮਦਮਾ ਸਾਹਿਬ ਪਿੰਡ ਦੋਰਾਹਾ ਤੋਂ ਸ਼ੁਰੂ ਹੋ ਕੇ ਦੋਰਾਹਾ ਬਜ਼ਾਰ, ਬੇਗੋਵਾਲ, ਰਾਮਪੁਰ ਤੋਂ ਹੁੰਦੇ ਹੋਏ ਨੀਲੋਂ ਪਹੁੰਚਿਆ, ਜਿੱਥੇ ਬਲਾਕ ਸਮਰਾਲਾ ਮਾਛੀਵਾੜਾ ਤੇ ਮਾਂਗਟ ਦੇ ਤਕਰੀਬਨ 800 ਟਰੈਕਟਰ ਹੋਰ ਸ਼ਾਮਲ ਹੋਏ ਅਤੇ ਇਹ ਕਾਫ਼ਲਾ ਜ਼ਿਲ੍ਹਾ ਪ੍ਰਧਾਨ ਸਪਿੰਦਰ ਸਿੰਘ ਬੱਗਾ ਦੀ ਅਗਵਾਈ ਵਿੱਚ ਸਮਰਾਲੇ ਤੋਂ ਹੁੰਦਾ ਹੋਇਆ ਮਾਛੀਵਾੜਾ ਸ੍ਰੀ ਚਰਨ ਕੰਵਲ ਸਾਹਿਬ ਜਾਕੇ ਸਮਾਪਤ ਹੋਇਆ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਲਾਕ ਪ੍ਰਧਾਨ ਗੁਰਜੀਤ ਸਿੰਘ ਨਾਮਧਾਰੀ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਲਿਆਂਦੇ ਗਏ ਇਹ ਕਾਨੂੰਨ ਲੋਕ ਮਾਰੂ ਤੇ ਨਾਗਰਿਕਾਂ ਦੀ ਅਜ਼ਾਦੀ ਖੋਹਣ ਵਾਲੇ ਹਨ। ਸਿੱਧੂਪੁਰ ਜਥੇਬੰਦੀ ਇਨ੍ਹਾਂ ਕਾਨੂੰਨਾਂ ਨੂੰ ਰੱਦ ਕਰਵਾ ਕੇ ਰਹੇਗੀ ਤੇ ਜਥੇਬੰਦੀ ਕਿਸਾਨਾਂ, ਮਜ਼ਦੂਰਾਂ ਤੇ ਆਪਣੇ ਦੇਸ਼ ਦੇ ਨਾਗਰਿਕਾਂ ਹੱਕ ਵਿੱਚ ਹਮੇਸ਼ਾ ਖੜਦੀ ਰਹੇਗੀ।ਆਗੂਆਂ ਨੇ ਲੋਕਾਂ ਨੂੰ ਇਨ੍ਹਾ ਮਾਰੂ ਕਾਨੂੰਨਾਂ ਬਾਰੇ ਜਾਗਰੂਕ ਹੋਣ ਲਈ ਕਿਹਾ ਤੇ ਸਮਾਜਿਕ ਜਥੇਬੰਦੀਆਂ ਨੂੰ ਵੀ ਅੱਗੇ ਆਉਣ ਦੀ ਅਪੀਲ ਕੀਤੀ। ਇਸ ਮਾਰਚ ਵਿੱਚ ਸੰਤੋਖ ਸਿੰਘ ਸੁੱਖੀ ਕਨੇਚ, ਰਮਨਦੀਪ ਕਨੇਚ, ਬਲਰਾਜ ਸਿੰਘ ਰਾਮਪੁਰ, ਅਮੋਲਕ ਸਿੰਘ ਰਾਮਪੁਰ, ਗੁਰਪ੍ਰੀਤ ਸਿੰਘ ਛੰਦੜਾਂ, ਹਰਮਨ ਲੰਢਾ, ਸੁੱਖਾ ਲੰਢਾ, ਹੈਰੀ ਗਰੇਵਾਲ ਰਾਜਗੜ੍ਹ, ਪਲਵਿੰਦਰ ਰਾਜਗੜ੍ਹ, ਰੰਮੀ ਬਾਜਵਾ, ਸਤਿੰਦਰਪਾਲ ਸਿੰਘ ਗਿੱਲ, ਅਮਰਜੀਤ ਸਿੰਘ ਚੀਮਾ, ਅਮਨਦੀਪ ਸਿੰਘ ਕਨੇਚ, ਗੁਰਪ੍ਰੀਤ ਸਿੰਘ ਕਟਾਣਾ ਸਾਹਿਬ ਆਦਿ ਕਿਸਾਨ ਆਗੂ ਹਾਜ਼ਰ ਰਹੇ।




ਦੋਦਾ

# ਹੜ੍ਹ ਪੀੜਤ ਕਿਸਾਨ ਸੰਘਰਸ਼ ਕਮੇਟੀ ਨੇ ਨੈਸ਼ਨਲ ਹਾਈਵੇ 'ਤੇ ਧਰਨਾ ਲਗਾਇਆ

**ਮੱਖੂ (ਰਛਪਾਲ ਸਿੰਘ ਸੰਧੂ)**



ਹੜ੍ਹ ਪੀੜਤ ਕਿਸਾਨ ਸੰਘਰਸ਼ ਕਮੇਟੀ ਦੇ ਆਗੂਆਂ ਤੇ ਵਰਕਰਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਦੇ ਸਬੰਧ 'ਚ ਸੂਬਾ ਪ੍ਰਧਾਨ ਜਸਬੀਰ ਸਿੰਘ ਆਹਲੂਵਾਲੀਆ ਦੀ ਅਗਵਾਈ 'ਚ ਨੈਸ਼ਨਲ ਹਾਈਵੇ-54 'ਤੇ ਬੰਗਾਲੀ ਵਾਲਾ ਪੁਲ ਦੇ ਨਜ਼ਦੀਕ ਅਣਮਿੱਥੇ ਸਮੇਂ ਲਈ ਧਰਨਾ ਲਗਾ ਕੇ ਹਾਈਵੇ ਜਾਮ ਕੀਤਾ ਗਿਆ। ਇਸ ਮੌਕੇ ਸੂਬਾ ਪ੍ਰਧਾਨ ਜਸਬੀਰ ਸਿੰਘ ਆਹਲੂਵਾਲੀਆ ਨੇ ਕਿਹਾ ਕਿ ਆਪ ਸਰਕਾਰ ਵੱਲੋਂ ਹੜ੍ਹ ਪੀੜਤਾਂ ਨੂੰ ਮੁਆਵਜ਼ਾ ਨਾ ਮਿਲਣ ਦੇ ਸਬੰਧ ਵਿੱਚ ਅਣਮਿੱਥੇ ਸਮੇਂ ਲਈ ਧਰਨਾ ਲਗਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਸਾਡੀਆਂ ਮੁੱਖ ਮੰਗਾਂ ਪਿਛਲੇ ਸਾਲ 2023 ਵਿੱਚ ਹੜ੍ਹਾਂ ਕਾਰਨ ਕਿਸਾਨਾਂ ਦੀਆਂ ਫ਼ਸਲਾਂ, ਮਕਾਨਾਂ, ਪਸ਼ੂਆਂ, ਮੋਟਰਾਂ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਤੁਰੰਤ ਦਿੱਤਾ ਜਾਵੇ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹੜ੍ਹਾਂ ਕਾਰਨ ਫ਼ਸਲਾਂ ਦੇ ਹੋਏ ਨੁਕਸਾਨ ਦਾ ਮੁਆਵਜ਼ਾ 20 ਹਜ਼ਾਰ ਰੁਪਏ ਪ੍ਰਤੀ ਏਕੜ ਦੇਣ ਦ ਵਾਅਦਾ ਕੀਤਾ ਸੀ ਜਦ ਕਿ ਹੜ੍ਹ ਪੀੜ੍ਹਤ ਕਿਸਾਨਾਂ ਨੂੰ ਸਿਰਫ 6800 ਰੁਪਏ ਹੀ ਮਿਲੇ, ਹੜ੍ਹਾਂ ਦੌਰਾਨ ਕਿਸਾਨ ਦੀ ਜ਼ਮੀਨ ਵਿੱਚ ਪਾਣੀ ਨਾਲ ਆਈ ਰੇਤ ਨੂੰ ਵੇਚਣ ਦਾ ਅਧਿਕਾਰ ਜ਼ਮੀਨ ਮਾਲਕ ਨੂੰ ਦਿੱਤਾ ਜਾਵੇ, ਹੜ੍ਹ ਕਾਰਨ ਖਰਾਬ ਹੋਈ ਫ਼ਸਲ ਵਾਲੇ ਕਿਸਾਨਾਂ ਦਾ ਸਮੁੱਚਾ ਕਰਜ਼ਾ ਮੁਕੰਮਲ ਤੌਰ 'ਤੇ ਮੁਆਫ਼ ਕੀਤਾ ਜਾਵੇ ਕਿਉਂਕਿ ਫਸਲ ਖਰਾਬ ਹੋਣ ਕਾਰਨ ਕਿਸਾਨ ਬੈਂਕਾਂ ਦਾ ਕਰਜ਼ਾ ਨਹੀਂ ਚੁਕਾ ਸਕਦਾ, ਧੁੱਸੀ ਬੰਨ੍ਹ ਦੇ ਅੰਦਰ ਆਉਂਦੀਆਂ ਕਿਸਾਨਾਂ ਦੀਆਂ ਜ਼ਮੀਨਾਂ ਜਿਨ੍ਹਾਂ ਵਿੱਚ ਰੇਤ ਪੈਣ ਨਾਲ ਜ਼ਮੀਨਾਂ ਉੱਚੀਆਂ ਨੀਵੀਆਂ ਹੋ ਗਈਆਂ ਹਨ ਇਸ ਲਈ ਉਨ੍ਹਾਂ ਕਿਸਾਨਾਂ ਨੂੰ ਬਿਜਲੀ ਦੀ ਸਪਲਾਈ ਦਿਨ ਵੇਲੇ ਦਿੱਤੀ ਜਾਵੇ, ਹੜ੍ਹ ਦੌਰਾਨ ਖਰਾਬ ਹੋਈ ਜ਼ਮੀਨ ਠੀਕ ਕਰਨ ਦਾ ਸਾਰਾ ਖਰਚਾ ਕਿਸਾਨਾਂ ਨੂੰ ਦਿੱਤਾ ਜਾਵੇ। ਵਿਧਾਨ ਸਭਾ ਹਲਕਾ ਜ਼ੀਰਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਨਰੇਸ਼ ਕਟਾਰੀਆ ਵੱਲੋਂ ਧਰਨੇ 'ਚ ਪਹੁੰਚ ਕੇ ਹੜ੍ਹ ਪੀੜਤ ਕਿਸਾਨ ਸੰਘਰਸ਼ ਕਮੇਟੀ ਦੇ ਆਗੂਆਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੀਟਿੰਗ ਕਰਵਾਉਣ ਦਾ ਵਿਸ਼ਵਾਸ ਦਿਵਾਉਣ 'ਤੇ ਹੜ੍ਹ ਪੀੜਤ ਕਿਸਾਨ ਸੰਘਰਸ਼ ਕਮੇਟੀ ਦੇ ਆਗੂਆਂ ਵੱਲੋਂ ਧਰਨਾ ਖਤਮ ਕੀਤਾ ਗਿਆ।

# ਠੇਕਾ ਮੁਲਾਜ਼ਮ ਸੰਘਰਸ਼ ਮੋਰਚੇ ਨੇ ਆਜ਼ਾਦੀ ਦਿਨ ਨੂੰ ਕਾਲੇ ਦਿਵਸ ਵਜੋਂ ਮਨਾਇਆ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**



ਠੇਕਾ ਮੁਲਾਜ਼ਮ ਸੰਘਰਸ਼ ਮੋਰਚੇ ਦੇ ਬੈਨਰ ਹੇਠ ਠੇਕਾ ਮੁਲਾਜ਼ਮਾਂ ਨੇ ਆਜ਼ਾਦੀ ਦਿਵਸ ਮੌਕੇ ਕਾਲਾ ਦਿਨ ਮਨਾਇਆ। ਮੋਰਚੇ ਦੇ ਆਗੂ ਬਲਕਾਰ ਸਿੰਘ ਪਿਆਰੇ ਆਨਾ, ਰੁਪਿੰਦਰ ਸਿੰਘ ਸੂਬਾ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਲਈ ਨਿੱਜੀ ਕਰਨ ਦੀ ਨੀਤੀ ਨੂੰ ਲਿਆਉਣ ਦੀਆਂ ਕੋਝੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।ਵਰਕਰਾਂ ਵੱਲੋਂ ਜ਼ੋਰਦਾਰ ਪ੍ਰਦਰਸ਼ਨ ਜਲ ਸਪਲਾਈ ਦਫ਼ਤਰ ਤੋਂ ਸ਼ੁਰੂ ਹੋਇਆ ਤੇ ਇਹ ਰੋਸ ਮਾਰਚ ਫਿਰੋਜ਼ਪੁਰ ਛਾਉਣੀ ਦੇ ਸ਼ੇਰ ਸ਼ਾਹ ਵਲੀ ਚੌਕ ਤੱਕ ਕੱਢਿਆ ਗਿਆ ਤੇ ਸਾਰੇ ਰਸਤੇ ਆਗੂਆਂ ਤੇ ਵਰਕਰਾਂ ਵੱਲੋਂ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਉਨ੍ਹਾਂ ਕਿਹਾ ਕਿ 15 ਅਗਸਤ ਨੂੰ ਨਵੇਂ ਫੌਜਦਾਰੀ ਕਾਨੂੰਨਾਂ ਤੇ ਹੋਰ ਕਾਲੇ ਕਾਨੂੰਨਾਂ ਸਮੇਤ ਸਾਮਰਾਜੀ ਮੁਲਕਾਂ ਨਾਲ ਕੀਤੀਆਂ ਦੇਸ਼-ਧ੍ਰੋਹੀ ਸੰਧੀਆਂ 15 ਅਗਸਤ ਨੂੰ ਜਦੋਂ ਦੇਸ਼ ਭਰ ਵਿੱਚ ਕੇਂਦਰ ਤੇ ਪੰਜਾਬ ਸਰਕਾਰਾਂ ਵੱਲੋਂ ਆਜ਼ਾਦੀ ਤੇ ਜਮਹੂਰੀਅਤ ਦੇ ਖੋਖਲੇ ਦਾਅਵਿਆਂ ਨਾਲ ਖੁਸ਼ੀਆਂ ਮਨਾਈਆਂ ਜਾਣਗੀਆਂ ਤਾਂ ਪੰਜਾਬ ਦੇ ਕਿਸਾਨ, ਖੇਤ ਮਜ਼ਦੂਰ ਸਨਅਤੀ ਤੇ ਬਿਜਲੀ ਕਾਮੇ ਵਿਦਿਆਰਥੀ ਤੇ ਠੇਕਾ ਕਾਮਿਆਂ ਜਨਤਕ ਜਥੇਬੰਦੀਆਂ ਦੁਆਰਾ ਨਵੇਂ ਫੌਜਦਾਰੀ ਕਾਨੂੰਨਾਂ ਤੇ ਹੋਰ ਕਾਲੇ ਕਾਨੂੰਨਾਂ ਸਣੇ ਸਾਮਰਾਜੀਆਂ ਦੁਆਰਾ ਮੜ੍ਹੀਆਂ ਜਾ ਰਹੀਆਂ ਲੋਟੂ ਨੀਤੀਆਂ ਖਿਲਾਫ ਅੱਜ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਰੋਸ ਮੁਜ਼ਾਹਰਾ ਸ਼ਹਿਰ ਵਿੱਚ ਕੀਤਾ ਗਿਆ। ਆਗੂਆਂ ਵੱਲੋਂ ਇਹ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੰਨ ਸੰਤਾਲੀ ਦੀ ਸੱਤਾ-ਬਦਲੀ ਅਸਲ ਵਿੱਚ ਆਜ਼ਾਦੀ ਦੇ ਨਾਂ ਹੇਠ ਸਾਮਰਾਜ ਤੋਂ ਮੁਕਤੀ ਲਈ ਜੂਝਦੇ ਕ੍ਰੋੜਾਂ ਦੇਸ਼ ਵਾਸੀਆਂ ਨਾਲ ਕੀਤਾ ਗਿਆ ਵੱਡਾ ਧੋਖਾ ਸੀ, ਕਿਉਂਕਿ ਉਦੋਂ ਇੱਕ ਪਾਸੇ ਦੇਸ਼ ਦੀਆਂ ਲੋਟੂ ਜਮਾਤਾਂ ਤੇ ਬਰਤਾਨਵੀ ਸਰਕਾਰ ਦੇ ਚਹੇਤਿਆਂ ਵੱਲੋਂ ਜਸ਼ਨ ਮਨਾਏ ਗਏ ਤੇ ਦੂਜੇ ਪਾਸੇ ਲੋਕਾਂ ਚ ਫਿਰਕੂ ਫ਼ਸਾਦ ਭੜਕਾ ਕੇ ਲੱਖਾਂ ਬੇਕਸੂਰ ਲੋਕਾਂ ਦੀਆਂ ਜਾਨਾਂ ਲਈਆਂ ਗਈਆਂ, ਘਰ ਘਾਟ ਉਜਾੜੇ ਗਏ ਅਤੇ ਔਰਤਾਂ ਦੀਆਂ ਬੇਪਤੀਆਂ ਸ਼ਰੇਆਮ ਕੀਤੀਆਂ ਗਈਆਂ।ਇਸੇ ਕਾਰਨ ਲੋਕ ਹਿਤਾਂ ਨੂੰ ਪ੍ਰਨਾਏ ਦੇਸ਼ਵਾਸੀ ਇਸ ਵਰ੍ਹੇ ਨੂੰ ਹੱਲੇ-ਗੁੱਲਿਆਂ ਵਾਲੇ ਮਾਤਮੀ ਸਾਲ ਵਜੋਂ ਯਾਦ ਕਰਦੇ ਹਨ। ਉਨ੍ਹਾਂ ਆਖਿਆ ਕਿ 15 ਅਗਸਤ ਦੇ ਰੋਸ ਮੁਜ਼ਾਹਰੇ ਵਿੱਚ ਮੋਦੀ ਸਰਕਾਰ ਵੱਲੋਂ ਹੱਕੀ ਲੋਕ ਸੰਘਰਸ਼ਾਂ ਨੂੰ ਕੁਚਲਣ ਦੇ ਨਵੇਂ ਹਕੂਮਤੀ ਕਦਮਾਂ ਖ਼ਿਲਾਫ਼ ਸਾਂਝੀ ਆਵਾਜ਼ ਉਠਾਈ ਜਾਵੇਗੀ।ਉਨ੍ਹਾਂ ਦੋਸ਼ ਲਾਇਆ ਕਿ ਮੋਦੀ ਹਕੂਮਤ ਵੱਲੋਂ ਅਸਲ ਵਿੱਚ ਇਹ ਲੋਕ-ਵਿਰੋਧੀ ਸਾਮਰਾਜੀ ਆਰਥਿਕ ਨੀਤੀਆਂ ਮੜ੍ਹਨ ਦਾ ਅਮਲ ਅਜੋਕੇ ਸਮੇਂ ਦੇਸ਼ ਦੇ ਹਾਕਮਾਂ ਨੇ ਨਿੱਜੀਕਰਨ ਵਪਾਰੀਕਰਨ ਦੀਆਂ ਨੀਤੀਆਂ ਤਹਿਤ ਦੇਸ਼ ਭਰ ਦੇ ਲੋਕਾਂ ਦੀ ਕਿਰਤ, ਜਲ, ਜੰਗਲ, ਜ਼ਮੀਨਾਂ ਤੇ ਹੋਰ ਸੋਮਿਆਂ ਦੀ ਅੰਨ੍ਹੀਂ ਲੁੱਟ ਮਚਾਈ ਹੋਈ ਹੈ।ਇਸ ਲੁੱਟ ਖਿਲਾਫ ਆਵਾਜ਼ ਉਠਾਉਂਦੇ ਲੋਕਾਂ ਦੀ ਜ਼ੁਬਾਨਬੰਦੀ ਲਈ ਤੇ ਲੋਕਾਂ ਦੇ ਹੱਕੀ ਸੰਘਰਸ਼ਾਂ ਨੂੰ ਦਬਾਉਣ ਲਈ ਨਵੇਂ ਤੋਂ ਨਵੇਂ ਜਾਬਰ ਕਾਨੂੰਨ ਬਣਾਏ ਜਾ ਰਹੇ ਹਨ ਤੇ ਪਹਿਲਾਂ ਹੀ ਮੌਜੂਦ ਯੂਏਪੀਏ, ਐੱਨਐੱਸਏ ਤੇ ਅਫਸਪਾ ਵਰਗੇ ਕਾਲੇ ਕਾਨੂੰਨਾਂ ਦੇ ਦੰਦੇ ਹੋਰ ਤਿੱਖੇ ਕੀਤੇ ਜਾ ਰਹੇ ਹਨ।ਇਸ ਦੌਰਾਨ ਪ੍ਰੈੱਸ ਸਕੱਤਰ ਰਣਜੀਤ ਸਿੰਘ ਖਾਲਸਾ, ਸੰਦੀਪ ਅਟਵਾਲ, ਸ਼ੇਰ ਸਿੰਘ, ਵਿਸ਼ਾਲ ਸਿੰਘ, ਹਰਜਿੰਦਰ ਸਿੰਘ, ਹਰਦੀਪ ਸਿੰਘ, ਸੰਤੋਖ ਸਿੰਘ, ਗੁਰਪ੍ਰੀਤ ਸਿੰਘ, ਸਤਪਾਲ ਸਿੰਘ, ਸੁਖਬੀਰ ਸਿੰਘ, ਗੁਰਮੁਖ ਸਿੰਘ, ਰਜਿੰਦਰ ਕੁਮਾਰ, ਅਵਤਾਰ ਸਿੰਘ ਬਾਠ ਆਦਿ ਵਰਕਰ ਹਾਜ਼ਰ ਸਨ।


## ਦਫ਼ਤਰ ਨਗਰ ਕੌਂਸਲ ਤਲਵਾੜਾ

### ਪਬਲਿਕ ਨੋਟਿਸ
### ਮੈਨੂਅਲ ਸਕਵੈਂਜਰ ਦੇ ਸਰਵੇ ਸੰਬੰਧੀ

ਮਨਿਸਟਰੀ ਆਫ ਸੋਸ਼ਲ ਜਸਟਿਸ ਐਂਡ ਇਨਪਾਵਰਮੈਂਟ ਜੀ ਦੇ ਆਦੇਸ਼ਾਂ ਅਨੁਸਾਰ ਤਲਵਾੜਾ ਸ਼ਹਿਰ ਵਿਖੇ ਮੈਨੂੰਅਲ ਸਕਵੈਂਜਰ ਦਾ ਸਰਵੇ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਸਾਰੇ ਸ਼ਹਿਰ ਵਾਸੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੋ ਵਿਅਕਤੀ ਮੈਨੂਅਲ ਸਕਵੈਂਜਰ ਹੋਣ 'ਤੇ ਖੁਦ ਦੀ ਘੋਸ਼ਣਾ/ਦਾਅਵਾ ਕਰਦਾ ਚਾਹੁੰਦਾ ਹੈ ਤਾਂ ਉਹ ਮਿਤੀ 18.08.2024 ਤੱਕ ਕਿਸੇ ਵੀ ਕੰਮ ਵਾਲੇ ਦਿਨ ਸਵੇਰੇ 10.00 ਵਜੇ ਤੋਂ ਬਾਅਦ ਦੁਪਹਿਰ 3.00 ਵਜੇ ਤੱਕ ਆਪਣਾ ਦਾਅਵਾ/ਘੋਸ਼ਣਾ ਦਫ਼ਤਰ ਨਗਰ ਕੌਂਸਲਰ ਤਲਵਾੜਾ ਵਿਖੇ ਦੇ ਸਕਦਾ ਹੈ। ਇਸ ਸਬੰਧੀ ਫਾਰਮ ਦਫ਼ਤਰ ਵਿਚ ਉਪਲਬਧ ਹਨ। ਦਾਅਵੇਦਾਰ/ਘੋਸ਼ਣਾਕਾਰ ਵਾਲਾ ਫਾਰਮ ਭਰਨ ਲਈ ਆਪਣੀ ਅਤੇ ਆਪਣੇ ਪਰਿਵਾਰ ਦੀ ਤਸਵੀਰ ਸਹਿਤ ਪਛਾਣ/ਨਿਵਾਸੀ ਪ੍ਰਮਾਣ ਦੀ ਕਾਪੀ ਨਾਲ ਲੈ ਕੇ ਨਗਰ ਕੌਂਸਲ ਤਲਵਾੜਾ ਦੇ ਦਫ਼ਤਰ ਵਿਖੇ ਆਵੇ।

ਸਹੀ/-ਕਾਰਜ ਸਾਧਕ ਅਫਸਰ, ਨਗਰ ਕੌਂਸਲ ਤਲਵਾੜਾ।



## ਉੱਤਰ ਰੇਲਵੇ

### ਖੁੱਲ੍ਹੀ ਨਿਵਿਦਾ ਸੂਚਨਾ

ਵ. ਮੰਡਲ ਬਿਜਲੀ ਇੰਜੀਨੀਅਰ/ਟੀ.ਆਰ.ਡੀ., ਉੱਤਰ ਰੇਲਵੇ, ਫਿਰੋਜ਼ਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਈ-ਨਿਵਿਦਾਵਾਂ ਅੰਤਮ ਮਿਤੀ 05.09.2024 ਨੂੰ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ 18.03.2024 ਨੂੰ 15:00 ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ।

| ਟੈਂਡਰ ਨੰ. | ਕੰਮਾਂ ਦਾ ਵੇਰਵਾ | ਅੰਦਾਜ਼ਨ ਲਾਗਤ (₹): | ਟੈਂਡਰ ਦੀ ਕੀਮਤ (₹) | ਨਿਵਿਦਾ ਦੀ ਸਮਾਪਤੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ (₹): | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ |
|---|---|---|---|---|---|---|
| 611-ਟੀ.ਆਰ.ਡੀ.-ਫਿਰੋਜ਼ਪੁਰ-2024-25 | ਫਿਰੋਜ਼ਪੁਰ ਮੰਡਲ ਤੇ ਸੁਚਿਪਿੰਡ ਸਟੇਸ਼ਨ ਯਾਰਡ ਵਿਚ ਬੀਪੀਸੀਐਲ ਸਾਈਡਿੰਗ ਨਾਲ ਸਬੰਧਿਤ ਟੀਆਰਡੀ ਕੰਮ। | 2,77,26,178.48 | ਜ਼ੀਰੋ | 05.09.2024 ਨੂੰ 15:00 ਵਜੇ ਤਕ | 2,88,600/- | 05.09.2024 ਨੂੰ 15:00 ਵਜੇ ਦੇ ਬਾਅਦ |
| 612-ਟੀ.ਆਰ.ਡੀ.-ਫਿਰੋਜ਼ਪੁਰ-2024-25 | ਫਿਰੋਜ਼ਪੁਰ ਮੰਡਲ ਦੇ LDH-JUC ਸੈਕਸ਼ਨ ਤੇ ਆਟੋਮੈਟਿਕ ਬਲਾਕ ਸਿਗਨਲਿੰਗ ਦੇ ਪ੍ਰਾਵਧਾਨ ਦੇ ਤਹਿਤ ਟੀਆਰਡੀ ਕੰਮ। | 1,70,28,820.60 | ਜ਼ੀਰੋ | 05.09.2024 ਨੂੰ 15:00 ਵਜੇ ਤਕ | 2,35,200/- | 05.09.2024 ਨੂੰ 15:00 ਵਜੇ ਦੇ ਬਾਅਦ |
| ਕੰਮ ਦਾ ਸਮਾਂ | 12 ਮਹੀਨੇ | ਵੈਬਸਾਈਟ | www.ireps.gov.in | | | |

ਨੋਟ :#ਨਿਵਿਦਾਕਰਤਾ ਕਿਰਪਾ ਧਿਆਨ ਦੇਣ ਕਿ ਬੋਲੀ ਸੁਰੱਖਿਆ ਦੇ ਬਿਨਾ ਪ੍ਰਾਪਤ ਪ੍ਰਸਤਾਵ ਜਾਂ ਤਾਂ ਈ-ਪੇਮੇਂਟ ਗੇਟਵੇ ਦੇ ਮਾਧਿਅਮ ਨਾਲ ਨਕਦ ਵਿਚ ਜਾਂ ਭਾਰਤ ਦੇ ਕਿਸੇ ਵੀ ਅਨੁਸੂਚਿਤ ਵਾਣਿਜਕ ਬੇਂਕ ਤੋਂ ਬੈਂਕ ਗਾਰੰਟੀ ਬਾਂਡ ਦੇ ਰੂਪ ਵਿਚ ਜਾਂ ਨਿਵਿਦਾ ਦਸਤਾਵੇਜਾਂ ਵਿਚ ਉਲੇਖਿਤ (ਅਨੁਲਗਨਕ-21 ਦੇ ਅਨੁਸਾਰ) ਇਕ ਸਮੇਂ ਦੇ ਲਈ ਵੈਲਿਡ ਹਨ। ਬੋਲੀ ਦੀ ਵੈਧਤਾ ਅਵਧੀ ਦੇ ਬਾਅਦ 90 ਦਿਨ ਦੇ ਲਈ ਅਧੂਰੇ ਅਤੇ ਅਣਵੈਲਿਡ ਪ੍ਰਸਤਾਵ ਦੇ ਰੂਪ ਵਿਚ ਮੰਨਿਆ ਜਾਵੇਗਾ ਅਤੇ ਜਿਸ ਦੇ ਲਈ ਠੇਕੇਦਾਰ ਦਾ ਰੇਲਵੇ ਤੇ ਕੋਈ ਦਾਅਵਾ ਨਹੀਂ ਹੋਵੇਗਾ।

ਨੰ.: 611 ਅਤੇ 612-ਟੀ.ਆਰ.ਡੀ.-ਫਿਰੋਜ਼ਪੁਰ-2024-25, ਮਿਤੀ: 12.08.2024

2542/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਆਪ ਸਰਕਾਰ ਵੱਲੋਂ ਪੰਜਾਬ ਦੀ ਸਿੱਖਿਆ 'ਚ ਕ੍ਰਾਂਤੀ ਲਿਆਉਣ ਦੇ ਦਾਅਵੇ ਹੋਏ ਖੋਖਲੇ

**ਕੋਟਕਪੂਰਾ (ਰਛਪਾਲ ਭੁੱਲਰ)**-ਬੀਤੇ ਕੱਲ੍ਹ ਸਾਰੇ ਦੇਸ਼ ਅਤੇ ਪੰਜਾਬ ਰਾਜ ਵਿੱਚ 78 ਵਾਂ ਆਜ਼ਾਦੀ ਦਿਹਾੜਾ ਬੜੇ ਧੂਮਧਾਮ ਨਾਲ ਮਨਾਇਆ ਗਿਆ। ਪੰਜਾਬ ਵਿੱਚ ਹੁਕਮਰਾਨ ਪਾਰਟੀ ਦੇ ਬਹੁਤ ਸਾਰੇ ਨੇਤਾਵਾਂ ਨੇ ਵੱਖ ਵੱਖ ਥਾਈਂ ਮਨਾਏ ਗਏ ਆਜ਼ਾਦੀ ਸਮਾਗਮਾਂ ਨੂੰ ਸੰਬੋਧਨ ਕਰਦਿਆਂ ਪੰਜਾਬ ਵਿੱਚ ਪਿਛਲੇ ਢਾਈ ਸਾਲਾਂ ਦੇ ਰਾਜ ਭਾਗ ਦੌਰਾਨ ਪੰਜਾਬ ਦੀ ਸਿੱਖਿਆ ਵਿੱਚ ਕ੍ਰਾਂਤੀ ਲਿਆਉਣ ਦੇ ਵੱਡੇ ਵੱਡੇ ਦਾਅਵੇ ਕੀਤੇ ਗਏ। ਜਦਕਿ ਤਸਵੀਰ ਦਾ ਅਸਲੀ ਪਹਿਲੂ ਇਸ ਦੇ ਬਿਲਕੁਲ ਉਲਟ ਦਿਖਾਈ ਦਿੰਦਾ ਨਜ਼ਰ ਆ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਜੈਤੋ ਬਲਾਕ ਦੇ ਪਿੰਡ ਮੱਤਾ, ਚੰਦ ਭਾਨ, ਰੋੜੀ ਕਪੂਰਾ, ਰਾਮੇਆਣਾ, ਝੱਖੜ ਵਾਲਾ, ਬਰਗਾੜੀ, ਗੋਬਿੰਦਗੜ੍ਹ ਦਬੜੀਖਾਨਾ ਤੇ ਹਰੀ ਨੌਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਪਿਛਲੇ ਕਾਫੀ ਸਮੇਂ ਤੋਂ ਪ੍ਰਿੰਸੀਪਲਾਂ ਦੀਆਂ ਅਸਾਮੀਆਂ ਖਾਲੀ ਪਈਆਂ ਹੋਣ ਕਰਕੇ ਵਿਦਿਆਰਥੀਆਂ ਦੀ ਪੜ੍ਹਾਈ ਅਤੇ ਅਧਿਆਪਕਾਂ ਦੇ ਕੰਮਕਾਜ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੇ ਹਨ।ਇਸ ਸਬੰਧ ਵਿੱਚ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਸਲਾਹਕਾਰ ਅਤੇ ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਦੱਸਿਆ ਕਿ ਪਿੰਡ ਚੰਦਭਾਨ ਵਿਖੇ ਪ੍ਰਿੰਸੀਪਲ ਦੀ ਅਸਾਮੀ 1 ਫਰਵਰੀ 2021 ਤੋਂ, ਪਿੰਡ ਮੱਤਾ ਵਿਖੇ 1 ਅਕਤੂਬਰ 2021 ਤੋਂ, ਪਿੰਡ ਰੋੜੀ ਕਪੂਰਾ ਵਿਖੇ 1 ਅਕਤੂਬਰ 2020 ਤੋਂ, ਪਿੰਡ ਰਾਮੇਆਣਾ ਵਿਖੇ 1 ਅਗਸਤ 2022 ਤੋਂ, ਪਿੰਡ ਝੱਖੜਵਾਲਾ ਵਿਖੇ 1 ਜੁਲਾਈ 2020 ਤੋਂ, ਪਿੰਡ ਬਰਗਾੜੀ ਵਿਖੇ 1 ਫਰਵਰੀ 2022 ਤੋਂ, ਇਸੇ ਤਰ੍ਹਾਂ ਪਿੰਡ ਗੋਬਿੰਦਗੜ੍ਹ ਦਬੜੀਖਾਨਾ ਅਤੇ ਹਰੀਨੌਂ ਵਿਖੇ ਪ੍ਰਿੰਸੀਪਲ ਦੀਆਂ ਅਸਾਮੀਆਂ ਖਾਲੀ ਪਈਆਂ ਹਨ। ਜੈਤੋ ਬਲਾਕ ਦੀ ਸਰਕਾਰੀ ਹਾਈ ਸਕੂਲ ਰੋਮਾਣਾ ਅਜੀਤ ਸਿੰਘ, ਮੱਲਾ, ਚੈਨਾ, ਡੋਡ ਅਤੇ ਕਰੀਰ ਵਾਲੀ ਵਿੱਚ ਵੀ ਮੁੱਖ ਅਧਿਆਪਕਾਂ ਦੀਆਂ ਅਸਾਮੀਆਂ ਪਿਛਲੇ ਕਾਫੀ ਸਮੇਂ ਤੋਂ ਖਾਲੀ ਪਈਆਂ ਹਨ। ਉਨ੍ਹਾਂ ਅੱਗੇ ਦੱਸਿਆ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੋੜੀਕਪੂਰਾ ਵਿੱਚ ਲੈਕਚਰਾਰਾਂ ਦੀਆਂ 7 ਮਨਜ਼ੂਰ ਅਸਾਮੀਆਂ ਵਿੱਚੋਂ 5 ਅਸਾਮੀਆ ਪੰਜਾਬੀ, ਅੰਗਰੇਜ਼ੀ, ਹਿਸਟਰੀ, ਰਾਜਨੀਤੀ ਸ਼ਾਸਤਰ ਅਤੇ ਬਿਆਲੋਜੀ ਵਿਸ਼ੇ ਦੀਆਂ ਅਸਾਮੀਆਂ, ਮਾਸਟਰ ਕਾਡਰ ਵਿੱਚੋਂ ਅੰਗਰੇਜ਼ੀ ਵਿਸ਼ਾ, ਡੀ ਪੀ ਈ ਅਤੇ ਡਰਾਇੰਗ ਟੀਚਰ ਦੀਆਂ ਅਸਾਮੀਆਂ ਖਾਲੀ ਪਈਆਂ ਹਨ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੱਤਾ ਵਿੱਚ ਪੰਜਾਬੀ, ਅੰਗਰੇਜ਼ੀ, ਹਿਸਟਰੀ, ਰਾਜਨੀਤੀ ਸ਼ਾਸਤਰ, ਸਰੀਰਕ ਸਿੱਖਿਆ ਅਤੇ ਕਾਮਰਸ ਵਿਸ਼ੇ ਦੀਆਂ ਅਸਾਮੀਆਂ ਖਾਲੀ ਹਨ। ਇਸ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸਕੂਲਾਂ ਵਿੱਚ ਅਧਿਆਪਕਾਂ ਦੇ ਵੱਖ-ਵੱਖ ਵਰਗਾਂ ਦੀਆਂ ਕਈ ਅਸਾਮੀਆਂ ਖਾਲੀ ਪਈਆਂ ਹਨ। ਅਧਿਆਪਕ ਆਗੂ ਪ੍ਰੇਮ ਚਾਵਲਾ ਨੇ ਪੰਜਾਬ ਸਰਕਾਰ ਤੇ ਦੋਸ਼ ਲਾਇਆ ਕਿ ਰਾਜ ਦੇ ਬਹੁਤ ਸਾਰੇ ਜ਼ਿਲ੍ਹਿਆਂ ਵਿੱਚ ਪ੍ਰਿੰਸੀਪਲਾਂ, ਮੁੱਖ ਅਧਿਆਪਕਾਂ, ਲੈਕਚਰਾਰਾਂ ਅਤੇ ਅਧਿਆਪਕਾਂ ਦੀਆਂ ਅਸਾਮੀਆਂ ਵੱਡੇ ਪੱਧਰ 'ਤੇ ਖਾਲੀ ਪਈਆਂ ਹੋਣ ਕਰਕੇ ਸਰਕਾਰੀ ਦਾਅਵਿਆਂ ਦੀ ਫੂਕ ਨਿਕਲ ਰਹੀ ਹੈ। ਪਿਛਲੇ ਸਮੇਂ ਦੌਰਾਨ ਸਿੱਖਿਆ ਵਿਭਾਗ ਪੰਜਾਬ ਵੱਲੋਂ ਮਾਸਟਰ ਕਾਡਰ ਤੋਂ ਲੈਕਚਰਾਰ ਕਾਡਰ ਦੀਆਂ ਕੀਤੀਆਂ ਗਈਆਂ ਤਰੱਕੀਆਂ ਵਿੱਚ ਹੋਈਆਂ ਬੇਨਿਯਮੀਆਂ ਕਾਰਨ ਇਹ ਪਦਉੱਨਤੀਆਂ ਦੇ ਹੁਕਮ ਵੀ ਕੁਝ ਦਿਨਾਂ ਬਾਅਦ ਹੀ ਸਿੱਖਿਆ ਵਿਭਾਗ ਪੰਜਾਬ ਵੱਲੋਂ ਰੱਦ ਕਰ ਦਿੱਤੇ ਗਏ।ਅਧਿਆਪਕ ਆਗੂ ਨੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਤੋਂ ਮੰਗ ਕੀਤੀ ਹੈ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੀ ਅਸਲ ਤਸਵੀਰ ਵੱਲ ਨਿੱਜੀ ਧਿਆਨ ਦਿੰਦੇ ਹੋਏ ਸਕੂਲ ਮੁਖੀਆਂ ਅਤੇ ਅਧਿਆਪਕਾਂ ਦੀਆਂ ਅਸਾਮੀਆਂ ਸਿੱਧੀ ਭਰਤੀ ਰਾਹੀਂ ਜਾਂ ਬਣਦੀਆਂ ਤਰੱਕੀਆਂ ਦੇ ਹੁਕਮ ਤੁਰੰਤ ਜਾਰੀ ਕਰਕੇ ਇਹ ਸਾਰੀਆਂ ਖਾਲੀ ਪਈਆਂ ਅਸਾਮੀਆਂ ਤੁਰੰਤ ਭਰੀਆਂ ਜਾਣ ਤਾਂ ਜੋ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਸਾਰੇ ਲੱਖਾਂ ਗਰੀਬ ਵਿਦਿਆਰਥੀਆਂ ਦੀ ਸਾਰ ਲਈ ਜਾ ਸਕੇ।



# ਨੈਸ਼ਨਲ ਕਮੇਟੀ ਨੇ ਬਿਜਲੀ ਸੋਧ ਬਿੱਲ 2022 ਵਾਪਸ ਲੈਣ ਦੀ ਕੀਤੀ ਮੰਗ



**ਅਜੀਤਵਾਲ (ਨਛੱਤਰ ਸੰਧੂ)**-ਕੁੱਲ ਹਿੰਦ ਬਿਜਲੀ ਫੈਡਰੇਸ਼ਨ ਆਲ ਇੰਡੀਆ ਫੈਡਰੇਸ਼ਨ ਆਫ ਇਲੈਕਟਰੀਸਿਟੀ ਇੰਪਲਾਈਜ਼ (ਐਫੀ) ਦੀ ਨੈਸ਼ਨਲ ਕਮੇਟੀ ਦੇ ਅਹੁਦੇਦਾਰਾਂ ਦੀ ਬੀਤੇ ਕੱਲ੍ਹ ਜੈਪੁਰ ਰਾਜਸਥਾਨ ਵਿਖੇ ਪ੍ਰਧਾਨ ਕਾਮਰੇਡ ਐਸ ਮੂਰਤੀ ਦੀ ਪ੍ਰਧਾਨਗੀ ਹੇਠ ਅਹਿਮ ਮੀਟਿੰਗ ਹੋਈ। ਇਸ ਮੀਟਿੰਗ ਦੀ ਕਾਰਵਾਈ ਰਿਪੋਰਟ ਬਾਰੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਜਨਰਲ ਸਕੱਤਰ ਕਾਮਰੇਡ ਮੋਹਨ ਸ਼ਰਮਾ ਅਤੇ ਕਮੇਟੀ ਦੇ ਕੁੱਲ ਹਿੰਦ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਦੱਸਿਆ ਕਿ ਜਨਤਾ ਅਤੇ ਮੁਲਾਜ਼ਮ ਵਿਰੋਧੀ ਬਿੱਲ ਸੋਧ 2022 ਜੋ ਪਾਰਲੀਮੈਂਟ ਦੀ ਸਟੈਂਡਿੰਗ ਕਮੇਟੀ ਕੋਲ ਵਿਚਾਰ ਅਧੀਨ ਪੈਂਡਿੰਗ ਪਿਆ ਹੈ, ਦੇ ਖਿਲਾਫ ਕੁੱਲ ਹਿੰਦ ਬਿਜਲੀ ਫੈਡਰੇਸ਼ਨ ਦੀ ਇਸ ਦੋ ਰੋਜ਼ਾ ਮੀਟਿੰਗ 10 11 ਅਗਸਤ ਨੂੰ ਹੋਈ ਜਿਸ ਵਿੱਚ 22 ਸੂਬਿਆਂ ਦੇ ਬਿਜਲੀ ਸੈਕਟਰ ਨਾਲ ਸੰਬੰਧਤ ਆਗੂਆਂ ਨੇ ਹਿੱਸਾ ਲਿਆ ਅਤੇ ਮਤਾ ਪਾਸ ਕਰਕੇ ਕੇਂਦਰ ਸਰਕਾਰ ਕੋਲੋਂ ਬਿਜਲੀ ਸੋਧ ਬਿੱਲ 2022 ਵਾਪਸ ਲੈਣ ਦੀ ਜ਼ੋਰਦਾਰ ਮੰਗ ਕੀਤੀ ਜਾਵੇਗੀ। ਇਸੇ ਤਰ੍ਹਾਂ ਫੈਡਰੇਸ਼ਨ ਦੇ ਕੁੱਲ ਹਿੰਦ ਜਨਰਲ ਸਕੱਤਰ ਕਾਮਰੇਡ ਮੋਹਨ ਸ਼ਰਮਾ ਨੇ ਆਪਣੀ ਰਿਪੋਰਟ ਵਿੱਚ 11 ਅਤੇ 12 ਫਰਵਰੀ ਨੂੰ ਹੈਦਰਾਬਾਦ ਵਿੱਚ ਹੋਈ ਕਾਨਫਰੰਸ ਦੇ ਸਮੇਂ ਤੋਂ ਹੁਣ ਤੱਕ ਛੇ ਮਹੀਨੇ ਦੀ ਜਥੇਬੰਦਕ ਅਤੇ ਸਮੁੱਚੇ ਦੇਸ਼ ਵਿੱਚ ਬਿਜਲੀ ਸੈਕਟਰ ਦੀ ਨਿੱਘਰਦੀ ਜਾ ਰਹੀ ਆਰਥਕ ਹਾਲਤ ਦੀ ਰਿਪੋਰਟ ਪੇਸ਼ ਕੀਤੀ ਗਈ।ਜਥੇਬੰਦਕ ਸਰਗਰਮੀਆਂ ਬਾਰੇ ਨੈਸ਼ਨਲ ਕਮੇਟੀ ਆਗੂਆਂ ਨੂੰ ਜਾਣੂ ਕਰਵਾਇਆ ਉਥੇ ਕੇਂਦਰ ਅਤੇ ਸੂਬਾ ਸਰਕਾਰਾਂ ਵੱਲੋਂ ਦੇਸ਼ ਦੇ ਸਮੁੱਚੇ ਪਾਵਰ ਸੈਕਟਰ ਵਿੱਚ ਖਪਤਕਾਰਾਂ ਦੀ ਆਰਥਿਕ ਲੁੱਟ ਸਮੇਤ ਮੁਲਾਜ਼ਮ ਵਰਗ ਦਾ ਉਜਾੜਾ ਕਰਨ ਲਈ ਪ੍ਰੀਪੇਡ ਸਮਾਰਟ ਮੀਟਰ ਲਗਾਉਣ ਦੀ ਨੀਤੀ ਨੂੰ ਘਾਤਕ ਦੱਸਦੇ ਹੋਏ ਤੁਰੰਤ ਬੰਦ ਕਰਨ ਦੀ ਮੰਗ ਕੀਤੀ। ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਦੱਸਿਆ ਕਿ ਕੁੱਲ ਹਿੰਦ ਬਿਜਲੀ ਫੈਡਰੇਸ਼ਨ ਨੇ ਇਸ ਮੀਟਿੰਗ ਵਿੱਚ 27 ਨਵੰਬਰ 2024 ਨੂੰ ਬਿਜਲੀ ਸੋਧ ਬਿੱਲ 2022 ਸਮੇਤ ਪੂਰੇ ਦੇਸ਼ ਵਿੱਚ ਬਿਜਲੀ ਖਪਤਕਾਰਾਂ ਦੇ ਪ੍ਰੀਪੇਡ ਸਮਾਰਟ ਮੀਟਰ ਲਗਾਉਣ ਦੀ ਨੀਤੀ ਦੇ ਖਿਲਾਫ ਦੇਸ਼ ਵਿਆਪੀ ਰੋਸ ਪ੍ਰਦਰਸ਼ਨ ਕੀਤੇ ਜਾਣ ਦਾ ਫੈਸਲਾ ਲਿਆ ਹੈ। ਗੰਡੀਵਿੰਡ ਨੇ ਕਿਹਾ ਕਿ 27 ਨਵੰਬਰ ਦੇ ਦੇਸ਼ ਵਿਆਪੀ ਰੋਸ ਪ੍ਰਦਰਸ਼ਨ ਵਿੱਚ ਮੰਗ ਕੀਤੀ ਜਾਵੇਗੀ ਕਿ ਦੇਸ਼ ਦੇ ਸਮੁੱਚੇ ਪਾਵਰ ਸੈਕਟਰ ਵਿੱਚੋਂ ਆਊਟਸੋਰਸ ਦੀ ਲੋਕ ਅਤੇ ਮੁਲਾਜ਼ਮ ਵਿਰੋਧੀ ਨੀਤੀ ਬੰਦ ਕਰਕੇ ਖਾਲੀ ਪਈਆਂ 15 ਲੱਖ ਅਸਾਮੀਆਂ ਰੈਗੂਲਰ ਭਰਤੀ ਕਰਕੇ ਭਰੀਆਂ ਜਾਣ। ਇਸੇ ਤਰ੍ਹਾਂ ਪਿਛਲੇ ਲੰਮੇ ਅਰਸੇ ਤੋਂ ਪਾਵਰ ਸੈਕਟਰ ਵਿੱਚ ਕੰਮ ਕਰ ਰਹੇ ਕੱਚੇ ਕਾਮਿਆਂ ਨੂੰ ਪੱਕਿਆ ਕਰਨ ਦੀ ਦੇਸ਼ ਪੱਧਰ 'ਤੇ ਇੱਕ ਨੀਤੀ ਬਣਾਉਣ ਦੀ ਲੋੜ ਹੈ। ਪੂਰੇ ਦੇਸ਼ ਵਿੱਚ ਬਿਜਲੀ ਹਾਦਸਿਆਂ ਨਾਲ ਕੀਮਤੀ ਜਾਨਾਂ ਗਵਾਉਣ ਵਾਲੇ ਕਰਮਚਾਰੀਆਂ ਦੇ ਪੀੜਤ ਪਰਵਾਰਾਂ ਨੂੰ ਇਕ ਕਰੋੜ ਦੀ ਨਗਦ ਰਾਸ਼ੀ ਦਾ ਭੁਗਤਾਨ ਕਰਨ ਦੇ ਇਲਾਵਾ ਪੀੜਤ ਪਰਵਾਰਾਂ ਦੇ ਮੈਂਬਰਾਂ ਨੂੰ ਸਰਕਾਰੀ ਨੌਕਰੀ ਦੇਣ ਦੀ ਇਕਸਾਰ ਨੀਤੀ ਬਣਾਉਣ, ਕੰਟਰੈਕਟ ਵਰਕਰਾਂ ਲਈ ਘੱਟੋ ਘੱਟ ਤਨਖਾਹ 26000 ਦੇਣ, ਤੇਲੰਗਾਨਾ ਸਰਕਾਰ ਦੀ ਤਰਜ਼ 'ਤੇ ਆਊਟ ਸੋਰਸ ਕਾਮਿਆਂ ਨੂੰ ਪੱਕੇ ਕਰਨ, ਉਤਰ ਪ੍ਰਦੇਸ਼ ਵਿਚ 25 ਦੇ ਕਰੀਬ ਸਸਪੈਂਸ਼ਨ ਕੀਤੇ ਸਾਥੀਆਂ ਨੂੰ ਡਿਊਟੀ 'ਤੇ ਬਹਾਲ ਕਰਨ ਦੀ ਜ਼ੋਰਦਾਰ ਮੰਗ ਕੀਤੀ ਗਈ। ਇਸ ਮੌਕੇ ਪੰਜਾਬ ਦੇ ਡਿਪਟੀ ਜਨਰਲ ਸਕੱਤਰ ਦਰਸ਼ਨ ਲਾਲ ਮੋਗਾ, ਕਾਮਰੇਡ ਕ੍ਰਿਸ਼ਨਾ, ਕਾਮਰੇਡ ਸਮੀਮਉਲਾ, ਕਾਮਰੇਡ ਭਾਰਤ ਝਾਅ ਅਤੇ ਦੇਸ਼ ਭਰ ਦੇ 22 ਸੂਬਿਆਂ ਦੇ ਆਗੂ ਇਸ ਮੀਟਿੰਗ ਵਿੱਚ ਸ਼ਾਮਲ ਹੋਏ। ਰਾਜਸਥਾਨ ਏਟਕ ਦੇ ਆਗੂ ਯਾਦਵ, ਕੁਨਾਲ ਰਾਵਤ ਵੀ ਮੌਜੂਦ ਸਨ। ਮੀਟਿੰਗ ਦਾ ਆਯੋਜਨ ਰਾਜਸਥਾਨ ਬਿਜਲੀ ਵਰਕਰ ਫੈਡਰੇਸ਼ਨ ( ਏਟਕ) ਦੇ ਕੇਸ਼ਵ ਵਿਆਸ, ਦੀਪਿੰਦਰ ਅਤੇ ਸਮੁੱਚੀ ਟੀਮ ਵਲੋਂ ਕੀਤਾ ਗਿਆ। ਪ੍ਰੈਸ ਨੂੰ ਜਾਣਕਾਰੀ ਦਰਸ਼ਨ ਲਾਲ ਮੋਗਾ ਵਲੋਂ ਦਿੱਤੀ ਗਈ।

# ਮੋਟਰਸਾਈਕਲ ਚੋਰੀ ਦੇ ਮਾਮਲਿਆਂ 'ਚ 4 ਗ੍ਰਿਫਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸੀ.ਆਈ.ਏ. ਸਟਾਫ ਸਰਹਿੰਦ ਤੇ ਥਾਣਾ ਮੂਲੇਪੁਰ ਦੀ ਪੁਲਸ ਵੱਲੋਂ ਦੋ ਵੱਖ-ਵੱਖ ਮਾਮਲਿਆਂ 'ਚ ਮੋਟਰਸਾਈਕਲ ਚੋਰੀ ਕਰਨ ਦੇ ਦੋਸ਼ ਹੇਠ 4 ਵਿਅਕਤੀਆਂ ਨੂੰ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਸੀ.ਆਈ.ਏ. ਸਟਾਫ ਸਰਹਿੰਦ ਨੂੰ ਮੁਖਬਰੀ ਮਿਲੀ ਸੀ ਕਿ ਜਤਿੰਦਰ ਸਿੰਘ ਵਾਸੀ ਮੰਡੀ ਗੋਬਿੰਦਗੜ੍ਹ, ਕੁਲਦੀਪ ਸਿੰਘ ਸਿੰਘ ਉਰਫ ਮਿੰਟੂ ਤੇ ਜਸਵਿੰਦਰ ਸਿੰਘ ਉਰਫ ਜੱਸੀ ਵਾਸੀਆਨ ਨਾਭਾ (ਪਟਿਆਲਾ) ਚੋਰੀਆਂ ਕਰਨ ਦੇ ਆਦੀ ਹਨ, ਜੋ ਚੋਰੀ ਕੀਤੇ ਮੋਟਰਸਾਈਕਲ ਨੂੰ ਵੇਚਣ ਲਈ ਉਸ 'ਤੇ ਸਵਾਰ ਹੋ ਕੇ ਭਾਦਸੋਂ ਤੋਂ ਸਰਹਿੰਦ ਵੱਲ ਨੂੰ ਆ ਰਹੇ ਹਨ।ਸੀ.ਆਈ.ਏ. ਸਟਾਫ ਦੇ ਸਹਾਇਕ ਥਾਣੇਦਾਰ ਰੁਪਿੰਦਰ ਸਿੰਘ ਦੀ ਅਗਵਾਈ ਵਾਲੀ ਟੀਮ ਨੇ ਨਾਕਾਬੰਦੀ ਦੌਰਾਨ ਉਕਤ ਵਿਅਕਤੀਆਂ ਨੂੰ ਕਾਬੂ ਕਰਦੇ ਹੋਏ ਚੋਰੀਸ਼ੁਦਾ ਮੋਟਰਸਾਈਕਲ ਬਰਾਮਦ ਕਰ ਲਿਆ।ਥਾਣਾ ਸਰਹਿੰਦ ਵਿਖੇ ਇਸ ਸਬੰਧੀ ਅ/ਧ 317(2) ਬੀ.ਐੱਨ.ਐੱਸ. ਤਹਿਤ ਦਰਜ ਕਰਵਾਏ ਗਏ ਮੁਕੱਦਮੇ 'ਚ ਜਸਵਿੰਦਰ ਸਿੰਘ ਉਰਫ ਜੱਸੀ, ਕੁਲਦੀਪ ਸਿੰਘ ਉਰਫ ਮਿੰਟੂ ਤੇ ਜਤਿੰਦਰ ਸਿੰਘ ਨੂੰ ਗ੍ਰਿਫਤਾਰ ਕਰਕੇ ਸੀ.ਆਈ.ਏ. ਸਰਹਿੰਦ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।ਇੱਕ ਵੱਖਰੇ ਮਾਮਲੇ 'ਚ ਥਾਣਾ ਮੂਲੇਪੁਰ ਦੀ ਇੱਕ ਪੁਲਸ ਪਾਰਟੀ ਜਦੋਂ ਪਿੰਡ ਰੁੜਕੀ ਵੱਲੋਂ ਗਸ਼ਤ ਕਰਦੀ ਹੋਈ ਪਿੰਡ ਬਧੌਛੀ ਕਲਾਂ ਵਿਖੇ ਇੱਕ ਮੋਬਾਈਲਾਂ ਦੀ ਦੁਕਾਨ ਕੋਲ ਪਹੁੰਚੀ ਤਾਂ ਮੋਟਰਸਾਈਕਲ ਲੈ ਕੇ ਖੜ੍ਹਾ ਇੱਕ ਨੌਜਵਾਨ ਪੁਲਸ ਕਰਮਚਾਰੀਆਂ ਨੂੰ ਨੇੜੇ ਆਉਂਦਾ ਦੇਖ ਕੇ ਘਬਰਾ ਗਿਆ, ਜੋ ਮੋਟਰਸਾਈਕਲ ਨੂੰ ਸੁੱਟ ਕੇ ਇੱਕ ਮਕਾਨ ਦੇ ਅੰਦਰ ਵੜ੍ਹ ਗਿਆ, ਜਿਸ ਸਬੰਧੀ ਸ਼ੱਕ ਪੈਣ 'ਤੇ ਉਕਤ ਨੌਜਵਾਨ ਨੂੰ ਕਾਬੂ ਕਰਕੇ ਉਸ ਦਾ ਨਾਮ-ਪਤਾ ਪੁੱਛਿਆ ਗਿਆ ਤਾਂ ਉਸ ਨੇ ਆਪਣੀ ਪਹਿਚਾਣ ਤਰਸੇਮ ਸਿੰਘ ਉਰਫ ਸੋਨੀ ਵਾਸੀ ਪਿੰਡ ਬਧੌਛੀ ਕਲਾਂ ਵਜੋਂ ਦੱਸੀ, ਜਿਸ ਉਪਰੰਤ ਮੋਟਰਸਾਈਕਲ ਦਾ ਇੰਜਨ ਨੰਬਰ ਤੇ ਚੈਸੀ ਨੰਬਰ ਚੈੱਕ ਕੀਤਾ ਗਿਆ ਤਾਂ ਚੈਸੀ ਨੰਬਰ ਟੈਂਪਰ ਹੋਣਾ ਪਾਇਆ ਗਿਆ।ਸਖਤੀ ਨਾਲ ਪੁੱਛੇ ਜਾਣ 'ਤੇ ਤਰਸੇਮ ਸਿੰਘ ਨੇ ਮੰਨਿਆ ਕਿ ਉਸ ਨੇ ਉਕਤ ਮੋਟਰਸਾਈਕਲ ਚੋਰੀ ਕੀਤਾ ਹੈ।ਇਸ ਸਬੰਧੀ ਥਾਣਾ ਮੂਲੇਪੁਰ ਵਿਖੇ ਦਰਜ ਕਰਵਾਏ ਗਏ ਮੁਕੱਦਮੇ 'ਚ ਤਰਸੇਮ ਸਿੰਘ ਉਰਫ ਸੋਨੀ ਨੂੰ ਗ੍ਰਿਫਤਾਰ ਕਰਕੇ ਸਹਾਇਕ ਥਾਣੇਦਾਰ ਸੁਰਜੀਤ ਚੰਦ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।


## OFFICE OF THE DEPUTY COLLECTOR AND COMPETENT AUTHORITY (NSEL)

3RD FLOOR, MPID BRANCH, Old Custom House, Mumbai 400 001

### NOTICE FOR ONLINE AUCTION

Pursuant to the attachment by the Government of Maharashtra under the Maharashtra Protection of Interest of Depositors (in Financial Establishment) Act, 1999 (MPID Act) and the directions of the Hon'ble MPID Court the **Competent Authority** (hereinafter referred to as "CA") has engaged **Quikr Realty Pvt Ltd** (hereinafter referred to as "the Agency") which has been appointed by Government of Maharashtra to assist in the sale of the properties attached and made absolute through e-auction on **"as is where is and whatever there is basis".**

"CA" hereby invites bids from the intending bidders along with a bid deposit as mentioned in the table below as Earnest Money for each of the properties to be paid through NEFT/RTGS for sale of properties:

**Short description of the property:**

**CHANDIGARH**

| S. No. | Location | Address | Area | EMD Deposit (in INR) | Last Date of submission of EMD | Date of Auction | Bid Increase Amount (In INR) | Reserve Price (in INR) |
|---|---|---|---|---|---|---|---|---|
| 1 | Chandigarh | House No. 341, Plot No. 46-P, Sector-9D, Chandigarh, 160009 | 14,202 SFT. | 1,98,90,000/- | 16th September 2024 up to 5:00pm | 18th September 2024, 11.00 am to 12.00 pm | 5,00,000/- | 19,89,00,000/- |

1. The intending bidders are advised to refer to the detailed terms and conditions displayed on Quikr Realty's website www.quikrrealty.com
2. The interested bidders who require assistance may contact Quikr Realty Private Limited via e-mail ID: **auctions@quikrrealty.com** or contact no. **+91 9176197676.**
3. The sale shall be subject to the orders of MPID Court.

Place: Mumbai
Date: 17th August 2024

Deputy Collector and
Competent Authority (NSEL)
Mumbai

# 78ਵਾਂ ਆਜ਼ਾਦੀ ਦਿਹਾੜਾ-ਵੱਖ ਵੱਖ ਥਾਈਂ ਧੂਮ-ਧਾਮ ਨਾਲ ਮਨਾਇਆ


ਸ੍ਰੀ ਮੁਕਤਸਰ ਸਾਹਿਬ


ਜਗਰਾਉਂ


ਲਹਿਰਾ ਮੁਹੱਬਤ


ਗੁਰੂ ਹਰਸਹਾਏ


ਫਰੀਦਕੋਟ


ਜਗਰਾਉਂ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਚਾਵਲਾ, ਪਰਮਜੀਤ ਸਿੰਘ)** : ਬੀਤੇ ਦਿਨ 15 ਅਗਸਤ ਨੂੰ ਦੇਸ਼ ਭਰ ਵਿੱਚ ਵੱਖ ਵੱਖ ਥਾਈਂ 78ਵਾਂ ਆਜ਼ਾਦੀ ਦਿਹਾੜਾ ਧੂਮਧਾਮ ਤੇ ਸ਼ਾਨੋ ਸ਼ੌਕਤ ਨਾਲ ਮਨਾਇਆ ਗਿਆ। ਇਸੇ ਤਹਿਤ ਸ੍ਰੀ ਗੁਰੂ ਗੋਬਿੰਦ ਸਿੰਘ ਸਟੇਡੀਅਮ ਸ੍ਰੀ ਮੁਕਤਸਰ ਸਾਹਿਬ ਵਿਖੇ ਮਨਾਏ ਗਏ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਸਮਾਗਮ ਮੌਕੇ ਹਰਪ੍ਰੀਤ ਸਿੰਘ ਸੂਦਨ ਡਿਪਟੀ ਕਮਿਸ਼ਨਰ ਨੇ ਕੌਮੀ ਝੰਡਾ ਲਹਿਰਾਇਆ ਤੇ ਪਰੇਡ ਤੋਂ ਸਲਾਮੀ ਲਈ। ਸੁਤੰਤਰਤਾ ਦਿਵਸ ਸਮਾਗਮ ਮੌਕੇ ਆਪਣੇ ਸੰਬੋਧਨ ਵਿੱਚ ਸ੍ਰੀ ਸੂਦਨ ਨੇ ਸ੍ਰੀ ਮੁਕਤਸਰ ਸਾਹਿਬ ਦੇ ਚਾਲ੍ਹੀ ਮੁਕਤਿਆਂ ਸਮੇਤ ਦੇਸ਼ ਦੀ ਅਜ਼ਾਦੀ ਲਈ ਜਾਨਾਂ ਵਾਰਨ ਵਾਲੇ ਸ਼ਹੀਦਾਂ ਦੀ ਸ਼ਹਾਦਤ ਨੂੰ ਨਮਨ ਕਰਦਿਆਂ ਸੁਤੰਤਰਤਾ ਸੰਗਰਾਮ ਦੀ ਗਾਥਾ ਸਾਂਝੀ ਕੀਤੀ ਤੇ ਇਸ ਲੜਾਈ ਵਿੱਚ ਪੰਜਾਬੀਆਂ ਦੇ ਯੋਗਦਾਨ ਨੂੰ ਵੀ ਸਿਜਦਾ ਕੀਤਾ। ਉਨ੍ਹਾ ਆਜ਼ਾਦੀ ਤੋਂ ਬਾਅਦ ਦੇਸ਼ ਨੂੰ ਅਨਾਜ ਉਤਪਾਦਨ ਵਿੱਚ ਆਤਮ ਨਿਰਭਰ ਕਰਨ ਵਾਲੇ ਕਿਸਾਨਾਂ ਦੀ ਮਿਹਨਤ ਦੀ ਨੂੰ ਵੀ


ਬਠਿੰਡਾ

ਨਮਨ ਕੀਤਾ। ਇਸ ਮੌਕੇ ਪੰਜਾਬ ਪੁਲਸ ਦੇ ਪਰੇਡ ਕਮਾਂਡਰ ਇਸਾਨ ਸਿੰਗਲਾ ਡੀ.ਐੱਸ.ਪੀ. ਦੀ ਅਗਵਾਈ ਵਿੱਚ ਪੰਜਾਬ ਪੁਲਸ, ਪੰਜਾਬ ਪੁਲਸ (ਮਹਿਲਾ), ਪੰਜਾਬ ਹੋਮ ਗਾਰਡਜ਼, ਐੱਨ.ਸੀ.ਸੀ. ਤੇ ਸਕਾਊਟ ਦੀਆਂ ਟੁਕੜੀਆਂ ਵੱਲੋਂ ਰਾਸ਼ਟਰੀ ਝੰਡੇ ਨੂੰ ਸਲਾਮੀ ਦਿੱਤੀ ਗਈ ਅਤੇ ਮਾਰਚ ਪਾਸਟ ਪੇਸ਼ ਕੀਤਾ ਗਿਆ ਅਤੇ ਪੰਜਾਬ ਪੁਲਸ ਦੇ ਬੈਂਡ ਵੱਲੋਂ ਰਾਸ਼ਟਰੀ ਧੁੰਨ ਬਜਾਈ ਗਈ ਅਤੇ ਵੱਖ-ਵੱਖ ਸਕੂਲਾਂ ਦੇ ਬੱਚਿਆ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਇਸ ਮੌਕੇ ਸੁਤੰਤਰਤਾ ਸੈਨਾਨੀਆਂ ਦੇ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸਨਮਾਨਤ ਕੀਤਾ ਗਿਆ।

ਇਸ ਮੌਕੇ ਜਗਦੀਪ ਸਿੰਘ ਕਾਕਾ ਬਰਾੜ ਵਿਧਾਇਕ ਸ੍ਰੀ ਮੁਕਤਸਰ ਸਾਹਿਬ, ਰਾਜ ਕੁਮਾਰ ਜ਼ਿਲ੍ਹਾ ਤੇ ਸੈਸ਼ਨ ਜੱਜ, ਤੁਸ਼ਾਰ ਗੁਪਤਾ ਐੱਸ.ਐੱਸ.ਪੀ., ਸੰਜੀਵ ਸ਼ਰਮਾ ਏ.ਡੀ.ਸੀ. (ਜ), ਸੁਖਪ੍ਰੀਤ ਸਿੰਘ ਸਿੱਧੂ ਏ.ਡੀ.ਸੀ.(ਡੀ), ਕੰਵਲਪ੍ਰੀਤ ਸਿੰਘ ਐੱਸ.ਪੀ. ਹੈੱਡ ਕੁਆਰਟਰ, ਸ੍ਰੀ ਜਸ਼ਨ ਬਰਾੜ ਚੇਅਰਮੈਨ, ਜਸਪਾਲ ਮੋਂਗਾ ਜ਼ਿਲ੍ਹਾ ਸਿੱਖਿਆ ਅਫਸਰ, ਮਨਜਿੰਦਰ ਸਿੰਘ ਕਾਕਾ ਉੜਾਂਗ, ਰਾਜ ਕੁਮਾਰ ਮੋਂਗਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

**ਰਾਜਪੁਰਾ (ਰਮੇਸ਼ ਕਟਾਰੀਆ)** : ਸਥਾਨਕ ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਰਾਜਪੁਰਾ ਦੇ ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼


ਪਾਤੜਾਂ

ਗਾਂਧੀ ਤੇ ਪੀ. ਆਈ. ਐੱਮ. ਟੀ. ਦੇ ਡਾਇਰੈਕਟਰ ਪ੍ਰੋ. ਰਾਜੀਵ ਬਾਹੀਆ ਦੀ ਅਗਵਾਈ ਵਿੱਚ ਐੱਨ.ਐੱਸ.ਐੱਸ. ਦੇ ਪ੍ਰੋਗਰਾਮ ਅਫਸਰ ਡਾ. ਮਨਦੀਪ ਸਿੰਘ, ਪ੍ਰੋ. ਵੰਦਨਾ ਗੁਪਤਾ, ਪ੍ਰੋ. ਅਵਤਾਰ ਸਿੰਘ, ਪ੍ਰੋ. ਗਗਨਦੀਪ ਕੌਰ, ਪ੍ਰੋ. ਦਲਜੀਤ ਸਿੰਘ, ਪ੍ਰੋ. ਪੂਰਨਿਮਾ, ਪੀ. ਆਈ. ਆਮ. ਟੀ. ਦੇ ਪ੍ਰੋਗਰਾਮ ਅਫਸਰ ਪ੍ਰੋ. ਸੰਦੀਪ ਕੁਮਾਰ, 5 ਪੰਜਾਬ ਬਟਾਲੀਅਨ ਦੇ ਏ. ਐੱਨ.ਓ. ਲੈਫਟੀਨੈਂਟ ਡਾ. ਜੈਦੀਪ ਸਿੰਘ ਤੇ ਰੈੱਡ ਕਰਾਸ ਦੇ ਪ੍ਰੋਗਰਾਮ ਅਫਸਰ ਡਾ. ਗੁਰਜਿੰਦਰ ਸਿੰਘ ਦੀ ਦੇਖ ਰੇਖ ਹੇਠ ਅਜ਼ਾਦੀ ਦਿਹਾੜੇ ਨੂੰ ਸਮਰਪਤ ਕਾਲਜ ਕੈਂਪਸ ਵਿਖੇ ਤਿਰੰਗਾ ਲਹਿਰਾਇਆ ਗਿਆ।ਇਸ ਮੌਕੇ ਡਾ. ਤਰਨਜੀਤ ਸਿੰਘ, ਪ੍ਰੋ. ਕਿਰਨਪ੍ਰੀਤ ਕੌਰ, ਪ੍ਰੋ. ਜੋਤੀ ਮੋਂਗਾ, ਪ੍ਰੋ. ਪ੍ਰਿਯੰਕਾਰਾਜਨ ਕੁਮਾਰ, ਭਾਵਨਾ ਅਰੋੜਾ ਕਲਰਕ, ਮੰਜੂ ਬਾਲਾ ਕਲਰਕ, ਰੋਹਿਤ ਪਹੂਜਾ ਕਲਰਕ, ਅਨਿਲ ਕੁਮਾਰ ਤੇ ਐੱਨ. ਐੱਸ. ਐੱਸ., ਐੱਨ. ਸੀ. ਸੀ. ਤੇ ਰੈੱਡ ਕਰਾਸ ਦੇ ਲਗਭਗ 150 ਵਲੰਟੀਅਰ ਸ਼ਾਮਲ ਸਨ।


ਲੌਂਗੋਵਾਲ

**ਜਗਰਾਉਂ (ਅਮਿਤ ਖੰਨਾ)** : ਡੀ.ਏ.ਵੀ. ਸੈਂਟਨਰੀ ਪਬਲਿਕ ਸਕੂਲ, ਜਗਰਾਉਂ ਵਿਖੇ ਸੁਤੰਤਰਤਾ ਦਿਵਸ ਸਮਾਰੋਹ ਮਨਾਇਆ ਗਿਆ।ਇਸ ਮੌਕੇ ਪ੍ਰਿੰਸੀਪਲ ਸ੍ਰੀ ਵੇਦ ਵ੍ਰਤ ਪਲਾਹ ਨੇ ਦੱਸਿਆ ਕਿ ਸਮੂਹ ਵਿਦਿਆਰਥੀਆਂ ਨੇ ਦੇਸ਼-ਭਗਤਾਂ ਨੂੰ ਨਿੱਘੀ ਸ਼ਰਧਾਂਜਲੀ ਦਿੱਤੀ ਤੇ ਦੇਸ਼-ਭਗਤਾਂ ਦੀਆਂ ਸ਼ਹਾਦਤਾਂ ਨੂੰ ਪ੍ਰਣਾਮ ਕੀਤਾ।ਪ੍ਰੋਗਰਾਮ ਦਾ ਆਗਾਜ਼ ਤਿਰੰਗਾ ਝੰਡਾ ਲਹਿਰਾਉਣ ਨਾਲ ਕੀਤਾ ਗਿਆ।ਉਪਰੰਤ ਵਿਦਿਆਰਥੀਆਂ ਨੇ ਨਾਚ ਤੇ ਗਾਣੇ ਦੀਆਂ ਬਿਹਤਰੀਨ ਪੇਸ਼ਕਾਰੀਆਂ ਪੇਸ਼ ਕੀਤੀਆਂ।ਦੇਸ਼ ਭਗਤਾਂ ਦੀ ਯਾਦ ਨੂੰ ਤਾਜ਼ਾ ਕਰਦਿਆਂ ਵਿਦਿਆਰਥੀਆਂ ਵੱਲੋਂ ਇੱਕ ਨਾਟਕ ਵੀ ਪੇਸ਼ ਕੀਤਾ ਗਿਆ।ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਭਾਰਤ ਦੇ ਇਤਿਹਾਸ ਤੋਂ ਜਾਣੂ ਕਰਵਾਇਆ।ਵਿਦਿਆਰਥੀਆਂ ਨੂੰ ਦੇਸ਼ ਪ੍ਰਤੀ ਸਮਰਪਤ ਰਹਿਣ ਲਈ ਤੇ ਦੇਸ਼ ਭਗਤਾਂ ਦਾ ਸਨਮਾਨ ਕਰਨ ਲਈ ਵੀ ਜਾਗ੍ਰਿਤ ਕੀਤਾ।ਇਸ ਮੌਕੇ ਸਮੂਹ ਅਧਿਆਪਕ ਸਾਹਿਬਾਨ ਮੌਜੂਦ ਸਨ।

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਸੰਤ ਕਬੀਰ


ਕੋਟ ਈਸੇ ਖਾਂ

ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿਖੇ 78ਵਾਂ ਆਜ਼ਾਦੀ ਦਿਵਸ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਪੂਰਾ ਸਕੂਲ ਦੇਸ਼ ਭਗਤੀ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ। ਸਮਾਗਮ ਵਿੱਚ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਰੰਗਾ-ਰੰਗ ਪ੍ਰੋਗਰਾਮ ਦੌਰਾਨ ਦੇਸ਼ ਭਗਤੀ ਨਾਲ ਸਬੰਧਤ ਸਮੂਹ ਗੀਤ, ਕੋਰੀਓਗ੍ਰਾਫੀ, ਡਾਂਸ ਤੇ ਕਵਿਤਾਵਾਂ ਆਦਿ ਵੱਖ ਵੱਖ ਵੰਨਗੀਆਂ ਪੇਸ਼ ਕੀਤੀਆਂ ਅਤੇ ਦੇਸ਼ ਨੂੰ ਅੱਗੇ ਲਿਜਾਣ ਦਾ ਪ੍ਰਣ ਲਿਆ। ਇਸ ਦੌਰਾਨ ਦੇਸ਼ ਭਗਤੀ ਨਾਲ ਸਬੰਧਤ ਕਵਿਤਾ ਉਚਾਰਨ ਮੁਕਾਬਲਾ ਵੀ ਕਰਵਾਇਆ ਗਿਆ। ਸਮਾਗਮ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਹੋਈ। ਸਕੂਲ ਦੇ ਐੱਮ. ਡੀ. ਪ੍ਰੋਫੈਸਰ ਐੱਮ. ਐੱਲ. ਅਰੋੜਾ ਤੇ ਪ੍ਰਿੰਸੀਪਲ ਮੈਡਮ ਕੰਚਨ ਨੇ ਆਜ਼ਾਦੀ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਦੇਸ਼ ਨੂੰ ਬੁਲੰਦੀਆਂ 'ਤੇ ਲਿਜਾਣ ਲਈ ਹਰ ਬੱਚੇ ਅੰਦਰ ਦੇਸ਼ ਭਗਤੀ ਦੀ ਭਾਵਨਾ ਪੈਦਾ ਹੋਣੀ ਚਾਹੀਦੀ ਹੈ। ਇਸ ਮੌਕੇ ਵਾਈਸ ਪ੍ਰਿੰਸੀਪਲ ਕੁਲਵੰਤ ਕੌਰ, ਮੁੱਖ ਅਧਿਆਪਕਾ ਸੋਨੀਆ ਧਵਨ, ਰਚਨਾ ਜਿੰਦਲ, ਮੈਡਮ ਸ਼ਾਲੂ ਤੇ ਜੇ. ਐੱਸ. ਸੰਧੂ ਸਮੇਤ ਸਮੂਹ ਸਟਾਫ਼ ਮੈਂਬਰ ਸ਼ਾਮਲ ਸਨ।

**ਅਜੀਤਵਾਲ (ਨਛੱਤਰ ਸੰਧੂ)** : ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ 15 ਅਗਸਤ ਦਾ ਦਿਨ ਧੂਮ ਧਾਮ ਨਾਲ ਮਨਾਇਆ ਗਿਆ।ਸਵੇਰ ਦੀ ਸਭਾ 'ਚ ਬੱਚਿਆਂ ਨੂੰ ਇਸ ਦਿਵਸ ਬਾਰੇ ਦੱਸਿਆ ਗਿਆ।ਇਸ ਮੌਕੇ ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤੇ।ਇਸ ਨੂੰ ਮਨਾਉਂਦੇ ਹੋਏ ਅਧਿਆਪਕਾਵਾਂ ਨੇ ਦੱਸਿਆ ਕਿ ਇਸ ਦਿਨ ਦੇਸ਼ ਨੂੰ ਆਜ਼ਾਦ ਕਰਵਾਉਣ ਵਾਲੇ ਯੋਧਿਆਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ ਜਾਂਦਾ ਹੈ।ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੇਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਬੱਚਿਆਂ ਨੂੰ ਦੱਸਿਆ ਕਿ 15 ਅਗਸਤ ਦਾ ਦਿਨ ਹਰ ਭਾਰਤੀ ਲਈ ਬਹੁਤ ਹੀ ਖਾਸ ਦਿਨ ਹੁੰਦਾ ਹੈ।ਇਸ ਦਿਨ ਦੇਸ਼ ਨੂੰ ਆਜ਼ਾਦ ਕਰਵਾਉਣ ਵਾਲੇ ਯੋਧਿਆਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ ਜਾਂਦਾ ਹੈ।ਇਸ ਮੌਕੇ ਸਕੂਲ ਸਮੁੱਚਾ ਸਕੂਲ ਸਟਾਫ ਹਾਜ਼ਰ ਸੀ।

**ਤਲਵੰਡੀ ਸਾਬੋ (ਜਗਦੀਪ ਗਿੱਲ)** : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਾਗੀਵਾਂਦਰ ਵਿਖੇ ਦੇਸ਼ ਦਾ 78ਵਾਂ ਆਜ਼ਾਦੀ ਦਿਵਸ ਸਕੂਲ ਪ੍ਰਿੰਸੀਪਲ ਮੈਡਮ ਕਵਿਤਾ ਭੰਡਾਰੀ ਦੀ ਅਗਵਾਈ 'ਚ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਕੋਰਿਓਗ੍ਰਾਫੀ, ਸਕਿੱਟ, ਦੇਸ਼ ਪਿਆਰ, ਧਾਰਮਿਕ ਤੇ ਸਮਾਜਿਕ ਸੁਧਾਰ ਸਬੰਧੀ ਵੱਖ-ਵੱਖ ਵੰਨਗੀਆਂ ਪੇਸ਼ ਕੀਤੀਆਂ ਗਈਆਂ।ਸਕੂਲ ਪ੍ਰਿੰਸੀਪਲ ਮੈਡਮ ਕਵਿਤਾ ਭੰਡਾਰੀ ਵੱਲੋਂ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਆਜ਼ਾਦੀ ਦਿਵਸ ਦੀ ਵਧਾਈ ਦਿੰਦਿਆਂ ਸਕੂਲ ਦਾ ਮੈਗਜ਼ੀਨ ਵਧਦੀਆਂ ਵੇਲਾਂ ਰਿਲੀਜ਼ ਕੀਤਾ ਗਿਆ। ਇਸ ਮੌਕੇ ਸਕੂਲ ਸਟਾਫ ਵੱਲੋਂ ਵਿਦਿਆਰਥੀਆਂ ਨੂੰ ਮਿਠਾਈਆਂ ਤੇ ਫਰੂਟ ਵੰਡ ਕੇ ਆਜ਼ਾਦੀ ਸਮਾਰੋਹ ਦੀ ਸਮਾਪਤੀ ਕੀਤੀ ਗਈ।

**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)** : ਮਹਾਨ ਸੂਫੀ ਸੰਤ ਬਾਬਾ ਸ਼ੇਖ ਫਰੀਦ ਜੀ ਦੀ ਪਾਵਨ ਤੇ ਇਤਿਹਾਸਕ ਨਗਰੀ ਫਰੀਦਕੋਟ ਵਿੱਚ ਨਹਿਰੂ ਸਟੇਡੀਅਮ ਵਿਖੇ ਡਿਪਟੀ ਕਮਿਸ਼ਨਰ ਫਰੀਦਕੋਟ ਸ਼੍ਰੀ ਵਿਨੀਤ ਕੁਮਾਰ ਨੇ ਕੌਮੀ ਝੰਡਾ ਲਹਿਰਾਇਆ ਤੇ ਪੁਲਸ ਦੀ ਟੁੱਕੜੀ ਤੋਂ ਸਲਾਮੀ ਲਈ।ਇਸ ਮੌਕੇ ਉਨ੍ਹਾਂ ਕਿਹਾ ਕਿ ਸਾਡਾ ਦੇਸ਼ 15 ਅਗਸਤ 1947 ਨੂੰ ਆਜ਼ਾਦ ਹੋਇਆ ਤੇ ਸਾਨੂੰ ਦੁਨੀਆ ਵਿੱਚ ਸਭ ਤੋਂ ਵੱਡੀ ਜਮਹੂਰੀਅਤ ਹੋਣ ਦਾ ਮਾਣ ਹਾਸਲ ਹੋਇਆ।ਇਸ ਮੌਕੇ ਉਨ੍ਹਾ ਨਾਲ ਹਲਕਾ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਤੇ ਉਨ੍ਹਾਂ ਦੀ ਧਰਮਪਤਨੀ ਸ੍ਰੀਮਤੀ ਬੇਅੰਤ ਕੌਰ, ਵਧੀਕ ਡਿਪਟੀ ਕਮਿਸ਼ਨਰ (ਜ) ਜਗਜੀਤ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਉਨ੍ਹਾਂ 78ਵੇਂ ਸੁਤੰਤਰਤਾ ਦਿਵਸ ਮੌਕੇ ਸਮੂਹ ਜ਼ਿਲ੍ਹਾ ਤੇ ਦੇਸ਼ ਵਾਸੀਆਂ ਨੂੰ ਤਹਿ ਦਿਲੋਂ ਨਿੱਘੀ ਵਧਾਈ ਦਿੱਤੀ।ਇਸ ਤੋਂ ਇਲਾਵਾ ਉਨ੍ਹਾ ਦੇਸ਼ ਦੀਆਂ ਤਿੰਨੋਂ ਸੈਨਾਵਾਂ ਤੇ ਹਥਿਆਰਬੰਦ ਬਲਾਂ ਦੇ ਉਨ੍ਹਾਂ ਬਹਾਦਰ ਸੂਰਬੀਰਾਂ ਨੂੰ ਵੀ ਵਧਾਈ ਦਿੱਤੀ, ਜੋ ਸਾਡੇ ਦੇਸ਼ ਦੀ ਅਖੰਡਤਾ ਤੇ ਏਕਤਾ ਦੀ ਰਾਖੀ ਕਰ ਰਹੇ ਹਨ।ਉਨ੍ਹਾ ਕਿਹਾ ਕਿ ਸਾਨੂੰ ਮਾਣ ਹੈ ਕਿ ਦੇਸ਼ ਦੇ ਆਜ਼ਾਦੀ ਸੰਗਰਾਮ ਦੌਰਾਨ ਸਭ ਤੋਂ ਜ਼ਿਆਦਾ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ ਤੇ ਇਸ ਸੰਘਰਸ਼ ਦੌਰਾਨ ਸ਼ਹੀਦ ਹੋਏ ਕੁੱਲ ਆਜ਼ਾਦੀ ਘੁਲਾਟੀਆਂ ਵਿੱਚ 80 ਫੀਸਦੀ ਤੋਂ ਵੱਧ ਯੋਗਦਾਨ ਪੰਜਾਬੀਆਂ ਦਾ ਰਿਹਾ।ਸਾਨੂੰ ਮਾਣ ਹੈ ਕਿ ਪੰਜਾਬੀਆਂ ਦੀਆਂ ਕੁਰਬਾਨੀਆਂ ਤੇ ਸਾਡੇ ਮਹਾਨ ਸ਼ਹੀਦਾਂ ਸਦਕਾ ਅੱਜ ਅਸੀਂ ਆਜ਼ਾਦ ਫ਼ਿਜ਼ਾ ਵਿੱਚ ਜ਼ਿੰਦਗੀ ਬਤੀਤ ਕਰ ਰਹੇ ਹਾਂ।ਮੁੱਖ ਮਹਿਮਾਨ ਵਜੋਂ ਉਹ ਸ਼ਹੀਦਾਂ ਦੇ ਪਰਿਵਾਰਾਂ ਨੂੰ ਵੀ ਮਿਲੇ ਤੇ ਉਨ੍ਹਾਂ ਦਾ ਹਾਲਚਾਲ ਜਾਣਿਆ ਤੇ ਉਨ੍ਹਾਂ ਨੂੰ ਸਨਮਾਨਤ ਕੀਤਾ।ਇਸ ਤੋਂ ਇਲਾਵਾ ਸਕੂਲੀ ਬੱਚਿਆਂ ਵੱਲੋਂ ਰੰਗ ਬਰੰਗੀਆਂ ਪੁਸ਼ਾਕਾਂ ਪਾ ਕੇ ਰੰਗਾਰੰਗ ਪ੍ਰੋਗਰਾਮ ਗਿੱਧਾ, ਭੰਗੜਾ ਤੇ ਅਨੇਕਾ ਹੋਰ ਲੋਕਨਾਚ ਪੇਸ਼ ਕੀਤੇ ਗਏ।ਸਟੇਜ ਸੈਕਟਰੀ ਦੀ ਭੂਮਿਕਾ ਜ਼ਿਲ੍ਹਾ ਲੋਕ ਸੰਪਰਕ ਅਫਸਰ ਗੁਰਦੀਪ ਸਿੰਘ ਮਾਨ ਤੇ ਜਸਬੀਰ ਸਿੰਘ ਜੱਸੀ ਵੱਲੋਂ ਨਿਭਾਈ ਗਈ।

**ਮੁੱਖੂ (ਰਛਪਾਲ ਸਿੰਘ ਸੰਧੂ)** : ਨਗਰ ਪੰਚਾਇਤ ਮੁੱਖੂ ਵਿਖੇ ਆਜ਼ਾਦੀ ਦਿਹਾੜਾ ਕਾਰਜ ਸਾਧਕ ਅਫਸਰ ਧਰਮਪਾਲ ਸਿੰਘ ਦੀ ਅਗਵਾਈ ਵਿੱਚ ਸਟਾਫ ਵੱਲੋਂ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਕਟਾਰੀਆ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ। ਆਜ਼ਾਦੀ ਦਿਹਾੜੇ ਮੌਕੇ ਦਫਤਰ ਨਗਰ ਪੰਚਾਇਤ ਮੁੱਖੂ ਵਿਖੇ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਨਗਰ ਪੰਚਾਇਤ ਮੁੱਖੂ ਦੇ ਕਾਰਜ ਸਾਧਕ ਅਫਸਰ ਧਰਮਪਾਲ ਸਿੰਘ ਵੱਲੋਂ ਨਿਭਾਈ ਗਈ।ਥਾਣਾ ਮੁੱਖੂ ਦੇ ਮੁਲਾਜ਼ਮਾਂ ਵੱਲੋਂ ਤਿਰੰਗੇ ਝੰਡੇ ਨੂੰ ਸਲਾਮੀ ਦਿੱਤੀ ਗਈ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਮੁੱਖੂ ਦੀਆਂ ਵਿਦਿਆਰਥਣਾਂ ਵੱਲੋਂ ਰਾਸ਼ਟਰੀ ਗੀਤ ਗਾਇਆ ਗਿਆ।ਇਸ ਮੌਕੇ ਮੁੱਖ ਮਹਿਮਾਨ ਨਰਿੰਦਰ ਕਟਾਰੀਆ ਵੱਲੋਂ ਪੰਜਾਬ ਵਾਸੀਆਂ ਨੂੰ ਆਜ਼ਾਦੀ ਦਿਹਾੜੇ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਦੇਸ਼ ਨੂੰ ਅਜ਼ਾਦ ਕਰਾਉਣ ਵਾਲੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਇਨ੍ਹਾਂ ਸ਼ਹੀਦਾਂ ਦੀਆਂ ਕੁਰਬਾਨੀਆਂ ਸਦਕਾ ਹੀ ਅੱਜ ਅਸੀਂ ਆਜ਼ਾਦੀ ਦਾ ਅਨੰਦ ਮਾਣ ਰਹੇ ਹਾਂ। ਇਸ ਮੌਕੇ ਮੁੱਖ ਨਰਿੰਦਰ ਕਟਾਰੀਆ ਤੇ ਕਾਰਜ ਸਾਧਕ ਅਫਸਰ ਧਰਮਪਾਲ ਸਿੰਘ ਵੱਲੋਂ ਸਕੂਲ ਦੀਆਂ ਵਿਦਿਆਰਥਣਾਂ ਤੇ ਪੁਲਸ ਮੁਲਾਜ਼ਮਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ ਤੇ ਹਾਜਰ ਇਲਾਕੇ ਦੇ ਲੋਕਾਂ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਇਆ ਗਿਆ। ਇਸ ਮੌਕੇ ਉਦੇ ਸ਼ੰਕਰ ਕਟਾਰੀਆ, ਜਰਨੈਲ ਸਿੰਘ ਸੰਧੂ, ਵਰਿੰਦਰ ਠੁਕਰਾਲ, ਡਾ. ਰਜੀਵ ਅਹੂਜਾ ਰਵੀ, ਰਿਸ਼ੂ ਖੁਰਾਣਾ, ਰਣਜੀਤ ਸਿੰਘ ਰਾਣਾ ਬਾਹਰਵਾਲੀ, ਬਲਵੀਰ ਲਹਿਰਾ, ਮਨਮੋਹਨ ਗਰੋਵਰ, ਬਲਵਿੰਦਰ ਠੁਕਰਾਲ, ਅਸ਼ੋਕ ਆਰਜੂ, ਪਵਨ ਖੰਨਾ, ਯਸ਼ਵੀਰ ਮਨਚੰਦਾ, ਅਨਿਲ ਧਵਨ ਡੀਸੀ, ਅਸ਼ਵਨੀ ਮਨਚੰਦਾ, ਨਰੇਸ਼ ਮੋਂਗਾ, ਧਰਮਜੀਤ ਛਾਬੜਾ, ਗੌਰਵ ਮਦਾਨ, ਸੁਰਿੰਦਰ ਅਹੂਜਾ, ਜੋਗਾ ਸਿੰਘ ਸਰਪੰਚ ਨੰਗਲ, ਗੁਰਜੰਟ ਸਿੰਘ ਤੇ ਨਗਰ ਪੰਚਾਇਤ ਮੁੱਖੂ ਦਾ ਸਟਾਫ ਹਾਜ਼ਰ ਸਨ।

**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)** : ਪਾਤੜਾਂ ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਡੀ.ਏ.ਵੀ. ਸਕੂਲ ਪਾਤੜਾਂ ਵਿੱਚ ਆਜ਼ਾਦੀ ਦਿਵਸ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ।ਸਕੂਲ ਪ੍ਰਿੰਸੀਪਲ ਨਵਦੀਪ ਵਸ਼ਿਸ਼ਟ ਨੇ ਦੱਸਿਆ ਕਿ ਸਕੂਲ ਦੇ ਅਧਿਆਪਕਾਂ ਦੀ ਦੇਖ-ਰੇਖ ਵਿੱਚ ਆਜ਼ਾਦੀ ਦਿਵਸ ਨੂੰ ਸਮਰਪਤ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ।ਇਸ ਤਹਿਤ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਨਾਲ ਸਬੰਧਤ ਨਾਚ-ਗਾਣੇ, ਪਰੇਡ ਤੇ ਰੰਗਾ-ਰੰਗ ਪ੍ਰੋਗਰਾਮ ਪੇਸ਼ ਕੀਤੇ ਗਏ।ਇਸ ਤੋਂ ਇਲਾਵਾ ਅਜ਼ਾਦੀ ਦਿਵਸ ਨੂੰ ਸਮਰਪਤ ਕੇਸਰੀ ਸਫੈਦ ਤੇ ਹਰੇ ਰੰਗ ਦੇ ਚਾਰਟ ਅਤੇ ਪੋਸਟਰ ਵੀ ਤਿਆਰ ਕੀਤੇ ਗਏ।ਪ੍ਰਾਇਮਰੀ ਵਿੰਗ ਦੇ ਵਿਦਿਆਰਥੀ ਆਪਣੇ ਖਾਣੇ ਨੂੰ ਤਿਰੰਗੇ ਦੇ ਰੂਪ ਵਿੱਚ ਸਜਾ ਕੇ ਲੈ ਕੇ ਆਏ।ਹਰ ਘਰ ਤਿਰੰਗਾ ਮੁਹਿੰਮ ਤਹਿਤ ਪੂਰੇ ਸਕੂਲ ਨੂੰ ਤਿਰੰਗੇ ਝੰਡਿਆਂ ਨਾਲ ਸਜਾਇਆ ਗਿਆ।ਪ੍ਰਿੰਸੀਪਲ ਨਵਦੀਪ ਵਸ਼ਿਸ਼ਟ ਦੁਆਰਾ


ਫਿਰੋਜ਼ਪੁਰ

ਵਿਦਿਆਰਥੀਆਂ ਨੂੰ ਦੇਸ਼ ਦੀ ਸੰਪਤੀ ਦੀ ਰੱਖਿਆ, ਰਾਸ਼ਟਰੀ ਗਾਣ, ਰਾਸ਼ਟਰੀ ਚਿੰਨ੍ਹ ਤੇ ਰਾਸ਼ਟਰੀ ਝੰਡੇ ਦਾ ਸਨਮਾਨ ਕਰਨ ਲਈ ਪ੍ਰੇਰਿਤ ਕੀਤਾ ਅਤੇ ਆਜ਼ਾਦੀ ਦਿਵਸ ਦੀ ਵਧਾਈ ਦਿੱਤੀ।

**ਲੌਂਗੋਵਾਲ (ਕੁਲਦੀਪ ਅੱਤਰੀ/ਪ੍ਰਦੀਪ ਸੱਪਲ)** : ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜੀਨੀਅਰਿੰਗ ਤੇ ਟੈਕਨਾਲੋਜੀ ਲੌਂਗੋਵਾਲ ਵਿਖੇ 78ਵਾਂ ਸੁਤੰਤਰਤਾ ਦਿਵਸ ਮਨਾਇਆ ਗਿਆ।ਸੰਸਥਾ ਡਾਇਰੈਕਟਰ ਪ੍ਰੋਫੈਸਰ ਮਨੀ ਕਾਂਤ ਪਾਸਵਾਨ ਨੇ ਰਾਸ਼ਟਰੀ ਝੰਡਾ ਲਹਿਰਾ ਕੇ ਸਲਾਮੀ ਦਿੱਤੀ।ਇਸ ਮੌਕੇ ਮੋਨਿਕਾ ਦੇਵੀ ਯਾਦਵ ਡਵੀਜ਼ਨਲ ਜੰਗਲਾਤ ਅਫਸਰ ਸੰਗਰੂਰ ਨੇ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸੰਸਥਾ ਦੇ ਐੱਨ.ਸੀ.ਸੀ. ਕੈਡਿਟਾਂ ਤੇ ਸੁਰੱਖਿਆ ਕਰਮਚਾਰੀਆਂ ਨੇ ਪਰੇਡ ਕੀਤੀ ਤੇ ਰਾਸ਼ਟਰੀ ਝੰਡੇ ਨੂੰ ਸਲਾਮੀ ਦਿੱਤੀ।ਇਸ ਮੌਕੇ ਸੰਸਥਾ


ਫਤਿਹਗੜ੍ਹ ਸਾਹਿਬ

ਡਾਇਰੈਕਟਰ ਪ੍ਰੋਫੈਸਰ ਮਨੀ ਕਾਂਤ ਪਾਸਵਾਨ ਨੇ ਮਹਿਮਾਨਾਂ ਦਾ ਸਵਾਗਤ ਕੀਤਾ ਤੇ ਦੇਸ਼ ਦੀ ਆਜ਼ਾਦੀ ਦੇ ਸੰਘਰਸ਼ ਵਿੱਚ ਸ਼ਹੀਦ ਹੋਏ ਕ੍ਰਾਂਤੀਕਾਰੀਆਂ ਨੂੰ ਸਲਾਮ ਕਰਦੇ ਹੋਏ ਕਿਹਾ ਕਿ ਸੁਤੰਤਰਤਾ ਸੈਨਾਨੀਆਂ ਨੇ ਸਾਨੂੰ ਮੁਲਕ ਦੇ ਲਈ ਜਿਉਣ ਮਰਨ ਦਾ ਰਸਤਾ ਦਿਖਾਇਆ ਅਤੇ ਸੱਚਾਈ ਤੇ ਅਹਿੰਸਾ ਦਾ ਜੀਵਨ ਦਰਸ਼ਨ ਸਾਨੂੰ ਪ੍ਰਦਾਨ ਕੀਤਾ।ਉਪਰੰਤ ਪੀ.ਐੱਚ.ਡੀ. ਸਕਾਲਰਾਂ ਤੇ ਪ੍ਰੋਫੈਸਰਾਂ ਨੂੰ ਸੰਸਥਾ ਵਿੱਚ ਗੁਣਵੱਤਾ ਭਰਪੂਰ ਪ੍ਰਕਾਸ਼ਨ ਤੇ ਖੋਜ ਪ੍ਰੋਜੈਕਟ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਸਨਮਾਨਤ ਕੀਤਾ ਗਿਆ।ਇਸ ਮੌਕੇ ਕੈਲਾਸ਼ (ਭੌਤਿਕ ਵਿਗਿਆਨ), ਕਰਨ ਬਾਂਸਲ (ਭੌਤਿਕ ਵਿਗਿਆਨ), ਪਰਮਜੀਤ ਸ਼ਾਕਿਆ (ਮਕੈਨੀਕਲ ਇੰਜਨੀਅਰਿੰਗ), ਵਿਕਰਾਂਤ ਸਿੰਘ (ਮਕੈਨੀਕਲ ਇੰਜਨੀਅਰਿੰਗ) ਤੇ ਦੀਪਕ ਦਾਸ (ਫੂਡ ਇੰਜਨੀਅਰਿੰਗ) ਨੂੰ


ਨਾਭਾ

ਐੱਸ ਐੱਲ ਆਈ ਈ ਟੀ ਕੁਆਲਿਟੀ ਪਬਲੀਕੇਸ਼ਨ ਐਵਾਰਡ ਮਿਲਿਆ। ਡਾ. ਅਮਰ ਨਾਥ ਨੂੰ ਸਲਾਈਟ ਰਿਸਰਚ ਪ੍ਰੋਜੈਕਟ ਐਵਾਰਡ ਮਿਲਿਆ। ਪ੍ਰੋ. ਧੀਰਜ ਸੂਦ, ਡਾ: ਅਨਿਲ ਸਿੰਗਲਾ, ਡਾ: ਅਨੁਜ ਬਾਂਸਲ ਤੇ ਪ੍ਰੋ. ਜੇ. ਐੱਸ. ਉੱਭੀ ਨੇ ਪੇਟੈਂਟ ਲਈ ਪ੍ਰਸੰਸਾ ਪੱਤਰ ਪ੍ਰਾਪਤ ਕੀਤੇ।ਵਿਦਿਆਰਥੀਆਂ ਨੇ ਵਧੀਆ ਢੰਗ ਨਾਲ ਸੱਭਿਆਚਾਰਕ ਪ੍ਰੋਗਰਾਮ ਦੀ ਪੇਸ਼ਕਾਰੀ ਕੀਤੀ, ਜਿਸ ਨੇ ਸਰੋਤਿਆਂ ਦਾ ਮਨ ਮੋਹ ਲਿਆ।

ਇਸੇ ਦੌਰਾਨ ਸਥਾਨਕ ਨਗਰ ਕੌਂਸਲ ਦਫਤਰ ਵਿਖੇ 78ਵਾਂ ਅਜ਼ਾਦੀ ਦਿਵਸ ਮਨਾਇਆ ਗਿਆ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਪਰਮਿੰਦਰ ਕੌਰ ਬਰਾੜ ਨੇ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਤੇ ਪੁਲਸ ਦੀ ਟੁਕੜੀ ਵੱਲੋਂ ਸਲਾਮੀ ਦਿੱਤੀ ਗਈ।ਇਸ ਮੌਕੇ ਸਰਕਾਰੀ ਪ੍ਰਾਇਮਰੀ ਸਕੂਲ ਪੱਤੀ ਜੈਦ ਦੇ ਵਿਦਿਆਰਥੀਆਂ ਨੇ ਦੇਸ਼ ਭਗਤੀ ਗੀਤ ਗਾਏ।


ਰਾਮਪੁਰਾ ਫੂਲ

**ਜਗਰਾਉਂ (ਅਮਿਤ ਖੰਨਾ)** : ਬਲੌਜ਼ਮਜ਼ ਕਾਨਵੈਂਟ ਸਕੂਲ ਵਿਖੇ 78ਵੇਂ ਸੁਤੰਤਰਤਾ ਦਿਵਸ ਨੂੰ ਮੁੱਖ ਰੱਖਦੇ ਹੋਏ ਕਈ ਗਤੀਵਿਧੀਆਂ ਕਰਵਾਈਆਂ ਗਈਆਂ, ਜਿਸ ਵਿੱਚ ਪਲੇਅਵੇਅ ਤੋਂ ਲੈ ਕੇ ਤੀਸਰੀ ਜਮਾਤ ਦੇ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਬੱਚਿਆਂ ਨੇ ਵੱਖ-ਵੱਖ ਦੇਸ਼-ਭਗਤਾਂ ਦਾ ਰੂਪ ਧਾਰਨ ਕੀਤਾ ਤੇ ਉਨ੍ਹਾਂ ਨੂੰ ਸ਼ਰਧਾਂਜਲੀ ਪੇਸ਼ ਕੀਤੀ। ਨੌਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਦੇਸ਼ ਭਗਤੀ ਦੇ ਗੀਤ ਗਾ ਕੇ ਸ਼ਰਧਾਂਜਲੀ ਭੇਟ ਕੀਤੀ। ਇਸ ਦੇ ਨਾਲ ਹੀ ਜਮਾਤ ਯੂ.ਕੇ.ਜੀ. ਦੇ ਵਿਦਿਆਰਥੀਆਂ ਨੇ ਵੀ ਫੈਂਸੀ ਡਰੈੱਸ ਪ੍ਰਤੀਯੋਗਤਾ 'ਚ ਹਿੱਸਾ ਲਿਆ, ਜਿਸ ਵਿੱਚੋਂ ਕੀਰਤ ਕੌਰ ਪਹਿਲੇ, ਕੈਵਿਸ਼ ਢੰਡ ਦੂਜੇ, ਦਿਲਸ਼ਾਂਤ ਰਾਣਾ ਤੀਸਰੇ, ਈਸ਼ਵਰਜੋਤ ਕੌਰ ਤੇ ਆਵਿਆ ਢੰਡ ਨੂੰ ਕੌਨਸੋਲੇਸ਼ਨ ਇਨਾਮਾਂ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ: ਅਮਰਜੀਤ ਕੌਰ ਨਾਜ਼ ਨੇ ਸਾਰੇ ਹੀ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਉਨ੍ਹਾਂ ਬੱਚਿਆਂ ਨੂੰ ਦੇਸ਼ ਭਗਤਾਂ ਦੇ ਪਾਏ ਪੂਰਨਿਆਂ ਉੱਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਦੇ ਚੇਅਰਮੈਨ ਸ: ਹਰਭਜਨ ਸਿੰਘ ਜੌਹਲ ਤੇ ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਨੇ ਵੀ ਬੱਚਿਆਂ ਦੇ ਉਪਰਾਲੇ ਦੀ ਸ਼ਲਾਘਾ ਕੀਤੀ।

**ਬਠਿੰਡਾ (ਪਰਵਿੰਦਰ ਜੀਤ ਸਿੰਘ)** : ਪੁਲਸ ਪਬਲਿਕ ਸਕੂਲ ਵਿੱਚ ਸੁਤੰਤਰਤਾ ਦਿਵਸ 'ਤੇ ਵਿਸ਼ੇਸ਼ ਪ੍ਰਾਰਥਨਾ ਸਭਾ ਕਰਵਾਈ ਗਈ। ਇਸ ਮੌਕੇ ਅੱਠਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ "ਐ ਵਤਨ" ਗਾਣੇ ਤੇ ਨਾਚ ਪੇਸ਼ ਕੀਤਾ। ਇਸ ਤੋਂ ਇਲਾਵਾ ਪ੍ਰਾਇਮਰੀ ਪੱਧਰ ਦੇ ਵਿਦਿਆਰਥੀਆਂ ਨੇ ਹਾਊਸ ਵਾਈਜ਼ ਦੇਸ਼ ਭਗਤੀ ਦੀਆਂ ਕਵਿਤਾਵਾਂ ਪੇਸ਼ ਕੀਤੀਆਂ। ਵਿਦਿਆਰਥੀਆਂ ਵੱਲੋਂ ਅਜ਼ਾਦੀ ਨਾਲ ਸਬੰਧਤ ਕੁਇੱਜ਼ ਕਰਵਾਇਆ ਗਿਆ। ਮਿਡਲ ਪੱਧਰ ਦੇ ਵਿਦਿਆਰਥੀਆਂ ਵੱਲੋਂ ਹੀਰ ਅਸਮਾਨੀ,

ਵਧਦੇ ਜਾਓ ਤੇ ਜੈ ਭਾਰਤੀ ਗਾਣਿਆ ਉੱਪਰ ਕੋਰੀਓਗ੍ਰਾਫੀ ਪੇਸ਼ ਕੀਤੀ ਗਈ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਮੋਨਿਕਾ ਸਿੰਘ ਨੇ ਦੇਸ਼ ਦੀ ਖਾਤਰ ਕੁਰਬਾਨੀਆਂ ਦੇਣ ਵਾਲੇ ਸ਼ਹੀਦਾਂ ਨੂੰ ਯਾਦ ਕਰਦਿਆਂ ਵਿਦਿਆਰਥੀਆਂ ਨੂੰ ਦੇਸ਼ ਦੀ ਖਾਤਰ ਅੱਗੇ ਵਧਣ ਦੀ ਪ੍ਰੇਰਣਾ ਦਿੱਤੀ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)** : ਵਿਜ਼ਡਮ ਵਰਲਡ ਸਕੂਲ ਥਾਂਦੇਵਾਲਾ ਵਿਖੇ ਸਕੂਲ ਦੇ ਚੇਅਰਮੈਨ ਜਸਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਸੁਤੰਤਰਤਾ ਦਿਵਸ ਮਨਾਇਆ ਗਿਆ। ਇਸ ਮੌਕੇ ਬੱਚਿਆਂ ਨੇ ਬਹੁਤ ਸੁੰਦਰ ਡਾਂਸ ਪੇਸ਼ ਕੀਤੇ। ਲੜਕੀਆਂ ਨੇ ਦੇਸ਼ ਭਗਤੀ ਦਾ ਗੀਤ ਗਾਇਆ। ਇਸ ਮੌਕੇ ਸਕੂਲ ਦੇ ਚਾਰ ਹਾਊਸ ਚੇਨਾਬ ਹਾਊਸ, ਜੇਹਲਮ ਹਾਊਸ, ਰਾਵੀ ਹਾਊਸ ਤੇ ਸਤਲੁਜ ਹਾਊਸ ਦੇ ਵਿਚਕਾਰ ਅੰਤਰ ਹਾਊਸ ਬੋਰਡ ਪ੍ਰਤੀਯੋਗਤਾ ਕਰਵਾਈ ਗਈ। ਅੰਤ ਵਿੱਚ ਸ੍ਰ. ਜਸਵਿੰਦਰ ਸਿੰਘ ਨੇ ਬੱਚਿਆਂ ਨੂੰ ਅਜ਼ਾਦੀ ਦੀ ਮਹੱਤਤਾ ਤੇ ਇਤਿਹਾਸ ਬਾਰੇ ਦੱਸਿਆ। ਸਕੂਲ ਦੇ ਪ੍ਰਿੰਸੀਪਲ ਮੈਡਮ ਸੁਮਨ ਰਾਣੀ, ਵਾਈਸ ਪ੍ਰਿੰਸੀਪਲ ਮੈਡਮ ਸੋਨੀਆ, ਕੋ-ਆਰਡੀਨੇਟਰ ਮੈਡਮ ਪੂਨਮ ਸ਼ਰਮਾ ਤੇ ਸਮੂਹ ਸਟਾਫ ਨੇ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਮਹੱਤਵਪੂਰਨ ਭੂਮਿਕਾ ਨਿਭਾਈ।

**ਨਾਭਾ (ਵਰਿੰਦਰ ਵਰਮਾ)** : ਡੀ.ਏ.ਵੀ. ਪਬਲਿਕ ਸਕੂਲ ਨਾਭਾ ਵਿਖੇ 78ਵਾਂ ਸੁਤੰਤਰਤਾ ਦਿਵਸ ਧੂਮਧਾਮ ਨਾਲ ਮਨਾਇਆ ਗਿਆ।ਸਕੂਲ ਚੇਅਰਪਰਸਨ ਸ੍ਰੀਮਤੀ ਪੁਸ਼ਪਾ ਸੋਫਤ ਤੇ ਯੋਗ ਪ੍ਰਬੰਧਕ ਸ੍ਰੀਮਤੀ ਜਯਾ ਭਾਰਦਵਾਜ ਤੇ ਸਕੂਲ ਦੇ ਪ੍ਰਿੰਸੀਪਲ ਵਿਜੇ ਕੁਮਾਰ ਮਿੱਤਲ ਦੀ ਗਤੀਸ਼ੀਲ ਅਗਵਾਈ ਹੇਠ ਦੇਸ਼ ਦਾ 78ਵਾਂ ਸੁਤੰਤਰਤਾ ਦਿਵਸ ਬੜੀ ਹੀ ਧੂਮ-ਧਾਮ ਨਾਲ ਮਨਾਇਆ ਗਿਆ।ਉਨ੍ਹਾਂ ਮਹਾਨ ਆਜ਼ਾਦੀ ਘੁਲਾਟੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ।ਇਸ ਸਮਾਗਮ ਵਿੱਚ ਵਿਦਿਆਰਥੀਆਂ ਵੱਲੋਂ ਵੱਖ-ਵੱਖ ਤਰ੍ਹਾਂ ਦੀਆਂ ਕਲਾਤਮਕ ਪੇਸ਼ਕਾਰੀਆਂ ਕੀਤੀਆਂ ਅਤੇ ਪ੍ਰਿੰਸੀਪਲ ਵੱਲੋਂ ਰਾਸ਼ਟਰੀ ਝੰਡਾ ਲਹਿਰਾਉਣ ਤੇ ਰਾਸ਼ਟਰੀ ਗੀਤ ਗਾ ਕੇ ਦੇਸ਼ ਦੀ ਆਜ਼ਾਦੀ ਦੀ ਯਾਦ ਮਨਾਈ ਗਈ।ਇਸ ਮੌਕੇ ਸੋਲੋ ਡਾਂਸ, ਗਰੁੱਪ ਡਾਂਸ, ਗਿੱਧਾ ਅਤੇ ਭੰਗੜਾ ਸਮੇਤ ਕਈ ਪੇਸ਼ਕਾਰੀਆਂ ਦਿੱਤੀਆਂ ਗਈਆਂ। ਵਿਦਿਆਰਥੀਆਂ ਨੇ ਆਜ਼ਾਦੀ ਦਿਵਸ ਦੀ ਮਹੱਤਤਾ 'ਤੇ ਕਵਿਤਾਵਾਂ ਤੇ ਭਾਸ਼ਣ ਵੀ ਪੇਸ਼ ਕੀਤੇ।ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਨੇ ਬੱਚਿਆਂ ਵੱਲੋਂ ਕੀਤੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਤੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ।

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** : 78ਵਾਂ ਆਜ਼ਾਦੀ ਦਿਹਾੜਾ ਰਾਮਪੁਰਾ ਫੂਲ ਦੀ ਫੂਲ ਰੋਡ ਦਾਣਾ ਮੰਡੀ ਵਿਖੇ ਮਨਾਇਆ ਗਿਆ, ਜਿਸ ਵਿੱਚ ਐੱਸ ਡੀ ਐੱਮ ਫੂਲ ਕੰਵਰਜੀਤ ਸਿੰਘ ਨੇ ਝੰਡਾ ਲਹਿਰਾਇਆ।ਇਸ ਮੌਕੇ ਐੱਸ ਡੀ ਐੱਮ ਫੂਲ ਤੇ ਹਲਕਾ ਵਿਧਾਇਕ ਬਲਕਾਰ ਸਿੱਧੂ ਨੇ ਆਜ਼ਾਦੀ ਸੰਘਰਸ਼ ਵਿੱਚ ਵੱਡਮੁੱਲਾ ਯੋਗਦਾਨ ਪਾ ਕੇ ਸ਼ਹੀਦੀਆਂ ਪ੍ਰਾਪਤ ਕਰਨ ਕਰਕੇ ਹੀ ਅੱਜ ਅਸੀਂ ਆਜ਼ਾਦੀ ਦਾ ਆਨੰਦ ਲੈ ਰਹੇ ਹਾਂ, ਜਿਨ੍ਹਾਂ ਵਿੱਚ ਸ਼ਹੀਦ ਭਗਤ ਸਿੰਘ, ਸ਼ਹੀਦ ਰਾਜਗੁਰੂ ਤੇ ਸੁਖਦੇਵ, ਸ਼ਹੀਦ ਕਰਤਾਰ ਸਿੰਘ ਸਰਾਭਾ, ਸ਼ਹੀਦ ਉਧਮ ਸਿੰਘ, ਸ਼ਹੀਦ ਮਦਨ ਲਾਲ ਢੀਂਗਰਾ, ਸ਼ਹੀਦ ਲਾਲਾ ਲਾਜਪਤ ਰਾਏ ਤੇ ਹੋਰ ਅਨੇਕਾਂ ਅਜ਼ਾਦੀ ਘੁਲਾਟੀਏ ਸ਼ਾਮਲ ਰਹੇ।ਇਸ ਮੌਕ ਰਾਸ਼ਟਰੀ ਗਾਣ ਉਪਰੰਤ ਵੱਖ ਵੱਖ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਨੇ ਸੱਭਿਆਚਾਰਕ ਦੇਸ਼ ਭਗਤੀ ਦੀਆਂ ਪੇਸ਼ਕਾਰੀਆਂ ਬਾਖੂਬੀ ਦਿੱਤੀਆਂ।ਇਸ ਮੌਕੇ ਫਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਰਾਮਪੁਰਾ ਫੂਲ ਦੇ ਵਿਦਿਆਰਥੀ ਕਲਾਕਾਰਾਂ ਦੀ ਕੋਰੀਓਗਰਾਫੀ 'ਪਾਣੀ ਦੀ ਜੰਗ' ਨੇ ਦਰਸ਼ਕਾਂ ਨੂੰ ਭਾਵੁਕ ਕਰ ਦਿੱਤਾ।ਸੂਬੇ ਵਿੱਚ ਪਾਣੀ ਦੇ ਭਵਿੱਖੀ ਹਾਲਾਤਾਂ ਦੀ ਤਰਾਸਦੀ ਨੂੰ ਬਾਕਾਮਾਲ ਪੇਸ਼ਕਾਰੀ ਦੇਣ ਵਿੱਚ ਸਫਲ ਹੋਏ ਫਤਿਹ ਕਾਲਜ ਦੇ ਵਿਦਿਆਰਥੀ ਸਭਨਾਂ ਲਈ ਰੋਲ ਮਾਡਲ ਹੋ ਨਿੱਬੜੇ ਉਨ੍ਹਾਂ ਦੀ ਕਲਾ ਪੇਸ਼ਕਾਰੀ ਤੋਂ ਪ੍ਰਭਾਵਿਤ ਹੁੰਦੇ ਹੋਏ ਹਲਕਾ ਵਿਧਾਇਕ ਬਲਕਾਰ ਸਿੱਧੂ ਤੇ ਐੱਸਡੀਐੱਮ ਫੂਲ ਨੇ ਸਭਨਾਂ ਦੀ ਰੱਜ ਕੇ ਪ੍ਰਸੰਸਾ ਕੀਤੀ, ਜਿਸ ਕਾਰਨ ਵਿਦਿਆਰਥੀ ਕਲਾਕਾਰ, ਸੰਸਥਾ ਦੇ ਚੇਅਰਮੈਨ ਐੱਸ ਐਸ ਚੱਠਾ, ਸਹਾਇਕ ਡਾਇਰੈਕਟਰ ਹਰਪ੍ਰੀਤ ਸ਼ਰਮਾ, ਪ੍ਰਿੰਸੀਪਲ ਜਗਵਿੰਦਰ ਸਿੰਘ, ਸਹਾਇਕ ਡਾਇਰੈਕੈਟਰ ਜਸਵਿੰਦਰ ਸਿੰਘ, ਵਾਈਸ ਪ੍ਰਿੰਸੀਪਲ ਡਾ. ਰਜਿੰਦਰ ਕੁਮਾਰ ਤ੍ਰਿਪਾਠੀ, ਐਜੂਕੇਸ਼ਨ ਵਿਭਾਗ ਮੁਖੀ ਸੰਦੀਪ ਕੌਰ, ਯੂਥ ਕੋਆਰਡੀਨੇਟਰ ਰੋਬਿੰਨ ਮੰਗਲਾ, ਖੁਸ਼ਦੀਪ ਸੰਧੂ, ਜੋਨੀ ਰਾਣੀ ਸਮੇਤ ਸਮੂਹ ਸਟਾਫ ਨੇ ਵਿਧਾਇਕ ਬਲਕਾਰ ਸਿੱਧੂ ਤੇ ਐੱਸ ਡੀ ਐੱਮ ਫੂਲ ਦਾ ਦਿਲੋਂ ਧੰਨਵਾਦ ਕਰਦਿਆਂ ਸੰਸਥਾ ਵਿੱਚ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਗਤੀਵਿਧੀਆਂ ਜਾਰੀ ਰੱਖਣ ਦਾ ਅਹਿਦ ਲਿਆ।ਇਸ ਮੌਕੇ ਡੀ ਐੱਸ ਪੀ ਫੂਲ ਜਸਵੀਰ ਸਿੰਘ, ਐੱਸ ਐੱਚ ਓ ਰਾਮਪੁਰਾ ਸਿਟੀ ਜਗਦੀਸ਼ ਸਿੰਘ, ਫੂਡ ਸਪਲਾਈ ਤੋਂ ਗੁਰਪ੍ਰੀਤ ਸਿੰਘ ਗੁੰਮਟੀ ਕਲਾ, ਕਲਚਰਲ ਕਮੇਟੀ ਦੇ ਸੀਨੀਅਰ ਮੈਂਬਰ ਤੇ ਬੁਲਾਰੇ ਪਰਵੀਨ ਸ਼ਰਮਾ ਤੋਂ ਇਲਾਵਾ ਸਰਕਾਰੀ ਸਕੂਲ ਲੜਕੀਆ ਦੇ ਪ੍ਰਿੰਸੀਪਲ, ਸਰਕਾਰੀ ਸਕੂਲ ਢਿਪਾਲੀ ਦੇ ਪ੍ਰਿੰਸੀਪਲ, ਐੱਸ ਡੀ ਐੱਮ ਦਫਤਰ ਤੋਂ ਗੁਰਪ੍ਰੀਤ ਸਿੰਘ, ਤਹਿਸੀਲਦਾਰ ਫੂਲ ਤੇ ਨਗਰ ਕੌਂਸਲ ਦੇ ਅਧਿਕਾਰੀ ਮੁਲਾਜ਼ਮ ਸ਼ਾਮਲ ਹੋਏ।

**ਸੰਗਰੂਰ (ਪ੍ਰਵੀਨ ਸਿੰਘ)** : ਰੇਲਵੇ ਵਿਭਾਗ ਵੱਲੋਂ 78ਵਾਂ ਅਜ਼ਾਦੀ ਦਿਵਸ ਸਥਾਨਕ ਰੇਲਵੇ ਸਟੇਸ਼ਨ ਵਿਖੇ ਤਿਰੰਗਾ ਝੰਡਾ ਲਹਿਰਾ ਕੇ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਸਹਾਰਾ ਫਾਊਂਡੇਸ਼ਨ ਨਾਲ ਸਾਂਝੇ ਉਪਰਾਲੇ ਅਧੀਨ ਇਹ ਜਸ਼ਨ ਏ ਅਜ਼ਾਦੀ ਸਮਾਗਮ, ਰਾਜੇਸ਼ ਕੁਮਾਰ ਏ ਐੱਸ ਆਈ ਆਰ ਪੀ ਐੱਫ਼ ਤੇ ਸਰਬਜੀਤ ਸਿੰਘ ਰੇਖੀ ਚੇਅਰਮੈਨ ਦੀ ਦੇਖ ਰੇਖ ਹੇਠ ਇਸ ਸਮਾਗਮ ਦੇ ਮੁੱਖ ਮਹਿਮਾਨ ਵਜੋਂ ਸੋਮਿਆ ਗੁਪਤਾ ਟੀ ਆਈ ਨੇ ਸ਼ਮੂਲੀਅਤ ਕੀਤੀ। ਉਨ੍ਹਾਂ ਨਾਲ ਲਾਈਫ ਗਾਰਡ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਚੇਅਰਮੈਨ ਡਾ: ਸੁਖਵਿੰਦਰ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਸਹਾਰਾ ਫਾਊਂਡੇਸ਼ਨ ਵੱਲੋਂ ਜਨਰਲ ਸਕੱਤਰ ਅਸ਼ੋਕ ਕੁਮਾਰ ਸ਼ਰਮਾ, ਸਕੱਤਰ ਵਰਿੰਦਰਜੀਤ ਸਿੰਘ ਬਜਾਜ, ਡਾ: ਦਿਨੇਸ਼ ਗਰੋਵਰ, ਸੁਰਿੰਦਰ ਪਾਲ ਸਿੰਘ ਸਿਦਕੀ ਕੋਆਰਡੀਨੇਟਰ, ਡਾ. ਸੁਮਿੰਦਰ ਸਿੰਘ ਸਮੇਤ ਰੇਲਵੇ ਸਟੇਸ਼ਨ ਦੇ ਸੁਪਰਡੈਂਟ ਖੁਸ਼ੀ ਰਾਮ ਮੀਨਾ, ਸੂਬੇਦਾਰ ਮੇਜਰ ਰਾਮ ਪ੍ਰਕਾਸ਼ ਸਟੇਸ਼ਨ ਮਾਸਟਰ, ਬਜਰੰਗ, ਜਮੀਲ ਗੁਰਦੀਪ ਸਿੰਘ ਤੇ ਜੇ ਆਰ ਪੀ ਸਟਾਫ ਮੈਂਬਰ ਹਾਜ਼ਰ ਸਨ।ਸੋਮਿਆ ਗੁਪਤਾ ਨੇ ਤਿਰੰਗੇ ਨੂੰ ਲਹਿਰਾਉਣ ਦੀ ਰਸਮ ਅਦਾ ਕੀਤੀ।ਉਪਰੰਤ ਰਾਸ਼ਟਰੀ ਗਾਨ ਦਾ ਗਾਇਨ ਸਮੂਹ ਹਾਜ਼ਰੀਨ ਵੱਲੋਂ ਕੀਤਾ ਗਿਆ ਤੇ ਤਿਰੰਗੇ ਨੂੰ ਸਲਾਮੀ ਦਿੱਤੀ।ਸਰਬਜੀਤ ਸਿੰਘ ਰੇਖੀ, ਡਾ. ਸੁਖਵਿੰਦਰ ਸਿੰਘ, ਡਾਕਟਰ ਦਿਨੇਸ਼ ਗਰੋਵਰ, ਅਸ਼ੋਕ ਕੁਮਾਰ, ਡਾ. ਸ਼ਮਿੰਦਰ ਸਿੰਘ ਤੇ ਸੁਰਿੰਦਰ ਪਾਲ ਸਿੰਘ ਸਿਦਕੀ ਕੋਆਰਡੀਨੇਟਰ ਨੇ ਇਸ ਦਿਵਸ ਤੋਂ ਮਿਲਦੀਆਂ ਸਿੱਖਿਆਵਾਂ ਭਰਾਤਰੀ ਭਾਵ, ਮਿਲਵਰਤਣ ਤੇ ਸਾਂਝੀਵਾਲਤਾ ਨੂੰ ਅਪਨਾਉਣ ਦੀ ਲੋੜ 'ਤੇ ਜ਼ੋਰ ਦਿੱਤਾ।ਇਸ ਮੌਕੇ ਸਹਾਰਾ ਫਾਊਂਡੇਸ਼ਨ ਵੱਲੋਂ ਮਹਿਮਾਨਾਂ ਤੇ ਰੇਲਵੇ ਪੁਲਸ ਅਧਿਕਾਰੀਆਂ ਨੂੰ ਸਨਮਾਨਤ ਕੀਤਾ ਗਿਆ।ਸਮਾਪਤੀ ਉਪਰੰਤ ਰੇਲਵੇ ਯਾਤਰੀਆਂ ਨੂੰ ਮਿਠਿਆਈਆਂ ਵੰਡੀਆਂ ਗਈਆਂ।

**ਚੀਮਾ ਮੰਡੀ (ਰਵਿੰਦਰ ਚੀਮਾ)** : ਮਾਡਰਨ ਕਾਲਜ ਬੀਰ ਕਲਾਂ ਵਿਖੇ ਚੇਅਰਮੈਨ ਰਵਿੰਦਰ ਬਾਂਸਲ ਦੀ ਅਗਵਾਈ ਵਿੱਚ 78ਵਾਂ ਆਜ਼ਾਦੀ ਦਾ ਦਿਹਾੜਾ ਮਨਾਇਆ ਗਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾਕਟਰ ਵੀ ਕੇ ਰਾਏ ਨੇ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੇ ਗੀਤ ਤੇ ਰਾਸ਼ਟਰੀ ਗੀਤ ਪੇਸ਼ ਕੀਤੇ ਗਏ। ਇਸ ਮੌਕੇ ਡਾਕਟਰ ਵੀ ਕੇ ਰਾਏ ਨੇ ਵਿਦਿਆਰਥੀਆਂ ਨੂੰ ਆਜ਼ਾਦੀ ਦੇ ਮਹੱਤਵ ਬਾਰੇ ਤੇ ਦੇਸ਼ ਭਗਤਾਂ ਦੁਆਰਾ ਕੀਤੀਆਂ ਕੁਰਬਾਨੀਆਂ ਬਾਰੇ ਜਾਣੂ ਕਰਵਾਇਆ।

**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)** : ਜੇ ਐਨ ਇੰਟਰਨੈਸ਼ਨਲ ਸਕੂਲ ਸੈਦੇ ਕੇ ਮੋਹਨ ਵਿੱਚ ਦੇਸ਼ ਦਾ ਅਜ਼ਾਦੀ ਦਿਵਸ ਬੜੇ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਜੇ.ਐਨ.ਇੰਟਰਨੈਸ਼ਨਲ ਸਕੂਲ ਵਿੱਚ ਦੇਸ਼ ਤੋਂ ਕੁਰਬਾਨ ਹੋਣ ਵਾਲੇ ਆਜ਼ਾਦੀ ਦੇ ਪ੍ਰਵਾਨਿਆ ਨੂੰ ਯਾਦ ਕਰਕੇ ਅਜ਼ਾਦੀ ਦਿਵਸ ਦਾ ਆਯੋਜਨ ਕੀਤਾ ਗਿਆ। 15 ਅਗਸਤ 1947 ਨੂੰ ਭਾਰਤ ਦੇਸ਼ ਨੇ ਲੱਖਾਂ ਲੋਕਾਂ ਦੀਆਂ ਕੁਰਬਾਨੀਆਂ ਦੇ ਕੇ ਆਜ਼ਾਦੀ ਲਈ ਹੈ।ਅਜ਼ਾਦੀ ਦਿਵਸ ਨੂੰ ਮੁੱਖ ਰੱਖਦਿਆਂ ਵਿਦਿਆਰਥੀਆਂ ਵੱਲੋ


ਸੰਗਰੂਰ

ਕੋਰੀਓਗ੍ਰਾਫੀਆਂ, ਕਵਿਤਾਵਾਂ, ਭਾਸ਼ਣਾਂ, ਲੇਖਾਂ, ਦੇਸ਼ ਭਗਤੀ ਗੀਤਾਂ ਅਤੇ ਨਾਟਕਾਂ ਰਾਹੀਂ ਸਵਤੰਤਰਤਾ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਵਿਦਿਆਰਥੀਆਂ ਵੱਲੋਂ ਦੇਸ਼ ਦੀ ਏਕਤਾ, ਅਖੰਡਤਾ ਅਤੇ ਭਾਈਚਾਰਕ ਸਾਂਝ ਨੂੰ ਕਾਇਮ ਰੱਖਣ ਦੀ ਵਚਨਬੱਧਤਾ ਨੂੰ ਦੁਹਰਾਇਆ ਗਿਆ। ਵਿਦਿਆਰਥੀਆਂ ਵੱਲੋਂ ਭਾਰਤ ਦੇਸ਼ ਦੀ ਉੱਨਤੀ ਅਤੇ ਖੁਸ਼ਹਾਲੀ ਲਈ ਮਿਲ-ਜੁਲ ਕੇ ਚੱਲਣ ਦਾ ਸੰਦੇਸ਼ ਦਿੱਤਾ ਗਿਆ। ਇਸ ਮੌਕੇ ਵਿਦਿਆਰਥੀਆਂ ਵਿੱਚ ਦੇਸ਼ ਭਗਤੀ ਦਾ ਜਜ਼ਬਾ ਕਾਬਲੇ ਤਾਰੀਫ਼ ਸੀ। ਇਸ ਖ਼ਾਸ ਦਿਨ ਨੂੰ ਹੋਰ ਖ਼ਾਸ ਬਣਾਉਣ ਲਈ ਸਕੂਲ ਦੇ ਚੈਅਰਮੈਨ ਜਨਕ ਰਾਜ ਮੁੰਜਾਲ, ਮੈਨੇਜਿੰਗ ਡਾਇਰੈਕਟਰ ਅਰਜੁਨ ਮੁੰਜਾਲ, ਮੈਨੇਜਮੈਂਟ ਮੈਂਬਰ ਏਕਤਾ ਮੁੰਜਾਲ, ਮੈਨੇਜਮੈਂਟ ਮੈਂਬਰ ਅੰਜਲੀ ਚਾਨਣਾ ਤੇ ਸਕੂਲ ਦੇ ਪ੍ਰਿੰਸੀਪਲ ਡਾ. ਰਵਿੰਦਰ ਕੁਮਾਰ ਵੀ ਉਚੇਚੇ ਤੌਰ 'ਤੇ ਹਾਜ਼ਰ ਹੋਏ। ਚੇਅਰਮੈਨ ਜਨਕ ਰਾਜ ਮੁੰਜਾਲ ਨੇ ਵਿਦਿਆਰਥੀਆਂ ਦੇ ਦੇਸ਼ ਭਗਤੀ ਦੇ ਜਜ਼ਬੇ ਦੀ ਖ਼ੂਬ ਸ਼ਲਾਘਾ ਕੀਤੀ। ਪ੍ਰਿੰਸੀਪਲ ਡਾ. ਰਵਿੰਦਰ ਕੁਮਾਰ ਨੇ ਵਿਦਿਆਰਥੀਆਂ ਨੂੰ ਦੇਸ਼ ਦੇ ਕੁਰਬਾਨੀਆਂ ਭਰੇ ਗੌਰਵਮਈ ਇਤਿਹਾਸ ਬਾਰੇ ਜਾਣੂ ਕਰਾਇਆ।

**ਕੋਟ ਈਸੇ ਖਾਂ (ਅਰੋੜਾ)** : ਦੇਸ਼ ਦੇ 78ਵੇਂ ਅਜ਼ਾਦੀ ਦਿਹਾੜੇ ਮੌਕੇ ਦਾਣਾ ਮੰਡੀ ਧਰਮਕੋਟ ਵਿਖੇ ਇੱਕ ਸੁਤੰਤਰਤਾ ਦਿਵਸ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਵੱਖ-ਵੱਖ ਵਿਭਾਗਾਂ ਦੇ ਅਫਸਰ ਸਾਹਿਬਾਨ ਤੇ ਅਧਿਕਾਰੀ ਹਾਜ਼ਰ ਹੋਏ। ਇਸ ਸਮਾਗਮ ਵਿੱਚ ਵਿੱਚ ਵੱਖ-ਵੱਖ ਸਕੂਲਾਂ ਦੇ ਬੱਚਿਆਂ ਵੱਲੋਂ ਅਜ਼ਾਦੀ ਦਿਹਾੜੇ ਨਾਲ ਸਬੰਧਤ ਸਕਿੱਟਾਂ ਵਗੈਰਾ ਪੇਸ਼ ਕੀਤੀਆਂ ਗਈਆਂ। ਇਸ ਸਮਾਗਮ ਵਿੱਚ ਕੈਂਬ੍ਰਿਜ ਕਾਨਵੈਂਟ ਸਕੂਲ ਕੋਟ ਈਸੇ ਖਾਂ ਦੇ ਵਿਦਿਆਰਥੀਆਂ ਤੇ ਮੈਨੇਜਮੈਂਟ ਨੇ ਸ਼ਮੂਲੀਅਤ ਕੀਤੀ। ਬੱਚਿਆਂ ਨੇ ਅਜ਼ਾਦੀ ਦਿਹਾੜੇ ਨਾਲ ਸਬੰਧਤ ਸਕਿੱਟਾਂ ਪੇਸ਼ ਕੀਤੀਆਂ। ਇਸ ਤੋਂ ਇਲਾਵਾ ਬੱਚਿਆਂ ਵੱਲੋਂ ਸੱਭਿਆਚਾਰਕ ਭੰਗੜਾ, ਕਵਿਤਾਵਾਂ ਤੇ ਦੇਸ਼ ਭਗਤੀ ਦੇ ਗੀਤ ਪੇਸ਼ ਕੀਤੇ ਗਏ, ਜਿਨ੍ਹਾਂ ਦੀ ਹਾਜ਼ਰੀਨਾਂ ਨੇ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਕੈਂਬ੍ਰਿਜ ਕਾਨਵੈਂਟ ਸਕੂਲ ਦੀ ਮੈਨੇਜਮੈਂਟ ਵੱਲੋਂ ਅਜ਼ਾਦੀ ਦਿਹਾੜੇ ਦੀ ਮੁਬਾਰਕਬਾਦ ਦਿੱਤੀ ਗਈ ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਕੈਂਬ੍ਰਿਜ ਸਕੂਲ ਦੀ ਮੈਨੇਜਮੈਂਟ, ਸਟਾਫ ਤੇ ਸਕੂਲੀ ਬੱਚੇ ਹਾਜ਼ਰ ਸਨ।

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** : ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਨੇ ਕੈਂਪਸ ਵਿੱਚ 78ਵਾਂ ਸੁਤੰਤਰਤਾ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ।ਇਸ ਮੌਕੇ ਚਾਂਸਲਰ


ਚੀਮਾ ਮੰਡੀ

ਡਾ: ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ: ਤਜਿੰਦਰ ਕੌਰ, ਵਾਈਸ ਚਾਂਸਲਰ ਡਾ: ਅਭਿਜੀਤ ਜੋਸ਼ੀ, ਚਾਂਸਲਰ ਦੇ ਸਲਾਹਕਾਰ ਡਾ: ਵਰਿੰਦਰ ਸਿੰਘ, ਰਜਿਸਟਰਾਰ ਡਾ: ਸੁਦੀਪ ਮੁਖਰਜੀ ਤੇ ਪ੍ਰੋ-ਵਾਈਸ ਚਾਂਸਲਰ ਡਾ. ਰਾਜੀਵ ਸਮੇਤ ਡੀ.ਬੀ.ਯੂ. ਦੀ ਮਾਣਯੋਗ ਅਗਵਾਈ ਦੁਆਰਾ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ।

ਇਸ ਦੇ ਨਾਲ ਹੀ, ਦੇਸ਼ ਭਗਤ ਯੂਨੀਵਰਸਿਟੀ ਨੇ ਪੰਜਾਬ ਸਰਕਾਰ ਵੱਲੋਂ ਅਮਲੋਹ ਵਿੱਚ ਕਰਵਾਏ ਗਏ ਇੱਕ ਸ਼ਾਨਦਾਰ ਸੁਤੰਤਰਤਾ ਦਿਵਸ ਸਮਾਗਮ ਵਿੱਚ ਹਿੱਸਾ ਲਿਆ, ਜਿੱਥੇ 'ਰੰਗਲਾ ਪੰਜਾਬ' ਥੀਮ ਹੇਠ ਤਕਨਾਲੋਜੀ, ਨਵੀਨਤਾ, ਸਿਹਤ ਸੰਭਾਲ ਤੇ ਵਿਭਿੰਨਤਾ ਦੀਆਂ ਝਾਕੀਆਂ ਖਿੱਚ ਦਾ ਕੇਂਦਰ ਬਣੀਆਂ। ਐਸਡੀਐਮ ਅਮਲੋਹ ਕਰਨਦੀਪ ਸਿੰਘ ਨੇ ਪਰੇਡ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਸਨਮਾਨਤ ਵੀ ਕੀਤਾ।ਇਸ ਸਮਾਗਮ ਦੇ ਮੁੱਖ ਪ੍ਰਬੰਧਕ ਡੀ ਬੀ ਯੂ ਦੇ ਵਾਈਸ ਪ੍ਰੈਜ਼ੀਡੈਂਟ ਡਾ: ਹਰਸ਼ ਸਦਾਵਰਤੀ ਤੇ ਮੀਡੀਆ ਡਾਇਰੈਕਟਰ ਡਾ: ਸੁਰਜੀਤ ਕੌਰ ਪਥੇਜਾ ਸਨ। ਇਸ ਮੌਕੇ ਐਸਡੀਐਮ ਅਮਲੋਹ ਕਰਨਦੀਪ ਸਿੰਘ ਵੱਲੋਂ ਦੇਸ਼ ਭਗਤ ਯੂਨੀਵਰਸਿਟੀ ਦੇ ਡਾ: ਸੁਰਜੀਤ ਕੌਰ ਪਥੇਜਾ, ਡਾ: ਪ੍ਰਭਜੋਤ ਸਿੰਘ ਤੇ ਡਾ: ਜੋਤੀ ਧਾਮੀ ਨੂੰ ਉਨ੍ਹਾਂ ਦੀਆਂ ਸਿਹਤ, ਸਮਾਜਿਕ ਤੇ ਵਿੱਦਿਅਕ ਖੇਤਰ ਵਿੱਚ ਪ੍ਰਾਪਤੀਆਂ ਲਈ ਸਨਮਾਨਤ ਕੀਤਾ ਗਿਆ।

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** : ਸੁਤੰਤਰਤਾ ਦਿਵਸ ਦੇ ਸਬੰਧ ਵਿੱਚ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਸਮਾਰੋਹ ਕੈਂਟ ਬੋਰਡ ਸਟੇਡੀਅਮ ਫਿਰੋਜ਼ਪੁਰ ਛਾਉਣੀ ਵਿਖੇ ਕੀਤਾ ਗਿਆ, ਜਿਸ


ਸ੍ਰੀ ਮੁਕਤਸਰ ਸਾਹਿਬ

ਵਿਚ ਟਰਾਂਸਪੋਰਟ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਲਾਲਜੀਤ ਸਿੰਘ ਭੁੱਲਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਤੇ ਉਨ੍ਹਾਂ ਵੱਲੋਂ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ।ਇਸ ਮੌਕੇ ਉਨ੍ਹਾਂ ਪੰਜਾਬ ਪੁਲਸ, ਪੰਜਾਬ ਪੁਲਸ ਮਹਿਲਾ ਵਿੰਗ, ਪੰਜਾਬ ਹੋਮ ਗਾਰਡ, ਐੱਨਸੀਸੀ ਸਕਾਊਟ ਤੇ ਗਾਈਡ ਦੀਆਂ ਟੁਕੜੀਆਂ ਤੋਂ ਸਲਾਮੀ ਲਈ।ਇਸ ਮੌਕੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਤੇ ਐੱਸਐੱਸਪੀ ਸੋਮਿਆ ਮਿਸ਼ਰਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਤੋਂ ਪਹਿਲਾਂ ਲਾਲਜੀਤ ਸਿੰਘ ਭੁੱਲਰ ਕੈਬਿਨਟ ਮੰਤਰੀ ਪੰਜਾਬ ਵੱਲੋਂ ਸ਼ਹੀਦੀ ਸਮਾਰਕ ਹੁਸੈਨੀਵਾਲਾ ਵਿਖੇ ਕੌਮੀ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਵੀ ਭੇਟ ਕੀਤੇ ਗਏ।ਇਸ ਸਮਾਗਮ ਵਿੱਚ ਵੱਖ-ਵੱਖ ਖੇਤਰਾਂ 'ਚ ਪ੍ਰਾਪਤੀਆਂ ਕਰਨ ਵਾਲੀਆਂ ਸ਼ਖ਼ਸੀਅਤਾਂ, ਸੁਤੰਤਰਤਾ ਸੰਗਰਾਮੀਆਂ, ਕਾਰਗਿਲ ਸ਼ਹੀਦਾਂ ਦੇ ਪਰਿਵਾਰਾਂ, ਖਿਡਾਰੀਆਂ, ਵਿਦਿਆਰਥੀਆਂ, ਅਧਿਕਾਰੀਆਂ, ਕਰਮਚਾਰੀਆਂ ਆਦਿ ਨੂੰ ਮੁੱਖ ਮਹਿਮਾਨ ਵਜੋਂ ਸਨਮਾਨਤ ਕੀਤਾ ਗਿਆ। ਸਮਾਗਮ ਦੌਰਾਨ ਦੇਸ਼ ਭਗਤੀ ਨੂੰ ਦਰਸਾਉਂਦਾ ਰੰਗਾਂ ਰੰਗ ਸੱਭਿਆਚਾਰ ਪ੍ਰੋਗਰਾਮ ਤੋਂ ਇਲਾਵਾ ਪੰਜਾਬ ਦੇ ਲੋਕ ਨਾਚਾਂ ਗਿੱਧਾ ਤੇ ਭੰਗੜੇ ਦੀ ਪੇਸ਼ਕਾਰੀ ਵੀ ਕੀਤੀ ਗਈ। ਪਰੇਡ ਦੀ ਸਮੁੱਚੀ ਅਗਵਾਈ ਡੀਐੱਸਪੀ ਅਤੁਲ ਸੋਨੀ ਵੱਲੋਂ ਕੀਤੀ ਗਈ। ਇਸ ਸਮਾਗਮ ਵਿਚ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ, ਵਿਧਾਇਕ ਫ਼ਿਰੋਜ਼ਪੁਰ ਦਿਹਾਤੀ ਰਜ਼ਨੀਸ਼ ਦਹੀਆ, ਵਿਧਾਇਕ ਜ਼ੀਰਾ ਨਰੇਸ਼ ਕਟਾਰੀਆ, ਵਿਧਾਇਕ ਗੁਰੂਹਰਸਹਾਏ ਫੌਜਾ ਸਿੰਘ ਸਰਾਰੀ, ਕਮਿਸ਼ਨਰ ਫਿਰੋਜ਼ਪੁਰ ਮੰਡਲ ਅਰੁਣ ਸੇਖੜੀ, ਡੀਆਈਜੀ ਅਜੈ ਮਲੂਜਾ, ਜ਼ਿਲ੍ਹਾ ਤੇ ਸੈਸ਼ਨ ਜੱਜ ਵਰਿੰਦਰ ਅਗਰਵਾਲ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਚੰਦ ਸਿੰਘ ਗਿੱਲ, ਸ਼ਮਿੰਦਰ ਸਿੰਘ ਖਿੰਡਾ ਚੇਅਰਮੈਨ ਪੰਜਾਬ ਐਗਰੋ, ਡਾ. ਮਲਕੀਤ ਸਿੰਘ ਥਿੰਦ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਸਮੇਤ ਵੱਡੀ ਗਿਣਤੀ ਵਿੱਚ ਅਧਿਕਾਰੀ, ਰਾਜਨੀਤਕ ਆਗੂ, ਵੱਖ-ਵੱਖ ਸਕੂਲਾਂ ਦੇ ਵਿਦਿਆਰਥੀ, ਅਧਿਆਪਕ, ਪੰਚਾਇਤਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।

ਇਸੇ ਦੌਰਾਨ ਆਜ਼ਾਦੀ ਦਿਹਾੜੇ ਮੌਕੇ ਸਿਵਲ ਹਸਪਤਾਲ ਵਿਖੇ ਸਿਵਲ ਸਰਜਨ ਫਿਰੋਜ਼ਪੁਰ ਡਾ. ਰਾਜਵਿੰਦਰ ਕੌਰ ਵੱਲੋਂ ਤਿਰੰਗਾਂ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ।ਇਸ ਮੌਕੇ ਡਾ. ਸੁਸ਼ਮਾ ਠੱਕਰ ਐਸਿਸਟੈਂਟ ਸਿਵਲ ਸਰਜਨ, ਡਾ. ਮੀਨਾਕਸ਼ੀ ਢੀਂਗਰਾ ਡੀਆਈਓ, ਡਾ. ਗੁਰਮੇਜ ਰਾਮ, ਡਾ. ਨਿਖਿਲ ਗੁਪਤਾ ਸੀਨੀਅਰ ਮੈਡੀਕਲ ਅਫ਼ਸਰ, ਪਰਮਵੀਰ ਮੋਂਗਾ ਸੁਪਰੀਟੇਂਡੈਂਡ, ਵਿਕਾਸ ਕਾਲਰਾ ਪੀਏਟੂ ਸਿਵਲ ਸਰਜਨ, ਸੰਜੀਵ ਕੁਮਾਰ ਜ਼ਿਲ੍ਹਾ ਮਾਸ ਮੀਡੀਆ ਅਫਸਰ, ਨੇਹਾ ਭੰਡਾਰੀ ਡਿਪਟੀ ਮਾਸ ਮੀਡੀਆ ਅਫਸਰ, ਅੰਕੁਸ਼ ਭੰਡਾਰੀ ਡਿਪਟੀ ਮਾਸ ਮੀਡੀਆ ਅਫਸਰ ਸਮੇਤ ਸਿਵਲ ਹਸਪਤਾਲ ਦੇ ਡਾਕਟਰ ਤੇ ਪੈਰਾ ਮੈਡੀਕਲ ਸਟਾਫ ਹਾਜ਼ਰ ਸੀ।

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** : ਡਵੀਜ਼ਨਲ ਰੇਲਵੇ ਮੈਨੇਜਰ ਦਫ਼ਤਰ ਫ਼ਿਰੋਜ਼ਪੁਰ ਵਿਖੇ 78ਵੇਂ ਸੁਤੰਤਰਤਾ ਦਿਵਸ ਮੌਕੇ ਸੰਜੇ ਸਾਹੂ, ਡਵੀਜ਼ਨਲ ਰੇਲਵੇ ਮੈਨੇਜਰ ਉੱਤਰ ਰੇਲਵੇ ਫ਼ਿਰੋਜ਼ਪੁਰ ਵੱਲੋਂ ਰਾਸ਼ਟਰੀ ਝੰਡਾ ਲਹਿਰਾਇਆ ਗਿਆ।ਉਪਰੰਤ ਰਾਸ਼ਟਰੀ ਗੀਤ ਗਾਇਆ ਗਿਆ।ਡਵੀਜ਼ਨਲ ਰੇਲਵੇ ਮੈਨੇਜਰ ਨੇ ਰੇਲਵੇ ਅਧਿਕਾਰੀਆਂ, ਕਰਮਚਾਰੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੂੰ ਆਜ਼ਾਦੀ ਦਿਵਸ ਦੀ ਵਧਾਈ ਦਿੱਤੀ ਅਤੇ ਆਪਣੇ ਸੰਦੇਸ਼ ਵਿੱਚ ਡਵੀਜ਼ਨ ਦੀਆਂ ਪ੍ਰਾਪਤੀਆਂ ਬਾਰੇ ਦੱਸਿਆ।ਰੇਲਵੇ ਸੁਰੱਖਿਆ ਬਲ ਦੇ ਜਵਾਨਾਂ ਵੱਲੋਂ ਗਾਰਡ ਆਫ਼ ਆਨਰ ਦਿੱਤਾ ਗਿਆ ਤੇ ਤਿਰੰਗੇ ਨੂੰ ਸਲਾਮੀ ਦਿੱਤੀ ਗਈ।ਪ੍ਰੋਗਰਾਮ ਦੌਰਾਨ ਸਕਾਊਟਸ ਤੇ ਗਾਈਡਾਂ ਅਤੇ ਬਾਲ ਨਿਕੇਤਨ ਸਕੂਲ ਦੇ ਬੱਚਿਆਂ ਵੱਲੋਂ ਦੇਸ਼ ਭਗਤੀ ਦੇ ਗੀਤ ਗਾ ਕੇ ਸਾਰਿਆਂ ਦਾ ਮਨ ਮੋਹ ਲਿਆ ਅਤੇ ਬਾਲ ਨਿਕੇਤਨ ਸਕੂਲ ਦੇ ਬੱਚਿਆਂ ਵੱਲੋਂ ਸਵਾਗਤੀ ਗੀਤ ਤੋਂ ਬਾਅਦ ਮੰਡਲ ਦੀ ਸੱਭਿਆਚਾਰਕ ਟੀਮ ਵੱਲੋਂ ਆਜ਼ਾਦੀ 'ਤੇ ਆਧਾਰਤ ਪ੍ਰੋਗਰਾਮ ਪੇਸ਼ ਕੀਤਾ ਗਿਆ।


ਰਾਜਪੁਰਾ


ਅਜੀਤਵਾਲ


ਤਲਵੰਡੀ ਸਾਬੋ


ਤਲਵੰਡੀ ਸਾਬੋ

17-Aug-PAGE-8.qxd 8/16/2024 9:09 PM Page 1



# ਕੇਂਦਰ ਸਰਕਾਰ ਨੇ ਛੇ ਹਜ਼ਾਰ ਰੁਪਏ ਆਰ ਡੀ ਐੱਫ ਰੋਕਿਆ ਹੋਇਐ : ਬਰਸਟ



ਹਰਚੰਦ ਸਿੰਘ ਬਰਸਟ ਅਤੇ ਚੀਫ ਇੰਜੀਨੀਅਰ ਗੁਰਿੰਦਰ ਸਿੰਘ ਚੀਮਾ ਦਾ ਸਵਾਗਤ ਕਰਦੇ ਹੋਏ ਹਲਕਾ ਇੰਚਾਰਜ ਪਰਮਿੰਦਰ ਸਿੰਘ ਪਿੰਦਰ ਪੰਡੋਰੀ, ਚੇਅਰਮੈਨ ਬਲਕਾਰ ਸਿੰਘ ਚੱਠਾ, ਸਕੱਤਰ ਤਜਿੰਦਰ ਕੁਮਾਰ ਤੇ ਹੋਰ।



ਪੌਦਾ ਲਾ ਕੇ ਪਾਣੀ ਲਾਉਂਦੇ ਹੋਏ ਚੀਫ ਇੰਜੀਨੀਅਰ ਗੁਰਿੰਦਰ ਸਿੰਘ ਚੀਮਾ, ਨਾਲ ਖੜ੍ਹੇ ਹਨ ਚੇਅਰਮੈਨ ਹਰਚੰਦ ਸਿੰਘ ਬਰਸਟ ਤੇ ਹੋਰ।

**ਸ਼ਾਹਕੋਟ (ਗਿਆਨ ਸੈਦਪੁਰੀ)** 'ਕੇਂਦਰ ਦੀ ਮੋਦੀ ਸਰਕਾਰ ਨੇ ਸਾਡਾ ਛੇ ਹਜ਼ਾਰ ਕਰੋੜ ਆਰ. ਡੀ. ਐਫ. ਰੋਕਿਆ ਹੋਇਆ ਹੈ। ਇੰਨੀ ਵੱਡੀ ਰਕਮ ਨਾ ਦੇ ਕੇ ਸਰਕਾਰ ਪੰਜਾਬ ਪ੍ਰਤੀ ਦੋਖੀ ਰਵੱਈਆ ਅਪਨਾਅ ਰਹੀ ਹੈ'। ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਕੀਤਾ। ਉਹ ਬੁੱਧਵਾਰ ਨੂੰ ਸਬ ਡਵੀਜ਼ਨ ਸ਼ਾਹਕੋਟ ਵਿੱਚ ਪੈਂਦੀ ਮਾਰਕਿਟ ਕਮੇਟੀ ਮਹਿਤਪੁਰ ਵਿਖੇ ਏ. ਟੀ. ਐਮ ਦਾ ਉਦਘਾਟਨ ਕਰਨ ਅਤੇ ਬੋਰਡ ਵੱਲੋਂ ਪੌਦੇ ਲਾਉਣ ਦੀ ਸ਼ੁਰੂ ਕੀਤੀ ਹੋਈ ਮੁਹਿਮ ਤਹਿਤ ਫਲਦਾਰ ਪੌਦੇ ਲਾਉਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਫੰਡਜ਼ ਰੋਕੇ ਜਾਣ ਕਾਰਨ ਪੰਜਾਬ ਦੇ ਵਿਕਾਸ ਦੇ ਕੰਮ ਪ੍ਰਭਾਵਿਤ ਹੋ ਰਹੇ ਹਨ। ਖ਼ਾਸ ਤੌਰ 'ਤੇ ਪਿਛਲੇ 9 ਸਾਲ ਤੋਂ ਸੜਕਾਂ ਦੇ ਨਿਰਮਾਣ ਦਾ ਕੰਮ ਠੀਕ ਢੰਗ ਨਾਲ ਨਹੀ ਹੋ ਸਕਿਆ। ਫੰਡਾਂ ਦੀ ਘਾਟ ਦੀ ਪੂਰਤੀ ਲਈ ਆਪਣੇ ਤੌਰ 'ਤੇ ਸਾਧਨ ਪੈਦਾ ਕਰ ਰਹੇ ਹਾਂ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਸਥਿਤ ਕਿਸਾਨ ਭਵਨ ਤੋਂ ਸਾਲ ਦੀ 43 ਲੱਖ ਤੋਂ 45 ਲੱਖ ਰੁਪਏ ਦੀ ਆਮਦਨ ਹੁੰਦੀ ਸੀ। ਅਸੀਂ ਇਸ ਭਵਨ ਤੋਂ ਹੁੰਦੀ ਸਾਲਾਨਾ ਆਮਦਨ 4 ਕਰੋੜ 13 ਲੱਖ ਤੱਕ ਕਰ ਦਿੱਤੀ ਹੈ। ਇਹ ਕਿਸੇ ਸੰਸਥਾ ਵੱਲੋਂ ਆਮਦਨ ਪੈਦਾ ਕਰਨ ਦਾ ਅਹਿਮ ਰਿਕਾਰਡ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਦੀਆਂ ਸਤਾਰਾਂ ਹਜ਼ਾਰ ਕਿਲੋਮੀਟਰ ਸੜਕਾਂ 'ਤੇ 2892 ਕਰੋੜ ਦੇ ਲਗਭਗ ਖ਼ਰਚਾ ਹੋਣਾ ਹੈ। ਸ਼ਾਹਕੋਟ ਹਲਕੇ ਦੀਆਂ 176 ਕਿਲੋ ਮੀਟਰ ਸੜਕਾਂ ਦੀ ਮੁਰੰਮਤ 'ਤੇ 27 ਕਰੋੜ ਰੁਪਏ ਖਰਚ ਹੋਣਾ ਹੈ। ਅਸੀਂ ਇਹ ਕੰਮ ਜਲਦੀ ਹੀ ਸ਼ੁਰੂ ਕਰ ਰਹੇ ਹਾਂ। ਵਧ ਰਹੀ ਆਲਮੀ ਤਪਸ਼ ਦੇ ਹਵਾਲੇ ਨਾਲ ਪੌਦੇ ਲਾਉਣ ਦੀ ਪ੍ਰੇਰਨਾ ਦਿੰਦਿਆਂ ਚੇਅਰਮੈਨ ਬਰਸਟ ਨੇ ਕਿਹਾ ਕਿ 45-46 ਡਿਗਰੀ ਤੱਕ ਤਾਪਮਾਨ ਵਧ ਗਿਆ ਹੈ। ਜੇਕਰ ਇਹ 55-56 ਡਿਗਰੀ ਤੱਕ ਜਾ ਪਹੁੰਚਿਆ ਤਾਂ ਮਨੁੱਖਤਾ ਖਤਮ ਹੋ ਜਾਵੇਗੀ। ਇਸ ਤਬਾਹੀ ਨੂੰ ਟਾਲਣ ਲਈ ਵੱਧ ਤੋਂ ਵੱਧ ਪੌਦੇ ਲਾਉਣੇ ਜ਼ਰੂਰੀ ਹਨ। ਹਰ ਵਿਅਕਤੀ ਪੰਜ ਪੌਦੇ ਤਾਂ ਜ਼ਰੂਰ ਲਾਵੇ। ਉਨ੍ਹਾਂ ਕਿਹਾ ਕਿ ਪੌਦੇ ਲਾ ਕੇ ਜਦੋਂ ਅਸੀਂ ਇਨ੍ਹਾਂ ਦੀ ਸੰਭਾਲ ਕਰਦੇ ਹਾਂ ਤਾਂ ਸਾਡਾ ਇਨ੍ਹਾਂ ਨਾਲ ਭਾਵਕ ਰਿਸ਼ਤਾ ਬਣ ਜਾਂਦਾ ਹੈ, ਜੋ ਸਾਨੂੰ ਸਕੂਨ ਦਿੰਦਾ ਹੈ। ਬਰਸਟ ਨੇ ਰੁੱਖਾਂ ਦੀ ਮਹੱਤਤਾ ਦੀ ਗੱਲ ਜਾਰੀ ਰੱਖਦਿਆਂ ਕਿਹਾ ਕਿ ਅੱਗੇ ਜਾ ਕੇ ਇਹ ਆਰਥਿਕ ਵਸੀਲੇ ਬਣਦੇ ਹਨ। ਮੰਡੀ ਬੋਰਡ ਵੱਲੋਂ ਲਾਏ ਜਾ ਰਹੇ ਪੌਦੇ ਭਵਿੱਖ ਵਿੱਚ ਕਰੋੜਾਂ ਰੁਪਏ ਦੀ ਆਮਦਨ ਦੇਣਗੇ।ਇਸ ਤੋਂ ਪਹਿਲਾਂ ਹਲਕਾ ਇਨਚਾਰਜ 'ਆਪ' ਪਰਮਿੰਦਰ ਸਿੰਘ ਪਿੰਦਰ ਪੰਡੋਰੀ, ਚੇਅਰਮੈਨ ਮਾਰਕਿਟ ਕਮੇਟੀ ਮਹਿਤਪੁਰ ਬਲਕਾਰ ਸਿੰਘ ਚੱਠਾ, ਸਕੱਤਰ ਮਾਰਕਿਟ ਕਮੇਟੀ ਤਜਿੰਦਰ ਕੁਮਾਰ ਆਦਿ ਨੇ ਫੁੱਲਾਂ ਦੇ ਗੁਲਦਸਤੇ ਭੇਂਟ ਕਰਕੇ ਚੇਅਰਮੈਨ ਹਰਚੰਦ ਸਿੰਘ ਬਰਸਟ ਅਤੇ ਚੀਫ ਇੰਜਨੀਅਰ ਗੁਰਿੰਦਰ ਸਿੰਘ ਚੀਮਾ ਦਾ ਸਵਾਗਤ ਕੀਤਾ। ਪੌਦੇ ਲਾਉਣ ਦੀ ਰਸਮ ਗੁਰਿੰਦਰ ਸਿੰਘ ਚੀਮਾ, ਹਲਕਾ ਇੰਚਾਰਜ ਆਪ ਪਰਮਿੰਦਰ ਸਿੰਘ ਪੰਡੋਰੀ ਨੇ ਵੀ ਨਿਭਾਈ। ਲਾਏ ਗਏ ਪੌਦਿਆਂ ਵਿੱਚ ਮੁਸੰਮੀ, ਚਕੇਰਸੀਆ, ਆਲੂ ਬੁਖਾਰਾ, ਚੀਕੂ, ਬੱਗੂ ਗੋਸ਼ਾ ਅਤੇ ਨਿੰਬੂ ਆਦਿ ਸ਼ਾਮਲ ਹਨ। ਇਸ ਮੌਕੇ ਜ਼ਿਲ੍ਹਾ ਮੰਡੀ ਅਫਸਰ ਮੁਕੇਸ਼ ਕੈਲੇ, ਮੈਨੇਜਰ ਐਚ. ਡੀ. ਐਫ. ਸੀ. ਹਰਪ੍ਰੀਤ ਸਿੰਘ, ਐਕਸੀਅਨ(ਬਿਜਲੀ) ਮੁਖ਼ਤਿਆਰ ਸਿੰਘ, ਐਸ. ਡੀ. ਓ. ਇੰਦਰਜੀਤ ਸਿੰਘ, ਲੇਖਾਕਾਰ ਮਨਦੀਪ ਸਿੰਘ, ਜੇ.ਈ. ਅਸ਼ੋਕ ਕੁਮਾਰ ਤੇ ਗੁਰਦੀਪ ਸਿੰਘ, ਮੰਡੀ ਸੁਪਰਵਾਈਜ਼ਰ ਅੰਮ੍ਰਿਤਪਾਲ ਸਿੰਘ ਤੇ ਜਸਵਿੰਦਰ ਸਿੰਘ ਆਦਿ ਹਾਜ਼ਰ ਸਨ।

ਪ੍ਰਬੰਧਕਾਂ ਵੱਲੋਂ ਚੇਅਰਮੈਨ ਹਰਚੰਦ ਸਿੰਘ ਬਰਸਟ, ਚੀਫ ਇੰਜਨੀਅਰ ਗੁਰਿੰਦਰ ਸਿੰਘ ਚੀਮਾ ਅਤੇ ਹਲਕਾ ਇਨਚਾਰਜ ਪਰਮਿੰਦਰ ਸਿੰਘ ਪਿੰਦਰ ਪੰਡੋਰੀ, ਚੇਅਰਮੈਨ ਬਲਕਾਰ ਸਿੰਘ ਚੱਠਾ, ਸਕੱਤਰ ਤਜਿੰਦਰ ਕੁਮਾਰ ਤੇ ਹੋਰ।

## ਐੱਸ ਕੇ ਐੱਮ ਵੱਲੋਂ 17 ਨੂੰ ਮੰਤਰੀਆਂ ਦੇ ਘਰਾਂ ਅੱਗੇ ਧਰਨੇ ਦੇਣ ਉਪਰੰਤ ਦਿੱਤੇ ਜਾਣਗੇ ਮੰਗ ਪੱਤਰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਐਸ ਕੇ ਐਮ ਹੁਸ਼ਿਆਰਪੁਰ ਦੀ ਇੱਕ ਜ਼ਰੂਰੀ ਮੀਟਿੰਗ ਸੀ ਪੀ ਆਈ ਐਮ ਦੇ ਦਫਤਰ ਵਿਖੇ ਕੀਤੀ ਗਈ। ਐਸ ਕੇ ਐਮ ਪੰਜਾਬ ਵੱਲੋਂ ਆਪਣੇ ਸੰਘਰਸ਼ ਦੀ ਲੜੀ ਵਜੋਂ 17 ਅਗਸਤ ਨੂੰ ਸਾਰੇ ਪੰਜਾਬ ਵਿੱਚ ਮੰਤਰੀਆਂ ਅਤੇ ਸਪੀਕਰ/ ਡਿਪਟੀ ਸਪੀਕਰ ਨੂੰ ਕਿਸਾਨਾਂ ਦੀਆਂ ਮੰਗਾਂ ਸਬੰਧੀ ਧਰਨਾ ਲਾਉਣ ਤੋਂ ਬਾਅਦ ਮੰਗ ਪੱਤਰ ਦਿੱਤੇ ਜਾਣਗੇ। ਇਸ ਮੰਗ ਪੱਤਰ ਵਿੱਚ ਮੰਗ ਕੀਤੀ ਗਈ ਕਿ ਕੇਰਲਾ ਸਰਕਾਰ ਦੀ ਤਰਜ਼ 'ਤੇ ਸਾਰੀਆਂ ਫਸਲਾਂ 'ਤੇ ਐਮ ਐਸ ਪੀ ਤੇ ਖਰੀਦ ਦੀ ਗਰੰਟੀ ਪੰਜਾਬ ਸਰਕਾਰ ਦੇਵੇ। ਹਰ ਕਿਸਾਨ ਨੂੰ 58 ਸਾਲ ਦੀ ਉਮਰ ਤੋਂ ਬਾਅਦ 10000 ਰੁਪਏ ਪੈਨਸ਼ਨ ਦਿੱਤੀ ਜਾਵੇ। ਬਿਜਲੀ ਦੇ ਸਮਾਰਟ ਮੀਟਰ ਲਾਉਣੇ ਬੰਦ ਕੀਤੇ ਜਾਣ ਆਦਿ। ਇਸ ਮੀਟਿੰਗ ਵਿੱਚ ਕਿਸਾਨ ਕਮੇਟੀ ਦੋਆਬਾ ਪੰਜਾਬ, ਕੁੱਲ ਹਿੰਦ ਕਿਸਾਨ ਸਭਾ, ਜਮਹੂਰੀ ਕਿਸਾਨ ਸਭਾ ਪੰਜਾਬ, ਕਿਰਤੀ ਕਿਸਾਨ ਯੂਨੀਅਨ ਅਤੇ ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਦੇ ਹਰਬੰਸ ਸਿੰਘ ਸੰਘਾ, ਕਾ. ਗੁਰਮੇਸ਼ ਸਿੰਘ, ਮਲਕੀਤ ਸਿੰਘ ਬਾਹੋਵਾਲ, ਜਗਤਾਰ ਸਿੰਘ ਭਿੰਡਰ, ਇੰਦਰਪਾਲ ਸਿੰਘ ਅਤੇ ਸਤਪਾਲ ਸਿੰਘ ਡੰਡਿਆਨਾ ਆਗੂ ਸ਼ਾਮਲ ਹੋਏ।

## ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਮੀਟਿੰਗ ਫੁਗਲਾਣਾ 'ਚ ਹੋਈ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ )**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਆਗੂ ਸਵਿੰਦਰ ਸਿੰਘ ਚੁੱਤਾਲਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ੋਨ ਮੇਹਟੀਆਣਾ ਦੀ ਮੀਟਿੰਗ ਫੁਗਲਾਣਾ ਵਿੱਚ ਕੀਤੀ ਗਈ। ਜ਼ੋਨ ਪ੍ਰਧਾਨ ਕਮਲਜੀਤ ਕੌਰ ਅਤੇ ਜ਼ੋਨ ਸਕੱਤਰ ਪਰਮਜੀਤ ਕੌਰ, ਬਾਬਾ ਚੰਦੂ ਸ਼ਾਹ ਨੇ ਕਿਹਾ ਕਿ ਸਰਕਾਰ ਸ਼ੰਭੂ ਖਨੌਰੀ ਬਾਰਡਰ 'ਤੇ ਕਿਸਾਨਾਂ ਮਜ਼ਦੂਰਾਂ 'ਤੇ ਗੋਲੀ ਚਲਾਉਣ ਵਾਲੇ 6 ਪੁਲਸ ਅਫਸਰਾਂ ਨੂੰ 15 ਅਗਸਤ ਨੂੰ ਸਨਮਾਨਤ ਕਰਨ ਜਾ ਰਹੀ ਹੈ ਜੋ ਕਿ ਕਿਸਾਨ ਮਜ਼ਦੂਰ ਵਿਰੋਧੀ ਫੈਸਲਾ ਹੈ। ਕਿਸਾਨਾਂ ਮਜ਼ਦੂਰਾਂ ਵੱਲੋਂ ਇਹ ਫੈਸਲਾ ਰੱਦ ਕਰਕੇ 15 ਅਗਸਤ ਨੂੰ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਵੱਡੀ ਲਾਮਬੰਦੀ ਕਰਕੇ ਟ੍ਰੈਕਟਰ ਮਾਰਚ ਕੱਢਿਆ ਜਾਵੇਗਾ। ਸੰਵਿਧਾਨ ਦੀਆਂ ਕਾਪੀਆਂ ਸਾੜੀਆਂ ਜਾਣਗੀਆਂ। ਕੇਂਦਰ ਤੇ ਹਰਿਆਣਾ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਜਾਵੇਗੀ। ਮੀਟਿੰਗ ਵਿੱਚ ਜਥੇਬੰਦਕ ਤੇ ਗੱਲਬਾਤ ਕੀਤੀ ਗਈ। ਮਾਈਕਰੋ ਫਾਈਨੈਂਸ ਕੰਪਨੀਆਂ ਅਤੇ ਕਿਸਾਨਾਂ ਮਜ਼ਦੂਰਾਂ ਦਾ ਸਮੁੱਚਾ ਕਰਜ਼ਾ ਮੁਆਫ ਕੀਤਾ ਜਾਵੇ। ਮਨਰੇਗਾ ਵਿੱਚ ਮਜ਼ਦੂਰਾਂ ਦੀ 700 ਦਿਹਾੜੀ 200 ਦਿਨ ਦਾ ਸਾਲ ਵਿੱਚ ਕੰਮ ਦਿੱਤਾ ਜਾਵੇ । ਐਮ.ਐਸ.ਪੀ ਦੀ ਗਰੰਟੀ ਦਾ ਕਾਨੂੰਨ ਬਣਾਇਆ ਜਾਵੇ। ਇਸ ਮੌਕੇ ਜਗਤਾਰ ਸਿੰਘ, ਰੇਸ਼ਮਾ, ਬੀਨਾ ਪੋਸੀ, ਕ੍ਰਿਸ਼ਨਾ ਦੇਵੀ ਰਾਜਪੁਰ, ਪਰਮਜੀਤ, ਕਮਲੇਸ਼ ਸੁਨੀਤਾ, ਗੁਰਜੀਤ, ਪਰਮਜੀਤ, ਰਾਜ ਰਾਣੀ, ਅਸ਼ੋਕ ਕੁਮਾਰ ਪੋਸੀ, ਹਰਨਾਮ ਸਿੰਘ ਰਾਣਾ, ਰਣਜੀਤ, ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਭੁੱਲਾ, ਜਨਰਲ ਸਕੱਤਰ ਕੁਲਦੀਪ ਸਿੰਘ ਬੇਗੋਵਾਲ ਆਦਿ ਹਾਜ਼ਰ ਸਨ।

## ਮੁਕਤ ਭਾਰਤ ਅਭਿਆਨ ਤਹਿਤ ਲੰਗੜੋਆ ਸਕੂਲ ਵਿਖੇ ਬੂਟਾ ਲਗਾਇਆ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਰੈਡ ਕਰਾਸ ਨਸ਼ਾ ਛਡਾਊ ਅਤੇ ਪੁਨਰਵਾਸ ਕੇਂਦਰ ਨਵਾਂਸ਼ਹਿਰ ਵੱਲੋਂ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੰਗੜੋਆ ਵਿਖੇ 'ਨਸ਼ਾ ਮੁਕਤ ਭਾਰਤ ਅਭਿਆਨ' ਤਹਿਤ 'ਰੁੱਖ ਲਗਾਓ' ਮੁਹਿੰਮ ਜੋ ਕਿ 10 ਤੋਂ 15 ਅਗਸਤ ਤੱਕ ਚਲਾਈ ਜਾ ਰਹੀ ਹੈ ਨੂੰ ਅੱਗੇ ਤੋਰਦਿਆਂ ਮੁਹਿੰਮ ਦੀ ਚੌਥੀ ਕੜੀ ਤਹਿਤ ਸਰਕਾਰੀ ਸਕੂਲ ਲੰਗੜੋਆ ਵਿਖੇ ਚਮਨ ਸਿੰਘ ਨੇ ਆਪਣੀ ਸਮੁੱਚੀ ਟੀਮ ਅਤੇ ਸਕੂਲ ਦੇ ਪ੍ਰਿੰਸੀਪਲ ਡਾਕਟਰ ਸੁਰਿੰਦਰ ਪਾਲ ਅਗਨੀਹੋਤਰੀ ਤੇ ਸਟਾਫ ਅਗਵਾਈ ਵਿੱਚ ਰਲ ਮਿਲ ਕੇ ਸਕੂਲ ਦੇ ਚੌਗਿਰਦੇ ਨੂੰ ਹਰਿਆਵਲਾ ਬਣਾਉਣ ਲਈ ਬੂਟਾ ਲਗਾਇਆ ਗਿਆ। ਇਸ ਮੌਕੇ ਚਮਨ ਸਿੰਘ ਨੇ ਪੌਦਾ ਲਾਉਣ ਤੋਂ ਪਹਿਲਾਂ ਸਕੂਲ ਦੇ ਕਰੀਬ 600 ਬੱਚਿਆਂ ਨੂੰ ਨਸ਼ਿਆਂ ਤੋਂ ਬਚਣ ਲਈ ਪ੍ਰਣ ਦਿਵਾਇਆ ਕਿ ਉਹ ਆਪਣੇ ਦੇਸ਼, ਸੂਬੇ ਤੇ ਜ਼ਿਲ੍ਹੇ ਨੂੰ ਨਸ਼ਾ ਮੁਕਤ ਕਰਨ ਲਈ ਹਰ ਸੰਭਵ ਕੋਸ਼ਿਸ਼ ਕਰਨਗੇ। ਪ੍ਰਿੰਸੀਪਲ ਅਗਨੀਹੋਤਰੀ ਨੇ ਨਸ਼ਾ ਛਡਾਊ ਤੇ ਪੁਨਰਵਾਸ ਕੇਂਦਰ ਤੋਂ ਆਈ ਸਮੁੱਚੀ ਟੀਮ ਦਾ ਧੰਨਵਾਦ ਕੀਤਾ ਤੇ ਲਗਾਏ ਗਏ ਪੌਦੇ ਦੀ ਦੇਖ ਰੇਖ ਕਰਨ ਲਈ ਵਚਨਬੱਧਤਾ ਪ੍ਰਗਟਾਈ। ਇਸ ਮੌਕੇ ਡਾਇਰੈਕਟਰ ਚਮਨ ਸਿੰਘ, ਪ੍ਰਿੰਸੀਪਲ ਸੁਰਿੰਦਰ ਪਾਲ ਅਗਨੀਹੋਤਰੀ, ਕਮਲਜੀਤ ਕੌਰ, ਮੈਡਮ ਗੁਨੀਤ, ਪ੍ਰਵੇਸ਼ ਕੁਮਾਰ, ਬਲਜੀਤ ਕੁਮਾਰ, ਬਲਜੋਤ, ਲੈਕਚਰਾਰ ਬਲਦੀਪ ਸਿੰਘ, ਸੁਮੀਤ ਸੋਢੀ, ਗੁਰਪ੍ਰੀਤ ਕੌਰ, ਕੁਲਵਿੰਦਰ ਕੌਰ, ਰਜਨੀ ਬਾਲਾ, ਸੁਖਵਿੰਦਰ ਲਾਲ, ਗੁਰਪ੍ਰੀਤ ਸਿੰਘ, ਮੀਨਾ ਰਾਣੀ, ਅਨਿਲ ਕੁਮਾਰ ਪਾਲ, ਚੇਤਨ, ਬਲਵੰਤ ਸਿੰਘ, ਸੂਬੇਦਾਰ ਹਰਪ੍ਰੀਤ ਸਿੰਘ, ਲਖਵੀਰ ਸਿੰਘ ਤੋਂ ਇਲਾਵਾ ਸਕੂਲ ਦੇ ਵਿਦਿਆਰਥੀ ਹਾਜ਼ਰ ਸਨ।

## ਬੰਗਲਾਦੇਸ਼ ਹਿੰਦੂਆਂ ਦੇ ਹੋਏ ਨੁਕਸਾਨ ਦੀ ਭਰਪਾਈ ਕਰੇ : ਬਾਲੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਜ਼ਿਲ੍ਹਾ ਪ੍ਰਧਾਨ ਕਰਮਵੀਰ ਬਾਲੀ ਨੇ ਸੰਘਰਸ਼ ਕਮੇਟੀ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਕਿ ਬੰਗਲਾਦੇਸ਼ ਵਿੱਚ ਹੋਏ ਅੱਤਿਆਚਾਰ ਦਾ ਜਵਾਬ ਉਥੋਂ ਦੇ ਹਿੰਦੂਆਂ ਨੇ ਉਥੇ ਲੱਖਾਂ ਦੀ ਤਦਾਦ ਵਿੱਚ ਇੱਕਠੇ ਹੋ ਕੇ ਆਪਣੀ ਸ਼ਕਤੀ ਦਾ ਪ੍ਰਮਾਣ ਦਿੱਤਾ ਹੈ ਅਤੇ ਬੰਗਲਾਦੇਸ਼ ਦੇ ਅੰਤਰਿਮ ਸਰਕਾਰ ਦੇ ਪ੍ਰਮੁੱਖ ਮੁਹੰਮਦ ਯੂਨਸ ਨੂੰ ਢਕੇਸ਼ਵਰੀ ਮੰਦਿਰ ਵਿੱਚ ਹਿੰਦੂਆਂ ਨੂੰ ਭਰੋਸਾ ਦੇਣਾ ਪਿਆ ਕਿ ਉਨ੍ਹਾਂ ਦੀ ਸੁਰੱਖਿਆ ਸਰਕਾਰ ਦਾ ਪਹਿਲਾ ਕਦਮ ਹੋਵੇਗੀ। ਹਿੰਦੂ ਘੱਟ ਗਿਣਤੀ ਨੇ ਸਾਬਿਤ ਕਰ ਦਿੱਤਾ ਹੈ ਕਿ ਹਿੰਦੂ ਇੱਕਠੇ ਹੋ ਕੇ ਕੁਝ ਵੀ ਕਰ ਸਕਦੇ ਹਨ। ਹੈਰਾਨੀ ਇਸ ਗੱਲ ਦੀ ਹੈ ਕਿ ਉਥੋਂ ਦੀ ਫੌਜ ਦੇ ਸਾਹਮਣੇ ਇਹ ਸਭ ਕੁਝ ਹੋਇਆ ਪਰ ਉਹ ਕੁਝ ਵੀ ਕਰਨ ਵਿੱਚ ਅਸਮਰਥ ਰਹੇ। ਮੁਹੰਮਦ ਯੂਨਸ ਕਿਸ ਦੇ ਭਰੋਸੇ 'ਤੇ ਸੁਰੱਖਿਆ ਦੇਣ ਲਈ ਘੱਟ ਗਿਣਤੀ ਨੂੰ ਭਰੋਸਾ ਦੇ ਰਹੇ ਹਨ। ਬੰਗਲਾਦੇਸ਼ ਦੀ ਘਟਨਾ ਨੇ ਹਿੰਦੂਆਂ ਨੂੰ ਇਕ ਮੰਚ 'ਤੇ ਇੱਕਠਾ ਹੋਣ ਦਾ ਸੰਦੇਸ਼ ਦਿੱਤਾ ਹੈ, ਪਾਰਟੀ ਬਾਜ਼ੀ ਤੋਂ ਉਪਰ ਉਠ ਕੇ ਪਹਿਲਾਂ ਹਿੰਦੂ ਹਨ ਇਹ ਗੱਲ ਸਾਬਤ ਕਰ ਦਿੱਤੀ ਹੈ। ਇਹ ਸੰਦੇਸ਼ ਪੂਰੀ ਦੁਨੀਆਂ ਵਿੱਚ ਚਲਾ ਗਿਆ ਹੈ ਕਿ ਹਿੰਦੂਆਂ ਨੂੰ ਕਮਜ਼ੋਰ ਨਾ ਸਮਝਿਆ ਜਾਵੇ, ਹਿੰਦੂ ਕੁਝ ਵੀ ਕਰ ਸਕਦੇ ਹਨ। ਵਿਦੇਸ਼ਾਂ ਤੱਕ ਹਿੰਦੂ ਇੱਕਠੇ ਹੋ ਗਏ ਹਨ। ਇਹ ਸ਼ੁਭ ਸੰਕੇਤ ਹੈ। ਭਾਰਤ ਦੇ ਸਹਿਯੋਗ ਲਾਲ 1971 ਨੂੰ ਬੰਗਲਾਦੇਸ਼ ਬਣਿਆ ਸੀ ਉਹ ਭਾਰਤੀਆਂ ਦਾ ਨਹੀਂ ਬਣਿਆ, ਸ਼ੇਖ ਮੁਜੀਬੋ ਰਹਿਮਾਨ ਦਾ ਨਹੀਂ ਬਣਿਆ ਜਿਸ ਨੇ ਬੰਗਲਾਦੇਸ਼ ਬਣਾਇਆ ਸੀ। ਉਹ ਕਿਸੀ ਦਾ ਨਹੀਂ ਹੋ ਸਕਦਾ। ਬੰਗਲਾਦੇਸ਼ ਦੁਆਰਾ ਹਿੰਦੂਆਂ ਦੇ ਹੋਏ ਨੁਕਸਾਨ ਦੀ ਭਰਪਾਈ ਕੀਤੀ ਜਾਵੇ ਅਤੇ ਮ੍ਰਿਤਕਾਂ ਨੂੰ ਮੁਆਵਜ਼ਾ ਦਿੱਤਾ ਜਾਵੇ। ਮੰਦਿਰਾਂ ਨੂੰ ਦੁਬਾਰਾ ਬਣਾਇਆ ਜਾਵੇ। ਇਹ ਕਾਰਜ ਬਹੁਤ ਜਲਦੀ ਹੋਣਾ ਚਾਹੀਦਾ ਹੈ। ਇਸ ਮੌਕੇ 'ਤੇ ਨਰਿੰਦਰ ਕੁਮਾਰ, ਨੀਟਾ, ਵਿਜੈ ਕੁਮਾਰ, ਦੀਪਕ ਕੁਮਾਰ ਆਦਿ ਮੌਜੂਦ ਸਨ।

## ਸਰਕਾਰੀ ਸਕੂਲ ਬੀੜ ਬੰਸੀਆ ਜੱਜਾਂ ਢੀਂਡਸਾ 'ਚ ਮਨਾਇਆ ਸੁਤੰਤਰਤਾ ਦਿਵਸ

**ਗੁਰਾਇਆ (ਬਿੰਦਰ ਸੁਮਨ)**—ਸਰਕਾਰੀ ਸੀਨੀਅਰ ਸੈਕੰਡਰੀ ਸਮਰਾਟ ਸਕੂਲ ਬੀੜ ਬੰਸੀਆ ਜੱਜਾਂ ਢੀਂਡਸਾ ਦੇ ਸਕੂਲ ਵਿੱਚ ਅਜ਼ਾਦੀ ਦਿਵਸ ਮਨਾਇਆ ਗਿਆ। ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਮੁੱਖ ਮਹਿਮਾਨ ਵਜੋਂ ਪਹੁੰਚੇ ਸਰਪੰਚ ਹਰਬੰਸ ਸੰਧੂ ਵਲੋਂ ਅਦਾ ਕੀਤੀ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਭੁਪਿੰਦਰ ਸਿੰਘ , ਸੈਕਟਰੀ ਮਹਿੰਦਰ ਸਿੰਘ, ਸਕੂਲ ਇੰਚਾਰਜ ਸਨੇਹ ਲਤਾ ਹਾਜਰ ਸਨ। ਇਸ ਸਮਾਗਮ ਦੇ ਸਬੰਧ ਵਿੱਚ ਬੱਚਿਆਂ ਵਲੋਂ ਦੇਸ਼ ਭਗਤੀ ਦੇ ਗੀਤ ਅਤੇ ਵੀਰ ਯੋਧਿਆਂ ਨੂੰ ਯਾਦ ਕਰਦੇ ਹੋਏ ਨਾਟਕ ਪੇਸ਼ ਕੀਤੇ ਗਏ। ਜਿਥੇ ਵੱਖ ਵੱਖ ਨੁਮਾਇੰਦਿਆਂ ਵਲੋਂ ਬੱਚਿਆਂ ਨੂੰ ਨਵੀਂ ਸੇਧ ਦਿੱਤੀ ਗਈ ਉਥੇ ਸਕੂਲ ਇੰਚਾਰਜ ਸਨੇਹ ਲਤਾ ਵਲੋਂ ਬੱਚਿਆਂ ਨੂੰ ਨਸ਼ਾ ਮੁਕਤੀ ਰਹਿ ਕੇ ਜ਼ਿੰਦਗੀ ਵਿਚ ਅੱਗੇ ਵੱਧਣ ਤੇ ਉਨਤੀ ਦੇ ਰਾਹ 'ਤੇ ਚੱਲਣ ਲਈ ਪ੍ਰੇਰਿਤ ਕੀਤਾ ਗਿਆ। ਮੈਡਮ ਵਲੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਮੁੱਖ ਮਹਿਮਾਨਾਂ ਵਲੋਂ ਬੱਚਿਆਂ ਨੂੰ ਲੱਡੂ ਵੀ ਵੰਡੇ ਗਏ। ਸਟੇਜ ਸਕੱਤਰ ਦੀ ਭੂਮਿਕਾ ਸ੍ਰੀਮਤੀ ਸਵੀਕ੍ਰਿਤੀ ਸੇਠੀ ਵਲੋਂ ਬਾਖ਼ੂਬੀ ਨਾਲ ਨਿਭਾਈ ਗਈ।



## ਚੱਬੇਵਾਲ ਹਲਕੇ ਦੇ ਪ੍ਰਾਇਮਰੀ ਸਕੂਲਾਂ ਦੀ ਮੁਰੰਮਤ ਲਈ 89 ਲੱਖ ਰੁਪਏ ਜਾਰੀ



**ਹੁਸ਼ਿਆਰਪੁਰ,, (ਬਲਵੀਰ ਸਿੰਘ ਸੈਣੀ)**— ਸੰਸਦ ਮੈਂਬਰ ਰਾਜਕੁਮਾਰ ਚੱਬੇਵਾਲ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਬਿਹਤਰ ਬੁਨਿਆਦੀ ਢਾਂਚੇ ਦੇ ਨਾਲ ਮਿਆਰੀ ਸਿੱਖਿਆ ਪ੍ਰਦਾਨ ਕਰਨ ਦੀ ਵਚਨਬੱਧਤਾ ਨੂੰ ਦੁਹਰਾਇਆ ਹੈ। ਆਪਣੇ ਦਫਤਰ ਵਿਖੇ ਵਿਧਾਨ ਸਭਾ ਹਲਕੇ ਦੇ ਲੋਕਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਚੱਬੇਵਾਲ ਵਿੱਚ ਸਿੱਖਿਆ ਦੇ ਬੁਨਿਆਦੀ ਢਾਂਚੇ ਨੂੰ ਹੁਲਾਰਾ ਦੇਣ ਲਈ ਸੂਬਾ ਸਰਕਾਰ ਵੱਲੋਂ ਪ੍ਰਾਇਮਰੀ ਸਕੂਲਾਂ ਦੀ ਮਾਮੂਲੀ ਮੁਰੰਮਤ ਲਈ 89 ਲੱਖ ਰੁਪਏ ਜਾਰੀ ਕੀਤੇ ਗਏ ਹਨ। ਇਹ ਫੰਡ ਸਕੂਲਾਂ ਨੂੰ ਉਹਨਾਂ ਦੀਆਂ ਫੌਰੀ ਰੱਖ-ਰਖਾਵ ਦੀਆਂ ਲੋੜਾਂ ਨੂੰ ਪੂਰਾ ਕਰਨ ਵਿੱਚ ਮਦਦ ਕਰੇਗਾ, ਜਿਸ ਨਾਲ ਵਿਦਿਆਰਥੀਆਂ ਲਈ ਵਧੀਆ ਸਿੱਖਣ ਦਾ ਮਾਹੌਲ ਪੈਦਾ ਹੋਵੇਗਾ, ਅਤੇ ਮੈਂ ਇਹ ਯਕੀਨੀ ਬਣਾਉਣ ਲਈ ਵਚਨਬੱਧ ਹਾਂ ਕਿ ਸਾਡੇ ਸਕੂਲਾਂ ਵਿੱਚ ਮਿਆਰੀ ਸਿੱਖਿਆ ਅਨੁਭਵ ਪ੍ਰਦਾਨ ਕੀਤੀ ਜਾ ਸਕੇ ਇਹ ਫੰਡਿੰਗ ਮਹੱਤਵਪੂਰਨ ਮੁਰੰਮਤ ਨੂੰ ਪੂਰਾ ਕਰਨ ਵਿੱਚ ਮਦਦ ਕਰੇਗੀ, ਜਿਸ ਨਾਲ ਸਾਡੇ ਸਕੂਲਾਂ ਨੂੰ ਸੁਰੱਖਿਅਤ ਅਤੇ ਸਿੱਖਣ ਲਈ ਵਧੇਰੇ ਅਨੁਕੂਲ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਸਿੱਖਿਆ ਪ੍ਰਤੀ ਵਚਨਬੱਧਤਾ ਦੇ ਸਕਾਰਾਤਮਕ ਨਤੀਜੇ ਸਾਹਮਣੇ ਆਏ ਹਨ, ਜਿਸ ਵਿੱਚ ਵਿਦਿਆਰਥੀਆਂ ਦੀ ਬਿਹਤਰ ਕਾਰਗੁਜ਼ਾਰੀ, ਦਾਖਲੇ ਵਿੱਚ ਵਾਧਾ ਅਤੇ ਬੁਨਿਆਦੀ ਢਾਂਚੇ ਵਿੱਚ ਸੁਧਾਰ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਦਾ ਚੱਲ ਰਿਹਾ ਵਿਕਾਸ ਸਰਕਾਰ ਦੇ ਇਸ ਸੰਕਲਪ ਨੂੰ ਹੋਰ ਮਜ਼ਬੂਤ ਕਰਦਾ ਹੈ ਕਿ ਸੂਬਾ ਸਰਕਾਰ ਦੇ ਵਿਕਾਸ ਏਜੰਡੇ ਦੇ ਅਨੁਸਾਰ ਮਿਆਰੀ ਸਿੱਖਿਆ ਦਿੱਤੀ ਜਾ ਰਹੀ ਹੈ। ਐਮ.ਪੀ ਚੱਬੇਵਾਲ ਨੇ ਕਿਹਾ, "ਗੁਣਵੱਤਾ ਸਿੱਖਿਆ ਇੱਕ ਖੁਸ਼ਹਾਲ ਸਮਾਜ ਦੀ ਨੀਂਹ ਹੈ। ਸਾਡੀ ਸਰਕਾਰ ਅਕਾਦਮਿਕ ਉੱਤਮਤਾ, ਨਵੀਨਤਾ ਅਤੇ ਆਲੋਚਨਾਤਮਕ ਸੋਚ ਨੂੰ ਉਤਸਾਹਿਤ ਕਰਨ ਵਾਲਾ ਮਾਹੌਲ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ 89 ਲੱਖ ਰੁਪਏ ਦੀ ਅਲਾਟਮੈਂਟ ਨਾਲ ਲੋੜੀਂਦੇ ਮੁਰੰਮਤ ਦਾ ਕੰਮ ਕੀਤਾ ਜਾਵੇਗਾ। ਜਿਸ ਵਿੱਚ ਛੱਤਾਂ ਦੀ ਮੁਰੰਮਤ, ਟੁੱਟੇ ਹੋਏ ਫਰਨੀਚਰ ਆਦਿ ਸ਼ਾਮਲ ਹਨ। ਹਲਕੇ ਦੇ ਲੋਕਾਂ ਨੇ ਆਪਣੇ ਸਕੂਲਾਂ ਵਿੱਚ ਇਸ ਫੰਡਿੰਗ ਲਈ ਐਮ.ਪੀ ਚੱਬੇਵਾਲ ਦਾ ਧੰਨਵਾਦ ਕੀਤਾ ਹੈ। ਇਸ ਮੌਕੇ ਸ਼ਿਵਰੰਜਨ ਰੋਮੀ, ਹਰੀ ਸਿੱਧੂ ਭਾਮ, ਗੋਪੀ ਭਾਮ, ਜੀਵਨ ਸਸੋਲੀ ਆਦਿ ਹਾਜਰ ਸਨ।

## ਚੌਧਰੀ ਵੈੱਲਫੇਅਰ ਐਸੋਸੀਏਸ਼ਨ ਨੇ ਲੰਗਰ ਲਗਾਇਆ

**ਹੁਸ਼ਿਆਰਪੁਰ, (ਕਾਜਲ)**- ਮਾਂ ਚਿੰਤਪੁਰਨੀ ਦੇ ਮੇਲੇ 'ਤੇ ਲੱਖਾਂ ਦੀ ਗਿਣਤੀ ਵਿਚ ਦਰਸ਼ਨ ਕਰਨ ਜਾ ਰਹੇ ਸ਼ਰਧਾਲੂਆਂ ਲਈ ਚੌਧਰੀ ਵੈੱਲਫੇਅਰ ਐਸੋਸੀਏਸ਼ਨ ਵਲੋਂ ਲੈਮਨ ਨਿੰਬੂ ਦਾ ਅਤੁੱਟ ਲੰਗਰ ਚੌਹਾਲ ਡੈਮ ਦੇ ਨਜ਼ਦੀਕ ਲਗਾਇਆ ਗਿਆ। ਇਸ ਮੌਕੇ ਗੁਰਪ੍ਰੀਤ ਸਿੰਘ, ਕੁੰਵਰ ਪ੍ਰੀਤ ਸਿੰਘ, ਬ੍ਰਿਜ ਮੋਹਨ, ਸੁਨੀਲ ਸ਼ਰਮਾ, ਪ੍ਰਿੰਸ ਪਲਿਆਲ ਗੜਦੀਵਾਲ, ਜ਼ੋਰਾਵਰ ਸਿੰਘ, ਧਰਮ ਪਾਲ, ਸਚਿਨ ਕੁਮਾਰ ਆਦਿ ਭਗਤ ਹਾਜ਼ਰ ਸਨ।?

## ਓਇੰਦ ਦੇ ਕਬੱਡੀ ਕੱਪ ਤੇ ਕੁਸ਼ਤੀ ਦੰਗਲ ਦਾ ਪੋਸਟਰ ਜਾਰੀ



**ਮੋਰਿੰਡਾ ( ਜੈਜ਼ੀ ਸਰਦਾਰ )**-ਪਿੰਡ ਓਇੰਦ ਵੱਲੋਂ ਹਰ ਸਾਲ ਦੀ ਤਰ੍ਹਾਂ ਗੁੱਗਾ ਜਾਹਰ ਪੀਰ ਦੀ ਯਾਦ ਨੂੰ ਸਮਰਪਿਤ ਕਬੱਡੀ ਕੱਪ ਤੇ ਕੁਸ਼ਤੀ ਦੰਗਲ ਮਿਤੀ 27-28 ਅਗਸਤ ਦਾ ਪੋਸਟਰ ਡੀ ਐਸ ਪੀ ਮੋਰਿੰਡਾ ਗੁਰਦੀਪ ਸਿੰਘ ਸੰਧੂ ਪੀ ਪੀ ਐਸ ਨੇ ਜਾਰੀ ਕੀਤਾ। ਸੰਧੂ ਨੇ ਕਿਹਾ ਕਿ ਇਹ ਕਲੱਬ ਤੇ ਪਿੰਡ ਓਇੰਦ ਵਾਸੀਆਂ ਦਾ ਸਾਂਝੇ ਤੌਰ 'ਤੇ ਬਹੁਤ ਹੀ ਵਧੀਆ ਉਪਰਾਲਾ ਹੈ। ਅਜਿਹੇ ਖੇਡ ਮੇਲੇ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਅਤੀ ਜ਼ਰੂਰੀ ਹਨ ਅਤੇ ਨੌਜਵਾਨ ਪੀੜ੍ਹੀ ਲਈ ਪ੍ਰੇਰਨਾ ਸਰੋਤ ਹੁੰਦੇ ਹਨ।ਕਲੱਬ ਦੇ ਪ੍ਰਧਾਨ ਕੁਲਦੀਪ ਸਿੰਘ ਓਇੰਦ ਨੇ ਦੱਸਿਆ ਕਿ 27 ਅਗਸਤ ਨੂੰ ਕਬੱਡੀ ਕੱਪ ਵਿੱਚ ਨਾਮਵਰ ਟੀਮਾਂ ਭਾਗ ਲੈ ਰਹੀਆਂ ਹਨ ਅਤੇ ਇੱਕ ਪਿੰਡ ਓਪਨ ਕਲੱਬ ਨੂੰ ਪਹਿਲਾਂ ਇਨਾਮ 35000 ਰੁਪਏ ਤੇ ਦੂਜਾ ਇਨਾਮ 25000 ਰੁਪਏ ਦਿੱਤਾ ਜਾਵੇਗਾ। ਤਿੰਨ ਖਿਡਾਰੀ ਓਪਨ ਕਲੱਬ ਵਿੱਚ ਬਾਹਰਲੇ ਖੇਡ ਸਕਣਗੇ।ਕਬੱਡੀ 42,52,62 ਕਿਲੋ ਵਿੱਚ ਦੋ ਖਿਡਾਰੀ ਬਾਹਰਲੇ ਖੇਡ ਸਕਣਗੇ।ਜੇਤੂ ਟੀਮਾਂ ਨੂੰ ਆਕਰਸ਼ਤ ਇਨਾਮ ਤਕਸੀਮ ਕੀਤੇ ਜਾਣਗੇ। ਸਰਬੋਤਮ ਰੇਡਰ ਤੇ ਸਰਬੋਤਮ ਜਾਫੀ ਨੂੰ ਸਪੈਸ਼ਲ ਤੌਰ 'ਤੇ ਇਨਾਮ ਦੇ ਕੇ ਸਨਮਾਨਿਤ ਕੀਤਾ ਜਾਵੇਗਾ। 28 ਅਗਸਤ ਨੂੰ ਕੁਸ਼ਤੀ ਦੰਗਲ ਕਰਵਾਇਆ ਜਾ ਰਿਹਾ ਹੈ।ਝੰਡੀ ਦੀ ਕੁਸ਼ਤੀ ਦਾ ਇਨਾਮ ਇੱਕ ਲੱਖ ਰੁਪਏ ਦਿੱਤਾ ਜਾਵੇਗਾ।ਇਸ ਮੌਕੇ ਇੰਸਪੈਕਟਰ ਸ੍ਰੀ ਸੁਨੀਲ ਕੁਮਾਰ ਐਸ ਐਚ ਓ ਸਿਟੀ ਮੋਰਿੰਡਾ, ਬਹਾਦਰ ਸਿੰਘ ਨੰਬਰਦਾਰ,ਜਸਕਰਨ ਸਿੰਘ ਆਰਕੀਟੈਕਟ,ਨਿਰਮਲ ਸਿੰਘ ਨੱਤ, ਹਰਜਿੰਦਰ ਸਿੰਘ ਕੰਧੋਲਾ, ਸੂਬੇਦਾਰ ਪ੍ਰੀਤਪਾਲ ਸਿੰਘ, ਰਤਨ ਸਿੰਘ ਫੌਜੀ, ਦੀਦਾਰ ਸਿੰਘ ਡਹਿਰ, ਮਲਕੀਤ ਸਿੰਘ,ਗੁਰਪ੍ਰੀਤ ਸਿੰਘ ਗੋਪੀ, ਲਖਵੀਰ ਸਿੰਘ,ਸੰਗਤ ਸਿੰਘ ਪਵਾਰ, ਅਮਨਪ੍ਰੀਤ ਸਿੰਘ, ਕਰਨਪ੍ਰੀਤ ਸਿੰਘ ਕੇ ਪੀ, ਤਰਨਵੀਰ ਸਿੰਘ, ਹਰਜਿੰਦਰ ਸਿੰਘ ਅਰਨੌਲੀ, ਨਵਦੀਪ ਸਿੰਘ,ਹਰਮਨ ਕੰਗ, ਸਤਨਾਮ ਸੋਮਲ, ਮਨਿੰਦਰ ਤੇ ਗਗਨਦੀਪ ਆਦਿ ਹਾਜ਼ਰ ਸਨ।

## ਪੰਚਾਇਤੀ ਚੋਣਾਂ ਲਈ ਵੋਟਰ ਬਣਨ ਤੋਂ ਵਾਂਝੇ ਰਹਿ ਗਏ ਲੋਕ 22 ਤੱਕ ਦੇ ਸਕਦੇ ਦਾਅਵੇ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**-ਰਾਜ ਚੋਣ ਕਮਿਸ਼ਨ ਪੰਜਾਬ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀਮਤੀ ਆਸ਼ਿਕਾ ਜੈਨ ਨੇ ਦੱਸਿਆ ਕਿ ਪੰਚਾਇਤੀ ਚੋਣਾਂ ਲਈ ਰਜਿਸਟਰ ਹੋਏ ਵੋਟਰਾਂ ਦੀਆਂ ਸੂਚੀਆਂ ਮੋਹਾਲੀ, ਖਰੜ, ਡੇਰਾਬੱਸੀ ਅਤੇ ਮਾਜਰੀ ਦੇ ਬਲਾਕ ਵਿਕਾਸ ਤੇ ਪੰਚਾਇਤ ਦਫ਼ਤਰਾਂ ਅਤੇ ਖਰੜ, ਮੋਹਾਲੀ ਅਤੇ ਡੇਰਾਬੱਸੀ ਦੇ ਐਸ ਡੀ ਐਮ ਦਫ਼ਤਰਾਂ 'ਚ ਵੇਖਣ ਲਈ ਉਪਲਬਧ ਕਰਵਾ ਦਿੱਤੀਆਂ ਗਈਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਜੇਕਰ ਕਿਸੇ ਵਿਅਕਤੀ ਦਾ ਇਨ੍ਹਾਂ ਵੋਟਰ ਸੂਚੀਆਂ 'ਚ ਨਾਂਅ ਦਰਜ ਨਹੀਂ ਹਨ ਜਾਂ ਉਹ 01.01.2023 ਤੋਂ ਬਾਅਦ ਯੋਗਤਾ ਪੂਰੀ ਕਰਦਾ ਹੈ ਤਾਂ ਉਹ ਆਪਣੀ ਵੋਟ ਬਣਾਉਣ ਲਈ ਦਾਅਵਾ ਐਸ ਡੀ ਐਮ ਦਫ਼ਤਰ ਖਰੜ, ਮੋਹਾਲੀ, ਡੇਰਾਬੱਸੀ ਵਿਖੇ (ਆਪੋ-ਆਪਣੀ ਸਬ ਡਵੀਜ਼ਨ ਮੁਤਾਬਕ) ਮਿਤੀ 20 ਅਗਸਤ ਦਿਨ ਮੰਗਲਵਾਰ, 21 ਅਗਸਤ ਬੁੱਧਵਾਰ ਅਤੇ 22 ਅਗਸਤ ਵੀਰਵਾਰ ਨੂੰ ਦੇ ਸਕਦੇ ਹਨ। ਇਸ ਤੋਂ ਇਲਾਵਾ ਇਨ੍ਹਾਂ ਤਿੰਨ ਦਿਨਾਂ ਦੌਰਾਨ ਵੋਟ ਕੱਟਣ ਜਾਂ ਤਬਦੀਲ ਕਰਵਾਉਣ ਲਈ ਵੀ ਦਾਅਵੇ ਦਿੱਤੇ ਜਾ ਸਕਦੇ ਹਨ।

## ਪੀ ਸੀ ਐੱਮ ਐੱਸ ਡੀ ਕਾਲਜ ਨੇ ਜੋਸ਼ ਤੇ ਭਾਵਨਾ ਨਾਲ ਮਨਾਇਆ ਆਜ਼ਾਦੀ ਦਿਵਸ

**ਜਲੰਧਰ ( ਇਕਬਾਲ ਸਿੰਘ ਉੱਭੀ )** ਰਾਸ਼ਟਰੀ ਸਵੈਮਾਣ ਅਤੇ ਏਕਤਾ ਦੀ ਭਾਵਨਾ ਨਾਲ, ਸੈਂਟਰਲ ਐਸੋਸੀਏਸ਼ਨ ਅਤੇ ਐਨ.ਸੀ.ਸੀ ਆਰਮੀ ਵਿੰਗ ਪੀ.ਸੀ.ਐਮ.ਐਸ.ਡੀ ਕਾਲਜ ਫਾਰ ਵੂਮੈਨ, ਜਲੰਧਰ ਨੇ ਦੇਸ਼ ਨੂੰ ਗੁਲਾਮੀ ਦੇ ਜੂਲੇ ਤੋਂ ਆਜਾਦ ਕਰਵਾਉਣ ਲਈ ਸਾਡੇ ਸੁਤੰਤਰਤਾ ਸੈਨਾਨੀਆਂ ਵੱਲੋਂ ਦਿੱਤੀਆਂ ਲਾਸਾਨੀ ਕੁਰਬਾਨੀਆਂ ਨੂੰ ਯਾਦ ਕਰਨ ਲਈ 78ਵਾਂ ਸੁਤੰਤਰਤਾ ਦਿਵਸ ਮਨਾਇਆ। ਇਸ ਸਮਾਗਮ ਦਾ ਆਗਾਜ ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ ਨੇ ਕੀਤਾ। ਸਭ ਤੋਂ ਪਵਿੱਤਰ ਸਮਾਰੋਹ ਦੀ ਸ਼ੁਰੂਆਤ ਤਿਰੰਗਾ ਲਹਿਰਾਉਣ ਨਾਲ ਹੋਈ। ਇਸ ਤੋਂ ਬਾਅਦ ਮੁੱਖ ਮਹਿਮਾਨ ਵੱਲੋਂ ਸੰਬੋਧਨ ਕੀਤਾ ਗਿਆ। ਉਨ੍ਹਾਂ ਵਿਦਿਆਰਥੀਆਂ ਨੂੰ ਦੇਸ਼ ਦੇ ਇਤਿਹਾਸ ਅਤੇ ਕੁਰਬਾਨੀਆਂ ਪ੍ਰਤੀ ਆਪਣੀ ਸ਼ਰਧਾ ਦਾ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਪ੍ਰੋ.(ਡਾ.) ਪੂਜਾ ਪਰਾਸ਼ਰ ਨੇ ਵੀ ਇਤਿਹਾਸਕ ਦਿਹਾੜੇ 'ਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਆਪਣੇ ਜੀਵਨ ਵਿਚ ਆਜਾਦੀ ਦੀ ਸਾਰਥਕਤਾ 'ਤੇ ਜੋਰ ਦਿੱਤਾ। ਉਨ੍ਹਾਂ ਕਿਹਾ ਕਿ ਇੱਕ ਰਾਸ਼ਟਰ ਦੀ ਤਰੱਕੀ ਉਸਦੀ ਸਿੱਖਿਆ ਦੀ ਗੁਣਵੱਤਾ, ਇਸਦੇ ਨਾਗਰਿਕਾਂ ਦੀ ਸਿਹਤ ਅਤੇ ਇਸਦੇ ਲੋਕਤੰਤਰੀ ਸੰਸਥਾਵਾਂ ਦੀ ਤਾਕਤ ਦੁਆਰਾ ਕੀਤੀ ਜਾਂਦੀ ਹੈ। ਇਸ ਮੌਕੇ ਸਕੂਲ ਬਲਾਕ ਵਿੱਚ ਪੰਜਾਬੀ ਵਿਭਾਗ ਵੱਲੋਂ ਕਵਿਤਾ ਉਚਾਰਨ, ਡਾਂਸ ਅਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ। ਸਮਾਗਮ ਦਾ ਉਦੇਸ਼ ਸਾਰਿਆਂ ਨੂੰ ਸਾਡੇ ਆਜ਼ਾਦੀ ਘੁਲਾਟੀਆਂ ਦੁਆਰਾ ਦਿੱਤੀਆਂ ਕੁਰਬਾਨੀਆਂ ਅਤੇ ਲੋਕਤੰਤਰ ਅਤੇ ਵਿਭਿੰਨਤਾ ਦੀਆਂ ਕਦਰਾਂ-ਕੀਮਤਾਂ ਨੂੰ ਸੁਰੱਖਿਅਤ ਰੱਖਣ ਲਈ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਬਾਰੇ ਯਾਦ ਦਿਵਾਉਣਾ ਸੀ।

## ਫਾਲਕਨ ਇੰਟਰਨੈਸ਼ਨਲ ਸਕੂਲ 'ਚ ਆਜ਼ਾਦੀ ਦਿਹਾੜਾ ਮਨਾਇਆ



**ਸੁਲਤਾਨਪੁਰ ਲੋਧੀ, ( ਹਨੀ )** ਫਾਲਕਨ ਇੰਟਰਨੈਸ਼ਨਲ ਸਕੂਲ ਵਿਖੇ ਅਜ਼ਾਦੀ ਦਿਵਸ ਸਬੰਧੀ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਦੌਰਾਨ ਨਰਸਰੀ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਨੇ ਸਮੂਹ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੂੰ ਅਜ਼ਾਦੀ ਦਿਹਾੜੇ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ । ਉਨ੍ਹਾਂ ਦੇਸ਼ ਦੀ ਆਜ਼ਾਦੀ ਲਈ ਸੁਤੰਤਰਤਾ ਸੈਨਾਨੀਆਂ ਦੁਆਰਾ ਦਿੱਤੇ ਬਲਿਦਾਨ ਸਬੰਧੀ ਵੀ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ । ਕਰਨਲ ਢਿੱਲੋਂ ਨੇ ਦੇਸ਼ ਦੇ ਤਿਰੰਗੇ ਦਾ ਸਨਮਾਨ ਬਣਾਈ ਰੱਖਣ ਲਈ ਵਿਦਿਆਰਥੀਆਂ ਨੂੰ ਪ੍ਰੇਰਿਤ ਵੀ ਕੀਤਾ। ਇਸ ਮੌਕੇ ਸਕੂਲ ਦੇ ਡਾਇਰੈਕਟਰ ਮੈਡਮ ਨਵਦੀਪ ਕੌਰ ਢਿੱਲੋਂ, ਪ੍ਰਿੰਸੀਪਲ ਬਲਜੀਤ ਕੌਰ ਜੋਸਨ ਅਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

## ਭੰਗਲ ਕਲਾਂ ਵਿਖੇ ਮਮਤਾ ਦਿਵਸ ਮਨਾਇਆ

**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ )** ਸਿਵਲ ਸਰਜਨ ਡਾ. ਜਸਪ੍ਰੀਤ



ਕੌਰ ਦੇ ਦਿਸ਼ਾ ਨਿਰਦੇਸ਼ ਸੀਨੀਅਰ ਮੈਡੀਕਲ ਅਫਸਰ ਗੀਤਾਂਜਲੀ ਸਿੰਘ ਦੇ ਨਿਰਦੇਸ਼ ਅਨੁਸਾਰ ਬੁਧੱਵਾਰ ਨੂੰ ਪਿੰਡ ਭੰਗਲ ਕਲਾਂ ਵਿਖੇ ਮਮਤਾ ਦਿਵਸ ਮਨਾਇਆ ਗਿਆ। ਜਿਸ ਵਿਚ ਸਿਹਤ ਅਧਿਕਾਰੀ ਏ ਐਨ ਐਮ ਗੁਰਦੇਵ ਕੌਰ, ਸੀ ਐਚ ਉ ਲਖਵਿੰਦਰ ਕੌਰ ਵੱਲੋਂ ਨਿੱਕੇ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਟੀਕਾਕਰਨ ਕੀਤਾ ਗਿਆ। ਲੋਕਾਂ ਨੂੰ ਸਿਹਤ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ ਜਿਵੇਂ ਕਿ ਮੁਫ਼ਤ ਜਣੇਪਾ, ਮੁਫ਼ਤ ਟੈਸਟ ਤੇ ਮੁਫਤ ਇਲਾਜ਼, ਡੇਂਗੂ, ਮਲੇਰੀਆ, ਨਸ਼ਿਆਂ ਤੇ ਭਰੂਣ ਹੱਤਿਆ ਬਾਰੇ ਜਾਣਕਾਰੀ ਦਿੱਤੀ ਗਰਭਵਤੀ ਔਰਤਾਂ ਨੂੰ ਟੈਟਨੈੱਸ ਦੇ ਟੀਕੇ ਅਤੇ ਖੂਨ ਵਧਾਉਣ ਲਈ ਆਇਰਨ ਫੋਲਿਕ ਐਸਿਡ ਦੀਆਂ ਗੋਲੀਆਂ ਮੁਫ਼ਤ ਦਿੱਤੀਆਂ ਗਈਆਂ।

## ਆਜ਼ਾਦੀ ਦਿਵਸ 'ਤੇ ਬੂਟਿਆਂ ਦਾ ਲੰਗਰ ਲਗਾਇਆ

**ਮੇਹਟੀਆਣਾ-(ਜਗਤਾਰ ਸਿੰਘ ਭੁੰਗਰਨੀ)** ਗਰੀਬ ਦਾ ਮੂੰਹ ਗੁਰੂ ਦੀ ਗੋਲਕ ਸੰਸਥਾ ਅਜਨੋਹਾ ਦੇ ਸਥਾਪਨਾ ਦਿਵਸ 'ਤੇ 15 ਵਾਂ ਬੂਟਿਆਂ ਦਾ ਲੰਗਰ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਵਿਖੇ ਲਗਾਇਆ ਗਿਆ। ਬੂਟਿਆਂ ਵਿੱਚ ਦਵਾਈਆਂ ਵਾਲੇ, ਛਾਂ ਵਾਲੇ, ਫਲਦਾਰ ਅਤੇ ਸਜਾਵਟੀ 1300 ਬੂਟੇ ਵੰਡੇ ਗਏ । ਇਸ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਗੁਰਪ੍ਰੀਤ ਸਿੰਘ ਗੁਗਲੀ ਖਾਲਸਾ, ਗੁਰਪਾਲ ਸਿੰਘ ਨਡਾਲੋਂ,ਹਰਮਨ ਸਿੰਘ ਨਡਾਲੋਂ, ਖੁਸ਼ੀਆ ਸਿੰਘ, ਸ਼ਮਨਦੀਪ ਸਿੰਘ,ਮਨੀ ਨਡਾਲੋਂ,ਪੰਚ ਸਤਨਾਮ ਸਿੰਘ, ਸੁਮੀਤ ਪਾਲ ਸਿੰਘ, ਰਵੀ ਸਿੰਘ, ਮਨਪ੍ਰੀਤ ਸਿੰਘ ਆਦਿ ਹਾਜ਼ਰ ਸਨ।



## ਖਾਲਸਾ ਕਾਲਜ 'ਚ ਸਾਈਬਰ ਜਾਗਰੂਕਤਾ ਦਿਵਸ ਮਨਾਇਆ



**ਸੁਲਤਾਨਪੁਰ ਲੋਧੀ, ( ਹਨੀ )** ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਵਿਖੇ ਐੱਨ.ਐੱਸ.ਐੱਸ ਵਿਭਾਗ ਵੱਲੋਂ ਸਾਈਬਰ ਜਾਗਰੂਕਤਾ ਦਿਵਸ ਮਨਾਇਆ ਗਿਆ। ਇਸ ਦੌਰਾਨ ਐੱਮ. ਐੱਸ. ਸੀ (ਆਈ.ਟੀ) ਭਾਗ ਪਹਿਲਾ ਦੇ ਵਿਦਿਆਰਥੀ ਅਮਰਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਸਾਈਬਰ ਕਰਾਈਮ ਸਬੰਧੀ ਜਾਣੂ ਕਰਵਾਉਂਦਿਆਂ ਦੱਸਿਆ ਕਿ ਵਿਦਿਆਰਥੀ ਜੀਵਨ ਨੂੰ ਸਾਈਬਰ ਕ੍ਰਾਈਮ ਬੜੇ ਹੀ ਭਿਆਨਕ ਰੂਪ ਨਾਲ ਇੰਟਰਨੈਟ ਮਾਧਿਅਮ ਰਾਹੀਂ ਆਪਣਾ ਸ਼ਿਕਾਰ ਬਣਾਉਂਦਾ ਹੈ। ਜਿਸ ਵਿੱਚ ਆਮ ਤੌਰ 'ਤੇ ਨੌਜਵਾਨ ਬਹੁਤ ਬੁਰੀ ਤਰ੍ਹਾਂ ਪ੍ਰਭਾਵਿਤ ਹੁੰਦੇ ਹਨ। ਉਹਨਾਂ ਸਾਈਬਰ ਕ੍ਰਾਈਮ ਤੋਂ ਬਚਣ ਲਈ ਵੱਧ ਤੋਂ ਵੱਧ ਜਾਣਕਾਰੀ ਹਾਸਿਲ ਕਰਨ ਲਈ ਵਿਦਿਆਰਥੀਆਂ ਨੂੰ ਪ੍ਰੇਰਦਿਆਂ ਆਖਿਆ ਕਿ ਜੇਕਰ ਕੋਈ ਵੀ ਵਿਅਕਤੀ ਸਾਈਬਰ ਕ੍ਰਾਈਮ ਤੋਂ ਪ੍ਰਭਾਵਿਤ ਹੁੰਦਾ ਹੈ ਤਾਂ ਸਾਨੂੰ ਉਸ ਸਬੰਧੀ ਹਾਸਲ ਜਾਣਕਾਰੀ ਹੀ ਬਚਾਅ ਸਕਦੀ ਹੈ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਜਸਬੀਰ ਕੌਰ ਵੱਲੋਂ ਵਿਦਿਆਰਥੀਆਂ ਨੂੰ ਸਾਈਬਰ ਕ੍ਰਾਈਮ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ ਤੇ ਆਨਲਾਈਨ ਧੋਖਾਧੜੀ ਤੋਂ ਸੁਚੇਤ ਰਹਿਣ ਲਈ ਕੁਝ ਜ਼ਰੂਰੀ ਨੁਕਤੇ ਦੱਸੇ। ਇਸ ਮੌਕੇ ਐਨ. ਐਸ. ਐਸ ਇੰਚਾਰਜ ਪ੍ਰੋ: ਗਿਸ਼ੂ ਬਾਲਾ, ਕੰਪਿਊਟਰ ਵਿਭਾਗ ਦੇ ਮੁਖੀ ਰਾਜਪ੍ਰੀਤ ਕੌਰ, ਮਨਮੀਤ ਕੌਰ, ਹਰਦੀਸ਼ ਕੌਰ, ਨਿਵਿਆ ਸ਼ਰਮਾ, ਦੀਕਸ਼ਾ, ਅਮਨਦੀਪ ਕੌਰ ਆਦਿ ਸਟਾਫ਼ ਮੈਂਬਰ ਹਾਜ਼ਰ ਸਨ।

## ਮੁੱਖ ਮੰਤਰੀ ਵੱਲੋਂ 15 ਉੱਘੀਆਂ ਸ਼ਖ਼ਸੀਅਤਾਂ ਸਟੇਟ ਐਵਾਰਡ ਨਾਲ ਸਨਮਾਨਤ



**ਜਲੰਧਰ ( ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ, ਸੁਰਿੰਦਰ ਕੁਮਾਰ)** - ਆਜ਼ਾਦੀ ਦਿਵਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਵਾਲੀਆਂ 15 ਉੱਘੀਆਂ ਸ਼ਖ਼ਸੀਅਤਾਂ ਨੂੰ ਸਟੇਟ ਐਵਾਰਡ ਨਾਲ ਸਨਮਾਨਿਤ ਕਰਨ ਤੋਂ ਇਲਾਵਾ ਤਿੰਨ ਪੁਲਸ ਅਧਿਕਾਰੀਆਂ/ਕਰਮਚਾਰੀਆਂ ਨੂੰ ਮੁੱਖ ਮੰਤਰੀ ਰਕਸ਼ਕ ਪਦਕ, 18 ਪੁਲਸ ਮੁਲਾਜ਼ਮਾਂ ਨੂੰ ਡਿਊਟੀ ਪ੍ਰਤੀ ਸ਼ਾਨਦਾਰ ਸੇਵਾਵਾਂ ਲਈ ਮੁੱਖ ਮੰਤਰੀ ਮੈਡਲ ਅਤੇ ਦੋ ਮੁਲਾਜ਼ਮਾਂ ਨੂੰ ਸ਼ਹੀਦ ਭਗਤ ਸਿੰਘ ਪੰਜਾਬ ਰਾਜ ਸਾਲਾਨਾ ਵਾਤਾਵਰਨ ਪੁਰਸਕਾਰ ਨਾਲ ਸਨਮਾਨਿਤ ਕੀਤਾ। ਇਨ੍ਹਾਂ ਪੁਰਸਕਾਰ ਜੇਤੂਆਂ ਵਿੱਚ ਸਮਾਜਿਕ ਕਾਰਕੁਨ, ਕਲਾਕਾਰ, ਸਾਹਿਤਕਾਰ, ਕਵੀ, ਵਾਤਾਵਰਣ ਪ੍ਰੇਮੀ ਅਤੇ ਸਰਕਾਰੀ ਅਧਿਕਾਰੀ/ਕਰਮਚਾਰੀ ਅਤੇ ਇੱਕ ਵਿਦਿਆਰਥੀ ਸ਼ਾਮਲ ਹੈ, ਜਿਨ੍ਹਾਂ ਨੇ ਵਡੇਰੇ ਜਨਤਕ ਹਿੱਤ ਵਿੱਚ ਆਪੋ-ਆਪਣੇ ਖੇਤਰਾਂ 'ਚ ਸ਼ਾਨਦਾਰ ਯੋਗਦਾਨ ਪਾਇਆ ਹੈ।। ਮੁੱਖ ਮੰਤਰੀ ਨੇ ਡਾ. ਜਸਵੀਰ ਸਿੰਘ ਗਿੱਲ (ਲੁਧਿਆਣਾ), ਯੁੱਧਵਿੰਦਰ ਸਿੰਘ (ਲੁਧਿਆਣਾ), ਅਵਤਾਰ ਸਿੰਘ (ਖੁਸਰੋਪੁਰ, ਜਲੰਧਰ), ਗੁਰਵਿੰਦਰਵੀਰ ਸਿੰਘ (ਪੱਤੇਵਾਲ, ਜਲੰਧਰ), ਮਾਸਟਰ ਅਜ਼ਨ ਕਪੂਰ (ਅੰਮ੍ਰਿਤਸਰ), ਵਿਨਾਇਕ ਮਿੱਤਲ (ਲੁਧਿਆਣਾ), ਸੁਨੀਤਾ ਸੱਭਰਵਾਲ (ਪਟਿਆਲਾ), ਰਛਪਾਲ ਕੌਰ ਸਿੱਧੂ (ਪਟਿਆਲਾ), ਮਨੀਤ ਦੀਵਾਨ (ਲੁਧਿਆਣਾ), ਬਰਿੰਦਰ ਸਿੰਘ (ਪਿੰਡ ਮਸਤੀ ਪਾਲ ਕੋਟ, ਹੁਸ਼ਿਆਰਪੁਰ), ਵਿਨੋਦ ਕੁਮਾਰ ਸ਼ਰਮਾ (ਪਟਿਆਲਾ), ਸ਼ਾਮ ਕੁਮਾਰ (ਪਠਾਨਕੋਟ) ਅਤੇ ਲਾਂਬੜਾ ਕਾਂਗੜੀ ਬਹੁਮੰਤਵੀ ਸਹਿਕਾਰੀ ਸੇਵਾ ਸੁਸਾਇਟੀ ਲਾਂਬੜਾ ਨੂੰ ਸਰਟੀਫਿਕੇਟ ਅਤੇ ਪੁਰਸਕਾਰ ਪ੍ਰਦਾਨ ਕੀਤੇ।। ਇਸ ਦੇ ਨਾਲ ਹੀ ਮੁੱਖ ਮੰਤਰੀ ਨੇ ਅਮਨਦੀਪ ਕੁਮਾਰ ਐਸ.ਆਈ., ਜਸਬੀਰ ਸਿੰਘ ਏ.ਐਸ.ਆਈ ਅਤੇ ਰਣਜੀਤ ਸਿੰਘ ਕਾਂਸਟੇਬਲ ਸਮੇਤ ਤਿੰਨ ਪੁਲਸ ਅਧਿਕਾਰੀਆਂ/ਕਰਮਚਾਰੀਆਂ ਨੂੰ ਵੱਕਾਰੀ ਮੁੱਖ ਮੰਤਰੀ ਰਕਸ਼ਕ ਪਦਕ ਨਾਲ ਸਨਮਾਨਿਤ ਕੀਤਾ। ਭਗਵੰਤ ਸਿੰਘ ਮਾਨ ਨੇ ਜਗਵਿੰਦਰ ਸਿੰਘ ਕਮਾਂਡੈਂਟ, ਜਸਕਿਰਨਜੀਤ ਸਿੰਘ ਤੇਜਾ ਡੀ.ਸੀ.ਪੀ ਲੁਧਿਆਣਾ, ਸਵਰਨਦੀਪ ਸਿੰਘ ਏ.ਆਈ.ਜੀ., ਵਿਕਾਸ ਸੱਭਰਵਾਲ ਏ.ਆਈ.ਜੀ., ਮਨੀਸ਼ ਕੁਮਾਰ ਡੀ.ਐਸ.ਪੀ. ਵਿਜੀਲੈਂਸ ਬਿਊਰੋ, ਸੁਖਵਿੰਦਰ ਸਿੰਘ ਇੰਸਪੈਕਟਰ, ਪਰਮਜੀਤ ਸਿੰਘ ਇੰਸਪੈਕਟਰ, ਅਮਰਜੀਤ ਸਿੰਘ ਇੰਸਪੈਕਟਰ, ਨਵਜੋਤ ਸਿੰਘ ਸਿੱਧੂ ਇੰਸਪੈਕਟਰ, ਕੁਲਵਿੰਦਰ ਸਿੰਘ ਇੰਸਪੈਕਟਰ, ਜਤਿੰਦਰ ਸਿੰਘ ਇੰਸਪੈਕਟਰ, ਜਗਨਦੀਪ ਸਿੰਘ ਸਬ-ਇੰਸਪੈਕਟਰ, ਭੋਲਾ ਨਾਥ ਸਬ-ਇੰਸਪੈਕਟਰ, ਜਗਦੀਸ਼ ਸਿੰਘ ਏ.ਐੱਸ.ਆਈ., ਹਰਪ੍ਰੀਤ ਕੌਰ ਏ.ਐੱਸ.ਆਈ., ਹਰਜੀਤ ਸਿੰਘ ਏ.ਐੱਸ.ਆਈ., ਰਤਨ ਲਾਲ ਏ.ਐੱਸ.ਆਈ ਅਤੇ ਸੁਖਜੀਤ ਸਿੰਘ ਹੈੱਡ ਕਾਂਸਟੇਬਲ ਸਮੇਤ 18 ਪੁਲਸ ਮੁਲਾਜ਼ਮਾਂ ਨੂੰ ਡਿਊਟੀ ਪ੍ਰਤੀ ਬੇਮਿਸਾਲ ਸੇਵਾਵਾਂ ਲਈ 'ਮੁੱਖ ਮੰਤਰੀ ਮੈਡਲ' ਨਾਲ ਸਨਮਾਨਿਤ ਕੀਤਾ । ਇਸ ਦੌਰਾਨ ਮੁੱਖ ਮੰਤਰੀ ਨੇ ਗ੍ਰਾਮ ਪੰਚਾਇਤ ਰੁੜਕਾਂ ਕਲਾਂ ਅਤੇ ਸੁਮਿਤਰੀ ਦੇਵੀ ਆਸ਼ਾ ਵਰਕਰ ਪਿੰਡ ਬੁਲੰਦਪੁਰ (ਜਲੰਧਰ) ਨੂੰ ਵੀ ਸ਼ਹੀਦ ਭਗਤ ਸਿੰਘ ਪੰਜਾਬ ਰਾਜ ਸਾਲਾਨਾ ਵਾਤਾਵਰਨ ਪੁਰਸਕਾਰ, ਡੀ.ਆਈ.ਜੀ ਇੰਦਰਬੀਰ ਸਿੰਘ, ਪਰੇਡ ਕਮਾਂਡਰ ਵੈਭਵ ਚੌਧਰੀ ਆਈ.ਪੀ.ਐਸ ਅਤੇ ਦੀਪਕਰਨ ਸਿੰਘ ਪੀ.ਪੀ.ਐਸ ਦੀ ਅਗਵਾਈ ਵਾਲੀ ਟੈਂਟ ਪੈੱਗਿੰਗ ਟੀਮ ਨੂੰ ਵੀ ਸਨਮਾਨਿਤ ਕੀਤਾ।

## ਕੀਮਤੀ ਸਮਾਨ ਸਮੇਤ ਚਾਰ ਕਾਬੂ

**ਜਲੰਧਰ, ( ਸ਼ੈਲੀ ਐਲਬਰਟ)**- ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਸ ਨੇ ਸ਼ਹਿਰ ਵਿੱਚੋਂ ਕੀਮਤੀ ਸਮਾਨ ਚੋਰੀ ਕਰਨ ਵਾਲੇ ਚਾਰ ਵਿਅਕਤੀਆਂ ਨੂੰ ਕਾਬੂ ਕੀਤਾ ਹੈ।ਇਸ ਸਬੰਧੀ ਪੁਲਸ ਕਮਿਸ਼ਨਰ ਨੇ ਦੱਸਿਆ ਕਿ ਭਵਨੀਤ ਥਿੰਦ ਪੁੱਤਰ ਮਨਮੋਹਨ ਸਿੰਘ ਥਿੰਦ ਵਾਸੀ ਐਚ.ਐਨ.222 ਰਣਜੀਤ ਇਨਕਲੇਵ ਕੈਂਟ ਰੋਡ ਜਲੰਧਰ ਨੇ ਸ਼ਿਕਾਇਤ ਦਿੱਤੀ ਸੀ ਕਿ ਅਣਪਛਾਤੇ ਵਿਅਕਤੀ ਦਿਨ ਦਿਹਾੜੇ ਉਸ ਦੇ ਘਰ ਦਾਖਲ ਹੋ ਕੇ ਕੀਮਤੀ ਘੜੀਆਂ, ਪੈਸੇ ਅਤੇ ਸੋਨੇ ਦੀਆਂ ਮੁੰਦਰੀਆਂ ਚੋਰੀ ਕਰਕੇ ਲੈ ਗਏ ਹਨ। ਉਨ੍ਹਾਂ ਦੱਸਿਆ ਕਿ ਤਫ਼ਤੀਸ਼ ਦੌਰਾਨ ਪੁਲਸ ਪਾਰਟੀ ਨੂੰ ਉਸ ਦੇ ਜੁਰਮ 'ਚ ਸ਼ਾਮਲ ਦੋਸ਼ੀਆਂ ਸਬੰਧੀ ਇਤਲਾਹ ਮਿਲੀ। ਸਵਪਨ ਸ਼ਰਮਾ ਨੇ ਦੱਸਿਆ ਕਿ ਸੂਚਨਾ ਦੇ ਆਧਾਰ 'ਤੇ ਪੁਲਸ ਨੇ ਗੁੱਡੂ ਪੁੱਤਰ ਸੂਰਜੀ ਵਾਸੀ ਪਲਾਟ ਨੰਬਰ 74-ਬੀ ਪ੍ਰੋਫੈਸਰ ਕਲੋਨੀ ਜਲੰਧਰ, ਅਰਜੁਨ ਪੁੱਤਰ ਰਜਿੰਦਰ ਵਾਸੀ ਕੋਠੀ ਨੰਬਰ 15 ਨੇੜੇ ਬਾਬਾ ਚਿਕਨ ਜੌਹਲ ਮਾਰਕੀਟ ਮਾਡਲ ਟਾਊਨ ਜਲੰਧਰ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਦੀਪਕ ਕੁਮਾਰ ਉਰਫ ਦੀਪਕ ਪੁੱਤਰ ਲਛਮੀ ਨਰਾਇਣ ਵਾਸੀ ਕੁੱਕੀ ਢਾਬ ਜਲੰਧਰ।ਪੁਲਸ ਕਮਿਸ਼ਨਰ ਨੇ ਦੱਸਿਆ ਕਿ ਚੋਰਾਂ ਕੋਲੋਂ ਛੇ ਘੜੀਆਂ ਅਤੇ ਦੋ ਮੋਬਾਈਲ ਫੋਨ ਬਰਾਮਦ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਪੁੱਛਗਿੱਛ ਦੌਰਾਨ ਚੋਰਾਂ ਨੇ ਕਿਊਰੋ ਮਾਲ ਜਲੰਧਰ ਨੇੜੇ ਸੁਨਿਆਰੇ ਚੱਢਾ ਜਵੈਲਰ ਨੂੰ ਸੋਨੇ ਦੀਆਂ ਤਿੰਨ ਮੁੰਦਰੀਆਂ ਵੇਚਣ ਦੀ ਗੱਲ ਕਬੂਲੀ ਹੈ। ਸਵਪਨ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਦੇ ਇਕਬਾਲੀਆ ਬਿਆਨ ਦੇ ਆਧਾਰ 'ਤੇ ਸੁਨਿਆਰੇ ਨਿਤੇਸ਼ ਚੱਢਾ ਪੁੱਤਰ ਹਰਜਿੰਦਰ ਪਾਲ ਚੱਢਾ ਵਾਸੀ ਈ.ਐੱਲ.-51 ਮੁਹੱਲਾ ਕਾਲੋਵਾਲੀ ਅਟਾਰੀ ਬਾਜ਼ਾਰ ਜਲੰਧਰ ਨੂੰ ਗ੍ਰਿਫਤਾਰ ਕੀਤਾ ਗਿਆ ਹੈ।ਪੁਲਸ ਕਮਿਸ਼ਨਰ ਨੇ ਦੱਸਿਆ ਕਿ ਉਸ ਕੋਲੋਂ ਸੋਨੇ ਦੀਆਂ ਤਿੰਨ ਮੁੰਦਰੀਆਂ ਬਰਾਮਦ ਹੋਈਆਂ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖ਼ਿਲਾਫ਼ ਥਾਣਾ ਡਵੀਜ਼ਨ ਨੰਬਰ 7 ਜਲੰਧਰ ਵਿਖੇ ਐਫ ਆਈ ਆਰ ਦਰਜ ਕਰ ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ।

## ਸੇਂਟ ਸੋਲਜਰ ਗਰੁੱਪ ਦੀਆਂ ਵੱਖ-ਵੱਖ ਸਕੂਲ ਸ਼ਾਖਾਵਾਂ ਨੇ ਮਨਾਇਆ ਸੁਤੰਤਰਤਾ ਦਿਵਸ

**ਜਲੰਧਰ, (ਇਕਬਾਲ ਸਿੰਘ ਉੱਭੀ)**: ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੀਆਂ ਵੱਖ-ਵੱਖ ਸਕੂਲਾਂ ਦੀਆਂ ਸ਼ਾਖਾਵਾਂ ਨੇ ਭਾਰਤ ਦਾ 78ਵਾਂ ਸੁਤੰਤਰਤਾ ਦਿਵਸ ਬੜੀ ਧੂਮਧਾਮ ਨਾਲ ਮਨਾਇਆ, ਜਿੱਥੇ ਵਿਦਿਆਰਥੀਆਂ, ਅਧਿਆਪਕਾਂ ਅਤੇ ਸਟਾਫ਼ ਨੇ ਭਾਰਤ ਦੇ ਸੁਤੰਤਰਤਾ ਸੈਨਾਨੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ।ਸਕੂਲਾਂ ਨੂੰ ਤਿਰੰਗੇ ਦੁਪੱਟਿਆਂ ਅਤੇ ਝੰਡਿਆਂ ਨਾਲ ਸਜਾਇਆ ਗਿਆ।ਸਕੂਲਾਂ ਦੀ ਗਾਇਕੀ ਟੀਮ ਨੇ ਇਸ ਸ਼ੁੱਭ ਦਿਹਾੜੇ 'ਤੇ ਪ੍ਰਸਿੱਧ ਗੀਤ ਗਾ ਕੇ ਅਤੇ ਡਾਂਸ ਕਰਕੇ ਬੇਮਿਸਾਲ ਮਾਹੌਲ ਸਿਰਜਿਆ । ਵਿਦਿਆਰਥੀਆਂ ਨੇ ਆਜ਼ਾਦੀ ਘੁਲਾਟੀਆਂ ਬਾਰੇ ਭਾਸ਼ਣ ਦਿੱਤੇ ਅਤੇ ਨਾਟਕ ਅਤੇ ਕੋਰੀਓਗ੍ਰਾਫੀ ਪੇਸ਼ ਕੀਤੀ। ਬੱਚਿਆਂ ਨੇ ਤਿਰੰਗੇ ਦੇ ਕੱਪੜੇ ਅਤੇ ਸੈਨਿਕਾਂ ਦੀ ਵਰਦੀ ਪਾਈ ਹੋਈ ਸੀ। ਸਮਾਗਮ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਹੋਈ। ਇਸ ਦਿਨ ਗਰੁੱਪ ਚੇਅਰਮੈਨ ਅਨਿਲ ਚੋਪੜਾ ਅਤੇ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਸਮੂਹ ਵਿਦਿਆਰਥੀਆਂ ਨੂੰ ਦੱਸਿਆ ਕਿ ਭਾਰਤ ਨੂੰ 15 ਅਗਸਤ 1947 ਨੂੰ ਬ੍ਰਿਟਿਸ਼ ਸ਼ਾਸਨ ਤੋਂ ਆਜ਼ਾਦੀ ਮਿਲੀ ਸੀ। ਇਸ ਮਹੱਤਵਪੂਰਨ ਘਟਨਾ ਦੀ ਪਹਿਲੀ ਵਰ੍ਹੇਗੰਢ 15 ਅਗਸਤ 1948 ਨੂੰ ਮਨਾਈ ਗਈ। ਉਦੋਂ ਤੋਂ ਹਰ ਸਾਲ ਉਸ ਦਿਨ ਦੀ ਵਰ੍ਹੇਗੰਢ ਅਤੇ ਆਜ਼ਾਦੀ ਦਿਹਾੜਿਆਂ ਦੀ ਗਿਣਤੀ ਦੋਵਾਂ ਦੀ ਨਿਸ਼ਾਨਦੇਹੀ ਕਰਦਾ ਹੈ।

## ਵੱਡੇ ਬਜ਼ੁਰਗਾਂ ਦੀ ਯਾਦ ਵਿੱਚ ਇੱਕ-ਇੱਕ ਪੌਦਾ ਜ਼ਰੂਰ ਲਗਾਓ : ਸੰਜੀਵ ਅਰੋੜਾ



**ਹੁਸ਼ਿਆਰਪੁਰ, ( ਬਲਵੀਰ ਸਿੰਘ ਸੈਣੀ** - ਰਿਟਾਇਰਡ ਮਿਊਂਸੀਪਲ ਇੰਪਲਾਈਜ਼ ਯੂਨੀਅਨ ਵਲੋਂ ਪ੍ਰਧਾਨ ਨਛੱਤਰ ਲਾਲ ਦੀ ਪ੍ਰਧਾਨਗੀ ਵਿੱਚ ਸਨਮਾਨ ਸਮਾਰੋਹ ਦਾ ਆਯੋਜਨ ਨਿਗਮ ਦਫਤਰ ਵਿਖੇ ਕੀਤਾ ਗਿਆ ਜਿਸ ਵਿੱਚ ਚੇਅਰਮੈਨ ਕੁਲਵੰਤ ਸਿੰਘ ਸੈਣੀ ਅਤੇ ਸਰਪਰਸਤ ਸੰਜੀਵ ਅਰੋੜਾ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਸਮਾਰੋਹ ਦੇ ਦੌਰਾਨ 65 ਸਾਲ ਤੋਂ ਵੱਧ ਉਮਰ ਦੇ ਕਰਮਚਾਰੀਆਂ ਅਤੇ ਅਧਿਕਾਰੀਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ।

ਸਮਾਰੋਹ ਨੂੰ ਸੰਬੋਧਿਤ ਕਰਦੇ ਹੋਏ ਸਰਪਰਸਤ ਸੰਜੀਵ ਅਰੋੜਾ ਨੇ ਆਏ ਹੋਏ ਮਹਿਮਾਨਾਂ ਅਤੇ ਮੈਂਬਰਾਂ ਦਾ ਸਵਾਗਤ ਕੀਤਾ। ਇਸ ਮੌਕੇ ਤੇ ਪ੍ਰਧਾਨ ਨਛੱਤਰ ਲਾਲ ਨੇ ਕਿਹਾ ਕਿ ਯੂਨੀਅਨ ਮਾਣ ਮਹਿਸੂਸ ਕਰਦੀ ਹੈ ਕਿ ਉਨ੍ਹਾਂ ਨੇ 65 ਸਾਲ ਤੋਂ ਜ਼ਿਆਦਾ ਉਮਰ ਵਾਲੇ ਕਰਮਚਾਰੀ/ਅਧਿਕਾਰੀ ਜਿਨ੍ਹਾਂ ਵਿੱਚ ਕੁਲਵੰਤ ਸਿੰਘ ਸੈਣੀ, ਬਲਵਿੰਦਰ ਸਿੰਘ, ਸੁਰਿੰਦਰ ਕੁਮਾਰ, ਕੁਲਦੀਪ ਰਾਏ, ਹਰਮੇਸ਼ ਚੰਦਰ, ਸੰਸਾਰ ਸਿੰਘ, ਹਰੀਸ਼ ਕੁਮਾਰ, ਦਰਸ਼ਨ ਸਿੰਘ, ਮਦਨ ਲਾਲ, ਦਸ਼ਰਥ ਲਾਲ ਨੂੰ ਸਨਮਾਨਤ ਕੀਤਾ ਅਤੇ ਲੰਬੀ ਉਮਰ ਦੀ ਕਾਮਨਾ ਕੀਤੀ ਅਤੇ ਸਮਾਜਿਕ ਖੇਤਰ ਵਿੱਚ ਵੱਧ ਚੜ ਕੇ ਭਾਗ ਲੈਣ ਲਈ ਵੀ ਪ੍ਰੇਰਿਤ ਕੀਤਾ।

ਇਸ ਮੌਕੇ ਤੇ ਚੇਅਰਮੈਨ ਕੁਲਵੰਤ ਸਿੰਘ ਸੈਣੀ ਅਤੇ ਸਰਪਰਸਤ ਸੰਜੀਵ ਅਰੋੜਾ ਨੇ ਕਿਹਾ ਕਿ ਅਗਲੇ ਹਫਤੇ ਯੂਨੀਅਨ ਵਲੋਂ ਪੌਦੇ ਲਗਾਉਣ ਦਾ ਅਭਿਆਨ ਸ਼ੁਰੂ ਕੀਤਾ ਜਾਵੇਗਾ। ਜਿਸ ਵਿੱਚ ਨਗਰ ਨਿਗਮ ਦਾ ਵੀ ਸਹਿਯੋਗ ਲਿਆ ਜਾਵੇਗਾ ਅਤੇ ਪੌਦੇ ਲਗਾਉਦ ਉਪਰੰਤ ਉਨ੍ਹਾਂ ਦੀ ਦੇਖਭਾਲ ਵੀ ਯੂਨੀਅਨ ਵਲੋਂ ਹੀ ਕੀਤੀ ਜਾਵੇਗੀ ਅਤੇ ਉਨ੍ਹਾਂ ਨੇ ਕਿਹਾ ਕਿ ਵਾਤਾਵਰਣ ਸੰਤੁਲਨ ਦੇ ਲਈ ਜ਼ਰੂਰੀ ਹੈ ਕਿ ਅਸੀਂ ਆਪਣੇ ਆਲੇ-ਦੁਆਲੇ ਦੇ ਵਾਤਾਵਰਣ ਦੀ ਸਫਾਈ ਰੱਖੀਏ ਅਤੇ ਹਰਿਆਲੀ ਨੂੰ ਵਧਾਉਣ ਲਈ ਵੱਧ ਤੋਂ ਵੱਧ ਪੌਧੇ ਲਗਾਈਏ ਕਿਉਂਕਿ ਇਕ ਪੌਦਾ ਜੀਵਨ ਦੇ ਲਈ ਬਹੁਤ ਮਹੱਤਵ ਰੱਖਦਾ ਹੈ। ਸ਼੍ਰੀ ਅਰੋੜਾ ਨੇ ਕਿਹਾ ਕਿ ਸਾਨੂੰ ਆਪਣੇ ਵੱਡੇ ਬਜ਼ੁਰਗਾਂ ਦੀ ਯਾਦ ਵਿੱਚ ਪੌਦੇ ਜ਼ਰੂਰ ਲਗਾਉਣੇ ਚਾਹੀਦੇ ਹਨ ਤਾਂਕਿ ਆਉਣ ਵਾਲੀਆਂ ਪੀੜ੍ਹੀਆਂ ਵੀ ਇਨ੍ਹਾਂ ਪੌਦਿਆਂ ਨੂੰ ਆਪਣੀ ਯਾਦਗਾਰ ਬਣਾ ਸਕਣ। ਇਸ ਮੌਕੇ ਤੇ ਲਾਲ ਸਿੰਘ, ਨਰੇਸ਼ ਕੁਮਾਰ, ਵਿਜੇ ਕੁਮਾਰ, ਸਤੀਸ਼ ਕੁਮਾਰ, ਸੁਰਜੀਤ ਲਾਲ ਬਹਿਲ, ਅਮਰਜੀਤ ਸਿੰਘ, ਸੁਰਜੀਤ ਸਿੰਘ, ਅਸ਼ਵਨੀ ਸ਼ਰਮਾ, ਹਰਜਿੰਦਰ ਸਿੰਘ, ਬੋਧ ਰਾਜ, ਸੀਤਾ ਰਾਮ ਅਤੇ ਹੋਰ ਮੌਜੂਦ ਸਨ।

## ਆਜ਼ਾਦੀ ਦਿਵਸ ਮਨਾਇਆ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਲੋਕ ਮੰਚ ਬਲਾਚੌਰ ਵਲੋਂ ਆਜ਼ਾਦੀ ਦਿਵਸ ਡਾਕਟਰ ਸਨੀਤਾ ਸ਼ਰਮਾ ਪ੍ਰਧਾਨ ਲੋਕ ਮੰਚ ਤਹਿਸੀਲ ਬਲਾਚੌਰ ਦੀ ਅਗਵਾਈ ਹੇਠ ਮਨਾਇਆ ਗਿਆ। ਸਾਥੀ ਕਰਨ ਸਿੰਘ ਰਾਣਾ ਜ਼ਿਲ੍ਹਾ ਕਨਵੀਨਰ ਨੇ ਕੌਮੀ ਝੰਡਾ ਲਹਿਰਾਉਣ ਤੋਂ ਬਾਅਦ ਜੰਗੇ ਆਜ਼ਾਦੀ ਦੇ ਸਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਬੱਚਿਆਂ ਨੇ ਦੇਸ਼ ਭਗਤੀ ਦੇ ਗੀਤ ਅਤੇ ਕਵਿਤਾਵਾਂ ਸੁਣਾਈਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਪਾਲ ਸਿੰਘ ਮੱਕੋਵਾਲ ਪਰਮਿੰਦਰ ਮੇਨਕਾ ਪ੍ਰਤਾਪ ਸਿੰਘ ਰਾਣਾ ਹੈਰੀ ਸਿੰਘ ਰਾਣੀ ਰਾਣੀ ਵਿਜੇ ਅਮਨ ਬਰਮਾ ਮਨਦੀਪ ਕੌਰ ਆਦਿ ਆਗੂ ਵੀ ਸ਼ਾਮਿਲ ਸਨ ।



## ਜਮਹੂਰੀ ਅਧਿਕਾਰ ਸਭਾ ਵੱਲੋਂ ਡਾਕਟਰਾਂ ਦੇ ਸੰਘਰਸ਼ ਦੀ ਹਮਾਇਤ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ )** ਜਮਹੂਰੀ ਅਧਿਕਾਰ ਸਭਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੇ ਡਾਕਟਰਾਂ ਦੇ ਚੱਲ ਰਹੇ ਦੇਸ਼ ਵਿਆਪੀ ਸੰਘਰਸ਼ ਦਾ ਸਮਰਥਨ ਕਰਦੇ ਹੋਏ ਕੋਲਕਾਤਾ ਵਿਖੇ ਲੇਡੀ ਡਾਕਟਰ ਦੇ ਕਾਤਲਾਂ ਵਿਰੁੱਧ ਸਖਤ ਕਾਰਵਾਈ ਦੀ ਮੰਗ ਕੀਤੀ ਹੈ।ਸਭਾ ਦੇ ਜਿਲਾ ਸਕੱਤਰ ਜਸਬੀਰ ਦੀਪ ਨੇ ਇਕ ਪ੍ਰੈਸ ਬਿਆਨ ਰਾਹੀਂ ਇਹ ਮੰਗ ਕਰਦਿਆਂ ਕਿਹਾ ਹੈ ਕਿ 9 ਅਗਸਤ ਦੀ ਰਾਤ ਕਲਕੱਤੇ ਦੇ ਆਰਜੀ ਕਰ ਮੈਡੀਕਲ ਕਾਲਜ ਤੇ ਹਸਪਤਾਲ ਵਿੱਚ ਇੱਕ ਡਾਕਟਰ ਜੋ ਲਗਾਤਾਰ 36 ਘੰਟੇ ਦੀ ਡਿਊਟੀ ਦੌਰਾਨ ਹਸਪਤਾਲ ਅੰਦਰਲੇ ਸੈਮੀਨਾਰ ਰੂਮ ਵਿੱਚ ਆਰਾਮ ਕਰ ਰਹੀ ਸੀ ਨਾਲ ਵਹਿਸ਼ੀਆਨਾ ਢੰਗ ਨਾਲ ਨਾ ਸਿਰਫ ਸਮੂਹਕ ਬਲਾਤਕਾਰ ਕੀਤਾ ਗਿਆ ਸਗੋਂ ਅੰਤਾਂ ਦੀ ਬੇਰਹਿਮੀ ਨਾਲ ਉਸਦਾ ਕਤਲ ਵੀ ਕਰ ਦਿੱਤਾ ਗਿਆ। ਕਾਲਜ ਪ੍ਰਸ਼ਾਸਨ ਨੇ ਪਹਿਲਾਂ ਆਤਮ ਹੱਤਿਆ ਦਾ ਮਾਮਲਾ ਕਹਿਕੇ ਦਬਾਉਣ ਦੀ ਕੋਸ਼ਿਸ਼ ਕੀਤੀ ਪਰ ਜਦੋਂ ਮੈਡੀਕਲ ਜਾਂਚ ਵਿੱਚ ਬਲਾਤਕਾਰ ਤੇ ਨਿਰਦਈ ਵਹਿਸ਼ੀਪੁਣੇ ਨਾਲ ਕੀਤੇ ਕਤਲ ਦੇ ਤੱਥ ਸਾਹਮਣੇ ਆਏ ਤਾਂ ਸੰਜੇ ਰਾਏ ਜੋ ਪੁਲਸ ਦਾ ਵਲੰਟੀਅਰ ਦੱਸਿਆ ਜਾ ਰਿਹਾ ਹੈ ਨੂੰ ਗ੍ਰਿਫਤਾਰ ਕਰਕੇ ਮਾਮਲਾ ਟਾਲਣ ਦੀ ਕੋਸ਼ਿਸ਼ ਕੀਤੀ ਗਈ। ਜਦੋਂ ਇਸ ਮਾਮਲੇ ਨੇ ਦੇਸ਼ ਭਰ ਦੇ ਮੈਡੀਕਲ ਕਾਲਜਾਂ ਤੇ ਹਸਪਤਾਲਾਂ ਵਿੱਚ ਰਾਤ ਦੀ ਡਿਊਟੀ ਸਮੇਂ ਔਰਤ ਡਾਕਟਰਾਂ ਅਤੇ ਨਰਸਾਂ ਤੇ ਸਿਹਤ ਕਰਮਚਾਰੀਆਂ ਦੀ ਸੁਰੱਖਿਆ ਦੇ ਮਾਮਲੇ ਨੂੰ ਲੈ ਕੇ ਆਵਾਜ਼ ਉਠਾਈ ਅਤੇ ਇਸ ਘਿਣਾਉਣੇ ਕਾਂਡ ਵਿੱਚ ਸ਼ਾਮਲ ਹੋਰ ਦੋਸ਼ੀਆਂ ਦੀ ਪਹਿਚਾਨ ਕਰਨ ਤੇ ਗ੍ਰਿਫਤਾਰ ਕਰਨ ਦੀ ਮੰਗ ਕੀਤੀ ਗਈ ਤਾਂ ਏਮਜ ਅਤੇ ਹੋਰ ਸਰਕਾਰੀ ਸਿਹਤ ਸੰਸਥਾਵਾਂ ਨੇ ਹੜਤਾਲੀ ਡਾਕਟਰਾਂ ਨੂੰ ਸੁਪਰੀਮ ਕੋਰਟ ਦੇ ਫੈਸਲਿਆਂ ਨੂੰ ਅਧਾਰ 'ਤੇ ਹੜਤਾਲ ਨੂੰ ਖਤਮ ਕਰਨ ਦੀਆਂ ਧਮਕੀਆਂ ਦਿੱਤੀਆਂ। ਹੁਣ ਤੱਕ 9 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ ਅਤੇ 3 ਹੋਰ ਬਾਕੀ ਹਨ। ਬੰਗਾਲ ਸਰਕਾਰ ਨੇ ਇਸ ਕਾਲਜ ਦੇ ਪ੍ਰਿੰਸੀਪਲ ਨੂੰ ਕਿਸੇ ਦੂਸਰੇ ਕਾਲਜ ਵਿੱਚ ਬਦਲ ਕੇ ਵੀ ਉਸ ਸਚਾਈ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਿਸ 'ਚ ਇਹ ਜ਼ਾਹਰ ਹੋਇਆ ਕਿ ਦੋਸ਼ੀ ਸੰਜੇ ਰਾਏ ਦੇ ਪ੍ਰਿੰਸੀਪਲ ਨਾਲ ਨਿੱਘੇ ਰਿਸ਼ਤੇ ਹਨ।

17-Aug-PAGE-9.qxd 8/16/2024 9:09 PM Page 1



# ਲਾਡੀ ਸ਼ੇਰੋਵਾਲੀਆ ਦੇ ਗ੍ਰਹਿ ਵਿਖੇ 78ਵੇਂ ਆਜ਼ਾਦੀ ਦਿਹਾੜੇ 'ਤੇ ਤਿਰੰਗਾ ਲਹਿਰਾਇਆ



*ਤਿਰੰਗਾ ਲਹਿਰਾਉਣ ਤੋਂ ਬਾਅਦ ਸੁਰਿੰਦਰਜੀਤ ਸਿੰਘ ਚੱਠਾ, ਮਹਿੰਦਰਪਾਲ ਸਿੰਘ ਟੁਰਨਾ, ਗੁਰਪਾਲ ਸਿੰਘ ਯੱਕੋਪੁਰ, ਸਤੀਸ਼ ਰਿਹਾਨ, ਸੁਖਦੀਪ ਸਿੰਘ ਕੰਗ ਤੇ ਹੋਰ ।*

**ਸ਼ਾਹਕੋਟ (ਗਿਆਨ ਸੈਦਪੁਰੀ)** ਦੇਸ਼ ਦੇ 78ਵੇਂ ਆਜ਼ਾਦੀ ਦਿਹਾੜੇ 'ਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਲਕਾ ਵਿਧਾਇਕ ਅਤੇ ਜ਼ਿਲ੍ਹਾ ਪ੍ਰਧਾਨ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੇ ਗ੍ਰਹਿ ਸਾਹਲਾ ਨਗਰ (ਮਲਸੀਆ) ਵਿਖੇ ਹਲਕਾ ਸ਼ਾਹਕੋਟ ਦੇ ਤਿੰਨਾਂ ਬਲਾਕਾਂ ਲੋਹੀਆਂ, ਸ਼ਾਹਕੋਟ ਅਤੇ ਮਹਿਤਪੁਰ ਦੇ ਪ੍ਰਧਾਨ ਕ੍ਰਮਵਾਰ ਗੁਰਪਾਲ ਸਿੰਘ ਯੱਕੋਪੁਰ, ਸੁਰਿੰਦਰਜੀਤ ਸਿੰਘ ਚੱਠਾ ਅਤੇ ਮਹਿੰਦਰਪਾਲ ਸਿੰਘ ਟੁਰਨਾ ਵੱਲੋਂ ਹਲਕੇ ਦੇ ਅਹੁਦੇਦਾਰਾਂ ਅਤੇ ਵਰਕਰਾਂ ਦੀ ਮੌਜੂਦਗੀ ਵਿੱਚ ਤਿਰੰਗਾ ਲਹਿਰਾਇਆ ਗਿਆ। ਸੁਰਿੰਦਰਜੀਤ ਸਿੰਘ ਚੱਠਾ, ਮਹਿੰਦਰਪਾਲ ਸਿੰਘ ਟੁਰਨਾ, ਗੁਰਪਾਲ ਸਿੰਘ ਯੱਕੋਪੁਰ ਅਤੇ ਸਤੀਸ਼ ਰਿਹਾਨ ਨੇ ਸਮੂਹ ਦੇਸ਼ ਵਾਸੀਆ ਨੂੰ ਸੁਤੰਤਰਤਾ ਦਿਵਸ ਦੀਆਂ ਵਧਾਈਆ ਦਿੱਤੀਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਦੀਪ ਸਿੰਘ ਕੰਗ ਪੀ.ਏ, ਗੁਲਜ਼ਾਰ ਸਿੰਘ ਥਿੰਦ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ ਸ਼ਾਹਕੋਟ, ਕਪਿਲ ਗੁਪਤਾ ਸਾਬਕਾ ਵਾਇਸ ਚੇਅਰਮੈਨ ਮਾਰਕਿਟ ਕਮੇਟੀ ਸ਼ਾਹਕੋਟ, ਸੰਦੀਪ ਸਿੰਘ ਸ਼ੇਰੋਵਾਲੀਆ, ਸੰਤੋਖ ਸਿੰਘ ਸ਼ੇਰੋਵਾਲੀਆ, ਜਗਜੀਤ ਸਿੰਘ ਨੋਨੀ ਪ੍ਰਧਾਨ ਨਗਰ ਪੰਚਾਇਤ ਲੋਹੀਆ, ਹਰਮੇਸ਼ ਮਹੇ ਪ੍ਰਧਾਨ ਨਗਰ ਪੰਚਾਇਤ ਮਹਿਤਪੁਰ, ਦਰਸ਼ਨ ਸਿੰਘ ਮਾਣਕਪੁਰ ਵਾਇਸ ਚੇਅਰਮੈਨ ਬਲਾਕ ਸੰਮਤੀ ਸ਼ਾਹਕੋਟ, ਜੋਗਿੰਦਰ ਸਿੰਘ ਨੇਤਾ ਬਿੱਲੀ ਬੜੈਚ, ਨਛੱਤਰ ਸਿੰਘ ਸੱਤੀ ਢੰਡੋਵਾਲ, ਜਗਤਾਰ ਸਿੰਘ ਖਾਲਸਾ ਪ੍ਰਧਾਨ ਕੋ: ਸੁਸਾਇਟੀ ਢੰਡੋਵਾਲ, ਬੰਟੀ ਬਠੱਲਾ ਪ੍ਰਧਾਨ ਅਰੋੜਾ ਮਹਾਂ ਸਭਾ, ਤਰਲੋਕ ਸਿੰਘ ਰੂਪਰਾ ਪ੍ਰਧਾਨ ਰਾਮਗੜ੍ਹੀਆ ਪਬਲਿਕ ਸਕੂਲ, ਸਾਧਾ ਸਿੰਘ ਸਾਬਕਾ ਸਰਪੰਚ ਮੀਏਵਾਲ ਅਰਾਈਆ, ਬਲਜੀਤ ਸਿੰਘ ਮੀਏਂਵਾਲ ਸਾਬਕਾ ਮੈਂਬਰ ਮਾਰਕਿਟ ਕਮੇਟੀ ਸ਼ਾਹਕੋਟ, ਸ਼ੀਤਲ ਸਿੰਘ ਸਾਬਕਾ ਸਰਪੰਚ, ਜਸਵੀਰ ਸਿੰਘ ਸ਼ੀਰਾ ਸਾਬਕਾ ਸਰਪੰਚ, ਸੁੱਖਾ ਢੇਸੀ, ਕੁਲਵਿੰਦਰ ਸਿੰਘ ਸੰਧੂ, ਹਰਪ੍ਰੀਤ ਸਿੰਘ ਪੀਤਾ, ਕਮਲ ਕਿਸ਼ੋਰ(ਤਿੰਨੇ ਐਮ. ਸੀ. ਮਹਿਤਪੁਰ), ਗਗਨ ਕੰਗ , ਬਲਦੇਵ ਸਿੰਘ(ਦੋਵੇਂ ਐਮ. ਸੀ. ਲੋਹੀਆ), ਸੁਰਿੰਦਰ ਸਿੰਘ ਨੰਬਰਦਾਰ ਲੋਹੀਆ, ਕੁਲਬੀਰ ਸਿੰਘ ਧੰਜੂ, ਸੁਰਿੰਦਰ ਸਿੰਘ ਭੱਟੀ, ਪ੍ਰੀਤਮ ਦਾਸ ਸਾਬਕਾ ਏ. ਐਸ. ਆਈ, ਗੁਰਮੁਖ ਸਿੰਘ ਸਾਬਕਾ ਸਰਪੰਚ ਪੰਡੋਰੀ, ਹਰਭਜਨ ਸਿੰਘ ਖਾਲਸਾ ਸਾਬਕਾ ਸਰਪੰਚ ਪਰਜੀਆਂ ਕਲਾ, ਅਮਰਜੀਤ ਸਿੰਘ ਬਿੱਟੂ ਸਾਬਕਾ ਸਰਪੰਚ ਹਾਜੀਪੁਰ, ਬਲਦੇਵ ਸਿੰਘ ਸਾਬਕਾ ਸਰਪੰਚ ਸਲੈਚਾ, ਕੁਲਸ਼ਨ ਸਿੰਘ ਨਵਾਂ ਪਿੰਡ ਅਕਾਲੀਆ, ਸੁਖਦੇਵ ਰਾਜ ਗਿੱਲ ਸਾਬਕਾ ਸਰਪੰਚ ਨੰਗਲ ਅੰਬੀਆਂ,ਅਮਨਦੀਪ ਸੈਦਪੁਰੀ, ਅਜ਼ੀਜ਼ ਮਸੀਹ, ਹਰਵਿੰਦਰ ਸਿੰਘ ਸਾਬਕਾ ਸਰਪੰਚ, ਬਲਜੀਤ ਸਿੰਘ ਰੌਲੀ ਆਦਿ ਮੌਜੂਦ ਸਨ।

# ਏਟਕ ਵੱਲੋਂ ਅਨਮੋਲ ਗਗਨ ਮਾਨ ਨੂੰ ਮੰਗ ਪੱਤਰ



**ਬੰਗਾ (ਅਵਤਾਰ ਕਲੇਰ)** ਏਟਕ ਬਰਾਂਚ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਨੂੰ ਮੰਗ ਪੱਤਰ ਦਿੱਤਾ ਗਿਆ, ਜਿਸ ਵਿੱਚ ਮੰਗ ਕੀਤੀ ਗਈ ਕਿ ਪੁਰਾਣੀ ਪੈਨਸ਼ਨ ਸਕੀਮ ਨੂੰ ਲਾਗੂ ਕੀਤਾ ਜਾਵੇ, ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣ, ਪੈਨਸ਼ਨਾਂ ਦਾ ਬਕਾਇਆ 2.59 ਦੇ ਨਾਲ ਦਿੱਤਾ ਜਾਵੇ, ਛੇਵੇਂ ਪੇ ਕਮਿਸ਼ਨ ਦੀ ਸੋਧ ਤੁਰੰਤ ਲਾਗੂ ਕੀਤੀ ਜਾਵੇ, ਪਿਛਲਾ ਬਕਾਇਆ ਸਾਰਾ ਪੈਨਸ਼ਨਾ ਦਾ ਦਿੱਤਾ ਜਾਵੇ, ਸੀਨੀਅਰ ਸਿਟੀਜਨ ਨੂੰ ਡੀ ਏ ਦਾ ਬਕਾਇਆ ਤੁਰੰਤ ਦਿੱਤਾ ਜਾਵੇ। ਇਸ ਮੌਕੇ ਬਲਵੀਰ ਸਿੰਘ ਵਾਈਸ ਪ੍ਰਧਾਨ ਏਟਕ, ਅੰਮ੍ਰਿਤਪਾਲ ਸਿੰਘ ਖਜਾਨਚੀ ਏਟਕ, ਗੁਰਮੇਲ ਚੰਦ ਪੈਨਸ਼ਨਰ ਯੂਨੀਅਨ ਸੈਕਟਰੀ , ਕਿਸਾਨ ਆਗੂ ਜਸਵਿੰਦਰ ਸਿੰਘ ਭੰਗਲ ,ਖੇਤ ਮਜ਼ਦੂਰ ਸਭਾ ਦੇ ਆਗੂ ਨਰੰਜਣ ਦਾਸ ਮੇਹਲੀ ਆਦਿ ਹਾਜ਼ਰ ਸਨ।

# ਸੀਟੀ ਗਰੁੱਪ ਨੇ ਸੁਤੰਤਰਤਾ ਦਿਵਸ ਮਨਾਇਆ

**ਜਲੰਧਰ, ( ਸ਼ੈਲੀ ਐਲਬਰਟ)**

ਭਾਰਤ ਦੇ 78ਵੇਂ ਸੁਤੰਤਰਤਾ ਦਿਵਸ ਦੀ ਪੂਰਵ ਸੰਧਿਆ ਤੇ, ਸੀਟੀ ਗਰੁੱਪ ਨੇ 'ਹਰ ਘਰ ਤਿਰੰਗਾ' ਮੁਹਿੰਮ ਦੇ ਹਿੱਸੇ ਵਜੋਂ, ਜੀਵੰਤ ਸਮਾਗਮਾਂ ਦੀ ਇੱਕ ਲੜੀ ਰਾਹੀਂ ਦੇਸ਼ ਦੀ ਭਾਵਨਾ ਦਾ ਜਸ਼ਨ ਮਨਾਇਆ। ਕੈਂਪਸ ਨੇ ਕਈ ਗਤੀਵਿਧੀਆਂ ਦੀ ਮੇਜ਼ਬਾਨੀ ਕੀਤੀ, ਜਿਸ ਵਿੱਚ ਰਾਸ਼ਟਰੀ ਝੰਡੇ ਨਾਲ ਸ਼ਿੰਗਾਰਿਆ ਇੱਕ ਸ਼ਾਨਦਾਰ 30 ਫੁੱਟ ਕੰਧ ਡਿਜ਼ਾਈਨ, ਝੰਡਾ ਲਹਿਰਾਉਣ ਦੀ ਰਸਮ, ਇੱਕ ਅਨੁਸ਼ਾਸਿਤ ©33 ਕੈਡੇਟ ਮਾਰਚ, ਇੱਕ ਊਰਜਾਵਾਨ ਵਿਦਿਆਰਥੀ ਫਲੈਸ਼ ਮੋਬ, ਅਤੇ ਮਨਮੋਹਕ ਡਾਂਸ ਪ੍ਰਦਰਸ਼ਨ ਸ਼ਾਮਲ ਹਨ। ਇਸ ਸਾਲ ਦੇ ਜਸ਼ਨ ਵਿੱਚ 2047 ਤੱਕ ਭਾਰਤ ਨੂੰ ਇੱਕ ਵਿਕਸਤ ਰਾਸ਼ਟਰ ਵਿੱਚ ਬਦਲਣ ਦੇ ਸਰਕਾਰ ਦੇ ਅਭਿਲਾਸ਼ੀ ਦ੍ਰਿਸ਼ਟੀਕੋਣ ਨੂੰ ਦਰਸਾਉਂਦਾ ਥੀਮ 'ਵਿਕਸਿਤ ਭਾਰਤ' ਉੱਤੇ ਵੀ ਜ਼ੋਰ ਦਿੱਤਾ ਗਿਆ । ਵਿਕਸਿਤ ਭਾਰਤ ਦੇ ਥੀਮ ਨੂੰ ਮਨਾਉਣ ਲਈ, ਸੀਟੀਆਈਈਐਮਟੀ ਦੁਆਰਾ 'ਕਲਾਤਮਕ ਭਾਰਤ' ਆਜ਼ਾਦ ਭਾਰਤ





ਦੀ ਇੱਕ ਝਲਕ ਅਤੇ ਸੀਟੀਆਈਐਚਐਸ ਦੁਆਰਾ ਜਸ਼ਨ ਏ ਅਜ਼ਾਦੀ ਵਰਗੇ ਸਮਾਗਮਾਂ ਦਾ ਆਯੋਜਨ ਵਿਦਿਆਰਥੀਆਂ ਅਤੇ ਫੈਕਲਟੀ ਨੂੰ ਸ਼ਾਮਲ ਕਰਨ ਲਈ ਕੀਤਾ ਗਿਆ ਸੀ। । ਸਿਰਜਣਾਤਮਕ ਮੁਕਾਬਲੇ, ਕੈਪਸ਼ਨ ਲਿਖਣ ਸਮੇਤ, ਪੋਸਟਰ ਮੇਕਿੰਗ, ਅਤੇ ਕੋਲਾਜ ਮੇਕਿੰਗ, ਨੇ ਭਾਗੀਦਾਰਾਂ ਨੂੰ ਆਪਣੀਆਂ ਦੇਸ਼ ਭਗਤੀ ਦੀਆਂ ਭਾਵਨਾਵਾਂ ਨੂੰ ਕਲਾਤਮਕ ਢੰਗ ਨਾਲ ਪ੍ਰਗਟ ਕਰਨ ਲਈ ਉਤਸ਼ਾਹਿਤ ਕੀਤਾ । ਇਸ ਦਿਨ ਨੂੰ ਅਜਿਹੇ ਉਤਸ਼ਾਹ ਨਾਲ ਮਨਾ ਕੇ, ਸੀਟੀ ਗਰੁੱਪ ਦਾ ਉਦੇਸ਼ ਆਪਣੇ ਵਿਦਿਆਰਥੀਆਂ ਵਿੱਚ ਰਾਸ਼ਟਰੀ ਮਾਣ ਅਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦੇ ਹੋਏ ਇਨ੍ਹਾਂ ਕਦਰਾਂ-ਕੀਮਤਾਂ ਨੂੰ ਪੈਦਾ ਕਰਨਾ ਹੈ । ਕੈਂਪਸ ਦੇ ਡਾਇਰੈਕਟਰ ਡਾ: ਜਸਦੀਪ ਕੌਰ ਧਾਮੀ ਅਤੇ ਅਕਾਦਮਿਕ ਸੰਚਾਲਨ ਦੇ ਨਿਰਦੇਸ਼ਕ ਡਾ. ਸੰਗਰਾਮ ਸਿੰਘ, ਫੈਕਲਟੀ, ਵਿਦਿਆਰਥੀਆਂ ਅਤੇ ਸਟਾਫ਼ ਦੀ ਮੌਜੂਦਗੀ ਨਾਲ ਇਸ ਸਮਾਗਮ ਦੀ ਸ਼ੋਭਾ ਵਧਾਈ ਗਈ । ਕੈਂਪਸ ਦੇ ਡਾਇਰੈਕਟਰ ਡਾ: ਜਸਦੀਪ ਕੌਰ ਧਾਮੀ ਨੇ ਜ਼ੋਰ ਦੇ ਕੇ ਕਿਹਾ, ਅੱਜ ਦਾ ਜਸ਼ਨ ਸਿਰਫ਼ ਇੱਕ ਇਤਿਹਾਸਕ ਘਟਨਾ ਨੂੰ ਦਰਸਾਉਣ ਲਈ ਨਹੀਂ ਹੈ, ਸਗੋਂ ਸਾਡੇ ਵਿਦਿਆਰਥੀਆਂ ਵਿੱਚ ਦੇਸ਼ ਭਗਤੀ ਅਤੇ ਪ੍ਰਤੀਬੱਧਤਾ ਦੀ ਭਾਵਨਾ ਪੈਦਾ ਕਰਨਾ ।

# ਵੱਖ-ਵੱਖ ਥਾਈਂ ਆਜ਼ਾਦੀ ਦਿਹਾੜਾ ਮਨਾਇਆ



ਜਲੰਧਰ



ਮੇਹਟੀਆਣਾ



ਜਲੰਧਰ



ਨੂਰਮਹਿਲ



ਬੰਗਾ



ਆਦਮਪੁਰ



ਰਾਹੋਂ



ਟਾਂਡਾ



ਭੋਗਪੁਰ



ਮੁਹਾਲੀ



ਐੱਸ ਏ ਐੱਸ ਨਗਰ



ਸ੍ਰੀ ਚਮਕੌਰ ਸਾਹਿਬ

**ਜਲੰਧਰ (ਸ਼ੈਲੀ ਐਲਬਰਟ)** -ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸਮੂਹ ਪੰਜਾਬੀਆਂ ਨੂੰ ਮਹਾਨ ਗੁਰੂ ਸਹਿਬਾਨ ਦੀਆਂ ਸਿੱਖਿਆਵਾਂ 'ਤੇ ਚੱਲਦਿਆਂ ਦੂਸ਼ਿਤ ਹੋ ਰਹੇ ਵਾਤਾਵਰਣ ਦੀ ਰੋਕਥਾਮ ਲਈ ਵਿਆਪਕ ਲੋਕ ਲਹਿਰ ਚਲਾਉਣ ਦਾ ਸੱਦਾ ਦਿੱਤਾ। ਇਥੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ 78ਵੇਂ ਆਜ਼ਾਦੀ ਦਿਹਾੜੇ ਮੌਕੇ ਰਾਜ ਪੱਧਰੀ ਸਮਾਗਮ ਦੌਰਾਨ ਕੌਮੀ ਝੰਡਾ ਲਹਿਰਾਉਣ ਤੋਂ ਬਾਅਦ ਆਪਣੇ ਸੰਬੋਧਨ ਵਿੱਚ ਮੁੱਖ ਮੰਤਰੀ ਨੇ ਕੌਮੀ ਆਜ਼ਾਦੀ ਸੰਘਰਸ਼ ਵਿੱਚ ਪੰਜਾਬੀਆਂ ਦੇ ਲਾਮਿਸਾਲ ਯੋਗਦਾਨ ਨੂੰ ਯਾਦ ਕੀਤਾ।ਉਨ੍ਹਾਂ ਕਿਹਾ ਕਿ ਆਜ਼ਾਦੀ ਅੰਦੋਲਨ ਦੌਰਾਨ ਪੰਜਾਬੀਆਂ ਨੇ ਸਭ ਤੋਂ ਵੱਧ ਕੁਰਬਾਨੀਆਂ ਕੀਤੀਆਂ ਹਨ।ਮੁੱਖ ਮੰਤਰੀ ਨੇ ਕਿਹਾ ਕਿ ਵਤਨ ਦੀ ਖ਼ਾਤਰ ਸ਼ਹਾਦਤ ਹਾਸਲ ਕਰਨ ਵਾਲੇ ਅਤੇ ਪੰਜਾਬ ਤੋਂ ਜਲਾਵਤਨ ਹੋਣ ਵਾਲਿਆਂ ਵਿੱਚ 80 ਫੀਸਦੀ ਤੋਂ ਵੱਧ ਲੋਕ ਪੰਜਾਬ ਦੇ ਸਨ।ਉਨ੍ਹਾਂ ਕਿਹਾ ਕਿ ਬਾਬਾ ਰਾਮ ਸਿੰਘ, ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ, ਲਾਲਾ ਲਾਜਪਤ ਰਾਏ, ਸ਼ਹੀਦ ਊਧਮ ਸਿੰਘ, ਕਰਤਾਰ ਸਿੰਘ ਸਰਾਭਾ, ਦੀਵਾਨ ਸਿੰਘ ਕਾਲੇਪਾਣੀ ਅਤੇ ਹੋਰ ਮਹਾਨ ਸ਼ਹੀਦਾਂ ਨੇ ਆਜ਼ਾਦੀ ਹਾਸਲ ਕਰਨ ਲਈ ਆਪਣੇ ਖ਼ੂਨ ਦਾ ਕਤਰਾ-ਕਤਰਾ ਵਹਾਅ ਦਿੱਤਾ। ਪੰਜਾਬੀਆਂ ਨੇ ਆਜ਼ਾਦੀ ਤੋਂ ਬਾਅਦ ਵੀ ਦੇਸ਼ ਦੀ ਏਕਤਾ, ਅਖੰਡਤਾ ਅਤੇ ਪ੍ਰਭੂਸੱਤਾ ਦੀ ਰਾਖੀ ਲਈ ਹਮੇਸ਼ਾ ਹੀ ਮੋਹਰੀ ਰੋਲ ਅਦਾ ਕੀਤਾ ਹੈ।ਸੂਬੇ ਦੇ ਮਿਹਨਤਕਸ਼ ਕਿਸਾਨਾਂ ਨੇ ਦੇਸ਼ ਵਿੱਚ ਹਰੀ ਕ੍ਰਾਂਤੀ ਲਿਆਉਣ ਵਿੱਚ ਸਭ ਤੋਂ ਵੱਧ ਯੋਗਦਾਨ ਪਾਇਆ, ਜਿਸ ਨਾਲ ਮੁਲਕ ਅਨਾਜ ਪੱਖੋਂ ਆਤਮ ਨਿਰਭਰ ਬਣਿਆ। ਉਨ੍ਹਾਂ ਕਿਹਾ ਕਿ ਸੂਬੇ ਦੇ ਖਿਡਾਰੀਆਂ ਨੇ ਪੈਰਿਸ ਓਲੰਪਿਕ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜਿਸ ਤੋਂ ਖੇਡ ਨੀਤੀ ਦੀ ਵਿਲੱਖਣਤਾ ਦਾ ਪਤਾ ਲੱਗਦਾ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਹਾਕੀ ਵਿੱਚ ਕਾਂਸੀ ਦਾ ਤਮਗਾ ਜਿੱਤਣ ਵਾਲੀ ਭਾਰਤੀ ਟੀਮ ਵਿੱਚ 10 ਖਿਡਾਰੀ ਪੰਜਾਬ ਦੇ ਹਨ।ਇਸ ਮੌਕੇ ਮੁੱਖ ਮੰਤਰੀ ਨੇ 'ਖੇਡਾਂ ਵਤਨ ਪੰਜਾਬ ਦੀਆਂ-3' 28 ਅਗਸਤ ਤੋਂ ਕਰਵਾਉਣ ਦਾ ਐਲਾਨ ਕੀਤਾ, ਜਿਸ ਨਾਲ ਸੂਬੇ ਵਿੱਚ ਖੇਡ ਗਤੀਵਿਧੀਆਂ ਨੂੰ ਵੱਡਾ ਹੁਲਾਰਾ ਮਿਲੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਹੁਣ ਤੱਕ 44667 ਨੌਜਵਾਨਾਂ ਨੂੰ ਵੱਖ-ਵੱਖ ਵਿਭਾਗਾਂ ਵਿੱਚ ਸਰਕਾਰੀ ਨੌਕਰੀਆਂ ਦਿੱਤੀਆਂ ਹਨ।ਉਨ੍ਹਾਂ ਕਿਹਾ ਕਿ ਸਮੁੱਚੀ ਭਰਤੀ ਨਿਰੋਲ ਮੈਰਿਟ ਦੇ ਆਧਾਰ 'ਤੇ ਪਾਰਦਰਸ਼ੀ ਢੰਗ ਨਾਲ ਕੀਤੀ ਗਈ ਹੈ।ਸੂਬਾ ਸਰਕਾਰ ਦੀਆਂ ਨੀਤੀਆਂ ਅਤੇ ਨੀਅਤ ਵਿੱਚ ਨੌਜਵਾਨਾਂ ਦਾ ਵਿਸ਼ਵਾਸ ਵਧਿਆ ਹੈ, ਜਿਸ ਕਰਕੇ ਉਹ ਵਿਦੇਸ਼ ਜਾਣ ਦਾ ਇਰਾਦਾ ਛੱਡ ਕੇ ਇਥੇ ਰਹਿ ਕੇ ਸਰਕਾਰੀ ਨੌਕਰੀ ਲਈ ਤਿਆਰੀ ਕਰ ਰਹੇ ਹਨ। ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਪਰੇਡ ਕਮਾਂਡਰ ਵੈਭਵ ਚੌਧਰੀ ਆਈ. ਪੀ. ਐਸ. ਦੀ ਅਗਵਾਈ ਵਿੱਚ ਸੀ. ਆਰ. ਪੀ. ਐਫ., ਪੰਜਾਬ ਪੁਲਿਸ (ਮਹਿਲਾ ਤੇ ਪੁਰਸ਼), ਪੰਜਾਬ ਹੋਮਗਾਰਡਜ਼, ਐਨ.ਸੀ.ਸੀ., ਪੀ.ਏ.ਪੀ. ਦੇ ਪਾਈਪ ਐਂਡ ਬਰਾਸ ਬੈਂਡ ਦੀਆਂ ਟੁਕੜੀਆਂ ਦੇ ਪ੍ਰਭਾਵਸ਼ਾਲੀ ਮਾਰਚ ਪਾਸਟ ਤੋਂ ਸਲਾਮੀ ਲਈ । ਇਸ ਮੌਕੇ ਬੀ. ਐੱਸ. ਐੱਫ. ਦੇ ਯੋਗਦਾਨ ਨੂੰ ਦਰਸਾਉਂਦੀ ਝਾਕੀ ਤੋਂ ਇਲਾਵਾ ਸਕੂਲ ਆਫ਼ ਐਮੀਨੈਂਸ, ਊਰਜਾ ਖੇਤਰ ਵਿੱਚ ਵਿਲੱਖਣ ਪ੍ਰਾਪਤੀਆਂ, ਆਮ ਆਦਮੀ ਕਲੀਨਿਕ, ਸਰਕਾਰ ਤੁਹਾਡੇ ਦੁਆਰ, ਰੰਗਲਾ ਪੰਜਾਬ ਅਤੇ ਸੀ. ਐੱਮ. ਦੀ ਯੋਗਸ਼ਾਲਾ ਦੀਆਂ ਝਾਕੀਆਂ ਨੇ ਸਮਾਗਮ ਦੀ ਸ਼ੋਭਾ ਵਧਾਈ। ਇਸ ਤੋਂ ਪਹਿਲਾਂ ਸੀ. ਐੱਮ. ਦੀ ਯੋਗਸ਼ਾਲਾ, ਟੈਂਟ ਪੈਗਿੰਗ, ਸਕੂਲ ਵਿਦਿਆਰਥੀਆਂ ਦੇ ਰੰਗਾਰੰਗ ਪ੍ਰੋਗਰਾਮ ਨੇ ਸਮਾਂ ਬੰਨ੍ਹਿਆ ਅਤੇ ਵਿਦਿਆਰਥੀਆਂ ਨੇ ਗੱਤਕਾ, ਗਿੱਧਾ, ਭੰਗੜਾ ਤੇ ਹੋਰ ਰਿਵਾਇਤੀ ਲੋਕ ਨਾਚ ਪੇਸ਼ ਕਰਕੇ ਦਰਸ਼ਕਾਂ ਦਾ ਮਨ ਮੋਹਿਆ। ਮੁੱਖ ਮੰਤਰੀ ਨੇ ਦੋ ਆਜ਼ਾਦੀ ਘੁਲਾਟੀਆਂ ਪ੍ਰੇਮ ਸਾਗਰ ਅਤੇ ਦੇਵ ਵਰਤ ਸ਼ਰਮਾ ਤੋਂ ਇਲਾਵਾ ਸ਼ਹੀਦ ਸੈਨਿਕਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਨਮਾਨਿਤ ਕੀਤਾ। ਮੁੱਖ ਮੰਤਰੀ ਨੇ ਲੋੜਵੰਦ ਔਰਤਾਂ ਨੂੰ ਸਿਲਾਈ ਮਸ਼ੀਨਾਂ ਤੇ ਦਿਵਿਆਂਗ ਵਿਅਕਤੀਆਂ ਨੂੰ ਟਰਾਈ ਸਾਈਕਲ ਵੀ ਵੰਡੇ।

**ਭੋਗਪੁਰ (ਕੁਲਵੀਰ ਸਿੰਘ ਕਾਹਲੋਂ )**- ਸਾਬਕਾ ਸੈਨਿਕਾਂ ਨੇ ਆਜ਼ਾਦੀ ਉਤਸਵ ਮਨਾਉਂਦਿਆਂ ਹੋਇਆ ਤਿਰੰਗਾ ਲਹਿਰਾਇਆ। ਵੱਖ ਵੱਖ ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕੈਪਟਨ ਗੁਰਮੇਲ ਸਿੰਘ ਸਰਜੀਤ ਲਾਲ ਚੈਨਲ ਸਿੰਘ ਕੋਚ ਨਰਿੰਦਰ ਸਿੰਘ ਕੋਚ ਭੁਪਿੰਦਰ ਸਿੰਘ ਰਾਮ ਲਵਾਇਆ ਸਾਬਕਾ ਬੀਡੀਪੀ ਅਤੇ ਹੋਰ ਪਤਵੰਤੇ ਹਾਜ਼ਰ ਸਨ।

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਅਤੇ ਸੰਤ ਬਾਬਾ ਨਿਧਾਨ ਸਿੰਘ ਜੀ ਹਜ਼ੂਰ ਸਾਹਿਬ ਵਾਲੇ ਦਾ ਜੱਦੀ ਪਿੰਡ ਨਡਾਲੋਂ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸੰਸਥਾ ਪਿਛਲੇ ਕਈ ਸਾਲਾਂ ਤੋਂ ਲੋਕ ਦੇ ਕਾਰਜ ਕਰ ਰਹੀ ਹੈ। ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੀ ਮੇਹਰ ਸਦਕਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ. ਅਜਨੋਹਾ ਵੱਲੋਂ ਸਮੂਹ ਇਲਾਕਾ ਨਿਵਾਸੀ ਅਤੇ ਸੰਗਤਾਂ ਦੇ ਸਹਿਯੋਗ ਨਾਲ ਪਿੰਡ ਨਰੂੜ ਵਿਖੇ ਲੋੜਵੰਦ ਮਰੀਜ਼ਾਂ ਲਈ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚੁਲਾਈ ਜਾ ਰਹੀ ਹੈ। ਸੰਸਥਾ ਦੇ ਸਥਾਪਨਾ ਦਿਵਸ ਤੇ 15 ਵਾਂ ਬੂਟਿਆਂ ਦਾ ਲੰਗਰ 15 ਅਗਸਤ ਦਿਨ ਵੀਰਵਾਰ ਨੂੰ ਸਵੇਰੇ10 ਵਜੇ ਤੋਂ ਦੁਪਹਿਰ 02 ਵਜੇ ਤੱਕ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਵਿਖੇ ਲਗਾਇਆ ਜਾ ਰਿਹਾ ਹੈ। ਬੂਟਿਆਂ ਵਿੱਚ ਦਵਾਈਆਂ ਵਾਲੇ, ਛਾਂ ਵਾਲੇ, ਫਲਦਾਰ ਅਤੇ ਸਜਾਵਟੀ 1300 ਬੂਟੇ ਵੰਡੇ ਜਾਣਗੇ । ਇਸ ਵਕਤ ਸਾਨੂੰ ਕੁਦਰਤ ਨੂੰ ਸਾਂਝ ਪਾਉਣ ਦੀ ਲੋੜ ਹੈ ।ਆਉਣ ਵਾਲੀਆਂ ਪੀੜੀਆਂ ਨੂੰ ਵਧੀਆ ਵਾਤਾਵਰਨ ਦੇਣ ਲਈ ਸਾਨੂੰ ਸਾਰਿਆਂ ਨੂੰ ਵੱਧ ਤੋਂ ਵੱਧ ਬੂਟੇ ਲਗਾਣੇ ਚਾਹੀਦੇ ਨੇ । ਸੰਗਤਾਂ ਇਸ ਨੇਕ ਕਾਰਜ ਵਿੱਚ ਤਨ ,ਮਨ ਅਤੇ ਧਨ ਨਾਲ ਆਪਣਾ ਸਹਿਯੋਗ ਜ਼ਰੂਰ ਦੇਣ । ਇਸ ਮੌਕੇ ਹਾਜ਼ਰ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਗੁਰਪ੍ਰੀਤ ਸਿੰਘ ਗੁਗਲੀ ਖਾਲਸਾ, ਗੁਰਪਾਲ ਸਿੰਘ ਨਡਾਲੋਂ,ਹਰਮਨ ਸਿੰਘ ਨਡਾਲੋਂ, ਖੁਸ਼ੀਆ ਸਿੰਘ, ਸ਼ਮਨਦੀਪ ਸਿੰਘ,ਮਨੀ ਨਡਾਲੋਂ,ਪੰਚ ਸਤਨਾਮ ਸਿੰਘ, ਸੁਮੀਤ ਪਾਲ ਸਿੰਘ, ਰਵੀ ਸਿੰਘ, ਮਨਪ੍ਰੀਤ ਸਿੰਘ ਆਦਿ ਹਾਜ਼ਰ ਸਨ।

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਸਥਾਨਕ ਆਰਿਆ ਸਿੱਖਿਆ ਸੰਸਥਾਵਾਂ ਵੱਲੋਂ 78 ਵਾਂ ਆਜ਼ਾਦੀ ਦਿਵਸ ਦੇਸ਼ ਭਗਤੀ ਦੇ ਗੀਤਾਂ, ਸਭਿਆਚਾਰਕ ਨਾਚ ਸਮਾਜਿਕ ਮੁੱਦੇ ਅਤੇ ਪੰਜਾਬ ਦੇ ਵਿਰਸੇ ਨੂੰ ਮੰਚ ਤੇ ਪ੍ਰਗਟਾਅ ਕੇ ਸ਼ਾਨਦਾਰ ਢੰਗ ਨਾਲ ਮਨਾਇਆ ਗਿਆ. ਇਸ ਵਿੱਚ ਇਲਾਕੇ ਦੇ ਸਾਰੇ ਵਾਸੀਆਂ ਨੂੰ ਸੱਦਾ ਦਿੱਤਾ ਗਿਆ ਓਲੰਪਿਆਨ ਖਿਡਾਰੀ ਐਮ ਐਲ ਏ ਸ. ਪ੍ਰਗਟ ਸਿੰਘ, ਸਾਬਕਾ ਵਿਤ ਮੰਤਰੀ ਸ. ਅਮਰਜੀਤ ਸਿੰਘ, ਸਮਾਜ ਸੈਵੀ ਸ਼੍ਰੀ ਨਵਜੋਤ ਦਹੀਆ, ਦਿਵਿਆ ਜਯੋਤੀ ਜਾਗ੍ਰਿਤੀ ਸੰਸਥਾਨ ਦੇ ਪ੍ਰਤਿਨਿਧੀ, ਉਘੇ ਸਿੱਖਿਆ ਪ੍ਰਸਾਰਕ ਸ਼੍ਰੀਮਤੀ ਸੁਮਨ ਲਤਾ ਪਾਠਕ ਜੀ,ਸਰਕਾਰੀ ਅਫਸਰ ਬੈਂਕਰਸ, ਵਿਓਪਾਰੀ ਵਿਦਿਆਰਥੀ ਤੇ ਉਨ੍ਹਾਂ ਦੇ ਮਾਪੇ ਸ਼ਾਮਿਲ ਹੋਏ ਤੇ ਰਾਸ਼ਟਰੀ ਤਿਰੰਗੇ ਨੂੰ ਸਲਾਮੀ ਦਿਤੀ. ਇਹ ਦੋਆਬਾ ਆਰਿਆ ਸੀ ਸੈ ਸਕੂਲ, ਪੀ ਟੀ ਐਮ ਆਰਿਆ ਕਾਲਜ, ਪੀ ਟੀ ਐਮ ਆਰਿਆ ਕਾਲਜੀਐਟ ਸੀ ਸੈ ਸਕੂਲ, ਆਰਿਆ ਮਾਡਲ ਸਕੂਲ, ਅਤੇ ਆਰਿਆ ਪ੍ਰਾਇਮਰੀ ਸਕੂਲ ਦਾ ਸਾਂਝਾ ਉਪਰਾਲਾ ਸੀ ਜਿਸ ਦੀ ਸਰਾਹਣਾ ਸਾਰਿਆਂ ਨੇ ਭਰਪੂਰ ਕੀਤੀ. ਆਰਿਆ ਸਿੱਖਿਆ ਸੰਸਥਾਵਾਂ ਦੇ ਕਾਰਜਕਾਰੀ ਪ੍ਰਧਾਨ ਡਾ. ਮਨਜੀਤ ਸਿੰਘ ਜੀ ਨੇ ਸਾਰੇ ਆਏ ਮਹਿਮਾਨਾ ਦਾ ਧੰਨਵਾਦ ਕੀਤਾ।

**ਆਦਮਪੁਰ ( ਪਰਮਜੀਤ ਸਿੰਘ)**- ਨਗਰ ਕੌਂਸਲ ਦਫਤਰ ਆਦਮਪੁਰ ਵਿਖੇ ਆਜ਼ਾਦੀ ਦਿਹਾੜੇ ਨੂੰ ਸਮਰਪਿਤ ਇੱਕ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਜਿਸ ਦੌਰਾਨ ਹਲਕਾ ਵਿਧਾਇਕ ਆਦਮਪੁਰ ਸੁਖਵਿੰਦਰ ਸਿੰਘ ਕੋਟਲੀ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਹਲਕਾ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ, ਕਾਰਜ ਸਾਧਕ ਅਫਸਰ ਆਦਮਪੁਰ ਰਾਮਜੀਤ, ਨਗਰ ਕੌਂਸਲ ਦੇ ਪ੍ਰਧਾਨ ਦਰਸ਼ਨ ਸਿੰਘ ਕਰਵਲ ਅਤੇ ਸਮੂਹ ਕੌਂਸਲਰਾਂ ਦੀ ਹਾਜ਼ਰੀ ਵਿੱਚ ਝੰਡੇ ਦੀ ਰਸਮ ਕੀਤੀ ਗਈ। ਇਸ ਮੌਕੇ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਵੱਲੋਂ ਦੇਸ਼ ਦੇ ਸਮੂਹ ਸ਼ਹੀਦਾਂ ਨੂੰ ਯਾਦ ਕਰਦਿਆਂ ਕਿਹਾ ਕੀ ਅਸੀਂ ਅੱਜ ਜੋ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ ਉਹ ਸਾਡੇ ਸਮੂਹ ਆਜਾਦੀ ਘੁਲਾਟੀਆਂ ਦੀ ਹੀ ਦੇਣ ਹੈ। ਜਿਨ੍ਹਾਂ ਨੇ ਆਪਣੀਆਂ ਜਾਨਾਂ ਵਾਰ ਕੇ ਸਾਨੂੰ ਆਜ਼ਾਦੀ ਮਾਨਣ ਦਾ ਮੌਕਾ ਦਿੱਤਾ। ਉਹਨਾਂ ਕਿਹਾ ਕਿ ਸਾਨੂੰ ਆਪਣੇ ਸੂਰਵੀਰ ਯੋਧਿਆਂ ਨੂੰ ਕਦੇ ਵੀ ਭੁਲਾਉਣਾ ਨਹੀਂ ਚਾਹੀਦਾ। ਇਸ ਮੌਕੇ ਉਹਨਾਂ ਵੱਲੋਂ ਸਮੂਹ ਦੇਸ਼ ਵਾਸੀਆਂ ਅਤੇ ਪ੍ਰਦੇਸ਼ ਵਿੱਚ ਵੱਸਦੇ ਪੰਜਾਬੀਆਂ ਨੂੰ ਆਜ਼ਾਦੀ ਦਿਹਾੜੇ ਦੀ ਵਧਾਈ ਵੀ ਦਿੱਤੀ ਗਈ। ਨਗਰ ਕੌਂਸਲ ਦੇ ਪ੍ਰਧਾਨ ਦਰਸ਼ਨ ਸਿੰਘ ਕਰਵਲ ਅਤੇ ਕਾਰਜ ਸਾਧਕ ਅਫਸਰ ਆਦਮਪੁਰ ਰਾਮਜੀਤ ਵਲੋਂ ਆਏ ਹੋਏ ਮੁੱਖ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਉਨਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਭੁਪਿੰਦਰ ਸਿੰਘ ਭਿੰਦਾ ਕੌਂਸਲਰ, ਸੁਸ਼ਮਾ ਕੁਮਾਰੀ ਕੌਂਸਲਰ, ਹਰਜਿੰਦਰ ਸਿੰਘ ਕਰਵਲ ਕੌਂਸਲਰ, ਕਨੂੰ ਬਾਂਸਲ ਕੌਂਸਲਰ, ਰਾਜੇਸ਼ ਕੁਮਾਰ ਰਾਜੂ ਜਿਲ੍ਹਾ ਉਪ ਪ੍ਰਧਾਨ ਕਾਂਗਰਸ ਕਮੇਟੀ ਜਲੰਧਰ, ਜੋਗਿੰਦਰਪਾਲ, ਵਰੁਣ ਚੋਢਾ, ਰਾਜ ਕੁਮਾਰ, ਨਿਧੀ ਤਿਵਾੜੀ ਅਤੇ ਕਈ ਹੋਰ ਹਾਜ਼ਰ ਸਨ।

**ਬੰਗਾ (ਅਵਤਾਰ ਕਲੇਰ)** ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਪੂੰਜੀ ਨਿਵੇਸ਼ ਪ੍ਰੋਤਸਾਹਨ, ਕਿਰਤ ਅਤੇ ਪ੍ਰਾਹੁਣਚਾਰੀ ਮੰਤਰੀ ਪੰਜਾਬ ਅਨਮੋਲ ਗਗਨ ਮਾਨ ਨੇ ਆਈ.ਟੀ.ਆਈ ਗਰਾਊਂਡ ਵਿਖੇ ਜ਼ਿਲ੍ਹਾ ਪੱਧਰੀ ਅਜ਼ਾਦੀ ਦਿਵਸ ਸਮਾਗਮ ਵਿੱਚ ਰਾਸ਼ਟਰੀ ਝੰਡਾ ਲਹਿਰਾਇਆ। ਇਸ ਤੋਂ ਪਹਿਲਾਂ ਉਹ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਅਤੇ ਉਨ੍ਹਾਂ ਦੇ ਪਿਤਾ ਸ. ਕਿਸ਼ਨ ਸਿੰਘ ਨੂੰ ਉਨ੍ਹਾਂ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਬਣੀਆਂ ਯਾਦਗਾਰਾਂ ਵਿਖੇ ਨਤਮਸਤਕ ਹੋਣ ਪੁੱਜੇ।

ਇਸ ਮੌਕੇ 'ਤੇ ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਨੇ ਖਟਕੜ ਕਲਾਂ ਵਿਖੇ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਜੀ ਦੇ ਮਿਊਜੀਅਮ ਵਿਖੇ ਸਿੱਖ ਇੰਪਾਇਅਰ ਪ੍ਰਦਰਸ਼ਨੀ ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਅੰਤਰ-ਰਾਸ਼ਟਰੀ ਕਲਾਕਾਰਾਂ ਅਤੇ ਲੇਖਕਾਂ ਦੇ ਨਜ਼ਰੀਏ ਦੁਆਰਾ ਇਹ ਪ੍ਰਦਰਸ਼ਨੀ ਤਿਆਰ ਕੀਤੀ ਗਈ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਹ ਪ੍ਰਦਰਸ਼ਨੀ ਜ਼ਰੂਰ ਦੇਖਣ ਅਤੇ ਆਪਣੇ ਇਤਿਹਾਸ ਤੇ ਸ਼ਹੀਦਾਂ ਬਾਰੇ ਜਾਣਕਾਰੀ ਪ੍ਰਾਪਤ ਕਰਨ।

ਆਈ.ਟੀ.ਆਈ ਗਰਾਊਂਡ ਵਿਖੇ ਕੌਮੀ ਝੰਡਾ ਲਹਿਰਾਉਣ ਉਪਰੰਤ ਉਨ੍ਹਾਂ ਨੇ ਪਰੇਡ ਦਾ ਨਿਰੀਖਣ ਕੀਤਾ ਅਤੇ ਇਸ ਮੌਕੇ ਪੰਜਾਬ ਪੁਲਿਸ, ਐਨ.ਸੀ.ਸੀ. ਅਤੇ ਵੱਖ-ਵੱਖ ਸਕੂਲੀ ਬੱਚਿਆਂ ਦੀਆਂ ਟੁੱਕੜੀਆਂ ਵੱਲੋਂ ਮਾਰਚ ਪਾਸਟ ਕੱਢਿਆ ਗਿਆ। ਇਸ ਦੇ ਨਾਲ ਹੀ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਨੂੰ ਦਰਸਾਉਂਦੀਆਂ ਝਾਂਕੀਆਂ ਵੀ ਕੱਢੀਆਂ ਗਈਆਂ। ਇਸ ਮੌਕੇ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਅਤੇ ਐਸ.ਐਸ.ਪੀ ਡਾ ਮਹਿਤਾਬ ਸਿੰਘ ਵੀ ਮੌਜੂਦ ਸਨ।

ਇਸ ਮੌਕੇ ਦੇਸ਼ ਦੀ ਆਜ਼ਾਦੀ ਵਿੱਚ ਪੰਜਾਬੀਆਂ ਦੇ ਲਾ-ਮਿਸਾਲ ਯੋਗਦਾਨ ਅਤੇ ਸਭ ਤੋਂ ਵੱਧ ਕੀਤੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਨੇ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਕਰਕੇ ਹੀ ਅਸੀਂ ਅੱਜ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਉਨ੍ਹਾਂ ਕਿਹਾ ਕਿ ਸਾਨੂੰ ਮਿਲ ਜੁਲ ਕੇ ਦੇਸ਼ ਦੀ ਉਨਤੀ ਵਿੱਚ ਸਾਥ ਦੇਣਾ ਚਾਹੀਦਾ ਹੈ ਅਤੇ ਸ਼ਹੀਦਾਂ ਵਲੋਂ ਦਿੱਤੀਆਂ ਗਈਆਂ ਕੁਰਬਾਨੀਆਂ ਨੂੰ ਵੀ ਹਮੇਸ਼ਾ ਯਾਦ ਰੱਖਣ ਚਾਹੀਦਾ ਹੈ। ਉਨ੍ਹਾਂ ਨੇ ਸਰਕਾਰ ਵੱਲੋਂ ਹਾਸਲ ਕੀਤੀਆਂ ਗਈਆਂ ਉਪਲਬੱਧੀਆਂ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੰਦੇ ਹੋਏ ਹਰ ਖੇਤਰ ਵਿੱਚ ਕੀਤੇ ਗਏ ਵਿਕਾਸ ਕਾਰਜਾਂ ਸਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਅੱਜ ਪੰਜਾਬ ਬਿਜਲੀ, ਖੇਤੀਬਾੜੀ, ਸਿੱਖਿਆ, ਲਾਅ ਐਂਡ ਆਡਰ, ਨਾਗਰਿਕ ਸੇਵਾਵਾਂ, ਬੁਨਿਆਦੀ ਢਾਂਚੇ, ਸ਼ਹਿਰੀ ਵਿਕਾਸ, ਪਿੰਡਾਂ ਦੇ ਸਰਵਪੱਖੀ ਵਿਕਾਸ, ਪੰਚਾਇਤੀ ਜ਼ਮੀਨਾਂ 'ਤੋਂ ਨਾਜਾਇਜ਼ ਕਬਜੇ ਛੁਡਾਉਣ, ਸਿਹਤ, ਨਿਵੇਸ਼ ਪੱਖੀ ਮਾਹੌਲ ਸਿਰਜਣ ਅਤੇ ਉਦਯੋਗ ਦੇ ਖੇਤਰ ਵਿੱਚ ਨਾਮਣਾ ਖੱਟ ਰਿਹਾ ਹੈ।

ਸਮਾਗਮ ਦੌਰਾਨ ਉਨ੍ਹਾਂ ਨੇ ਸ਼ਹੀਦਾਂ ਦੇ ਪਰਿਵਾਰਾਂ ਦਾ ਸਨਮਾਨ ਕੀਤਾ ਅਤੇ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਵੱਲੋਂ ਲੋੜਵੰਦਾਂ ਨੂੰ ਟ੍ਰਾਈਸਾਈਕਲ ਅਤੇ ਸਿਲਾਈ ਮਸ਼ੀਨਾਂ ਵੀ ਭੇਟ ਕੀਤੀਆਂ। ਇਸ ਤੋਂ ਇਲਾਵਾ ਪਰੇਡ ਕਮਾਂਡਰ ਸਮੇਤ ਵੱਖ-ਵੱਖ ਖੇਤਰਾਂ ਦੇ ਵਿੱਚ ਉਪਲਬਧੀਆਂ ਹਾਸਲ ਕਰਨ ਅਤੇ ਵਿਭਾਗਾਂ ਦੇ ਵਿੱਚ ਵਧੀਆ ਸੇਵਾਵਾਂ ਨਿਭਾਉਣ ਵਾਲੇ ਅਧਿਕਾਰੀ/ਕਰਮਚਾਰੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਪੀ ਟੀ ਸ਼ੋਅ ਤੇ ਦੇਸ਼ ਭਗਤੀ ਭਰਪੂਰ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤੀ ਗਿਆ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁੱਖ ਮਹਿਮਾਨ ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਨੂੰ ਯਾਦਗਾਰੀ ਚਿੰਨ੍ਹਾਂ ਦੇ ਕੇ ਸਨਮਾਨਿਤ ਕੀਤਾ ਗਿਆ। ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਨੇ ਜ਼ਿਲ੍ਹੇ ਅੰਦਰ 16 ਅਗਸਤ 2024 ਨੂੰ ਸਮੂਹ ਸਰਕਾਰੀ ਤੇ ਪ੍ਰਾਇਵੇਟ ਸਕੂਲ ਵਿੱਚ ਛੁੱਟੀ ਦਾ ਐਲਾਨ ਕੀਤਾ।

ਸਮਾਗਮ ਵਿੱਚ ਜ਼ਿਲ੍ਹਾ ਤੇ ਸ਼ੈਸ਼ਨ ਜੱਜ ਪ੍ਰਿਆ ਸੂਦ, ਐਡੀਸ਼ਨਲ ਜ਼ਿਲ੍ਹਾ ਤੇ ਸ਼ੈਸ਼ਨ ਜੱਜ ਕੁਰਨੇਸ਼ ਕੱਕੜ, ਬਲਾਚੌਰ ਤੋਂ ਵਿਧਾਇਕ ਸੰਤੋਸ਼ ਕਟਾਰੀਆ, ਵਿਧਾਇਕ ਨੱਛਤਰ ਪਾਲ, ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸਾਗਰ ਸੇਤੀਆ, ਐਸ.ਡੀ.ਐਮ. ਨਵਾਂਸ਼ਹਿਰ ਡਾ. ਅਕਸਿਤਾ ਗੁਪਤਾ, ਸਹਾਇਕ ਕਮਿਸ਼ਨਰ (ਜ) ਗੁਰਲੀਨ ਕੌਰ, ਹਲਕਾ ਇੰਚਾਰਜ ਨਵਾਂਸ਼ਹਿਰ ਲਲਿਤ ਮੋਹਨ ਪਾਠਕ , ਹਲਕਾ ਇੰਚਾਰਜ ਬੰਗਾ ਕੁਲਜੀਤ ਸਰਹਾਲ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸਤਨਾਮ ਸਿੰਘ ਜਲਾਲਪੁਰ, ਚੇਅਰਮੈਨ ਨਗਰ ਸੁਧਾਰ ਟਰੱਸਟ ਸਤਨਾਮ ਸਿੰਘ ਜਲਵਾਹਾ, ਚੇਅਰਮੈਨ ਮਾਰਕੀਟ ਕਮੇਟੀ ਗਗਨ ਅਗਨੀ ਹੋਤਰੀ, ਗੁੱਡ ਗਵਰਨਸ ਫੈਲੋ ਅਸ਼ਮੀਤਾ, ਅਧਿਕਾਰੀ/ ਕਰਮਚਾਰੀ ਅਤੇ ਲੋਕ ਭਾਰੀ ਗਿਣਤੀ ਵਿੱਚ ਹਾਜ਼ਰ ਸਨ।

**ਟਾਂਡਾ ਉੜਮੁੜ,( ਜਸਵਿੰਦਰ ਸੰਧੂ, ਉਂਕਾਰ ਸਿੰਘ )**- ਜੀ.ਆਰ.ਡੀ ਇੰਟਰਨੈਸ਼ਨਲ ਸਕੂਲ ਟਾਂਡਾ ਵਿਖੇ 78ਵਾਂ ਆਜ਼ਾਦੀ ਦਿਹਾੜਾ ਧੂਮਧਾਮ ਨਾਲ ਮਨਾਇਆ ਗਿਆ। ਸੰਸਥਾ ਦੀ ਚੇਅਰ ਪਰਸਨ ਪ੍ਰਦੀਪ ਕੌਰ ਤੇ ਐਮ.ਡੀ ਬਿਕਰਮ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਮੈਨੇਜਰ ਸਰਬਜੀਤ ਸਿੰਘ ਮੋਮੀ ਤੇ ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋਂ ਦੀ ਅਗਵਾਈ ਵਿੱਚ ਹੋਏ ਸਮਾਗਮ ਦੌਰਾਨ ਸੇਵਾ ਮੁਕਤ ਡਿਪਟੀ ਡਾਇਰੈਕਟਰ ਡਾ. ਕੇਵਲ ਸਿੰਘ ਕਾਜਲ, ਸਮਾਜ ਸੇਵੀ ਡਾ. ਲਵਪ੍ਰੀਤ ਸਿੰਘ ਪਾਵਲਾ ਨੇ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋ ਕੇ ਤਿਰੰਗਾ ਝੰਡਾ ਲਹਿਰਾਇਆ । ਉਹਨਾਂ ਇਸ ਮੌਕੇ ਸਮੂਹ ਸਟਾਫ ਮੈਂਬਰਾਂ ਤੇ ਵਿਦਿਆਰਥੀਆਂ ਨੂੰ ਦੇਸ਼ ਤੇ ਆਜ਼ਾਦੀ ਦਿਵਸ ਦੀ ਮੁਬਾਰਕਬਾਦ ਦਿੰਦੇ ਹੋਏ ਦੇਸ਼ ਦੀ ਆਜ਼ਾਦੀ ਵਿੱਚ ਯੋਗਦਾਨ ਪਾਉਣ ਵਾਲੇ ਮਹਾਨ ਸ਼ਹੀਦਾਂ ਦੀ ਸ਼ਹਾਦਤ ਤੋਂ ਪ੍ਰੇਰਨਾ ਲੈਣ ਲਈ ਪ੍ਰੇਰਿਤ ਕੀਤਾ। ਸਕੂਲ ਦੇ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਜਜ਼ਬੇ ਨੂੰ ਦਰਸਾਉਂਦਾ ਸ਼ਾਨਦਾਰ ਪ੍ਰੋਗਰਾਮ ਵੀ ਪੇਸ਼ ਕੀਤਾ। ਇਸ ਮੌਕੇ ਰਾਜਵਿੰਦਰ ਕੌਰ, ਲਵਲੀ ਸੈਣੀ , ਸੋਨੀਆ ਸੈਣੀ ,ਮਨਪ੍ਰੀਤ ਕੌਰ, ਮਨਦੀਪ ਕੌਰ, ਮਨਦੀਪ ਕੌਰ, ਕਸ਼ਮੀਰ ਕੌਰ ਤੋ ਇਲਾਵਾ ਸਕੂਲ ਦਾ ਹੋਰ ਸਟਾਫ ਵੀ ਮੌਜੂਦ ਸੀ।

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** ਸਥਾਨਕ ਨਗਰ ਕੌਂਸਲ ਵਿੱਚ 78ਵੇਂ ਆਜ਼ਾਦੀ ਦਿਹਾੜੇ ਤੇ ਨਗਰ ਕੌਂਸਲ ਪ੍ਰਧਾਨ ਅਮਰਜੀਤ ਸਿੰਘ ਬਿੱਟਾ ਨੇ ਝੰਡਾ ਲਹਿਰਾਇਆ ਉਪਰੰਤ ਬੱਚਿਆਂ ਦੇ ਰੰਗਾ-ਰੰਗ ਪ੍ਰੋਗਰਾਮ ਨੇ ਇਸ ਪ੍ਰੋਗਰਾਮ ਨੂੰ ਝੰਡਾ ਲਹਿਰਾਉਂਦਿਆਂ ਰਾਸ਼ਟਰੀ ਗੀਤ ਗਾਇਆ ਗਿਆ ਤੇ ਪੰਜਾਬ ਪੁਲਿਸ ਦੇ ਜਵਾਨਾਂ ਵੱਲੋਂ ਸਲਾਮੀ ਦਿੱਤੀ। ਇਸ ਮੌਕੇ ਸ਼ਹਿਰ ਦੇ ਸਰਕਾਰੀ ਸਕੂਲਾਂ ਅਤੇ ਪ੍ਰਾਈਵੇਟ ਸਕੂਲਾਂ ਦੇ ਬੱਚਿਆਂ ਵੱਲੋਂ ਪੇਸ਼ ਕੀਤੇ ਦੇਸ਼ ਭਗਤੀ ਦੇ ਗੀਤ, ਸਫਾਈ ਅਤੇ ਵਾਤਾਵਰਣ ਨੂੰ ਬਚਾਉਣ ਲਈ ਖੇਡਿਆਂ ਗਿਆ ਨਾਟਕ, ਸਕਿੱਟਾਂ, ਗਿੱਧਾ, ਭੰਗੜਾ ਅਤੇ ਭਾਸ਼ਣ ਦੇਖਣ ਯੋਗ ਸਨ। ਨਗਰ ਕੌਂਸਲ ਵੱਲੋਂ ਵੀ ਸ਼ਹਿਰ ਤੇ ਇਲਾਕੇ ਦੇ ਹੋਣਹਾਰ ਵਿਦਿਆਰਥੀ ਆਪਣੀ ਪੜ੍ਹਾਈ ਪੂਰੀ ਕਰਕੇ ਆਏ ਐਮ.ਬੀ.ਐਸ ਡਾਕਟਰ ਅਤੇ ਸਮਾਜ ਸੇਵਾ ਵਿੱਚ ਵਧੇਰੇ ਯੋਗਦਾਨ ਦੇਣ ਵਾਲਿਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਸਾਬਕਾ ਵਿਧਾਇਕ ਗੁਰਇਕਬਾਲ ਕੌਰ ਬਬੱਲੀ ਉਚੇਚੇ ਤੌਰ ਤੇ ਪੁੱਜੇ। ਇੱਥੇ ਨਗਰ ਕੌਂਸਲਾਂ ਤੋਂ ਇਲਾਵਾ ਜਥੇਦਾਰ ਬਹਾਦਰ ਸਿੰਘ ਭਾਰਟਾ, ਮਲਕੀਤ ਸਿੰਘ ਕਾਹਲੋਂ, ਡਾ. ਗੁਰਨਾਮ ਸਿੰਘ ਸੈਂਣੀ, ਕਿਰਨ ਠੁਕਰਾਲ, ਲਾਲੀ ਜੋਸ਼ੀ, ਸੁਰਜੀਤ ਰਾਮ, ਗੁਰਮੇਲ ਰਾਮ, ਅਮਰਜੀਤ ਸੂੰਢ, ਲਖਵੀਰ ਸਿੰਘ ਰੰਗੀ, ਜਸਵਿੰਦਰ ਲੌਂਗੀਆ, ਨਰਿੰਦਰ ਸਿੰਘ ਚਾਹਲ, ਧਰਮਪਾਲ ਬੰਗੜ, ਸਾਬਕਾ ਨਗਰ ਕੌਂਸਲ ਪ੍ਰਧਾਨ, ਬਿਮਲਾ ਰਾਣੀ ਸਾਬਕਾ ਕੌਂਸਲਰ, ਬਲਬੀਰ ਕੌਰ ਸਾਬਕਾ ਕੌਂਸਲਰ ਆਦਿ ਵੀ ਹਾਜ਼ਰ ਸਨ।

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**-ਸ੍ਰੀ ਚਮਕੌਰ ਸਾਹਿਬ 'ਚ 78ਵੇਂ ਆਜ਼ਾਦੀ ਦਿਵਸ ਦਾਨਾ ਮੰਡੀ 'ਚ ਮਨਾਇਆ ਗਿਆ। ਇਸ ਮੌਕੇ ਉਪ ਮੰਡਲ ਮੈਜਿਸਟ੍ਰੇਟ ਅਮਰੀਕ ਸਿੰਘ ਸਿੱਧੂ ਨੇ ਤਿਰੰਗਾ ਲਹਿਰਾਇਆ। ਰਾਸਟਰ ਗਾਨ ਉਪਰੰਤ ਪੰਜਾਬ ਪੁਲਸ ਦੀ ਟੁਕੜੀ ਨੇ ਮਾਰਚ ਪਾਸ ਦੀ ਸਲਾਮੀ ਦਿੱਤੀ। ਇਸ ਮੌਕੇ ਆਪਣੇ ਭਾਸਣ 'ਚ ਉਪ ਮੰਡਲ ਮੈਜਿਸਟ੍ਰੇਟ ਸਿੱਧੂ ਨੇ ਸਭ ਨੂੰ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਆਪਣਾ ਫਰਜ਼ ਸਮਝ ਕੇ ਯੋਗਦਾਨ ਪਾਉਣ ਲਈ ਕਿਹਾ। ਸਕੂਲੀ ਵਿਦਿਆਰਥੀਆਂ ਦੇ ਸਭਿਆਚਾਰਕ ਪ੍ਰੋਗਰਾਮ ਬਾਰੇ ਜਾਣਕਾਰੀ ਦਿੰਦਿਆਂ ਸੱਭਿਆਚਾਰਕ ਵੰਨਗੀਆਂ ਦੇ ਇੰਚਾਰਜ ਰਾਬਿੰਦਰ ਸਿੰਘ ਰੱਬੀ ਨੇ ਦੱਸਿਆ ਕਿ ਉਕਤ ਸਮਾਗਮ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਾਫਿਜ਼ਾਬਾਦ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੇਲਾ, ਸਰਕਾਰੀ ਪ੍ਰਾਇਮਰੀ ਸਕੂਲ ਮੁੰਡੀਆਂ, ਸਰਕਾਰੀ ਪ੍ਰਾਇਮਰੀ ਸਕੂਲ ਬਸੀ ਗੁੱਜਰਾਂ, ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ਪਿੱਪਲ ਮਾਜਰਾ ਸ੍ਰੀ ਚਮਕੌਰ ਸਾਹਿਬ, ਰਿਵਰਲੈਂਡ ਇੰਟਰਨੈਸ਼ਨਲ ਸਕੂਲ ਕਤਲੌਰ, ਜਵਾਹਰ ਨਵੋਦਿਆ ਵਿਦਿਆਲਾ ਸੰਧੂਆਂ ਅਤੇ ਸਕੂਲ ਆਫ ਐਮੀਨੈਂਸ ਸ੍ਰੀ ਚਮਕੌਰ ਸਾਹਿਬ ਦੇ ਵਿਦਿਆਰਥੀਆਂ ਨੇ ਭਾਗ ਲਿਆ। ਸਕੂਲੀ ਬੱਚਿਆਂ ਵੱਲੋਂ ਰੰਗ ਬਰੰਗੀਆਂ ਪੁਸ਼ਾਕਾਂ ਪਾ ਕੇ ਰੰਗਾਰੰਗ ਪ੍ਰੋਗਰਾਮ ਗਿੱਧਾ, ਭੰਗੜਾ ਅਤੇ ਕੋਰਿਓਗ੍ਰਾਫੀ ਦੀਆਂ ਵੱਖ-ਵੱਖ ਪੇਸ਼ਕਾਰੀਆਂ ਕਰਦਿਆਂ ਦਰਸਕਾਂ ਤੋਂ ਵਾਹ ਵਾਹ ਖੱਟੀ। ਇਸ ਮੌਕੇ ਤਹਿਸੀਲਦਾਰ ਕਰਮਜੋਤ ਸਿੰਘ, ਰਵਿੰਦਰਜੀਤ ਕੌਰ ਨਾਇਬ ਤਹਿਸੀਲਦਾਰ, ਅਜੈਬ ਸਿੰਘ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ, ਗੁਰਦੀਪ ਸਿੰਘ ਕਾਰਜ ਸਾਧਕ ਅਫਸਰ, ਹਰਪ੍ਰੀਤ ਸਿੰਘ, ਪ੍ਰਿੰ. ਸੁਰਜੀਤ ਸਿੰਘ ਪਿਪਸ, ਦੁਪਿੰਦਰਜੀਤ ਕੌਰ ਮੁੰਡੀਆਂ, ਕਿਰਨ ਬਾਲਾ ਹਾਫਿਜ਼ਾਬਾਦ, ਗੁਰਿੰਦਰ ਸਿੰਘ ਬਸੀ ਗੁੱਜਰਾਂ, ਵਿਸਾਲ, ਗੁਰਪ੍ਰੀਤ ਸਿੰਘ ਕੈਂਥੋ, ਦਲੀਪ ਸਿੰਘ ਭੂਰੜੇ, ਜਤਿੰਦਰ ਕੁਮਾਰ ਅਤੇ ਹਰਭਜਨ ਸਿੰਘ ਆਦਿ ਹਾਜਰ ਸਨ।

**ਨੰਗਲ (ਸੁਰਜੀਤ ਸਿੰਘ)**-ਆਜ਼ਾਦੀ ਦਿਵਸ ਮੌਕੇ ਨੰਗਲ ਤਹਿਸੀਲ ਪੱਧਰੀ ਸਮਾਗਮ ਸਕੂਲ ਆਫ ਐਮੀਨੈਂਸ ਨੰਗਲ ਟਾਊਨਸ਼ਿਪ ਵਿਖੇ ਕਰਵਾਇਆ ਗਿਆ, ਜਿਥੇ ਐੱਸ. ਡੀ. ਐੱਮ ਅਨਮਜੋਤ ਕੌਰ ਪੀ. ਸੀ. ਐੱਸ. ਨੇ ਕੌਮੀ ਝੰਡਾ ਲਹਿਰਾਇਆ ਅਤੇ ਮਾਰਚ ਪਾਸਟ ਤੋਂ ਸਲਾਮੀ ਲਈ। ਇਸ ਮੌਕੇ ਭਾਰਤ ਵਾਸੀਆਂ ਨੂੰ ਸੰਬੋਧਨ ਕਰਦਿਆ ਐਸ. ਡੀ. ਐੱਮ ਅਨਮਜੋਤ ਕੌਰ ਨੇ ਕਿਹਾ ਅਜ਼ਾਦੀ ਪ੍ਰਾਪਤ ਕਰਨ ਲਈ ਸਾਡੇ ਦੇਸ਼ ਦੇ ਸੂਰਬੀਰ ਯੋਧਿਆ ਨੇ ਅਣਗਿਣਤ ਕੁਰਬਾਨੀਆ ਦਿੱਤੀਆਂ ਹਨ, ਇਸ ਲਈ ਸਾਨੂੰ ਸ਼ਹੀਦਾ ਦੀਆ ਕੁਰਬਾਨੀਆ ਨੂੰ ਯਾਦ ਰੱਖਦੇ ਹੋਏ ਉਨਾ ਵਲੋ ਪਾਏ ਪੂਰਨਿਆ ਤੇ ਚੱਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸ਼ਹੀਦ ਏ ਆਜ਼ਮ ਸ.ਭਗਤ ਸਿੰਘ, ਰਾਜਗੁਰੂ, ਸੁਖਦੇਵ, ਸ਼ਹੀਦ ਊਧਮ ਸਿੰਘ, ਕਰਤਾਰ ਸਿੰਘ ਸਰਾਭਾ, ਮਦਨ ਲਾਲ ਢੀਂਗਰਾ, ਲਾਲਾ ਲਾਜਪਤ ਰਾਏ ਸਮੇਤ ਹਜਾਰਾ ਸੁਤੰਤਰਤਾ ਸੰਗਰਾਮੀਆਂ ਨੇ ਅਜ਼ਾਦੀ ਲਈ ਆਪਣੀਆਂ ਜਾਨਾ ਵਾਰੀਆਂ ਹਨ, ਅਜਾਦੀ ਘੁਲਾਟੀਏ ਤੇ ਉਨ੍ਹਾਂ ਦੇ ਪਰਿਵਾਰ ਸਾਡੇ ਲਈ ਹਮੇਸ਼ਾ ਸਨਮਾਨਜਨਕ ਹਨ। ਇਸ ਮੌਕੇ ਮਾਣਯੋਗ ਜੱਜ ਨਿਧੀ ਸੈਣੀ, ਪੁਨੀਤ ਮੋਹਨੀਆਂ ਜੱਜ, ਡੀ.ਐਸ.ਪੀ ਮਨਜੀਤ ਸਿੰਘ, ਤਹਿਸੀਲਦਾਰ ਕੁਲਵਿੰਦਰ ਸਿੰਘ, ਕਾਰਜ ਸਾਧਕ ਅਫਸਰ ਰਵਨੀਤ ਸਿੰਘ, ਡਾ. ਸੰਜੀਵ ਗੌਤਮ, ਦੀਪਕ ਸੋਨੀ, ਗੁਰਜਿੰਦਰ ਸਿੰਘ ਸ਼ੋਕਰ, ਓਕਾਰ ਸਿੰਘ ਮੇਘਪੁਰ, ਕਮਲੇਸ਼ ਨੱਡਾ, ਸੁਨੀਤਾ ਰਾਣੀ, ਅਜੀਤਪਾਲ ਬੋਕਸਰ, ਮਨਜੋਤ ਕੁਮਾਰ, ਬੱਬੂ ਖਾਨ, ਸੁਮਿਤ ਤਲਵਾੜਾ, ਦੀਪਕ ਬਾਸ, ਰਾਕੇਸ਼ ਕੁਮਾਰ ਮਹਿਲਵਾ, ਇਮਰਾਨ ਖਾਨ, ਮੋਹਿਤ ਦੀਵਾਨ, ਨਰਾਇਣ ਸ਼ਰਮਾ, ਥਾਨਾ ਮੁਖੀ ਰਾਹੁਲ ਸ਼ਰਮਾ, ਪ੍ਰਿੰ.ਕਿਰਨ ਸ਼ਰਮਾ, ਪ੍ਰਿੰ.ਪਰਵਿੰਦਰ ਕੌਰ ਦੁਆ, ਪ੍ਰਿੰ. ਵਿਜੇ ਬੰਗਲਾ, ਪ੍ਰਿੰ. ਗੁਰਦੀਪ ਕੁਮਾਰ, ਪ੍ਰਿੰ. ਗੁਰਨਾਮ ਸਿੰਘ ਭੱਲੜੀ, ਮੁਕੇਸ ਸ਼ਰਮਾ ਸੁਪਰਡੈਂਟ, ਅਮਰੀਕ ਸਿੰਘ ਸੁਪਰਡੈਂਟ, ਚੌਧਰੀ ਭਗਤ ਰਾਮ, ਕੈਪਟਨ ਬੱਗਾ ਸਿੰਘ, ਸਵਰਨ ਸਿੰਘ, ਰਜਿੰਦਰ ਮੋਹਨ, ਸਕੱਤਰ ਮਾਰਕਿਟ ਕਮੇਟੀ ਸੁਮਿਤ ਕੁਮਾਰ, ਨਵਦੀਪ ਕੌਰ, ਨੀਲਮ ਰਾਣੀ, ਰਾਜੇਸ਼ ਕੁਮਾਰ, ਸੱਜਣ ਸਿੰਘ, ਜਗਮੋਹਨ ਸਿੰਘ, ਅਨਿਲ ਕੁਮਾਰ, ਰਾਧਾ ਰਾਣੀ, ਅਨੂਪਮ ਬੱਤਾ, ਰਵਿੰਦਰ ਸਿੰਘ ਤੇ ਵੱਖ ਵੱਖ ਸਕੂਲਾ ਦੇ ਅਧਿਆਪਕ, ਵਿਦਿਆਰਥੀ ਤੇ ਪਤਵੰਤੇ ਹਾਜ਼ਰ ਸਨ।

**ਲੋਹੀਆਂ ਖਾਸ, (ਯੋਗੇਸ਼ਵਰ)** : ਬੀ. ਕੇ ਇੰਟਰਨੈਸਨਲ ਕਨਵੈਂਟ ਸਕੂਲ ਅਤੇ ਬਾਬੇ ਕੇ ਸੀਨੀਅਰ ਸੈਕੰਡਰੀ ਸਕੂਲ ਵਾੜਾ ਜੋਧ ਸਿੰਘ, ਜ਼ਿਲ੍ਹਾ ਜਲੰਧਰ ਵਿਖੇ 78ਵਾਂ ਸੁਤੰਤਰਤਾ ਦਿਵਸ ਬੜੇ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸਕੂਲ ਮੈਨੇਜਮੈਂਟ, ਅਮਰਜੀਤ ਕੌਰ ਅਤੇ ਨੀਤੀਮਾ ਵੱਲੋਂ ਤਿਰੰਗਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ। ਉਨ੍ਹਾਂ ਆਪਣੇ ਸੰਬੋਧਨ ਵਿੱਚ ਸਭ ਨੂੰ ਆਪਣੇ ਅੰਦਰੋਂ ਬੁਰਾਈਆਂ ਤੋਂ ਆਜ਼ਾਦ ਹੋਣ ਲਈ ਅਤੇ ਬਿਨਾਂ ਕਿਸੇ ਭੇਦ ਭਾਵ ਤੋਂ ਆਪਸੀ ਭਾਈਚਾਰੇ ਨਾਲ ਰਹਿ ਕੇ ਦੇਸ਼ ਦੀ ਤਰੱਕੀ ਲਈ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ। ਸੀਨੀਅਰ ਵਿਦਿਆਰਥੀਆਂ ਵੱਲੋਂ ਦੇਸ਼ ਨੂੰ ਆਜ਼ਾਦ ਕਰਵਾਉਣ ਵਾਲੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਗਈ ਅਤੇ ਸੁਤੰਤਰਤਾ ਦਿਵਸ ਦੇ ਸੰਬੰਧ ਵਿੱਚ ਆਪਣੇ ਵਿਚਾਰਾਂ ਰਾਹੀਂ ਸਾਰੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ । ਕਿੰਡਰਗਾਰਟਨ ਦੇ ਨਨੇ ਮੁੰਨੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੇ ਗੀਤ ਤੇ ਡਾਂਸ ਕਰਕੇ ਦੇਸ ਪ੍ਰਤੀ ਆਪਣੇ ਜਜ਼ਬੇ ਨੂੰ ਪ੍ਰਗਟ ਕੀਤਾ ਗਿਆ। ਉਨ੍ਹਾਂ ਦੀ ਇਸ ਦੇਸ਼ ਪ੍ਰੇਮ ਨਾਲ ਭਰਪੂਰ ਪੇਸਕਾਰੀ ਨੇ ਸਭ ਦਾ ਮਨ ਮੋਹ ਲਿਆ।

**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**-ਵੁਡਬਰੀ ਇੰਟਰਨੈਸ਼ਨਲ ਪਬਲਿਕ ਸਕੂਲ ਭੋਗਪੁਰ ਵਿਖੇ ਚੇਅਰਪਰਸਨ ਮੈਡਮ ਪਰਮਜੀਤ ਕੌਰ ਦੀ ਅਗਵਾਈ ਹੇਠ ਆਜ਼ਾਦੀ ਦਿਹਾੜੇ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਸਕੂਲ ਦੇ ਸਮੂਹ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੇ ਦੇਸ਼ ਪ੍ਰਤੀ ਆਪਣੀਆਂ ਭਾਵਨਾਵਾਂ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਬੱਚਿਆਂ ਵਲੋਂ ਦੇਸ਼ ਭਗਤੀ ਨਾਲ ਸੰਬੰਧਿਤ ਵੱਖ ਵੱਖ ਕਵਿਤਾਵਾਂ, ਗੀਤ ਅਤੇ ਨਾਟਕ ਪੇਸ਼ ਕੀਤੇ।ਪ੍ਰੀ ਵਿੰਗ ਦੇ ਬੱਚਿਆਂ ਨੇ ਦੇਸ਼ ਭਗਤੀ ਨਾਲ ਸੰਬੰਧਿਤ ਵੱਖ ਵੱਖ ਪਹਿਰਾਵੇ ਪਹਿਨ ਕੇ ਸਭ ਦਾ ਦਿਲ ਜਿੱਤਿਆ।ਇਸ ਦੇ ਨਾਲ ਹੀ ਬੱਚਿਆਂ ਦੇ ਫਲੈਗ ਮੇਕਿੰਗ, ਪੋਸਟਰ ਮੇਕਿੰਗ ਦੇ ਮੁਕਾਬਲੇ ਵੀ ਕਰਵਾਏ ਗਏ।ਅਖੀਰ ਵਿੱਚ ਮੈਡਮ ਨੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਸੁਤੰਤਰਤਾ ਦਿਵਸ ਦੀ ਵਧਾਈ ਦਿੱਤੀ।



ਭੋਗਪੁਰ

**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**-ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਸਨੌਰਾ ਦੀ ਗਰਾਊਂਡ ਵਿੱਚ ਸਮੂਹ ਸਟਾਫ਼, ਵਿਦਿਆਰਥੀਆਂ ਅਤੇ ਮਾਪਿਆਂ ਨਾਲ ਅੰਗਰੇਜ਼ਾਂ ਦੇ ਰਾਜ ਤੋਂ ਆਜ਼ਾਦੀ ਦੇ 78ਵੇਂ ਵਰ੍ਹੇ ਨੂੰ ਮਨਾਉਣ ਲਈ ਆਜ਼ਾਦੀ ਦਿਵਸ ਬੜੇ ਉਤਸ਼ਾਹ ਅਤੇ ਦੇਸ਼ ਭਗਤੀ ਦੇ ਜਜ਼ਬੇ ਨਾਲ ਮਨਾਇਆ ਗਿਆ।ਇਸ ਵਿਸ਼ੇਸ਼ ਮੌਕੇ ਪ੍ਰੋਗਰਾਮ ਦੀ ਸ਼ੁਰੂਆਤ ਖਾਸ ਪ੍ਰਾਰਥਨਾ ਸਭਾ ਨਾਲ ਨਾਲ ਕੀਤੀ ਗਈ।ਕੇਸਰੀ ਝੰਡਾ ਲਹਿਰਾਉਣ ਤੋ ਬਾਅਦ ਬੱਚਿਆ ਦੁਆਰਾ ਦੇਸ਼ ਭਗਤੀ ਦੇ ਗੀਤ ਗਾਏ ਗਏ ।ਨਵਦੀਪ ਕੌਰ ਨੇ ਇਕੱਠ ਨੂੰ ਸੰਬੋਧਿਤ ਕਰਦੇ ਹੋਏ ਉਨ੍ਹਾਂ ਦੀ ਰਾਸ਼ਟਰਵਾਦੀ ਭਾਵਨਾ ਨੂੰ ਪ੍ਰੇਰਿਆ ਅਤੇ ਉਨ੍ਹਾਂ ਨੂੰ ਇੱਕ ਭਾਰਤੀ ਹੋਣ 'ਤੇ ਮਾਣ ਕਰਨ ਅਤੇ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਜ਼ਿੰਮੇਵਾਰੀ ਨਾਲ ਨਿਭਾਉਣ ਦੀ ਅਪੀਲ ਕੀਤੀ।ਵਿਦਿਆਰਥੀਆਂ ਦੁਆਰਾ ਬਹੁਤ ਸਾਰੀਆਂ ਰਚਨਾਤਮਕ ਗਤੀਵਿਧੀਆਂ ਜਿਵੇਂ ਕਿ ਪੋਸਟਰ ਅਤੇ ਸਲੋਗਨ ਰਾਈਟਿੰਗ ਮੁਕਾਬਲਾ, ਪੋਸਟਰ ਮੁਕਾਬਲੇ ਅਤੇ ਛੋਟੇ ਬੱਚਿਆ ਦੇ ਹੈਂਡ ਪ੍ਰੀਟਿੰਗ ਮੁਕਾਬਲੇ ਕਰਵਾਏ ਗਏ।

**ਐੱਸ. ਏ. ਐੱਸ. ਨਗਰ, (ਗੁਰਜੀਤ ਬਿੱਲਾ)**-ਭਾਰਤ ਦੇ 78ਵੇਂ ਆਜ਼ਾਦੀ ਦਿਹਾੜੇ ਦੇ ਮੌਕੇ 15 ਅਗਸਤ, 2024 ਨੂੰ ਜ਼ਿਲ੍ਹਾ ਕਚਹਿਰੀ ਕੰਪਲੈਕਸ ਵਿਖੇ ਅਤੁਲ ਕਸਾਨਾ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਵਲੋਂ ਤਿਰੰਗਾ ਝੰਡਾ ਲਹਿਰਾਇਆ ਗਿਆ।ਉਨ੍ਹਾਂ ਨੇ ਨਿਆਂਇਕ ਅਧਿਕਾਰੀਆਂ, ਕਰਮਚਾਰੀਆਂ ਅਤੇ ਸਕੂਲ ਦੇ ਵਿਦਿਆਰਥੀਆਂ ਨੂੰ ਆਜ਼ਾਦੀ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ ਅਤੇ ਸ਼ਹੀਦਾਂ ਦੇ ਸੁਪਨਿਆਂ ਦੇ ਸਮਾਜ ਦੀ ਸਿਰਜਣਾ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਰਕਾਰੀ ਹਾਈ ਸਕੂਲ, ਲਾਂਡਰਾਂ ਦੇ ਵਿਦਿਆਰਥੀਆਂ ਵੱਲੋਂ ਰਾਸ਼ਟਰੀ ਗੀਤ ਪੇਸ਼ ਕੀਤਾ ਗਿਆ।

ਆਜ਼ਾਦੀ ਦਿਹਾੜੇ ਦੇ ਜਸ਼ਨਾਂ ਦੇ ਮੌਕੇ ਸਰਕਾਰੀ ਹਾਈ ਸਕੂਲ, ਲਾਂਡਰਾਂ ਦੇ ਵਿਦਿਆਰਥੀਆਂ ਵਲੋਂ ਵੱਖ-ਵੱਖ ਕਿਸਮਾਂ ਦੇ ਬੂਟੇ ਵੀ ਲਗਾਏ ਗਏ।ਸੁਰਭੀ ਪਰਾਸ਼ਰ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਲੋਂ ਜਾਣਕਾਰੀ ਦਿੱਤੀ ਗਈ ਕਿ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਵਿਚ ਜ਼ਿਲ੍ਹਾ ਐੱਸ.ਏ.ਐੱਸ. ਨਗਰ ਵਿਚ ਮਿਤੀ 01 ਜੁਲਾਈ ਤੋਂ 30 ਸਤੰਬਰ ਤੱਕ ਵੱਧ ਤੋਂ ਵੱਧ ਦਰੱਖਤ ਲਗਾਉਣ ਦੀ ਮੁਹਿੰਮ ਚਲਾਈ ਜਾ ਰਹੀ ਹੈ।

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਪੰਜਾਬ ਦੇ ਸਿੱਖਿਆ ਮੰਤਰੀ, ਉਚੇਰੀ ਸਿੱਖਿਆ ਤੇ ਭਾਸ਼ਾ, ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਵਿਭਾਗਾਂ ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੇਸ਼ ਦੇ 78ਵੇਂ ਸੁਤੰਤਰਤਾ ਦਿਵਸ ਮੌਕੇ ਅੱਜ ਮੋਹਾਲੀ (ਸਾਹਿਬਜ਼ਾਦਾ ਅਜੀਤ ਸਿੰਘ ਨਗਰ) ਦੇ ਸ਼ਹੀਦ ਮੇਜਰ (ਸ਼ੌਰਿਆ ਚੱਕਰ) ਹਰਮਿੰਦਰ ਪਾਲ ਸਿੰਘ ਸਰਕਾਰੀ ਕਾਲਜ ਦੇ ਗਰਾਊਂਡ 'ਚ ਕੌਮੀ ਝੰਡਾ ਲਹਿਰਾਇਆ।ਉਨ੍ਹਾਂ ਇਸ ਮੌਕੇ ਦੇਸ਼ ਦੇ ਮਹਾਨ ਆਜ਼ਾਦੀ ਪ੍ਰਵਾਨਿਆਂ ਨੂੰ ਯਾਦ ਕਰਦਿਆਂ ਆਖਿਆ ਕਿ ਦੇਸ਼ ਦੀ ਆਜ਼ਾਦੀ ਲਈ ਚੱਲੀਆਂ ਵੱਖ-ਵੱਖ ਲਹਿਰਾਂ ਅਤੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਸ਼ਹੀਦ ਰਾਜਗੁਰੂ ਤੇ ਸੁਖਦੇਵ, ਸਰਦਾਰ ਕਰਤਾਰ ਸਿੰਘ ਸਰਾਭਾ, ਸ਼ਹੀਦ ਊਧਮ ਸਿੰਘ, ਸ਼ਹੀਦ ਮਦਨ ਲਾਲ ਢੀਂਗਰਾ, ਸ਼ਹੀਦ ਲਾਲਾ ਲਾਜਪਤ ਰਾਏ, ਸ਼ਹੀਦ ਦੀਵਾਨ ਸਿੰਘ ਕਾਲੇਪਾਣੀ ਅਤੇ ਹੋਰ ਆਜ਼ਾਦੀ ਘੁਲਾਟੀਆਂ ਵੱਲੋਂ ਸਮੇਂ-ਸਮੇਂ 'ਤੇ ਆਰੰਭੇ ਗਏ ਸੰਘਰਸ਼ਾਂ ਅਤੇ ਦਿੱਤੀਆਂ ਕੁਰਬਾਨੀਆਂ ਦੀ ਬਦੌਲਤ ਅੱਜ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਸਾਨੂੰ ਮਾਣ ਹੈ ਕਿ ਦੇਸ਼ ਦੇ ਆਜ਼ਾਦੀ ਸੰਗਰਾਮ ਵਿੱਚ ਸਭ ਤੋਂ ਵੱਧ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ ਹਨ।

ਉਨ੍ਹਾਂ ਅੱਗੇ ਕਿਹਾ ਕਿ ਸਾਡੀ ਸਰਕਾਰ ਮਹਾਨ ਸ਼ਹੀਦਾਂ ਦੇ ਸੁਫ਼ਨਿਆਂ ਨੂੰ ਪੂਰਾ ਕਰਨ ਲਈ ਵਚਨਬੱਧ ਹੈ।ਇਸ ਦੀ ਪ੍ਰਤੀਬੱਧਤਾ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਆਪਣੇ ਅਹੁਦੇ ਦੀ ਸਹੁੰ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਚੁੱਕਣ ਤੋਂ ਬਣੀ।ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਨੇ ਸਰਕਾਰੀ ਦਫ਼ਤਰਾਂ ਵਿੱਚ ਸ਼ਹੀਦ ਭਗਤ ਸਿੰਘ ਅਤੇ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਦੀਆਂ ਤਸਵੀਰਾਂ ਲਗਾ ਕੇ ਆਪਣੀ ਆਜ਼ਾਦੀ ਪ੍ਰਵਾਨਿਆਂ ਪ੍ਰਤੀ ਸ਼ਰਧਾ ਦਾ ਪ੍ਰਮਾਣ ਦਿੱਤਾ ਹੈ।

# ਸਰਕਾਰੀ ਕਾਲਜਾਂ ਨੂੰ ਪ੍ਰਾਈਵੇਟ ਕਰਨ ਦੇ ਵਿਰੋਧ 'ਚ ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਵਿਰੋਧ ਪ੍ਰਦਰਸ਼ਨ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**

ਯੂ ਜੀ ਸੀ ਵਲੋਂ ਪੰਜਾਬ ਦੇ ਅੱਠ ਸਰਕਾਰੀ ਕਾਲਜਾਂ ਨੂੰ ਪ੍ਰਾਈਵੇਟ ਕਰਨ ਦੇ ਫੈਸਲੇ ਵਿਰੋਧ ਵਿੱਚ ਪੰਜਾਬ ਸਟੂਡੈਂਟਸ ਯੂਨੀਅਨ ਵਲੋਂ ਸਰਕਾਰੀ ਬ੍ਰਿਜਿੰਦਰਾ ਕਾਲਜ ਵਿਖੇ ਰੋਸ ਰੈਲੀ ਕੀਤੀ ਗਈ ਅਤੇ ਮੰਗ ਕੀਤੀ ਕਿ ਯੂ ਜੀ ਆਪਣਾ ਵਿਦਿਆਰਥੀ ਵਿਰੋਧੀ ਫੈਸਲਾ ਰੱਦ ਕਰੇ।

ਪੰਜਾਬ ਸਟੂਡੈਂਟਸ ਯੂਨੀਅਨ ਦੇ ਆਗੂ ਹਰਵੀਰ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰੀ ਵਿੱਦਿਅਕ ਸੰਸਥਾਵਾਂ ਨੂੰ ਪ੍ਰਾਈਵੇਟ ਕਰਨ ਪਿੱਛੇ ਕੇਂਦਰ ਸਰਕਾਰ ਦੀ ਨਵੀਂ ਸਿੱਖਿਆ ਨੀਤੀ ਕੰਮ ਕਰ ਰਹੀ ਹੈ।ਨਵੀਂ ਸਿੱਖਿਆ ਨੀਤੀ ਕੇਂਦਰ ਸਰਕਾਰ ਦੀ ਲੋਕ ਵਿਰੋਧੀ ਨੀਤੀ ਹੈ, ਜਿਸਦਾ ਮਕਸਦ ਸਰਕਾਰੀ ਵਿਦਿਅਕ ਸੰਸਥਾਵਾਂ ਨੂੰ ਖਤਮ ਕਰਨਾ ਹੈ।ਨਵੀਂ ਸਿੱਖਿਆ ਨੀਤੀ ਕਰਕੇ ਸਿੱਖਿਆ ਦਾ ਖੇਤਰ ਪ੍ਰਾਈਵੇਟ ਸੰਸਥਾਵਾਂ ਲਈ ਮੁਨਾਫ਼ੇ ਦਾ ਧੰਦਾ ਬਣ ਜਾਵੇਗਾ, ਜਿਸ ਕਰਕੇ ਆਮ ਘਰਾਂ ਤੋਂ ਆਏ ਵਿਦਿਆਰਥੀ ਜੋ ਵੱਧ ਫੀਸ ਭਰਨ ਤੋਂ ਅਸਮਰੱਥ ਹੋਣਗੇ, ਪੜ੍ਹਾਈ ਤੋਂ ਬਾਹਰ ਹੋ ਜਾਣਗੇ।ਉਨ੍ਹਾਂ ਕਿਹਾ ਕਿ ਨਵੀਂ ਸਿੱਖਿਆ ਨੀਤੀ ਕੇਂਦਰ ਸਰਕਾਰ ਨੇ ਗ਼ੈਰ ਲੋਕਤੰਤਰਿਕ ਤਰੀਕੇ ਨਾਲ ਬਣਾਈ ਹੈ ਅਤੇ ਇਸ ਨੀਤੀ ਕਰਕੇ ਵਿਗਿਆਨਕ ਪੜ੍ਹਾਈ ਸਿਲੇਬਸ ਵਿੱਚੋਂ ਕੱਢ ਦਿੱਤੀ ਗਈ ਹੈ।ਹਰਵੀਰ ਕੌਰ ਨੇ ਮੰਗ ਕੀਤੀ ਕਿ ਸਿੱਖਿਆ ਸਬੰਧੀ ਨੀਤੀ ਬਨਾਉਣਾ ਰਾਜ ਸਰਕਾਰ ਦਾ ਵੀ ਅਧਿਕਾਰ ਹੈ। ਇਸ ਲਈ ਪੰਜਾਬ ਸਰਕਾਰ ਨੂੰ ਪੰਜਾਬ ਦੇ ਸਮਾਜਿਕ ਆਰਥਿਕ ਹਾਲਤਾਂ ਮੁਤਾਬਕ ਆਪਣੀ ਸਿੱਖਿਆ ਨੀਤੀ ਆਪ ਬਨਾਉਣੀ ਚਾਹੀਦੀ ਹੈ।ਸੁਖਬੀਰ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੇ ਇਤਿਹਾਸ ਤੋਂ ਪ੍ਰੇਰਨਾ ਲੈ ਕੇ ਸੰਘਰਸ਼ ਦੇ ਮੈਦਾਨ ਵਿੱਚ ਆਉਣਾ ਚਾਹੀਦਾ ਹੈ ਤੇ ਸਰਕਾਰ ਦੀਆਂ ਵਿਦਿਆਰਥੀ ਵਿਰੋਧੀ ਤੇ ਲੋਕ ਵਿਰੋਧੀ ਨੀਤੀਆਂ ਨੂੰ ਰੱਦ ਕਰਵਾਉਣ ਲਈ ਚੱਲ ਰਹੀਆਂ ਲਹਿਰਾਂ ਦਾ ਹਿੱਸਾ ਬਣਨਾ ਚਾਹੀਦਾ ਹੈ।ਵਿਦਿਆਰਥੀ ਆਗੂ ਨੇ ਵਿਦਿਆਰਥੀਆਂ ਨੂੰ ਲੋਕ ਵਿਰੋਧੀ ਸਿਸਟਮ ਵਿਰੁੱਧ ਲੜਾਈ ਵਿੱਢਣ ਦਾ ਵੀ ਸੱਦਾ ਦਿੱਤਾ। ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਵਿਦਿਆਰਥੀਆਂ ਨੂੰ ਸਰਕਾਰੀ ਬ੍ਰਿਜਿੰਦਰਾ ਕਾਲਜ ਫ਼ਰੀਦਕੋਟ ਵਿੱਚ ਪ੍ਰਾਈਵੇਟ ਕੀਤੇ ਖੇਤੀਬਾੜੀ ਦੇ ਕੋਰਸ ਨੂੰ ਮੁੜ ਤੋਂ ਸਰਕਾਰੀ ਕਰਾਉਣ ਲਈ ਲੱਗੇ ਪੱਕੇ ਧਰਨੇ ਵਿੱਚ ਸ਼ਾਮਿਲ ਹੋਣ ਦੀ ਵੀ ਅਪੀਲ ਕੀਤੀ ਗਈ।

# ਪੰਜਾਬ ਸਰਕਾਰ ਪੈਨਸ਼ਨਰਾਂ ਤੇ ਮੁਲਾਜ਼ਮਾਂ ਦੀਆਂ ਮੰਗਾਂ ਨਾ ਮੰਨ ਕੇ ਅੱਗ ਨਾਲ ਖੇਡ ਰਹੀ : ਪਿਲਖਣੀ



**ਰਾਜਪੁਰਾ (ਰਮੇਸ਼ ਕਟਾਰੀਆ)**-ਪੀ ਐਸ ਈ ਬੀ ਪੈਨਸ਼ਨਰ ਯੂਨੀਅਨ ਏਟਕ ਪੰਜਾਬ ਦੀ ਮੀਟਿੰਗ ਜਥੇਬੰਦੀ ਦੇ ਦਫ਼ਤਰ ਵਿਖੇ ਹੋਈ, ਜਿਸ ਵਿੱਚ ਸਮੁੱਚੇ ਪੰਜਾਬ ਦੇ ਸਰਕਲਾਂ ਦੇ ਪ੍ਰਧਾਨ ਸਕੱਤਰ ਪਹੁੰਚੇ ਹੋਏ ਸਨ।ਮੀਟਿੰਗ ਨੂੰ ਸੰਬੋਧਨ ਕਰਦਿਆਂ ਕੌਮੀ ਆਗੂ ਹਰਭਜਨ ਸਿੰਘ ਪਿਲਖਣੀ ਨੇ ਕਿਹਾ ਕਿ ਪੰਜਾਬ ਸਰਕਾਰ ਪੈਨਸ਼ਨਰਾਂ ਤੇ ਮੁਲਾਜ਼ਮਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦੇ ਰਹੀ, ਜਿਸ ਕਾਰਨ ਮੁਲਾਜ਼ਮ ਵਰਗ ਲਗਾਤਾਰ ਸਰਕਾਰ ਖ਼ਿਲਾਫ਼ ਲੜਾਈ ਲੜ ਰਿਹਾ ਹੈ।ਡੀ ਏ ਤੇ ਬਕਾਇਆ ਏਰੀਅਰ ਨਾ ਦੇਣਾ, ਨਵੀਂ ਭਰਤੀ ਨਾ ਕਰਨਾ ਸਰਕਾਰ ਦੀ ਨਲਾਇਕੀ ਹੈ।ਅਜਿਹਾ ਕਰਕੇ ਸਰਕਾਰ ਅੱਗ ਨਾਲ ਖੇਡ ਰਹੀ ਹੈ, ਜੋ ਸਰਕਾਰ ਨੂੰ ਮਹਿੰਗਾ ਪਵੇਗਾ।ਜਥੇਬੰਦੀ ਦੇ ਜਨਰਲ ਸਕੱਤਰ ਸਾਥੀ ਰਾਜਵੰਤ ਸਿੰਘ ਮਲੇਰਕੋਟਲਾ ਨੇ ਕਿਹਾ ਕਿ ਜਥੇਬੰਦੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਮਨਵਾਉਣ ਲਈ ਲਗਾਤਾਰ ਸੰਘਰਸ਼ ਕਰ ਰਹੀ ਹੈ।ਸਰਕਾਰ ਖਿਲਾਫ਼ ਮੁਲਾਜ਼ਮ ਪਾਰਲੀਮੈਂਟ ਚੋਣਾਂ ਦੌਰਾਨ ਆਪਣਾ ਗੁੱਸਾ ਜ਼ਾਹਰ ਕਰ ਚੁੱਕੇ ਹਨ।ਇਸ ਤੋਂ ਇਲਾਵਾ ਇਸ ਮੀਟਿੰਗ ਨੂੰ ਸਾਥੀ ਸੁਖਦੇਵ ਸਿੰਘ ਲਲਤੋਂ ਕਲਾਂ ਲੁਧਿਆਣਾ, ਸਾਥੀ ਰਘਬੀਰ ਸਿੰਘ ਰੋਪੜ, ਸਾਥੀ ਜਗਤਾਰ ਸਿੰਘ ਮੁਹਾਲੀ, ਸਾਥੀ ਜੈ ਨਰਾਇਣ ਪਟਿਆਲਾ , ਸਾਥੀ ਰਾਮ ਰਤਨ ਰਾਜ ਗਾਇਕ ਰਾਜਪੁਰਾ, ਸਾਥੀ ਨਰਿੰਦਰ ਕੁਮਾਰ ਮਲੇਰਕੋਟਲਾ, ਸਾਥੀ ਗੁਰਦਿਆਲ ਸਿੰਘ ਬੱਬੂ ਰਾਜਪੁਰਾ, ਸਾਥੀ ਆਸਾ ਸਿੰਘ, ਸਾਥੀ ਭੁਪਿੰਦਰ ਖੰਨਾ, ਸਾਥੀ ਪ੍ਰਗਟ ਸਿੰਘ ਫ਼ਰੀਦਕੋਟ ਤੇ ਸਾਥੀ ਬਲਜੀਤ ਕੁਮਾਰ ਨੇ ਕਿਹਾ ਕਿ ਪੀ ਐਸ ਈ ਬੀ ਪੈਨਸ਼ਨਰ ਯੂਨੀਅਨ ਏਟਕ ਪੰਜਾਬ ਦੀ ਮੈਂਬਰਸ਼ਿਪ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ। ਏਟਕ ਪਰਿਵਾਰ ਨਾਲ ਸਾਥੀ ਜੁੜ ਕੇ ਖੁਸ਼ੀ ਮਹਿਸੂਸ ਕਰ ਰਹੇ ਹਨ।ਪੀ ਐਸ ਈ ਬੀ ਪੈਨਸ਼ਨਰ ਯੂਨੀਅਨ ਏਟਕ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਮਾਰੂ ਤੇ ਲੋਕ ਵਿਰੋਧੀ ਨੀਤੀਆਂ ਦਾ ਵਿਰੋਧ ਕਰੇਗੀ।

# ਰੂਬਰੂ ਤੇ ਸਾਹਿਤਕ ਸਮਾਗਮ ਭਲਕੇ

**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਪੰਜਾਬੀ ਸਾਹਿਤ ਸਭਾ ਸਾਂਝੀ ਸੱਥ ਦੇ ਅਹੁਦੇਦਾਰਾਂ ਦੀ ਇੱਕ ਮੀਟਿੰਗ ਸਭਾ ਦੇ ਸਰਪ੍ਰਸਤ ਅਵਤਾਰ ਸਿੰਘ ਉਟਾਲਾ, ਸਭਾ ਦੇ ਪ੍ਰਧਾਨ ਐਡਵੋਕੇਟ ਹਰਦੀਪ ਸਿੰਘ ਭੱਟੀ, ਉਪ ਪ੍ਰਧਾਨ ਕਿਰਨਜੀਤ ਸਿੰਘ ਕਲਾਰ, ਖ਼ਜ਼ਾਨਚੀ ਨਰੇਸ਼ ਨਿਮਾਣਾ, ਜਨਰਲ ਸਕੱਤਰ ਗੁਰੀ ਤੁਰਮਰੀ ਤੇ ਸੁਖਵਿੰਦਰ ਸਿੰਘ ਭਾਦਲਾ ਵੱਲੋਂ ਖੰਨਾ ਵਿਖੇ ਕੀਤੀ ਗਈ। ਇਸ ਮੀਟਿੰਗ ਵਿੱਚ 18 ਅਗਸਤ ਐਤਵਾਰ ਨੂੰ ਪੰਜਾਬੀ ਸਾਹਿਤ ਸਭਾ ਸਾਂਝੀ ਸੱਥ ਵੱਲੋਂ ਸਰਕਾਰੀ ਹਾਈ ਸਕੂਲ ਪਿੰਡ ਉਟਾਲਾ ਵਿਖੇ ਰੂਬਰੂ ਤੇ ਸਾਹਿਤਕ ਸਮਾਗਮ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰੀ ਤੁਰਮਰੀ ਤੇ ਨਰੇਸ਼ ਨਿਮਾਣਾ ਨੇ ਦੱਸਿਆ ਕਿ ਸਭਾ ਦੀ ਸ਼ੁਰੂਆਤ ਸਵੇਰੇ 10 ਵਜੇ ਹੋਵੇਗੀ, ਜਿਸ 'ਚ ਕਵੀ ਦਰਬਾਰ ਸਜਾਇਆ ਜਾਵੇਗਾ ਤੇ ਦੁਪਹਿਰ 12 ਵਜੇ ਪੰਜਾਬ ਦੇ ਪ੍ਰਸਿੱਧ ਗੀਤਕਾਰ ਸਰੇਸ਼ ਬਾਂਸਲ 'ਬਾਂਸਲ ਬਾਪਲੇ ਵਾਲਾ' ਸਾਹਿਤਕਾਰ ਤੇ ਸਾਹਿਤ ਪ੍ਰੇਮੀਆਂ ਦੇ ਰੂਬਰੂ ਹੋਣਗੇ।ਉਸ ਤੋਂ ਬਾਅਦ ਪੰਜਾਬ ਦੀ ਉੱਘੀ ਨਾਵਲਕਾਰ ਬੀਬੀ ਦਿਆਲ ਕੌਰ ਦਾ ਦੂਸਰਾ ਨਾਵਲ 'ਅਧੂਰੀ ਖ਼ਾਹਿਸ਼' ਪੰਜਾਬੀ ਸਾਹਿਤ ਸਭਾ ਸਾਂਝੀ ਸੱਥ ਵੱਲੋਂ ਸਾਹਿਤਕਾਰ ਤੇ ਸਾਹਿਤ ਪ੍ਰੇਮੀਆਂ ਦੀ ਹਾਜ਼ਰੀ ਵਿੱਚ ਲੋਕ ਅਰਪਣ ਕੀਤਾ ਜਾਵੇਗਾ।ਉਪਰੰਤ ਬੀਬੀ ਦਿਆਲ ਕੌਰ ਦੇ ਨਾਵਲ 'ਅਧੂਰੀ ਖ਼ਾਹਿਸ਼' ਬਾਰੇ ਲੇਖਿਕਾ ਮਨਦੀਪ ਰਿੰਪੀ ਰੋਪੜ ਵੱਲੋਂ ਪਰਚਾ ਪੜ੍ਹਿਆ ਜਾਵੇਗਾ।

# ਗੁਰੂ ਤੇਗ ਬਹਾਦਰ ਸਕੂਲ ਦੇ ਵਿਦਿਆਰਥੀਆਂ ਨੂੰ ਬੂਟੇ ਵੰਡੇ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਗੁਰੂ ਤੇਗ ਬਹਾਦਰ ਪਬਲਿਕ ਸਕੂਲ ਦੀ ਪ੍ਰਬੰਧਕ ਕਮੇਟੀ ਨੇ ਵਿਦਿਆਰਥੀਆਂ ਨੂੰ ਲਾਉਣ ਵਾਸਤੇ ਬੂਟੇ ਵੰਡੇ ਗਏ ਤੇ ਸਾਰੇ ਵਿਦਿਆਰਥੀਆਂ ਵੱਲੋਂ ਇਨ੍ਹਾਂ ਬੂਟਿਆਂ ਨੂੰ ਲਾ ਕੇ ਇਸ ਦੀ ਸਾਂਭ ਸੰਭਾਲ ਕਰਨ ਦਾ ਯਕੀਨ ਦਿਵਾਇਆ ਗਿਆ।ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਨਰੈਣ ਨੇ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਤੇ ਵਾਤਾਵਰਣ ਦੀ ਸ਼ੁੱਧਤਾ ਬੂਟੇ ਲਵਾਏ ਜਾ ਰਹੇ ਹਨ ਅਤੇ ਇਸ ਮੁਹਿਮ ਵਿੱਚ ਜੀਟੀਬੀਪੀ ਦਾ ਚੇਅਰਮੈਨ ਸੁਖਜੀਤ ਸਿੰਘ ਹੈਪੀ ਕਾਲੇਕਾ ਦੀ ਅਗਵਾਈ 'ਚ ਪ੍ਰਬੰਧ ਚਲਾ ਰਹੇ ਗੁਰੂ ਤੇਗ ਬਹਾਦਰ ਐਜੂਕੇਸ਼ਨ ਟਰੱਸਟ ਵੱਲੋਂ ਲਿਆਂਦੇ ਗਏ 350 ਛਾਂਦਾਰ ਬੂਟੇ ਵਿਦਿਆਰਥੀਆਂ ਨੂੰ ਵੰਡੇ ਗਏ ਹਨ।ਉਪ ਚੇਅਰਮੈਨ ਗੁਰਬਚਨ ਸਿੰਘ ਮਾਨ, ਮੈਨੇਜਰ ਗੁਰਪਿੰਦਰ ਸਿੰਘ ਕਾਲੇਕਾ, ਮੈਂਬਰ ਅਮਰਜੀਤ ਸਿੰਘ ਕਾਲੇਕਾ, ਕਰਨੈਲ ਸਿੰਘ ਸਮੇਤ ਹੋਰ ਮੈਂਬਰਾਂ ਦੀ ਮੌਜੂਦਗੀ ਵਿੱਚ ਬੂਟੇ ਲੈਣ ਮਗਰੋਂ ਸਕੂਲ ਦੇ ਵਿੱਦਿਆਰਥੀਆਂ ਨੇ ਪ੍ਰਣ ਕੀਤਾ।

# ਵਾਤਾਵਰਨ ਨੂੰ ਹਰਾ-ਭਰਾ ਕਰਨ ਲਈ ਨੌਜਵਾਨਾਂ ਪੌਦੇ ਲਗਾਏ



**ਜ਼ੀਰਾ (ਪਰਮਜੀਤ ਸਿੰਘ ਧੰਜੂ)**-ਰੁੱਖਾਂ ਦੀ ਅੰਨ੍ਹੇਵਾਹ ਕਟਾਈ ਕੀਤੇ ਜਾਣ ਕਰਕੇ ਵਾਤਾਵਰਨ ਵਿੱਚ ਆਈ ਤਪਸ਼ ਦੇ ਚਲਦਿਆਂ ਇਸ ਸਾਲ ਪਈ ਭਾਰੀ ਗਰਮੀ ਨੂੰ ਵੇਖਦੇ ਹੋਏ ਵਾਤਾਵਰਨ ਨੂੰ ਹਰਾ ਭਰਿਆ ਕਰਨ ਲਈ 'ਪੌਦੇ ਲਗਾਓ, ਪੰਜਾਬ ਬਚਾਓ' ਮੁਹਿੰਮ ਤਹਿਤ ਮੱਖੂ ਇਲਾਕੇ ਦੇ ਪਿੰਡਾਂ ਦੇ ਇਲਾਕੇ ਦੇ ਨੌਜਵਾਨਾਂ ਨਸੀਬ ਸਿੰਘ ਖ਼ਾਲਸਾ, ਗੁਰਚਰਨ ਸਿੰਘ ਲਹਿਰਾਂ, ਬੇਅੰਤ ਸੰਧੂ, ਸਰਪੰਚ ਕਾਰਜ ਸੂਦਾਂ, ਰਮਨਦੀਪ ਰਸੂਲਪੁਰ, ਗੈਰੀ ਸੂਦਾਂ, ਅਮਰਜੀਤ ਸਿੰਘ, ਰਣਜੀਤ ਸਿੰਘ ਪੋਪੀ, ਸਾਹਿਲ ਪੁਰਬਾ, ਕਰਨ ਢਿੱਲੋਂ, ਰਾਜ਼ਨ, ਮਨਪ੍ਰੀਤ ਸਿੰਘ, ਨਿਰਮਲ ਸਿੰਘ, ਬਿੱਟੂ, ਗੁਰਮੇਲ ਸਿੰਘ, ਰਣਜੀਤ ਰਾਣਾ ਤੇ ਗੁਰਜੰਟ ਸਿੰਘ ਵੱਲੋਂ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪਿੰਡਾਂ, ਕਸਬਿਆਂ ਦੀਆਂ ਮੰਡੀਆਂ, ਪਿੰਡ ਦੀਆਂ ਸੜਕਾਂ ਤੇ ਪਿੰਡਾਂ ਦੇ ਸਿਵਿਆਂ ਅਤੇ ਕਬਰਾਂ ਵਿੱਚ ਛਾਂਦਾਰ ਪੌਦੇ ਲਗਾਏ ਗਏ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾ ਕੇ ਉਨ੍ਹਾਂ ਨੂੰ ਗੁੱਜਰਾਂ ਦੇ ਪਸ਼ੂਆਂ ਤੋਂ ਬਚਾਉਣ ਅਤੇ ਉਨ੍ਹਾਂ ਦੀ ਪਰਵਰਿਸ਼ ਕਰਨ ਦੀ ਅਪੀਲ ਕੀਤੀ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਜ਼ਿਲ੍ਹਾ ਅਧਿਕਾਰੀ ਨੂੰ ਮੰਗ ਪੱਤਰ



**ਲੁਧਿਆਣਾ (ਐੱਮ ਐੱਸ ਭਾਟੀਆ)**-ਦੀ ਕਲਾਸ ਫ਼ੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ 1680 ਸੈਕਟਰ 22 ਬੀ ਚੰਡੀਗੜ੍ਹ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਤੇ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਪੰਜਾਬ ਦੀ ਸ਼ਾਖਾ ਜ਼ਿਲ੍ਹਾ ਲੁਧਿਆਣਾ ਵੱਲੋਂ ਚਰਨ ਸਿੰਘ ਸਰਾਭਾ, ਗੁਰਮੇਲ ਸਿੰਘ ਮੈਲਡੇ, ਵਿਨੋਦ ਕੁਮਾਰ, ਸੁਰਿੰਦਰ ਸਿੰਘ ਬੈਂਸ, ਮਲਕੀਤ ਸਿੰਘ ਮਾਲੜਾ, ਟਹਿਲ ਸਿੰਘ ਸਰਾਭਾ, ਰਣਜੀਤ ਸਿੰਘ ਮੁਲਾਂਪੁਰ, ਪਰਮਜੀਤ ਸਿੰਘ, ਬਲਵੀਰ ਸਿੰਘ, ਅਸ਼ੋਕ ਕੁਮਾਰ ਮੱਟੂ, ਮਾਤਾ ਪ੍ਰਸ਼ਾਦ, ਜੀਤ ਸਿੰਘ, ਲਾਭ ਸਿੰਘ, ਸ਼ਾਦੀ ਰਾਮ ਦੀ ਅਗਵਾਈ ਹੇਠ ਦਰਜਾ ਚਾਰ ਕਰਮਚਾਰੀਆਂ ਤੇ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਪੰਜਾਬ ਦੀਆਂ ਮੰਗਾਂ ਦਾ ਮੰਗ ਪੱਤਰ ਜ਼ਿਲ੍ਹਾ ਅਧਿਕਾਰੀ ਨੂੰ ਦਿੱਤਾ ਗਿਆ, ਜਿਸ ਵਿੱਚ ਮੰਗ ਕੀਤੀ ਗਈ ਕਿ ਵੱਖ ਵੱਖ ਵਿਭਾਗਾਂ ਵਿੱਚ ਕੰਮ ਕਰਦੇ ਕਰਮਚਾਰੀਆਂ ਨੂੰ ਪੱਕਾ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, ਪੇ ਕਮਿਸ਼ਨ ਦਾ ਬਕਾਇਆ ਦਿੱਤਾ ਜਾਵੇ, ਡੀ ਏ ਦੀਆਂ ਕਿਸ਼ਤਾਂ ਤੇ ਬਕਾਇਆ ਦਿੱਤਾ ਜਾਵੇ, ਕੱਟੇ ਗਏ ਭੱਤੇ ਬਹਾਲ ਕੀਤੇ ਜਾਣ, 4-9-14 ਏ ਸੀ ਪੀ ਬਹਾਲ ਕੀਤੀ ਜਾਵੇ, ਆਸ਼ਾ ਵਰਕਰਾਂ, ਮਿਡ ਡੇ ਮੀਲ ਵਰਕਰਾਂ ਤੇ ਸਕੀਮ ਵਰਕਰਾਂ ਨੂੰ ਘੱਟੋ ਘੱਟ 26000 ਰੁਪਏ ਪ੍ਰਤੀ ਮਹੀਨਾ ਤਨਖਾਹ ਦਿੱਤੀ ਜਾਵੇ, ਸਰਕਾਰੀ ਕਾਲਜ ਵਿੱਚ ਲੰਮੇ ਸਮੇਂ ਤੋਂ ਕੰਮ ਕਰਦੇ ਦਰਜਾ ਤਿੰਨ ਤੇ ਦਰਜਾ ਚਾਰ ਕਰਮਚਾਰੀਆਂ ਨੂੰ ਪੱਕਾ ਕੀਤਾ ਜਾਵੇ, ਮੈਡੀਕਲ ਭੱਤਾ 2500 ਰੁਪਏ ਕੀਤਾ ਜਾਵੇ ਆਦਿ ਮੰਗਾਂ ਦਾ ਮੰਗ ਪੱਤਰ ਦਿੱਤਾ ਗਿਆ।ਇਸ ਮੌਕੇ ਰਕੇਸ਼ ਕੁਮਾਰ ਸੁੰਢਾ, ਸ਼ਿਗਾਰਾ ਸਿੰਘ, ਕਾਂਸ਼ੀ ਰਾਮ, ਰਾਜ ਕੁਮਾਰ, ਜੈਵੀਰ, ਮੰਗਤ ਰਾਮ, ਹੌਸਲਾ ਪ੍ਰਸ਼ਾਦ, ਸੁਰਿੰਦਰ ਪਾਲ ਸਿੰਘ, ਜਗਤਾਰ ਸਿੰਘ, ਜਗਜੀਤ ਰਾਏ, ਸੁਰੇਸ਼ ਕੁਮਾਰ, ਰਾਜ ਨਾਥ, ਮੋਹਨ ਸਿੰਘ, ਹਰਮੇਸ਼ ਲਾਲ, ਮੇਵਾ ਸਿੰਘ, ਬੁੱਧ ਰਾਮ, ਗੰਗਾ ਰਾਮ, ਰਾਹੁਲ ਕੁਮਾਰ, ਸੁਭਾਸ਼ ਕੁਮਾਰ, ਅਜੀਤ ਸਿੰਘ, ਸੁਖਮਿੰਦਰ ਸਿੰਘ, ਸ਼ਨੀ ਕੁਮਾਰ, ਲਵਦੀਪ ਸਿੰਘ ਨੇ ਵੀ ਸੰਬੋਧਨ ਕੀਤਾ।

# 77 ਸਾਲ ਬੀਤ ਜਾਣ 'ਤੇ ਦੇਸ਼ 'ਚ ਗਰੀਬੀ, ਭੁੱਖਮਰੀ ਤੇ ਲਾਚਾਰੀ ਜਿਉਂ ਦੀ ਤਿਉਂ



**ਦੋਰਾਹਾ (ਹਰਮਿੰਦਰ ਸੇਠ)**-ਦੇਸ਼ ਦੀ ਅਜ਼ਾਦੀ ਦੇ 78ਵੇਂ ਦਿਵਸ ਉੱਪਰ ਭਾਰਤੀ ਮਾਰਕਸਵਾਦੀ ਕਮਿਊਨਿਸਟ ਪਾਰਟੀ (ਯੂਨਾਈਟਡ) ਦੀ ਜ਼ਿਲ੍ਹਾ ਕਮੇਟੀ ਦਾ ਕਾ: ਪਰਮਜੀਤ ਸਿੰਘ ਦੀ ਪ੍ਰਧਾਨਗੀ ਹੇਠ ਮੀਟਿੰਗ ਦਾ ਆਯੋਜਨ ਕੀਤਾ ਗਿਆ। ਮੀਟਿੰਗ ਦੇ ਸ਼ੁਰੂ ਵਿੱਚ ਦੇਸ਼ ਦੀ ਅਜ਼ਾਦੀ ਲਈ ਸ਼ਹੀਦ ਹੋਏ ਸਾਥੀਆਂ ਅਤੇ 1947 ਵਿੱਚ ਦੇਸ਼ ਦੀ ਵੰਡ ਸਮੇਂ ਮਾਰੇ ਗਏ ਲੱਖਾਂ ਬੇਕਸੂਰਾਂ ਅਤੇ ਗੋਆ ਦੇ ਮਹਾਨ ਸ਼ਹੀਦ ਕਰਨੈਲ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਐਮ ਸੀ ਪੀ ਆਈ (ਯੂ) ਦੇ ਕੌਮੀ ਜਨਰਲ ਸਕੱਤਰ ਕਾ. ਕੁਲਦੀਪ ਸਿੰਘ ਨੇ ਦੇਸ਼ ਦੀ ਅਜ਼ਾਦੀ ਲਈ ਕੀਤੇ ਗਏ ਸੰਘਰਸ਼ ਦੀ ਵਿਆਖਿਆ ਕਰਦਿਆਂ ਕਿਹਾ ਕਿ ਅਜ਼ਾਦੀ ਦੇ ਸੰਘਰਸ਼ ਦਾ ਮੁੱਢ 1857 ਦੇ ਗਦਰ ਤੋਂ ਬੰਨ੍ਹਿਆ ਗਿਆ ਜਦੋਂ ਫੌਜ ਅੰਦਰ ਬਗਾਵਤ ਹੋਈ। ਫਿਰ ਗਦਰ ਪਾਰਟੀ ਦਾ ਗਠਨ ਕਰਕੇ ਬਕਾਇਦਾ ਅਜ਼ਾਦੀ ਦਾ ਸੰਘਰਸ਼ ਸ਼ੁਰੂ ਹੋਇਆ। ਸ਼ਹੀਦ ਕਰਤਾਰ ਸਿੰਘ ਸਰਾਭਾ ਸਮੇਤ ਅਨੇਕਾਂ ਅਜ਼ਾਦੀ ਦੇ ਪਰਵਾਨੇ ਸ਼ਹੀਦੀਆਂ ਪ੍ਰਾਪਤ ਕਰ ਗਏ। ਅੰਗਰੇਜ਼ ਸਾਮਰਾਜਵਾਦੀਆਂ ਨੇ 1947 ਵਿੱਚ ਭਾਰਤ ਦੀ ਦੋ ਦੇਸ਼ਾਂ ਭਾਰਤ ਅਤੇ ਪਾਕਿਸਤਾਨ ਵਿੱਚ ਵੰਡ ਕਰਕੇ ਭਾਰਤ ਦੀ ਸੱਤਾ ਦੇਸ਼ ਦੇ ਸਰਮਾਏਦਾਰਾਂ ਅਤੇ ਲੈਂਡਲਾਰਡ ਜਮਾਤਾਂ ਦੇ ਗੱਠਜੋੜ ਜਿਸਦੀ ਅਗਵਾਈ ਵੱਡੀ ਸਰਮਾਏਦਾਰੀ ਦੇ ਹੱਥ ਵਿੱਚ ਸੀ, ਨੂੰ ਸੌਂਪ ਕੇ 15 ਅਗਸਤ ਨੂੰ ਅਜ਼ਾਦੀ ਦੀ ਘੋਸ਼ਣਾ ਕਰ ਦਿੱਤੀ ਜਿਸ ਦੀ ਕੀਮਤ ਲੱਖਾਂ ਬੇਕਸੂਰਾਂ ਦੀ ਵੱਡ ਟੁੱਕ ਵਿੱਚ ਚੁਕਾਉਣੀ ਪਈ।

ਅੱਜ ਅਜ਼ਾਦੀ ਦੇ 77 ਸਾਲ ਬਾਅਦ ਵੀ ਆਮ ਲੋਕਾਂ, ਮਜ਼ਦੂਰਾਂ ਤੇ ਕਿਸਾਨਾਂ ਦੇ ਆਮ ਜੀਵਨ ਵਿੱਚ ਕੋਈ ਸੁਧਾਰ ਨਹੀ ਹੋਇਆ, ਭੁੱਖ ਨੰਗ, ਗਰੀਬੀ, ਮਹਿੰਗਾਈ ਤੇ ਬੇਰੁਜ਼ਗਾਰੀ ਲਗਾਤਾਰ ਵਧਦੀ ਜਾ ਰਹੀ ਹੈ। ਸੂਬਾ ਸੱਕਤਰ ਪਵਨ ਕੁਮਾਰ ਕੌਸ਼ਲ ਨੇ ਕਿਹਾ ਕਿ ਮਿਲੀ ਇਸ ਅਧੂਰੀ ਅਜ਼ਾਦੀ ਤੋਂ ਬਾਅਦ ਅੱਜ ਵੀ ਦੇਸ਼ ਅੰਦਰ ਫਿਰਕੂ ਫਸਾਦ ਹੋ ਰਹੇ ਹਨ, ਖਾਸ ਕਰਕੇ 2014 ਤੋਂ ਜਦੋਂ ਤੋਂ ਮੌਜੂਦਾ ਹਾਕਮ ਜਮਾਤ ਨੇ ਸੱਤਾ ਸੰਭਾਲੀ ਹੈ, ਇਹ ਰਾਜ ਹੀ ਇਸ ਦੇ ਸਹਾਰੇ ਹੀ ਚਲਾ ਰਹੀ ਹੈ। ਮਿਹਨਤਕਸ਼ ਲੋਕਾਂ ਦੇ ਮਨੁੱਖੀ ਅਧਿਕਾਰਾਂ ਨੂੰ ਲਗਾਤਾਰ ਖੋਹਿਆ ਜਾ ਰਿਹਾ ਹੈ। ਜਿਲ੍ਹਾ ਸਕੱਤਰ ਸੁਖਦੇਵ ਸਿੰਘ ਨੇ ਵੀ ਆਪਣੇ ਵਿਚਾਰ ਰੱਖੇ। ਚਰਚਾ ਵਿੱਚ ਕਾ. ਸੋਮਨਾਥ ਘਲੋਟੀ ਨੇ ਅੱਤਵਾਦ ਦੇ ਦੌਰ ਸਮੇਂ ਗੁਜ਼ਾਰੇ ਆਪਣੇ ਦਿਨਾਂ ਬਾਰੇ ਚਾਨਣਾ ਪਾਇਆ। ਪ੍ਰਵੀਨ ਕੌਸ਼ਲ, ਜੋਗਿੰਦਰ ਸਿੰਘ, ਸੁਰਜੀਤ ਸੋਮਲਖੇੜੀ ਅਤੇ ਜਨਦੀਪ ਕੌਸ਼ਲ ਨੇ ਵੀ ਭਾਗ ਲਿਆ।

# ਸੈਕੰਡਰੀ ਸਕੂਲ ਝੋਰੜਾਂ ਦੇ ਵਿਦਿਆਰਥੀਆਂ ਨੇ ਖੇਡਾਂ ਤੇ ਗੁਰਮਤਿ ਸਮਾਗਮ 'ਚ ਮੱਲਾਂ ਮਾਰੀਆਂ



**ਹਠੂਰ (ਨਛੱਤਰ ਸੰਧੂ)**-ਜ਼ੋਨਲ ਪੱਧਰ ਦੇ ਮੁਕਾਬਲੇ ਸੋਭਾ ਸਿੰਘ ਪਬਲਿਕ ਸਕੂਲ ਰਾਏਕੋਟ ਵਿਖੇ ਕਰਵਾਏ ਗਏ। ਜਿਸ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਝੋਰੜਾਂ ਦੇ ਵਿਦਿਆਰਥੀਆਂ ਨੇ ਕਬੱਡੀ ਮੈਚ ਅੰਡਰ-19 ਵਿੱਚ ਭਾਗ ਲਿਆ ਅਤੇ ਜ਼ੋਨਲ ਪੱਧਰ ਵਿੱਚੋਂ ਦੂਸਰਾ ਸਥਾਨ ਹਾਸਲ ਕੀਤਾ। ਸਰਕਾਰੀ ਸਕੂਲ ਝੋਰੜਾਂ ਦੇ ਤਿੰਨ ਵਿਦਿਆਰਥੀ ਦਿਲਪ੍ਰੀਤ ਸਿੰਘ, ਸੁਖਮੰਦਰ ਸਿੰਘ ਅਤੇ ਜਕਸੀਰ ਸਿੰਘ ਨੂੰ ਜ਼ਿਲ੍ਹਾ ਪੱਧਰ 'ਤੇ ਖੇਡੇ ਜਾਣ ਵਾਲੇ ਅੰਡਰ-19 ਦੀ ਟੀਮ ਲਈ ਚੁਣਿਆ ਗਿਆ। ਇਸ ਦੇ ਨਾਲ ਜੀ.ਐਚ.ਜੀ ਅਕੈਡਮੀ ਜਗਰਾਓਂ ਵਿੱਚ ਕਰਵਾਏ ਗਏ ਗੁਰਮਿਤ ਸਮਾਗਮ ਵਿੱਚ ਵੀ ਵਿਦਿਆਰਥੀਆਂ ਨੇ ਭਾਗ ਲਿਆ। ਵੱਖ-ਵੱਖ ਪਿੰਡਾਂ ਦੇ ਵਿਦਿਆਰਥੀਆਂ ਨੇ ਮੁਕਾਬਲੇ ਵਿੱਚ ਹਿੱਸਾ ਲਿਆ, ਜਿਸ ਵਿੱਚ ਏਕਮ ਸਿੰਘ ਨੇ ਪਹਿਲਾ ਸਥਾਨ ਅਤੇ ਅਰਨਵੀਰ ਸਿੰਘ ਨੇ ਦੂਸਰਾ ਸਥਾਨ ਹਾਸਲ ਕੀਤਾ ਅਤੇ ਪ੍ਰਭਜੋਤ ਕੌਰ, ਬੇਅੰਤ ਕੌਰ, ਸੁਖਦੀਪ ਕੌਰ, ਮਨਵੀਰ ਸਿੰਘ ਮੁਕਾਬਲੇ ਜਿੱਤ ਕੇ ਸੈਮੀ ਫਾਈਨਲ ਵਿੱਚ ਪੁੱਜੇ। ਸਕੂਲ ਦੇ ਸਮੂਹ ਸਟਾਫ ਦੁਆਰਾ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ ਗਈ।

# ਨਸ਼ੇ ਦੀ ਓਵਰਡੋਜ਼ ਨਾਲ ਨੌਜਵਾਨ ਦੀ ਮੌਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੀ ਬਸਤੀ ਸ਼ੇਖਾਂ ਵਾਲੀ ਵਿਖੇ ਨਸ਼ੇ ਦੀ ਓਵਰਡੋਜ਼ ਨਾਲ ਇੱਕ ਨੌਜਵਾਨ ਦੀ ਮੌਤ ਹੋਣ ਦੀ ਸੂਚਨਾ ਮਿਲੀ ਹੈ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਦੋ ਵਿਅਕਤੀਆਂ ਖਿਲਾਫ 105, 3 (5) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਕਾਜਲ ਪਤਨੀ ਰਾਹੁਲ ਵਾਸੀ ਬਸਤੀ ਸ਼ੇਖਾਂ ਵਾਲੀ ਨੇ ਦੱਸਿਆ ਕਿ ਉਸ ਦਾ ਵਿਆਹ ਰਾਹੁਲ ਨਾਲ ਕਰੀਬ 8 ਮਹੀਨੇ ਪਹਿਲਾਂ ਹੋਇਆ ਸੀ, ਜੋ ਰਾਹੁਲ 5 ਸਾਲਾਂ ਤੋਂ ਨਸ਼ੇ ਦਾ ਆਦੀ ਹੋ ਗਿਆ ਸੀ ਤੇ ਦੋਸ਼ੀਆਨ ਕੰਬੀ ਪੁੱਤਰ ਭੋਲਾ ਤੇ ਨਿਸ਼ਾ ਪਤਨੀ ਕੰਬੀ ਦਾ ਘਰ ਉਸ ਦੇ ਘਰ ਦੇ ਨਾਲ ਹੈ, ਜਿਥੋਂ ਰਾਹੁਲ ਨਸ਼ਾ ਲਿਆ ਕੇ ਪੀਂਦਾ ਸੀ, ਜਿਸ ਨੂੰ ਉਸ ਨੇ ਕਈ ਵਾਰ ਰੋਕਿਆ, ਪਰ ਇਹ ਨਹੀਂ ਰੁਕਿਆ। ਬੀਤੀ 13 ਅਗਸਤ 2024 ਨੂੰ ਰਾਹੁਲ ਘਰੋਂ ਚੋਰੀ 500 ਰੁਪਏ ਕੱਢ ਕੇ ਲੈ ਗਿਆ ਤੇ ਦੋਸ਼ੀਆਨ ਪਾਸੋਂ ਨਸ਼ਾ ਲਿਆ ਕੇ ਬਾਥਰੂਮ ਵਿੱਚ ਵੜ ਕੇ ਕਰਨ ਲੱਗਾ, ਜਦ ਥੋੜ੍ਹੀ ਦੇਰ ਬਾਅਦ ਬਾਹਰ ਨਿਕਲਣ ਤੇ ਉਸ ਵੱਲੋਂ ਧੱਕਾ ਮਾਰ ਕੇ ਦਰਵਾਜ਼ਾ ਖੋਲ੍ਹਿਆ ਤਾਂ ਰਾਹੁਲ ਬਾਥਰੂਮ ਵਿੱਚ ਡਿੱਗਿਆ ਪਿਆ ਸੀ, ਜਿਸ ਦੀ ਖੱਬੀ ਬਾਂਹ ਵਿਚ ਸਰਿੰਜ ਲੱਗੀ ਹੋਈ ਸੀ, ਜਿਸ ਨੂੰ ਸਵਾਰੀ ਦਾ ਪ੍ਰਬੰਧ ਕਰਕੇ ਸਿਵਲ ਹਸਪਤਾਲ ਫਿਰੋਜ਼ਪੁਰ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ ਇਸ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ। ਇਸ ਮਾਮਲੇ ਦੀ ਜਾਂਚ ਕਰ ਰਹੇ ਸਬ ਇੰਸਪੈਕਟਰ ਬਲਰਾਜ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਇਜ਼ਰਾਈਲ ਵੱਲੋਂ ਫ਼ਲਸਤੀਨੀਆਂ ਦੇ ਨਿਹੱਕੇ ਕਤਲਾਂ ਵਿਰੁੱਧ ਆਵਾਜ਼ ਉਠਾਓ : ਇਨਕਲਾਬੀ ਕੇਂਦਰ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪਿਛਲੇ ਦਸ ਮਹੀਨਿਆਂ ਤੋਂ ਵੱਧ ਸਮੇਂ ਤੋਂ ਸਾਮਰਾਜੀ ਧਾੜਵੀ ਅਮਰੀਕਾ ਦੀ ਸ਼ਹਿ 'ਤੇ ਇਜ਼ਰਾਈਲ ਵੱਲੋਂ ਫ਼ਲਸਤੀਨੀ ਲੋਕਾਂ ਖਿਲਾਫ਼ ਨਿਹੱਕੀ ਜੰਗ ਛੇੜੀ ਹੋਈ ਹੈ। ਤਾਜ਼ਾ ਹਮਲਿਆਂ ਵਿੱਚ ਗਾਜ਼ਾ ਸ਼ਹਿਰ ਦੇ ਅਲਤਾਬਿਨ ਸਕੂਲ ਨੂੰ ਨਿਸ਼ਾਨਾ ਬਣਾਉਂਦਿਆਂ ਸਕੂਲ 'ਤੇ ਬੰਬ ਸੁੱਟ ਕੇ 80 ਔਰਤਾਂ ਤੇ ਬੱਚਿਆਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਹੈ। ਇਸੇ ਹੀ ਤਰ੍ਹਾਂ ਨਮਾਜ਼ ਪੜ੍ਹਦੇ ਸੈਂਕੜੇ ਫਲਸਤੀਨੀ ਮਾਰ ਮੁਕਾ ਦਿੱਤੇ ਹਨ। ਇਜ਼ਰਾਈਲੀ ਹਾਕਮਾਂ ਦੀ ਇਸ ਬਰਬਰਤਾ ਬਾਰੇ ਪ੍ਰਤੀਕਰਮ ਦਿੰਦਿਆਂ ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਨਰਾਇਣ ਦੱਤ ਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਕਿਹਾ ਕਿ 9 ਅਗਸਤ 2024 ਤੱਕ ਇਜ਼ਰਾਈਲ-ਹਮਾਸ ਯੁੱਧ ਵਿੱਚ 41 ਹਜ਼ਾਰ ਤੋਂ ਵਧੇਰੇ ਲੋਕ (39,677 ਫਲਸਤੀਨੀ ਤੇ 1,478 ਇਜ਼ਰਾਈਲੀ) ਮਾਰੇ ਗਏ ਹਨ, ਜਿਨ੍ਹਾਂ ਵਿੱਚ 113 ਪੱਤਰਕਾਰ (108 ਫਲਸਤੀਨੀ, 2 ਇਜ਼ਰਾਈਲੀ ਤੇ 3 ਲੈਬਨਾਨੀ) ਤੇ 224 ਤੋਂ ਵੱਧ ਮਾਨਵਤਾਵਾਦੀ ਸਹਾਇਤਾ ਕਰਮਚਾਰੀ ਸ਼ਾਮਲ ਹਨ। ਬ੍ਰਿਟਿਸ਼ ਮੈਡੀਕਲ ਜਰਨਲ ਦਿ ਲੈਂਸੇਟ ਨੇ ਇੱਕ ਦੁਖਦਾਈ ਚੇਤਾਵਨੀ ਜਾਰੀ ਕੀਤੀ ਹੈ ਕਿ ਗਾਜ਼ਾ ਸੰਘਰਸ਼ ਦੀ ਅਸਲ ਮੌਤਾਂ ਦੀ ਗਿਣਤੀ 1 ਲੱਖ 86 ਹਜ਼ਾਰ ਤੋਂ ਵੱਧ ਹੋ ਸਕਦੀ ਹੈ, ਜੋ ਗਾਜ਼ਾ ਦੀ ਆਬਾਦੀ ਦਾ 8 ਫੀਸਦੀ ਹੈ। ਇਹ ਇਜ਼ਰਾਈਲੀ ਜਿਉਣਵਾਦੀ ਹਾਕਮਾਂ ਦੀ ਬਰਬਰਤਾ ਵੱਲੋਂ ਮਿੱਥ ਕੇ ਕੀਤਾ ਜਾ ਰਿਹਾ ਨੰਗਾ ਚਿੱਟਾ ਵਹਿਸ਼ੀ ਕਾਰਨਾਮਾ ਹੈ। ਇਜ਼ਰਾਈਲੀ ਹਾਕਮਾਂ ਨੂੰ ਸੰਸਾਰ ਦਾ ਸਭ ਤੋਂ ਵੱਡਾ ਮਨੁੱਖਤਾ ਦਾ ਸਭ ਤੋਂ ਵੱਡਾ ਕਾਤਲ ਸਾਮਰਾਜੀ ਭੇੜੀਆ ਅਮਰੀਕਾ ਨੰਗੀ ਚਿੱਟੀ ਸ਼ਹਿ ਦੇ ਕੇ 3.8 ਬਿਲੀਅਨ ਡਾਲਰਾਂ ਦੀ ਫੌਜੀ ਸਹਾਇਤਾ ਤੇ ਮਨੁੱਖਤਾ ਘਾਤੀ ਅਤਿ ਆਧੁਨਿਕ ਫੌਜੀ ਮਸ਼ੀਨਰੀ ਵੇਚ ਕੇ ਅਰਬਾਂ-ਖਰਬਾਂ ਡਾਲਰਾਂ ਦੇ ਮੁਨਾਫ਼ੇ ਕਮਾ ਰਿਹਾ ਹੈ। ਭਾਰਤੀ ਹਾਕਮ ਵੀ ਫੋਕੀ ਅਮਨ ਅਮਨ ਦੀ ਬੂ-ਦੁਹਾਈ ਪਾ ਰਹੇ ਹਨ। ਹਕੀਕਤ ਵਿੱਚ ਇਜ਼ਰਾਈਲੀ ਹਾਕਮਾਂ ਵੱਲੋਂ ਫਲਸਤੀਨੀ ਲੋਕਾਂ ਦੀ ਕੀਤੀ ਜਾ ਰਹੀ ਨਸਲਕੁਸ਼ੀ ਦੀ ਪਿੱਠ ਠੋਕ ਰਹੇ ਹਨ। ਪਾਣੀ, ਬਿਜਲੀ, ਇਲਾਜ ਲਈ ਦਵਾਈਆਂ ਤੇ ਲੋੜੀਂਦੀਆਂ ਮਨੁੱਖੀ ਲੋੜਾਂ ਤੋਂ ਵਿਰਵੇ ਰੱਖ ਕੇ ਫ਼ਲਸਤੀਨੀ ਲੋਕਾਂ ਨੂੰ ਤਿਲ-ਤਿਲ ਮਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ। ਫਲਸਤੀਨ ਦੀ 90 ਵਸੋਂ ਨੂੰ ਘਰੋਂ ਉਜਾੜ ਦਿੱਤਾ ਗਿਆ ਹੈ। 500 ਸਕੂਲਾਂ (80 ਫੀਸਦੀ) ਨੂੰ ਤਬਾਹ ਕਰ ਦਿੱਤਾ ਹੈ। ਇਸੇ ਹੀ ਤਰ੍ਹਾਂ ਗਾਜ਼ਾ ਦੇ ਸਭ ਤੋਂ ਵੱਡੇ ਹਸਪਤਾਲ ਅਲ-ਸ਼ਿਫਾ ਸਮੇਤ 37 ਹਸਪਤਾਲਾਂ ਨੂੰ ਮਲੀਆ-ਮੇਟ ਕਰ ਦਿੱਤਾ ਹੈ।

ਉਜਾੜੇ ਗਏ ਇਹ ਸਕੂਲ ਤੇ ਹਸਪਤਾਲ ਫਲਸਤੀਨੀ ਲੋਕਾਂ ਲਈ ਸ਼ਰਨਾਰਥੀ ਕੈਂਪਾਂ ਵਜੋਂ ਵਰਤੇ ਜਾ ਰਹੇ ਹਨ। ਅਜਿਹਾ ਕਰਨਾ ਮਨੁੱਖੀ ਜ਼ਿੰਦਗੀ ਜਿਉਣ ਦੇ ਮੁੱਢਲੇ ਹੱਕਾਂ ਉੱਪਰ ਹਮਲਾ ਤੇ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਹੈ। ਸੰਸਾਰ ਭਰ ਦੇ ਲੋਕਾਂ ਵੱਲੋਂ 'ਫ਼ਲਸਤੀਨੀ ਲੋਕਾਂ ਖਿਲਾਫ਼ ਨਿਹੱਕੀ ਜੰਗ ਬੰਦ ਕਰੋ', 'ਫ਼ਲਸਤੀਨ ਨੂੰ ਆਜ਼ਾਦ ਕਰੋ', 'ਫ਼ਲਸਤੀਨ ਵਿੱਚੋਂ ਇਜ਼ਰਾਈਲੀ ਫੌਜਾਂ ਬਾਹਰ ਕੱਢੋ' ਆਦਿ ਅਕਾਸ਼ ਗੁੰਜਾਊ ਨਾਹਰੇ ਲਗਾਏ ਜਾ ਰਹੇ ਹਨ। ਇਨਕਲਾਬੀ ਕੇਂਦਰ ਦੇ ਆਗੂਆਂ ਮੁਖਤਿਆਰ ਸਿੰਘ ਪੂਹਲਾ, ਜਸਵੰਤ ਸਿੰਘ ਜੀਰਖ ਤੇ ਜਗਜੀਤ ਸਿੰਘ ਲਹਿਰਾ ਮੁਹੱਬਤ ਨੇ ਇਜ਼ਰਾਈਲ ਵੱਲੋਂ ਫ਼ਲਸਤੀਨੀ ਲੋਕਾਂ ਉੱਪਰ ਥੋਪੀ ਨਿਹੱਕੀ ਜੰਗ ਰੋਕਣ ਲਈ ਸਖ਼ਤ ਕਦਮ ਚੁੱਕਣ ਤੇ ਇਸ ਨੂੰ ਬੰਦ ਕਰਨ ਦੀ ਮੰਗ ਕਰਦਿਆਂ ਫ਼ਲਸਤੀਨੀ ਲੋਕਾਂ ਦੀ ਨਸਲਕੁਸ਼ੀ ਬੰਦ ਕਰਵਾਉਣ ਲਈ ਧਾੜਵੀਆਂ ਨੇਤਨਯਾਹੂ ਤੇ ਬਾਇਡਨ ਖਿਲਾਫ਼ ਆਵਾਜ਼ ਬੁਲੰਦ ਕਰਨ ਦਾ ਸੱਦਾ ਦਿੱਤਾ।

# ਮੁਫ਼ਤ ਮੈਗਾ ਸਿਹਤ ਜਾਂਚ ਕੈਂਪ ਅੱਜ

**ਫ਼ਰੀਦਕੋਟ, (ਗੁਰਪ੍ਰੀਤ ਸਿੰਘ ਬੇਦੀ)**

ਰੋਟਰੀ ਕਲੱਬ, ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਤੇ ਦਸਮੇਸ਼ ਇੰਸਟੀਚਿਊਟ ਐਂਡ ਰਿਸਰਚ ਤੇ ਡੈਂਟਲ ਸਾਇੰਸਜ਼ ਵੱਲੋਂ ਗੁਰਦੁਆਰਾ ਸਾਹਿਬ ਨਾਨਕਸਰ ਬਸਤੀ ਫ਼ਿਰੋਜ਼ਪੁਰ ਰੋਡ ਨੇੜੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ 17 ਅਗਸਤ ਨੂੰ ਸਵੇਰੇ 9 ਤੋਂ ਦੁਪਹਿਰ 2 ਵਜੇ ਤੱਕ ਮੁਫ਼ਤ ਮੈਗਾ ਸਿਹਤ ਜਾਂਚ ਕੈਂਪ ਲਾਇਆ ਜਾ ਰਿਹਾ ਹੈ। ਸਮਾਜ ਸੇਵੀ ਜਸਵਿੰਦਰ ਸਿੰਘ ਜੱਸਾ ਨੇ ਦੱਸਿਆ ਕਿ ਕੈਂਪ 'ਚ ਮੈਮੋਗ੍ਰਾਫ਼ੀ ਟੈਸਟ, ਕੰਨ, ਨੱਕ, ਗਲੇ ਦੇ ਮਾਹਰ, ਬੱਚੇਦਾਨੀ ਦੀ ਜਾਂਚ ਲਈ ਪੇਪ ਸਮੀਅਰ ਟੈਸਟ, ਗਦੂਦਾਂ ਦੀ ਜਾਂਚ ਲਈ ਪੀ.ਐਸ.ਏ. ਟੈਸਟ, ਅੱਖਾਂ ਦੇ ਮਾਹਰ ਅਤੇ ਮੈਡੀਸਨ ਦੇ ਮਾਹਰ, ਹੱਡੀਆਂ ਦੇ ਮਾਹਰ, ਬੱਚਿਆਂ ਦੇ ਤੇ ਚਮੜੀ ਰੋਗ ਦੇ ਮਾਹਿਰ, ਸਰਜਰੀ ਤੇ ਕੈਂਸਰ ਰੋਗਾਂ ਦੇ ਮਾਹਰ ਡਾਕਟਰ ਮਰੀਜ਼ਾਂ ਦੀ ਜਾਂਚ ਕਰਨਗੇ ਅਤੇ ਲੋੜਵੰਦਾਂ ਨੂੰ ਦਵਾਈਆਂ ਰੋਟਰੀ ਕਲੱਬ ਵੱਲੋਂ ਮੁਫ਼ਤ ਦਿੱਤੀਆਂ ਜਾਣਗੀਆਂ।

# ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਮੀਟਿੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ (ਜੇ.ਪੀ .ਐਮ.ਓ ) ਵੱਲੋਂ ਸੁਰਿੰਦਰ ਸਿੰਘ ਕਨਵੀਨਰ, ਕਿਸ਼ਨ ਚੰਦ ਜਾਗੋਵਾਲੀਆ ਕਨਵੀਨਰ ਦੀ ਪ੍ਰਧਾਨਗੀ ਹੇਠ ਨਾਰਦਰਨ ਰੇਲਵੇ ਮੈਨਜ਼ ਦਫਤਰ ਫਿਰੋਜ਼ਪੁਰ ਵਿਖੇ ਮੀਟਿੰਗ ਕੀਤੀ।ਮੀਟਿੰਗ ਵਿੱਚ ਵੱਖ-ਵੱਖ ਅਦਾਰਿਆਂ ਤੋਂ ਮੁਲਾਜ਼ਮ ਅਤੇ ਪੈਨਸ਼ਨਰ ਸ਼ਾਮਲ ਹੋਏ।ਮੀਟਿੰਗ ਵਿੱਚ ਸੀਟੀਯੂ ਦੇ ਉਪ ਪ੍ਰਧਾਨ ਕਾਮਰੇਡ ਮੰਗਤ ਰਾਮ ਪਾਸਲਾ ਉਚੇਚੇ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ ਕਾਮਰੇਡ ਮੰਗਤ ਰਾਮ ਪਾਸਲਾ ਨੇ ਕਿਹਾ ਕਿ ਕੇਂਦਰ ਤੇ ਰਾਜ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਵੱਧ ਰਹੀ ਮਹਿੰਗਾਈ, ਬੇਰੁਜ਼ਗਾਰੀ ਕਾਰਨ ਗਰੀਬ ਲੋਕਾਂ ਦੇ ਚੁੱਲੇ ਠੰਢੇ ਹੋ ਰਹੇ ਹਨ, ਬੇਰੁਜ਼ਗਾਰੀ ਕਾਰਨ ਪੜ੍ਹੇ ਲਿਖੇ ਨੌਜਵਾਨ ਦਰ-ਦਰ ਦੀਆਂ ਠੋਕਰਾਂ ਖਾ ਰਹੇ।ਉਨ੍ਹਾਂ ਕਿਹਾ ਕਿ ਮਹਿੰਗਾਈ, ਬੇਰੁਜ਼ਗਾਰੀ ਨੂੰ ਰੋਕਣ ਲਈ ਸਮੁੱਚੀਆਂ ਜਨਤਕ ਜਥੇਬੰਦੀਆਂ ਨੂੰ ਇਕ ਪਲੇਟਫਾਰਮ 'ਤੇ ਇਕੱਠੇ ਹੋ ਸੰਘਰਸ਼ ਕਰਨਾ ਪਵੇਗਾ।ਇਸ ਸਮੇਂ ਜੇਪੀਐੱਮਓ ਦੇ ਕਨਵੀਨਰ ਸੁਰਿੰਦਰ ਸਿੰਘ ਨੇ ਕਿਹਾ ਕਿ ਅਗਲੇ ਸੰਘਰਸ਼ਾਂ ਦੀ ਤਿਆਰੀ ਲਈ 23 ਅਗਸਤ ਨੂੰ 4 ਵਜੇ ਨੋਰਦਰਨ ਰੇਲਵੇ ਮੈਨਜ਼ ਯੂਨੀਅਨ ਦਫਤਰ ਫਿਰੋਜ਼ਪੁਰ ਵਿਖੇ ਮੀਟਿੰਗ ਕੀਤੀ ਜਾਵੇਗੀ।ਉਨ੍ਹਾਂ ਸਾਰੀਆਂ ਜਨਤਕ ਜਥੇਬੰਦੀਆਂ ਦੇ ਆਗੂਆਂ ਨੂੰ ਮੀਟਿੰਗ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।ਇਸ ਮੀਟਿੰਗ ਵਿੱਚ ਆਲ ਇੰਪਲਾਈਜ਼ ਕੋਆਰਡੀਨੇਸ਼ਨ ਕਮੇਟੀ ਫਿਰੋਜ਼ਪੁਰ ਦੇ ਪ੍ਰਧਾਨ ਸੁਭਾਸ਼ ਸ਼ਰਮਾ, ਐੱਨ ਆਰ ਐੱਮ ਯੂ ਦੇ ਸੈਂਟਰ ਕਮੇਟੀ ਮੈਂਬਰਾਂ ਪ੍ਰਵੀਨ ਕੁਮਾਰ, ਮਹਿੰਦਰ ਸਿੰਘ ਧਾਲੀਵਾਲ, ਰਾਜੀਵ ਹਾਂਡਾ, ਡਾਕਟਰ ਪ੍ਰਦੀਪ ਰਾਣਾ, ਜਗਜੀਤ ਸਿੰਘ, ਪ੍ਰਤਾਪ ਸਿੰਘ ਢਿੱਲੋਂ, ਅਰਜਨ ਪਾਸੀ ,ਪਦਮ ਕੁਮਾਰ, ਰਾਜਬੀਰ ਸਿੰਘ, ਅਨਿਲ ਬਜਰੰਗੀ, ਬਲਬੀਰ ਸਿੰਘ ਗੋਖੀਵਾਲਾ, ਪ੍ਰਿਤਪਾਲ ਸਿੰਘ, ਸਮਰਜੀਤ ਸਿੰਘ ਸ਼ਾਮਲ ਹੋਏ।

# ਸਕੂਲ ਆਫ ਐਮੀਨੈਂਸ ਦੇ ਬੱਚਿਆਂ ਲਈ ਮੁਫਤ ਬੱਸ ਸੇਵਾ ਸ਼ੁਰੂ

## ■ ਨਗਰ ਪੰਚਾਇਤ ਪ੍ਰਧਾਨ ਨੇ ਬੱਸ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ



**ਮਮਦੋਟ (ਹਰਪਾਲ ਸਿੰਘ ਸੋਢੀ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਲਿਆਂਦੀ ਜਾ ਰਹੀ ਨਵੀਂ ਕ੍ਰਾਂਤੀ ਦੀ ਲੜੀ ਤਹਿਤ ਐਡਵੋਕੇਟ ਰਜਨੀਸ਼ ਦਹੀਆ ਐੱਮ ਐੱਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਦੀ ਰਹਿਨੁਮਾਈ ਹੇਠ ਬਣੇ ਸਕੂਲ ਆਫ ਐਮੀਨੈਂਸ ਮਮਦੋਟ ਵਿਖੇ ਸਿੱਖਿਆ ਪ੍ਰਾਪਤ ਕਰ ਰਹੇ ਵਿਦਿਆਰਥੀਆਂ ਨੂੰ ਘਰੋਂ ਲਿਆਉਣ ਤੇ ਲਿਜਾਣ ਵਾਸਤੇ ਸ਼ੁਰੂ ਕੀਤੀ ਮੁਫਤ ਬੱਸ ਸੇਵਾ ਨੂੰ ਅੱਜ ਨਗਰ ਪੰਚਾਇਤ ਮਮਦੋਟ ਦੇ ਪ੍ਰਧਾਨ ਉਪਿੰਦਰ ਸਿੰਘ ਸਿੰਧੀ ਵੱਲੋਂ ਸਕੂਲ ਪ੍ਰਿੰਸੀਪਲ ਰਬੀਨਾ ਚੋਪੜਾ, ਜਸਬੀਰ ਸਿੰਘ ਚੇਅਰਮੈਨ ਸਕੂਲ ਮੈਨੇਜਮੈਂਟ ਕਮੇਟੀ, ਸੀਨੀਅਰ ਆਗੂ ਨਿਰਵੈਰ ਸਿੰਘ ਸਿੰਧੀ, ਗੁਰਨਾਮ ਸਿੰਘ ਹਜਾਰਾ, ਬਲਵਿੰਦਰ ਸਿੰਘ ਰਾਉ ਕੇ, ਬਗੀਚਾ ਸਿੰਘ, ਰਜਵੰਤ ਸੋਢੀ ਰਹੀਮੇ ਕੇ ਤੇ ਹੋਰ ਆਗੂਆਂ ਅਤੇ ਸਕੂਲ ਦੇ ਸਟਾਫ ਦੀ ਹਾਜ਼ਰੀ ਵਿੱਚ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਸਕੂਲ ਪ੍ਰਿੰਸੀਪਲ ਰਬੀਨਾ ਚੋਪੜਾ ਨੇ ਦੱਸਿਆ ਕਿ ਇਹ ਬਸ ਦੋਨਾਂ ਮੱਤੜ ਉਰਫ ਗਜਨੀ ਵਾਲਾ ਤੋਂ ਵੱਖ ਵੱਖ ਪਿੰਡਾਂ ਵਿੱਚੋਂ ਦੀ ਹੁੰਦੀ ਹੋਈ ਸਵੇਰ ਸਮੇਂ ਵਿਦਿਆਰਥੀਆਂ ਨੂੰ ਮਮਦੋਟ ਲੈ ਕੇ ਪੁੱਜੇਗੀ ਤੇ ਛੁੱਟੀ ਉਪਰੰਤ ਇਸੇ ਤਰ੍ਹਾਂ ਹੀ ਵਾਪਸ ਰਵਾਨਾ ਹੋਵੇਗੀ।ਉਨ੍ਹਾਂ ਦੱਸਿਆ ਕਿ ਫਿਲਹਾਲ ਇਹ ਇੱਕ ਰੂਟ 'ਤੇ ਬੱਸ ਚਲਾਈ ਗਈ ਹੈ ਤੇ ਇਸੇ ਤਰ੍ਹਾਂ ਚਾਰ ਪੰਜ ਹੋਰ ਵੱਖ ਵੱਖ ਰੂਟਾਂ ਤੋਂ ਆਉਣ ਵਾਲੇ ਬੱਚਿਆਂ ਵਾਸਤੇ ਵੀ ਮੁਫਤ ਬੱਸ ਸੇਵਾ ਸ਼ੁਰੂ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਜੋ ਵੀ ਟਰਾਂਸਪੋਰਟਰ ਸਰਕਾਰ ਤੇ ਟਰਾਂਸਪੋਰਟ ਵਿਭਾਗ ਦੀਆਂ ਸ਼ਰਤਾਂ ਪੂਰੀਆਂ ਕਰਕੇ ਬੱਸ ਚਲਾਉਣਾ ਚਾਹੇਗਾ, ਉਸ ਨੂੰ ਹੀ ਇਨ੍ਹਾਂ ਬਾਕੀ ਰੂਟਾਂ 'ਤੇ ਬੱਸਾਂ ਚਲਾਉਣ ਦੀ ਆਗਿਆ ਦਿੱਤੀ ਜਾਵੇਗੀ। ਇਸ ਮੌਕੇ ਉਨ੍ਹਾਂ ਹਾਜ਼ਰ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਸਾਹਿਬਾਨਾਂ, ਸੀਨੀਅਰ ਆਗੂਆਂ ਤੇ ਪਤਵੰਤਿਆਂ ਦੀ ਹਾਜ਼ਰੀ ਵਿੱਚ ਸਕੂਲ ਦੀਆਂ ਜ਼ਰੂਰਤਾਂ ਸਕੂਲ ਵਿੱਚ ਹੋਣ ਵਾਲੇ ਕੰਮਾਂ ਤੇ ਸਕੂਲ ਵਿੱਚ ਬੱਚਿਆਂ ਵੱਲੋਂ ਕੀਤੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਸੀਨੀਅਰ ਆਗੂ ਡਾ : ਦਲਜੀਤ ਸਿੰਘ ਜੋਸਨ ਰਹੀਮੇ ਕੇ, ਸਰਜੀਤ ਸਿੰਘ, ਕੇਵਲ ਕ੍ਰਿਸ਼ਨ ਵਿਪਿਨ, ਸੁਭਾਸ਼ ਬੱਤਾ, ਹਰਪ੍ਰੀਤ ਸਿੰਘ ਹੈਪੀ, ਸਾਜਨ, ਗੁਰਮੁੱਖ ਸਿੰਘ ਕੈਂਪਸ ਮੈਨੇਜਰ ਤੇ ਸਕੂਲ ਦਾ ਸਟਾਫ ਤੇ ਵਿਦਿਆਰਥਣਾਂ ਹਾਜ਼ਰ ਸਨ।

# ਪੱਤਰਕਾਰ ਆਸ਼ੂ ਨੂੰ ਸਦਮਾ, ਪਿਤਾ ਦਾ ਦੇਹਾਂਤ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪ੍ਰੈੱਸ ਕਲੱਬ ਰਾਮਪੁਰਾ ਫੂਲ ਦੇ ਪ੍ਰੈੱਸ ਸਕੱਤਰ ਤੇ ਪੱਤਰਕਾਰ ਜਤਿੰਦਰਜੀਤ ਸੰਧੂ ਆਸ਼ੂ ਨੂੰ ਉਸ ਵਕਤ ਗਹਿਰਾ ਸਦਮਾ ਲੱਗਿਆ ਜਦੋਂ ਉਨ੍ਹਾਂ ਦੇ ਪਿਤਾ ਗੁਰਮੁੱਖ ਸਿੰਘ ਗੋਰਾ ਪ੍ਰਧਾਨ ਬੀਤੀ 10 ਅਗਸਤ ਨੂੰ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ।ਇਸ ਦੁੱਖ ਦੀ ਘੜੀ ਵਿੱਚ ਹਲਕਾ ਵਿਧਾਇਕ ਬਲਕਾਰ ਸਿੱਧੂ, ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ, ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ, ਸਾਬਕਾ ਚੇਅਰਮੈਨ ਗੁਰਪ੍ਰੀਤ ਸਿੰਘ ਮਲੂਕਾ, ਅਕਾਲੀ ਦਲ ਦੇ ਹਲਕਾ ਰਾਮਪੁਰਾ ਦੇ ਇਚਾਰਜ ਹਰਿੰਦਰ ਸਿੰਘ ਹਿੰਦਾ, ਚੇਅਰਮੈਨ ਸੰਜੀਵ ਢੀਂਗਰਾ ਟੀਨਾ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਸੁਨੀਲ ਬਿੱਟਾ, ਹੈਪੀ ਬਾਂਸਲ, ਨਰੇਸ਼ ਸੀ ਏ, ਗੁਰਤੇਜ ਸ਼ਰਮਾ, ਸੁਰਿੰਦਰ ਜੌੜਾ, ਜਸਕਰਨ ਬਾਂਸਲ (ਜੱਸੀ ਬਾਬਾ), ਪ੍ਰਵੀਨ ਕੋਹਲੀ, ਜੈ ਸ਼ਕਤੀ ਭੰਡਾਰਾ ਸੁਸਾਇਟੀ ਦੇ ਪ੍ਰਧਾਨ, ਪੁਨਰਜੋਤੀ ਆਈ ਡੋਨੇਸ਼ਨ ਸੋਸਾਇਟੀ ਦੇ ਪ੍ਰਧਾਨ ਰਕੇਸ਼ ਤਾਇਲ, ਨਵ ਭਾਰਤ ਕਲਾ ਮੰਚ ਦੇ ਪ੍ਰਧਾਨ ਸੁਰਿੰਦਰ ਧੀਰ, ਸਹਾਰਾ ਸਮਾਜ ਸੇਵਾ ਦੇ ਪ੍ਰਧਾਨ ਸੰਦੀਪ ਵਰਮਾ, ਪ੍ਰੈੱਸ ਕਲੱਬ (ਰਜਿ.) ਰਾਮਪੁਰਾ ਫੂਲ, ਪ੍ਰਿੰਟ ਮੀਡੀਆ ਗਰੁੱਪ, ਪ੍ਰੈੱਸ ਕਲੱਬ ਬਲਾਕ ਰਾਮਪੁਰਾ, ਮਾਨਵ ਸਹਾਰਾ ਕਲੱਬ ਤੋਂ ਇਲਾਵਾ ਸਮਾਜਿਕ, ਰਾਜਨੀਤਕ, ਧਾਰਮਿਕ ਸੰਸਥਾਵਾਂ ਤੇ ਆਗੂਆਂ ਨੇ ਜਤਿੰਦਰਜੀਤ ਆਸ਼ੂ ਦੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਉਨ੍ਹਾਂ ਨਮਿਤ ਰੱਖੇ ਸ੍ਰੀ ਸਹਿਜ ਪਾਠ ਦੇ ਭੋਗ ਤੇ ਅੰਤਿਮ ਅਰਦਾਸ 18 ਅਗਸਤ ਐਤਵਾਰ ਨੂੰ ਦੁਪਹਿਰ ਇਕ ਵਜੇ ਗੁਰਦਵਾਰਾ ਸਾਹਿਬ, ਫੈਕਟਰੀ ਰੋਡ, ਰਾਮਪੁਰਾ ਫੂਲ ਵਿਖੇ ਪਵੇਗਾ।



# ਸੰਯੁਕਤ ਕਿਸਾਨ ਮੋਰਚਾ ਵੱਲੋਂ ਡਾ. ਬਲਜੀਤ ਕੌਰ ਦੇ ਘਰ ਅੱਗੇ ਰੋਸ ਪ੍ਰਦਰਸ਼ਨ ਅੱਜ

**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ, ਚਾਵਲਾ)**-ਸੰਯੁਕਤ ਕਿਸਾਨ ਮੋਰਚਾ ਦੀ ਅਹਿਮ ਮੀਟਿੰਗ ਕੌਮੀ ਕਿਸਾਨ ਯੂਨੀਅਨ ਦੇ ਮੁੱਖ ਬੁਲਾਰੇ ਲੱਖਣਪਾਲ ਸਿੰਘ ਸ਼ਰਮਾ ਆਲਮਵਾਲਾ ਦੀ ਪ੍ਰਧਾਨਗੀ ਹੇਠ ਸ਼ਹੀਦ ਭਾਈ ਮਹਾਂ ਸਿੰਘ ਦੀਵਾਨ ਹਾਲ ਵਿੱਚ ਹੋਈ, ਜਿਸ ਵਿੱਚ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਪੂਰੇ ਪੰਜਾਬ ਵਿੱਚ 17 ਅਗਸਤ ਨੂੰ ਕੈਬਨਟ ਮੰਤਰੀਆਂ ਦੇ ਘਰਾਂ ਅੱਗੇ ਕੀਤੇ ਜਾ ਰਹੇ ਰੋਸ ਪਰਦਰਸ਼ਨ ਦੀ ਰੂਪ ਰੇਖਾ ਉਲੀਕੀ ਗਈ।ਇਸ ਮੌਕੇ ਬੀਕੇਯੂ ਡਕੌਂਦਾ (ਬੁਰਜ ਗਿੱਲ) ਦੇ ਜ਼ਿਲ੍ਹਾ ਪ੍ਰਧਾਨ ਪੂਰਨ ਸਿੰਘ ਵੱਟੂ, ਕਿਰਤੀ ਕਿਸਾਨ ਯੂਨੀਅਨ (ਯੂਥ ਵਿੰਗ) ਦੇ ਸੂਬਾ ਆਗੂ ਜੱਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ, ਬੀਕੇਯੂ ਡਕੌਂਦਾ (ਧਨੇਰ) ਦੇ ਜ਼ਿਲ੍ਹਾ ਪ੍ਰਧਾਨ ਪਰਮਿੰਦਰ ਸਿੰਘ ਉੜਾਂਗ, ਬੀਕੇਯੂ ਕਾਦੀਆਂ ਦੇ ਜਿਲਾ ਆਗੂ ਦਵਿੰਦਰ ਸਿੰਘ ਭੰਗੇਵਾਲਾ, ਬੀਕੇਯੂ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਗੋਬਿੰਦ ਸਿੰਘ ਕੋਟਲੀ ਦੇਵਣ, ਬੀਕੇਯੂ ਮਾਲਵਾ (ਜੈਤੋ) ਦੇ ਜ਼ਿਲ੍ਹਾ ਆਗੂ ਸੁਖਦੇਵ ਸਿੰਘ ਨਵਾਂ ਭੁੱਲਰ, ਬੀਕੇਯੂ (ਬੋਘ ਮਾਨਸਾ) ਦੇ ਜ਼ਿਲ੍ਹਾ ਪ੍ਰਧਾਨ ਸੁਖਜੀਤ ਸਿੰਘ, ਬੀਕੇਯੂ ਮਾਲਵਾ (ਹੀਰਕੇ) ਦੇ ਜ਼ਿਲ੍ਹਾ ਪ੍ਰਧਾਨ ਹਰਪ੍ਰੀਤ ਸਿੰਘ ਮੁਕਤਸਰ, ਕੁੱਲ ਹਿੰਦ ਕਿਸਾਨ ਸਭਾ (ਅਜੇ ਭਵਨ) ਦੇ ਜ਼ਿਲ੍ਹਾ ਪ੍ਰਧਾਨ ਚਰਨਜੀਤ ਸਿੰਘ ਵਣਵਾਲਾ ਨੇ ਕਿਹਾ ਕਿ ਮੌਜੂਦਾ ਸਮੇਂ ਪੰਜਾਬ ਵਿੱਚ ਖੇਤੀਬਾੜੀ ਤੇ ਵਾਤਾਵਰਣ ਬਹੁਤ ਵੱਡਾ ਮਸਲਾ ਬਣੇ ਹੋਏ ਹਨ।ਹਰੇ ਇਨਕਲਾਬ ਦੇ ਅਖੌਤੀ ਖੇਤੀ ਮਾਡਲ ਤੇ ਅੰਨ੍ਹੇਵਾਹ ਬੇਤਰਤੀਬੇ ਸਨਅਤੀਕਰਨ, ਸ਼ਹਿਰੀਕਰਨ ਦੇ ਕਾਰਨ ਪੰਜਾਬ ਵਿੱਚ ਧਰਤੀ ਹੇਠਲਾ ਪਾਣੀ ਬਹੁਤ ਡੂੰਘਾ ਚਲਾ ਗਿਆ ਅਤੇ ਦਰਿਆਵਾਂ ਦਾ ਪਾਣੀ ਪ੍ਰਦੂਸ਼ਿਤ ਹੋ ਗਿਆ ਅਤੇ ਇਸੇ ਤਰ੍ਹਾਂ ਜੋ ਪਿਛਲੇ ਸਮੇਂ ਦੌਰਾਨ ਕੇਂਦਰ ਸਰਕਾਰ ਵੱਲੋਂ ਗੈਰ ਸੰਵਿਧਾਨਿਕ ਤਰੀਕਿਆਂ ਦੇ ਰਾਹੀਂ ਪੰਜਾਬ ਦੇ ਦਰਿਆਈ ਪਾਣੀ ਦਾ ਵੱਡਾ ਹਿੱਸਾ ਰਾਜਸਥਾਨ ਸਮੇਤ ਹੋਰ ਸੂਬਿਆਂ ਨੂੰ ਦੇ ਦਿੱਤਾ ਗਿਆ, ਜਿਸ ਕਾਰਨ ਅੱਜ ਪੰਜਾਬ ਵਿੱਚ ਜਿੱਥੇ ਦਰਿਆਈ ਪਾਣੀ ਦੀ ਵੱਡੀ ਘਾਟ ਹੈ, ਉਥੇ ਮੌਜੂਦਾ ਨਹਿਰੀ ਢਾਂਚੇ ਦੇ ਤਹਿਸ ਨਹਿਸ ਹੋਣ ਕਾਰਨ ਪੂਰੇ ਪਾਣੀ ਦੀ ਵਰਤੋਂ ਵੀ ਨਹੀਂ ਹੋ ਰਹੀ ਅਤੇ ਇਸੇ ਤਰ੍ਹਾਂ ਹਰੀ ਕ੍ਰਾਂਤੀ ਦੇ ਮਾਡਲ ਦੇ ਕਾਰਨ ਕਿਸਾਨਾਂ ਸਿਰ ਬੇਥਾਹ ਕਰਜ਼ਾ ਵੀ ਚੜ੍ਹਿਆ ਹੋਇਆ ਹੈ, ਜਿਸ ਕਾਰਨ ਖੁਦਕੁਸ਼ੀਆਂ ਵਧ ਰਹੀਆਂ ਹਨ।

# ਬੀ ਜੀ ਐੱਨ ਆਦਰਸ਼ ਸਕੂਲ ਸ਼ੇਰਗੜ੍ਹ ਦੇ ਵਿਦਿਆਰਥੀ ਸਨਮਾਨਤ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਦੇਸ਼ ਦੇ 78ਵੇਂ ਅਜ਼ਾਦੀ ਦਿਵਸ 'ਤੇ ਬਠਿੰਡਾ ਵਿਖੇ ਮਨਾਏ ਗਏ ਅਜ਼ਾਦੀ ਸਮਾਰੋਹ ਦੇ ਜਸ਼ਨਾਂ ਮੌਕੇ ਬੀ ਜੀ ਐਨ ਆਦਰਸ਼ ਪਬਲਿਕ ਸਕੂਲ ਸ਼ੇਰਗੜ੍ਹ ਦੇ ਵਿਦਿਆਰਥੀਆਂ ਵੱਲੋਂ ਦੇਸ਼ ਦੀਆਂ ਸੂਰਵੀਰ ਸੈਨਾਵਾਂ ਦੇ ਰੂਪ ਵਿੱਚ ਨਿਭਾਏ ਗਏ ਪ੍ਰਭਾਵਸ਼ਾਲੀ ਰੋਲ ਤੋਂ ਪ੍ਰਭਾਵਿਤ ਹੋ ਕੇ ਸਮਾਰੋਹ ਦੇ ਮੁੱਖ ਮਹਿਮਾਨ ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਵੱਲੋਂ ਵਿਦਿਆਰਥੀਆਂ ਦੇ ਸਮੂਹ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਅੰਮ੍ਰਿਤ ਲਾਲ ਅਗਰਵਾਲ, ਵਿਧਾਇਕ ਸੁਖਬੀਰ ਸਿੰਘ ਮਾਈਸਰਖਾਨਾ, ਬੀ ਜੀ ਐਨ ਆਦਰਸ਼ ਪਬਲਿਕ ਸਕੂਲ ਦੇ ਚੇਅਰਮੈਨ ਅਮਿਤ ਗੁਪਤਾ, ਸਕੂਲ ਦੀ ਪ੍ਰਿੰਸੀਪਲ ਤ੍ਰਿਪਤ ਬਜਾਜ ਅਤੇ ਸਮੂਹ ਅਧਿਆਪਕ ਟੀਮ ਵੀ ਮੌਜੂਦ ਸੀ। ਵਿਦਿਆਰਥੀਆਂ ਵੱਲੋਂ ਕੀਤੀ ਕੋਰੀਓਗਰਾਫੀ 'ਚ ਨਤੀਸ਼, ਮੈਡਮ ਚੰਦਨ ਅਤੇ ਗੁਰਵਿੰਦਰ ਕੌਰ ਦਾ ਵੱਡਾ ਯੋਗਦਾਨ ਰਿਹਾ।

# ਸਮਾਜਸੇਵੀ ਗੁਰਜੀਤ ਸਿੰਘ ਢਿੱਲੋਂ ਦਾ ਸਨਮਾਨ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਸ. ਜਸਵਿੰਦਰ ਸਿੰਘ ਢਿੱਲੋਂ ਮੈਮੋਰੀਅਲ ਵੈਲਫੇਅਰ ਸੁਸਾਇਟੀ (ਰਜਿ) ਦੇ ਪ੍ਰਧਾਨ ਗੁਰਜੀਤ ਸਿੰਘ ਢਿੱਲੋਂ ਨੂੰ ਸਮਾਜਸੇਵੀ ਕੰਮਾਂ 'ਚ ਸ਼ਾਨਦਾਰ ਸੇਵਾਵਾਂ ਨਿਭਾਉਣ ਬਦਲੇ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਮੌਕੇ ਨਹਿਰੂ ਸਟੇਡੀਅਮ ਫ਼ਰੀਦਕੋਟ ਵਿਖੇ ਮੁੱਖ ਮਹਿਮਾਨ ਵਿਨੀਤ ਕੁਮਾਰ ਡਿਪਟੀ ਕਮਿਸ਼ਨਰ ਫ਼ਰੀਦਕੋਟ ਵੱਲੋਂ ਸਨਮਾਨਤ ਕੀਤਾ ਗਿਆ।ਇਸ ਮੌਕੇ ਗੁਰਜੀਤ ਸਿੰਘ ਨੇ ਦੱਸਿਆ ਕਿ ਜਿਸ ਤਰ੍ਹਾਂ ਮੈਨੂੰ ਸਮਾਜਸੇਵਾ ਦੇ ਕੰਮਾਂ ਲਈ ਪ੍ਰਸ਼ਾਸਨ ਦੁਆਰਾ ਮਾਣ ਸਨਮਾਨ ਦਿੱਤਾ ਗਿਆ। ਇਸ ਦੇ ਮੱਦੇਨਜ਼ਰ ਉਹ ਸਮਾਜਸੇਵੀ ਕੰਮਾਂ 'ਚ ਹੋਰ ਤੇਜ਼ੀ ਲਿਆਉਣਗੇ ਅਤੇ ਵੱਧ ਤੋਂ ਵੱਧ ਲੋੜਵੰਦ ਲੋਕਾਂ ਦੀਆਂ ਖ਼ੂਨ ਦੀ ਜ਼ਰੂਰਤ ਨੂੰ ਪੂਰੀ ਕਰਨ ਦੀ ਹੋਰ ਦਿਲਚਸਪੀ ਨਾਲ ਕੋਸ਼ਿਸ਼ ਕਰਨਗੇ ਅਤੇ ਸਮਾਜਸੇਵਾ ਦੇ ਕੰਮਾਂ 'ਚ ਹੋਰ ਲੋਕਾਂ ਨੂੰ ਜੋੜਿਆ ਜਾਵੇਗਾ।

# ਆਜ਼ਾਦੀ ਸੰਗਰਾਮ 'ਚ ਸਭ ਤੋਂ ਵੱਧ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ : ਹਰਭਜਨ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**-ਦੇਸ਼ ਦੇ 78ਵੇਂ ਆਜ਼ਾਦੀ ਦਿਹਾੜੇ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ ਸਥਾਨਕ ਦਾਣਾ ਮੰਡੀ ਵਿਖੇ ਮਨਾਇਆ ਗਿਆ, ਜਿਸ ਵਿੱਚ ਪੰਜਾਬ ਦੇ ਲੋਕ ਨਿਰਮਾਣ ਵਿਭਾਗ ਤੇ ਬਿਜਲੀ ਵਿਭਾਗ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਨੇ ਰਾਸ਼ਟਰੀ ਤਿਰੰਗਾ ਚੜ੍ਹਾਉਣ ਦੀ ਰਸਮ ਅਦਾ ਕੀਤੀ। ਭਰਵੇਂ ਸਮਾਗਮ ਨੂੰ ਸੰਬੋਧਨ ਕਰਦਿਆਂ ਹਰਭਜਨ ਸਿੰਘ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਚੱਲੀਆਂ ਵੱਖ-ਵੱਖ ਲਹਿਰਾਂ ਤੇ ਆਜ਼ਾਦੀ ਘੁਲਾਟੀਆਂ ਵੱਲੋਂ ਸਮੇਂ-ਸਮੇਂ 'ਤੇ ਆਰੰਭੇ ਗਏ ਸੰਘਰਸ਼ਾਂ ਅਤੇ ਦਿੱਤੀਆਂ ਕੁਰਬਾਨੀਆਂ ਦੀ ਬਦੌਲਤ ਅੱਜ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਸਾਨੂੰ ਮਾਣ ਹੈ ਕਿ ਦੇਸ਼ ਦੇ ਆਜ਼ਾਦੀ ਸੰਗਰਾਮ ਵਿੱਚ ਸਭ ਤੋਂ ਵੱਧ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ ਹਨ। ਉਨ੍ਹਾਂ ਸ਼ਹੀਦਾਂ ਨੂੰ ਕੋਟਿ-ਕੋਟਿ ਪ੍ਰਣਾਮ ਕਰਦਿਆਂ ਪੰਜਾਬ ਤੇ ਦੇਸ਼ ਦੀ ਖ਼ੁਸ਼ਹਾਲੀ ਤੇ ਤਰੱਕੀ ਦੀ ਕਾਮਨਾ ਕੀਤੀ ਅਤੇ ਕਿਹਾ ਕਿ ਸੂਬਾ ਸਰਕਾਰ ਸੂਬੇ ਨੂੰ ਮੁੜ 'ਰੰਗਲਾ ਪੰਜਾਬ, ਹੱਸਦਾ ਖੇਡਦਾ ਤੇ ਖੁਸ਼ਹਾਲ ਪੰਜਾਬ' ਬਣਾਉਣ ਲਈ ਤਤਪਰ ਹੈ ਅਤੇ ਇਸ ਦਿਸ਼ਾ ਵਿੱਚ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮਹਾਨ ਸ਼ਹੀਦਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਫੌਜੀ ਜਵਾਨਾਂ, ਸ਼ਹੀਦਾਂ ਦੇ ਪਰਿਵਾਰਾਂ ਤੇ ਸਾਬਕਾ ਫੌਜੀਆਂ ਦੀ ਭਲਾਈ ਲਈ ਦ੍ਰਿੜ੍ਹ ਸੰਕਲਪ ਹੈ। ਇਸ ਦਿਸ਼ਾ ਵਿੱਚ ਸਰਕਾਰ ਨੇ ਸ਼ਹੀਦ ਜਵਾਨਾਂ ਦੇ ਵਾਰਿਸਾਂ ਲਈ ਐਕਸ-ਗ੍ਰੇਸ਼ੀਆ ਰਾਸ਼ੀ 50 ਲੱਖ ਰੁਪਏ ਤੋਂ ਵਧਾ ਕੇ 1 ਕਰੋੜ ਰੁਪਏ ਕੀਤੀ ਹੈ। ਇਸ ਮੌਕੇ ਜ਼ਿਲ੍ਹਾ ਮੋਗਾ ਦੇ ਸ਼ਹੀਦ ਪਰਿਵਾਰਾਂ, ਆਜ਼ਾਦੀ ਘੁਲਾਟੀਏ ਪਰਿਵਾਰਾਂ ਤੇ ਵੱਖ ਵੱਖ ਖੇਤਰਾਂ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ਵਾਲੀਆਂ ਕਈ ਸ਼ਖ਼ਸੀਅਤਾਂ ਦਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਜ਼ਿਲਾ ਰੈੱਡ ਕਰਾਸ ਸੁਸਾਇਟੀ ਵੱਲੋਂ ਲੋੜਵੰਦ ਔਰਤਾਂ ਨੂੰ ਮੁਫ਼ਤ ਸਿਲਾਈ ਮਸ਼ੀਨਾਂ ਤੇ ਦਿਵਿਆਂਗਜਨਾਂ ਨੂੰ ਮੁਫ਼ਤ ਟਰਾਈਸਾਈਕਲਾਂ ਤੇ ਵੀਲ੍ਹ ਚੇਅਰਾਂ ਦੀ ਵੀ ਵੰਡ ਕੀਤੀ ਗਈ। ਸਮਾਗਮ ਦੌਰਾਨ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਪੀ. ਟੀ. ਸ਼ੋਅ ਤੇ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਸੁਰੱਖਿਆ ਦਸਤਿਆਂ, ਐੱਨ. ਸੀ. ਸੀ. ਕੈਡਿਟਾਂ ਅਤੇ ਹੋਰ ਟੁਕੜੀਆਂ ਵੱਲੋਂ ਮਾਰਚ ਪਾਸਟ ਵਿੱਚ ਹਿੱਸਾ ਲਿਆ ਗਿਆ, ਜਿਸ ਦੀ ਅਗਵਾਈ ਪਰੇਡ ਕਮਾਂਡਰ ਸ੍ਰ ਜੋਰਾ ਸਿੰਘ ਡੀ. ਐੱਸ. ਪੀ. ਸਥਾਨਕ ਮੋਗਾ ਨੇ ਕੀਤੀ।

ਇਸ ਮੌਕੇ ਵਿਧਾਇਕ ਮੋਗਾ ਡਾ. ਅਮਨਦੀਪ ਕੌਰ ਅਰੋੜਾ, ਵਿਧਾਇਕ ਬਾਘਾ ਪੁਰਾਣਾ ਅੰਮ੍ਰਿਤਪਾਲ ਸਿੰਘ ਸੁਖਾਨੰਦ, ਵਿਧਾਇਕ ਧਰਮਕੋਟ ਦਵਿੰਦਰਜੀਤ ਸਿੰਘ ਲਾਡੀ ਢੋਸ, ਵਿਧਾਇਕ ਨਿਹਾਲ ਸਿੰਘ ਵਾਲਾ ਮਨਜੀਤ ਸਿੰਘ ਬਿਲਾਸਪੁਰ, ਡਿਪਟੀ ਕਮਿਸ਼ਨਰ ਕੁਲਵੰਤ ਸਿੰਘ, ਜ਼ਿਲ੍ਹਾ ਤੇ ਸੈਸ਼ਨ ਜੱਜ ਸਰਬਜੀਤ ਸਿੰਘ ਧਾਲੀਵਾਲ, ਡੀ. ਆਈ. ਜੀ. ਅਸ਼ਵਨੀ ਕਪੂਰ, ਜ਼ਿਲ੍ਹਾ ਪੁਲਸ ਮੁਖੀ ਡਾ. ਅੰਕੁਰ ਗੁਪਤਾ ਆਦਿ ਹਾਜ਼ਰ ਸਨ।

# ਬਲਬੇੜਾ ਸੰਗਤ ਦਰਸ਼ਨ 'ਚ ਵਿਧਾਇਕ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ

## ਬਲਬੇੜਾ ਪੁਲਸ ਚੌਕੀ ਇੰਚਾਰਜ ਖਿਲਾਫ ਸ਼ਿਕਾਇਤਾਂ ਦੀ ਲੱਗੀ ਝੜੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਦੇ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਵੱਲੋਂ ਹਲਕੇ ਦੇ ਲੋਕਾਂ ਲਈ ਹਲਕੇ 'ਚ ਵੱਖ-ਵੱਖ ਕਸਬਿਆਂ ਵਿੱਚ ਰੋਜ਼ਾਨਾ ਲੋਕ ਮਿਲਣੀ ਕੈਂਪਾਂ ਦਾ ਆਗਾਜ਼ ਕੀਤਾ ਹੋਇਆ ਹੈ।ਕਸਬਾ ਬਲਬੇੜਾ ਵਿੱਚ ਹਲਕਾ ਸਨੌਰ ਦੇ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਵੱਲੋਂ ਬਲਬੇੜਾ ਦਫਤਰ 'ਚ ਹਲਕੇ ਨਾਲ ਸਬੰਧਿਤ ਵੱਖ-ਵੱਖ ਪਿੰਡਾਂ ਦੇ ਲੋਕਾਂ ਦੀਆਂ 50 ਦੇ ਕਰੀਬ ਸਮੱਸਿਆਵਾਂ ਸੁਣੀਆਂ ਗਈਆਂ, ਜਿਨ੍ਹਾਂ ਵਿਚੋਂ 30 ਦੇ ਕਰੀਬ ਦਾ ਮੌਕੇ 'ਤੇ ਹੱਲ ਕਰਵਾਇਆ ਗਿਆ ਤੇ ਰਹਿੰਦੀਆਂ ਸਮੱਸਿਆਵਾਂ ਜਲਦ ਹੱਲ ਕਰਵਾਉਣ ਦਾ ਭਰੋਸਾ ਦਿੱਤਾ।ਇਸ ਮੌਕੇ ਉਨ੍ਹਾਂ ਨਾਲ ਵੱਖ-ਵੱਖ ਵਿਭਾਗਾਂ ਦੇ ਪ੍ਰਸ਼ਾਸਨਕ ਅਧਿਕਾਰੀ ਵੀ ਮੌਜੂਦ ਰਹੇ।ਇਸ ਮੌਕੇ ਵਿਧਾਇਕ ਵੱਲੋਂ ਪਾਵਰਕਾਮ, ਮਾਲ ਮਹਿਕਮਾ, ਪੰਚਾਇਤੀ ਵਿਭਾਗ ਤੇ ਪੰਜਾਬ ਸਰਕਾਰ ਦੇ ਹੋਰ ਮਹਿਕਮਿਆਂ ਦੇ ਅਧਿਕਾਰੀਆਂ ਨੂੰ ਲੋਕਾਂ ਦੀਆਂ ਸਮੱਸਿਆਵਾਂ ਜਲਦ ਹੱਲ ਨਾ ਕਰਨ 'ਤੇ ਤਾੜਨਾ ਕੀਤੀ।ਇਸ ਮੌਕੇ ਖੇਤਰ ਵਾਸੀਆਂ ਵੱਲੋਂ ਵਿਧਾਇਕ ਪਠਾਨਮਾਜਰਾ ਨੂੰ ਪੁਲਸ ਚੌਕੀ ਬਲਬੇੜਾ ਦੇ ਇੰਚਾਰਜ ਵੱਲੋਂ ਕੰਪਲੇਟਾਂ 'ਤੇ ਸਮੇਂ ਸਿਰ ਪੜਤਾਲ ਨਾ ਕਰਨ ਦੀਆਂ ਸ਼ਿਕਾਇਤਾਂ ਦੀ ਕਾਫੀ ਚਰਚਾ ਰਹੀ।ਇਸੇ ਤਹਿਤ ਵਿਧਾਇਕ ਪਠਾਨਮਾਜਰਾ ਨੇ ਪੁਲਸ ਚੌਕੀ ਇੰਚਾਰਜ ਨੂੰ ਤਾੜਨਾ ਕਰਦੇ ਹੋਏ ਕਿਹਾ ਕਿ ਖੇਤਰ ਵਾਸੀਆਂ ਦੀਆਂ ਸਮੱਸਿਆਵਾਂ ਰੋਅਬ ਨਾਲ ਨਹੀਂ ਆਦਰ ਸਤਿਕਾਰ ਨਾਲ ਸੁਣ ਕੇ ਹੱਲ ਕੀਤੀਆਂ ਜਾਣ।ਵਿਧਾਇਕ ਪਠਾਨਮਾਜਰਾ ਨੇ ਕਿਹਾ ਕਿ ਹਲਕਾ ਸਨੌਰ ਦੇ ਨੌਜਵਾਨਾਂ ਨੂੰ ਖੇਡਣ ਲਈ ਚਾਰ ਚਾਰ ਏਕੜ ਦੇ ਖੇਡ ਮੈਦਾਨ ਦਿੱਤੇ ਜਾਣਗੇ। ਵਿਧਾਇਕ ਨੇ ਕਿਹਾ ਕਿ ਹਲਕੇ ਦੇ ਅੰਦਰ ਕਾਲਜ ਤੇ ਯੂਨੀਵਰਸਿਟੀ ਸਥਾਪਤ ਕਰਨ ਲਈ ਵੱਡੀਆਂ ਯੋਜਨਾਵਾਂ ਬਣਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜਲਦ ਹੀ ਹਲਕਾ ਸਨੌਰ ਵਾਸੀਆਂ ਨੂੰ ਖੁਸ਼ਖਬਰੀ ਦੇਵਾਂਗੇ।

# ਵਾਲੀਬਾਲ ਮੁਕਾਬਲਿਆਂ 'ਚ ਸੁਪਰੀਮ ਕਾਨਵੈਂਟ ਸਕੂਲ ਦੀ ਅੰਡਰ 19 (ਲੜਕੇ) ਟੀਮ ਪਹਿਲੇ ਸਥਾਨ 'ਤੇ



**ਹਠੂਰ (ਨਛੱਤਰ ਸੰਧੂ)**-ਜ਼ੋਨ ਪੱਧਰ ਦੇ ਵਾਲੀਬਾਲ ਅੰਡਰ (19 ਲੜਕੇ) ਮੁਕਾਬਲੇ ਸੁਪਰੀਮ ਕਾਨਵੈਂਟ ਸਕੂਲ ਵਿੱਚ 13 ਅਗਸਤ ਨੂੰ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਅੰਡਰ 19 ਵਾਲੀਬਾਲ ਮੁਕਾਬਲੇ ਵਿੱਚ ਜ਼ੋਨ ਪੱਧਰ 'ਤੇ ਪਹਿਲੀ ਪੁਜੀਸ਼ਨ ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ਨੇ ਪ੍ਰਾਪਤ ਕੀਤੀ। ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਚਰਨ ਸਿੰਘ ਅਤੇ ਚੇਅਰਮੈਨ ਜੋਗਿੰਦਰ ਪ੍ਰਸਾਦ ਸ਼ਰਮਾ ਨੇ ਟੀਮ ਨੂੰ ਵਧਾਈ ਦਿੱਤੀ ਅਤੇ ਬੱਚਿਆਂ ਨੂੰ ਖੇਡਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਤ ਕੀਤਾ। ਸਕੂਲ ਪ੍ਰਿੰਸੀਪਲ ਸੰਦੀਪ ਕੁਮਾਰ ਨੇ ਬੱਚਿਆਂ ਨੂੰ ਜਿੱਤ ਦੀ ਖੁਸ਼ੀ ਵਿੱਚ ਵਧਾਈ ਦਿੰਦਿਆਂ ਕਿਹਾ ਖੇਡਾਂ ਵਿਦਿਆਰਥੀ ਜੀਵਨ ਦਾ ਅਟੁੱਟ ਅੰਗ ਹਨ ਜੋ ਵਿਦਿਆਰਥੀਆਂ ਨੂੰ ਅਨੁਸ਼ਾਸਨ ਵਿੱਚ ਰਹਿਣ ਲਈ ਪ੍ਰੇਰਿਤ ਕਰਦੀਆਂ ਹਨ। ਅੰਤ 'ਚ ਪ੍ਰਿੰਸੀਪਲ ਨੇ ਡੀ.ਪੀ. ਟੀਚਰ ਨੂੰ ਵਧਾਈ ਦਿੱਤੀ ਤੇ ਸਭ ਦਾ ਧੰਨਵਾਦ ਕੀਤਾ।

17-Aug-PAGE-11.qxd 8/16/2024 9:08 PM Page 1



# 78ਵੇਂ ਆਜ਼ਾਦੀ ਦਿਹਾੜੇ ਮੌਕੇ ਗੁਰਦਾਸਪੁਰ 'ਚ ਕਟਾਰੂਚੱਕ ਨੇ ਲਹਿਰਾਇਆ ਕੌਮੀ ਝੰਡਾ

## * ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ, ਵੀਰ ਨਾਰੀਆਂ ਤੇ ਸ਼ਹੀਦਾਂ ਦੇ ਪਰਿਵਾਰਾਂ ਦਾ ਕੀਤਾ ਸਨਮਾਨ



**ਧਾਰੀਵਾਲ/ਗੁਰਦਾਸਪੁਰ, (ਮਨਦੀਪ ਸਿੰਘ ਵਿੱਕੀ, ਜਨਕ ਮਹਾਜਨ, ਦਿਨੇਸ਼ ਕੁਮਾਰ)**-ਸਰਕਾਰੀ ਕਾਲਜ ਗੁਰਦਾਸਪੁਰ ਦੇ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰ) ਸਟੇਡੀਅਮ ਵਿਖੇ 78ਵਾਂ ਆਜ਼ਾਦੀ ਦਿਹਾੜਾ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ। ਸੂਬੇ ਦੇ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ, ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂ ਚੱਕ ਵੱਲੋਂ ਇਸ ਜ਼ਿਲ੍ਹਾ ਪੱਧਰੀ ਆਜ਼ਾਦੀ ਸਮਾਗਮ ਦੌਰਾਨ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ। ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਨੇ ਹੋਰਨਾਂ ਸ਼ਖਸੀਅਤਾਂ ਸਮੇਤ ਸ਼ਹੀਦ ਨਵਦੀਪ ਸਿੰਘ ਦੇ ਬੁੱਤ ਅਤੇ ਸਟੇਡੀਅਮ ਵਿੱਚ ਬਣੀ ਸ਼ਹੀਦੀ ਗੈਲਰੀ ਵਿਖੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਕੌਮੀ ਝੰਡਾ ਲਹਿਰਾਉਣ ਤੋਂ ਬਾਅਦ ਗੁਰਦਾਸਪੁਰ ਵਾਸੀਆਂ ਨੂੰ ਅਜਾਦੀ ਦਿਹਾੜੇ ਦੀ ਵਧਾਈ ਦਿੰਦਿਆਂ ਕੈਬਨਿਟ ਮੰਤਰੀ ਕਟਾਰੂਚੱਕ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਚੱਲੀਆਂ ਵੱਖ-ਵੱਖ ਲਹਿਰਾਂ ਅਤੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਸ਼ਹੀਦ ਰਾਜਗੁਰੂ ਤੇ ਸ਼ਹੀਦ ਸੁਖਦੇਵ, ਸਰਦਾਰ ਕਰਤਾਰ ਸਿੰਘ ਸਰਾਭਾ, ਸ਼ਹੀਦ ਊਧਮ ਸਿੰਘ, ਮਦਨ ਲਾਲ ਢੀਂਗਰਾ, ਲਾਲਾ ਲਾਜਪਤ ਰਾਏ, ਦੀਵਾਨ ਸਿੰਘ ਕਾਲੇਪਾਣੀ ਅਤੇ ਹੋਰ ਆਜ਼ਾਦੀ ਘੁਲਾਟੀਆਂ ਵੱਲੋਂ ਸਮੇਂ-ਸਮੇਂ 'ਤੇ ਆਰੰਭੇ ਗਏ ਸੰਘਰਸ਼ਾਂ ਕਾਰਨ ਹੀ ਅੱਜ ਅਸੀਂ ਆਜ਼ਾਦ ਮੁਲਕ ਦੇ ਵਾਸੀ ਹਾਂ। ਇਸ ਮੌਕੇ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਅਤੇ ਐੱਸ.ਐੱਸ.ਪੀ. ਹਰੀਸ਼ ਦਾਯਮਾ ਵੀ ਉਨ੍ਹਾਂ ਦੇ ਨਾਲ ਸਨ। ਡੀ.ਐੱਸ.ਪੀ. ਬਿਕਰਮਜੀਤ ਸਿੰਘ ਦੀ ਅਗਵਾਈ ਹੇਠ ਪੰਜਾਬ ਪੁਲਸ ਦੇ ਜਵਾਨਾਂ, ਮਹਿਲਾ ਪਲਾਟੂਨ, ਪੰਜਾਬ ਹੋਮਗਾਰਡਜ਼, ਐਨ.ਸੀ.ਸੀ. ਦੀਆਂ ਟੁਕੜੀਆਂ ਅਤੇ ਪੰਜਾਬ ਪੁਲਿਸ ਬੈਂਡ ਟੀਮ ਵੱਲੋਂ ਸ਼ਾਨਦਾਰ ਮਾਰਚ ਪਾਸਟ ਕੀਤਾ ਗਿਆ। ਮੰਤਰੀ ਕਟਾਰੂਚੱਕ ਵੱਲੋਂ ਸਮਾਗਮ ਦੌਰਾਨ ਆਜ਼ਾਦੀ ਘੁਲਾਟੀਆਂ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ, ਵੀਰ ਨਾਰੀਆਂ ਅਤੇ ਸ਼ਹੀਦਾਂ ਦੇ ਪਰਿਵਾਰਿਕ ਮੈਂਬਰਾਂ ਦਾ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਤਰਫੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਲੋੜਵੰਦ ਵਿਅਕਤੀਆਂ ਨੂੰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੀ ਤਰਫੋਂ ਮੁਹੱਈਆ ਕਰਵਾਏ ਗਏ ਟਰਾਈ ਸਾਈਕਲ ਤੇ ਸਿਲਾਈ ਮਸ਼ੀਨਾਂ ਵੰਡੀਆਂ ਗਈਆਂ। ਇਸ ਮੌਕੇ ਮੁੱਖ ਮਹਿਮਾਨ ਵੱਲੋਂ ਜ਼ਿਲ੍ਹੇ ਵਿੱਚ ਸ਼ਲਾਘਾਯੋਗ ਕਾਰਜ ਕਰਨ ਵਾਲੇ ਅਧਿਕਾਰੀਆਂ, ਕਰਮਚਾਰੀਆਂ, ਸਮਾਜ ਸੇਵਕਾਂ, ਅਧਿਆਪਕਾਂ, ਡਾਕਟਰਾਂ, ਖਿਡਾਰੀਆਂ ਸਮੇਤ ਹੋਰਾਂ ਨੂੰ ਸਨਮਾਨਿਤ ਕੀਤਾ ਗਿਆ।

ਸਮਾਗਮ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਦੀ ਤਰਫੋਂ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਅਤੇ ਐੱਸ.ਐੱਸ.ਪੀ ਗੁਰਦਾਸਪੁਰ ਹਰੀਸ਼ ਦਾਯਮਾ ਵੱਲੋਂ ਕਟਾਰੂਚੱਕ ਅਤੇ ਉਨ੍ਹਾਂ ਦੀ ਧਰਮ ਪਤਨੀ ਉਰਮਿਲਾ ਦੇਵੀ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ, ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਪੰਜਾਬ ਪੁਲਿਸ ਦੇ ਆਈ.ਜੀ. ਐੱਸ.ਓ.ਜੀ. ਗੌਤਮ ਚੀਮਾ, ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ, ਸ਼ਮਸ਼ੇਰ ਸਿੰਘ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਆਮ ਆਦਮੀ ਪਾਰਟੀ, ਇੰਪਰੂਵਮੈਂਟ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਰਜੀਵ ਸ਼ਰਮਾ, ਏਡੀਸੀ (ਜ) ਸੁਭਾਸ਼ ਚੰਦਰ, ਐੱਸ.ਡੀ.ਐੱਸ. ਡਾ. ਕਰਮਜੀਤ ਸਿੰਘ, ਸਹਾਇਕ ਕਮਿਸ਼ਨਰ (ਜ) ਅਸ਼ਵਨੀ ਅਰੋੜਾ, ਐੱਸ. ਪੀ. ਗੁਰਵਿੰਦਰ ਸਿੰਘ ਰੰਧਾਵਾ ਤੋਂ ਇਲਾਵਾ ਹੋਰ ਵੀ ਅਧਿਕਾਰੀ ਤੇ ਪ੍ਰਮੁੱਖ ਸ਼ਖਸੀਅਤਾਂ ਹਾਜ਼ਰ ਸਨ।

# ਬਜ਼ੁਰਗਾਂ ਦੀ ਸਾਂਭ-ਸੰਭਾਲ ਸੰਬੰਧੀ 40 ਆਸ਼ਾ ਵਰਕਰਾਂ ਨੂੰ ਦਿੱਤੀ ਟ੍ਰੇਨਿੰਗ



**ਚੋਹਲਾ ਸਾਹਿਬ (ਰਮਨ ਚੱਢਾ)**-ਸਿਵਲ ਸਰਜਨ ਤਰਨ ਤਾਰਨ ਡਾ. ਭਾਰਤ ਭੂਸ਼ਣ, ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਵਰਿੰਦਰਪਾਲ ਕੌਰ ਅਤੇ ਜ਼ਿਲ੍ਹਾ ਅਪੋਲੋਜਿਸਟ ਡਾ. ਸਿਮਰਨ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀਐੱਚਸੀ ਸਰਹਾਲੀ ਦੀ ਯੋਗ ਅਗਵਾਈ ਹੇਠ ਸਰੀਰਕ ਤੰਦਰੁਸਤੀ ਅਤੇ ਬਜ਼ੁਰਗਾਂ ਦੀ ਸਾਂਭ-ਸੰਭਾਲ ਸਬੰਧੀ 40 ਆਸ਼ਾ ਵਰਕਰਾਂ ਨੂੰ ਟ੍ਰੇਨਿੰਗ ਦਿੱਤੀ ਗਈ ਹੈ।।ਜਾਣਕਾਰੀ ਦਿੰਦੇ ਹੋਏ ਡਾ. ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਨੇ ਦੱਸਿਆ ਕਿ ਸਰੀਰਕ ਤੰਦਰੁਸਤੀ ਦੇ ਨਾਲ ਨਾਲ ਮਾਨਸਿਕ ਤੰਦਰੁਸਤੀ ਅਤੇ ਬਜ਼ੁਰਗਾਂ ਦੀ ਸਾਂਭ ਸੰਭਾਲ ਕਿਸ ਤਰ੍ਹਾਂ ਕਰਨੀ ਹੈ, ਸਬੰਧੀ 1 ਅਗਸਤ ਤੋਂ ਲੈ ਕੇ 14 ਅਗਸਤ ਤੱਕ ਛੇ ਦਿਨਾਂ ਦੀ ਟ੍ਰੇਨਿੰਗ ਬਲਾਕ ਸਰਹਾਲੀ ਅਧੀਨ ਆਉਂਦੀਆਂ 140 ਆਸ਼ਾ ਵਿੱਚੋਂ 40 ਆਸ਼ਾ ਵਰਕਰਜ਼ ਨੂੰ ਦਿੱਤੀ ਗਈ ਹੈ। ਇਸ ਸਮੇਂ ਹਰਦੀਪ ਸਿੰਘ ਸੰਧੂ ਬੀਈਈ ਨੇ ਦੱਸਿਆ ਕਿ ਇਸ ਟ੍ਰੇਨਿੰਗ ਵਿੱਚ ਹਾਜਰ ਆਸ਼ਾ ਵਰਕਰਜ਼ ਨੂੰ ਸੀਐਚਓ ਸੁਪਰੀਤ ਕੌਰ ਅਤੇ ਏਐੱਨਐੱਮ ਰਜਵੰਤ ਕੌਰ ਵੱਲੋਂ ਦੱਸਿਆ ਗਿਆ ਹੈ ਕਿ ਅਸੀਂ ਸਰੀਰਕ ਤੰਦਰੁਸਤੀ ਦੇ ਨਾਲ ਨਾਲ ਮਾਨਸਿਕ ਤੰਦਰੁਸਤੀ ਕਿਸ ਤਰਾਂ ਰੱਖਣੀ ਹੈ ਅਤੇ ਚਿੰਤਾਵਾਂ ਦਾ ਤਿਆਗ ਕਰਕੇ ਕਿਸ ਤਰਾਂ ਮਾਨਸਿਕਤਾ ਨੂੰ ਮਜ਼ਬੂਤ ਬਣਾਉਣਾ ਹੈ ਅਤੇ ਘਰ ਵਿੱਚ ਰਹਿੰਦੇ ਬਜੁਰਗਾਂ ਦੀ ਕਿਸ ਤਰ੍ਹਾਂ ਸਾਂਭ-ਸੰਭਾਲ ਕਰਨੀ ਹੈ ਅਤੇ ਉਹਨਾਂ ਦੀ ਤੰਦਰੁਸਤੀ ਲਈ ਸਾਨੂੰ ਕੀ ਕੀ ਯਤਨ ਕਰਦੇ ਰਹਿਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਟ੍ਰੇਨਿੰਗ ਲੈ ਚੁੱਕੀਆਂ ਆਸ਼ਾ ਵਰਕਰਜ਼ ਘਰ-ਘਰ ਜਾ ਕੇ ਲੋਕਾਂ ਨੂੰ ਸਰੀਰਕ ਤੰਦਰੁਸਤੀ, ਮਾਨਸਿਕ ਤੰਦਰੁਸਤੀ ਸਬੰਧੀ ਜਾਣਕਾਰੀ ਦੇਣ ਦੇ ਨਾਲ ਨਾਲ ਬਜ਼ੁਰਗਾਂ ਦੀ ਸਾਂਭ-ਸੰਭਾਲ ਸਬੰਧੀ ਵੀ ਲੋਕਾਂ ਨੂੰ ਜਾਗਰੂਕ ਕਰਨਗੀਆਂ।

# ਸੰਤ ਬਾਬਾ ਗੁਰਬਚਨ ਸਿੰਘ ਡੰਡੇ ਵਾਲਿਆਂ ਦੀ ਬਰਸੀ 21 ਨੂੰ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਮਹਾਨ ਤਪੱਸਵੀ ਸੰਤ ਬਾਬਾ ਜਵਾਲਾ ਸਿੰਘ ਮਹਾਰਾਜ ਦੇ ਚਰਨ ਸੇਵਕ ਸੰਤ ਬਾਬਾ ਗੁਰਬਚਨ ਸਿੰਘ ਜੀ ਡੰਡੇ ਵਾਲਿਆਂ ਦੀ ਬਰਸੀ 6 ਭਾਦੋਂ 21ਅਗਸਤ ਦਿਨ ਬੁੱਧਵਾਰ ਨੂੰ ਚਰਨ ਸੇਵਕ ਸੰਤ ਬਾਬਾ ਗੁਰਭੇਜ ਸਿੰਘ ਖਜਾਲੇ ਵਾਲਿਆਂ ਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਜਾ ਰਹੀ ਹੈ, ਜਿਸ ਵਿਚ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ, ਸੰਤ ਬਾਬਾ ਪ੍ਰਮਾਨੰਦ ਜੀ ਜੰਡਿਆਲਾ ਗੁਰੂ ਵਾਲੇ, ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ ਵਾਲੇ, ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਸਾਹਿਬ, ਸੰਤ ਬਾਬਾ ਗੁਰਦੀਦਾਰ ਸਿੰਘ ਭੂਰੀ ਵਾਲੇ, ਸੰਤ ਬਾਬਾ ਭੁਪਿੰਦਰ ਗਿਰੀ, ਡੇਰਹੀਵਾਲ, ਸੰਤ ਬਾਬਾ ਗੁਰਦੇਵ ਸਿੰਘ ਕੁੱਲੀ ਵਾਲੇ, ਸੰਤ ਬਾਬਾ ਕਵਲਜੀਤ ਸਿੰਘ ਜੀ ਨਾਗੀਆਣਾ, ਸੰਤ ਬਾਬਾ ਸਰਦਾਰਾ ਸਿੰਘ ਕਾਰ ਸੇਵਾ ਵਾਲੇ, ਸੰਤ ਬਾਬਾ ਗੁਰਦੇਵ ਸਿੰਘ ਡੇਰਾ ਭਗਤਾਂ ਤਰਸਿੱਕਾ ਵਾਲੇ, ਸੰਤ ਬਾਬਾ ਨਵਤੇਜ ਸਿੰਘ ਚੇਲੇਆਣਾ ਸਾਹਿਬ ਵਾਲੇ, ਸੰਤ ਬਾਬਾ ਸੁਖਵਿੰਦਰ ਸਿੰਘ ਮਲਕਪੁਰ ਵਾਲੇ, ਸੰਤ ਬਾਬਾ ਸਰਵਨ ਸਿੰਘ ਮਲਕ ਪੁਰ ਵਾਲੇ, ਸੰਤ ਬਾਬਾ ਬੁੱਧ ਸਿੰਘ ਨਿਕੇ ਘੁੰਮਣਾ ਵਾਲੇ, ਸੰਤ ਬਾਬਾ ਗੁਰਬਚਨ ਸਿੰਘ ਸੁਰ ਸਿੰਘ ਵਾਲੇ, ਸੰਤ ਬਾਬਾ ਗੁਰਮੀਤ ਸਿੰਘ ਬਦੋਵਾਲ ਵਾਲੇ ਸੰਤ ਬਾਬਾ ਸਵਿੰਦਰ ਸਿੰਘ ਟਾਹਲੀ ਸਾਹਿਬ ਵਾਲੇ ਸੰਤ ਬਾਬਾ ਵਰਿੰਦਰ ਮੁਨੀ ਫੇਰੂਮਾਨ ਵਾਲੇ ਸੰਤ ਬਾਬਾ ਗੁਰਦਿਆਲ ਸਿੰਘ ਕਾਲੇਕੇ ਵਾਲੇ ਗਿਆਨੀ ਮਲਕੀਅਤ ਸਿੰਘ ਜੱਬੋਵਾਲ ਵਾਲੇ ਬਾਬਾ ਸੁਖਵੰਤ ਸਿੰਘ ਚੰਨਣਕੇ ਵਾਲੇ ਤੇ ਹੋਰ ਬਹੁਤ ਸਾਰੇ ਧਾਰਮਿਕ ਤੇ ਰਾਜਨੀਤਕ ਲੋਕ ਪਹੁੰਚਣਗੇ

# ਚੋਰੀ ਦੀਆਂ ਦੋ ਘਟਨਾਵਾਂ 'ਚ ਨਕਦੀ ਤੇ ਸਾਮਾਨ ਚੋਰੀ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਕਸਬਾ ਕਾਦੀਆਂ 'ਚ ਬੀਤੀ ਰਾਤ ਦੋ ਅਲੱਗ ਅਲੱਗ ਚੋਰੀਆਂ ਨੂੰ ਚੋਰਾਂ ਵੱਲੋਂ ਅੰਜਾਮ ਦਿੱਤਾ ਗਿਆ। ਜਾਣਕਾਰੀ ਦਿੰਦੇ ਹੋਏ ਗੁਰਦੇਵ ਸਿੰਘ ਘੁੰਮਣ ਪੁੱਤਰ ਉਜਾਗਰ ਸਿੰਘ ਵਾਸੀ ਮੁਹੱਲਾ ਪ੍ਰਤਾਪ ਨਗਰ ਨੇ ਦੱਸਿਆ ਕਿ ਉਸ ਦੀ ਬੁੱਟਰ ਰੋਡ ਚੌਕ ਵਿੱਚ ਭਠੂਰੇ ਛੋਲਿਆਂ ਅਤੇ ਨਾਨ੍ਹ ਦੀ ਦੁਕਾਨ ਹੈ। ਉਹ ਸ਼ਾਮ 7 ਵਜੇ ਬੰਦ ਕਰਕੇ ਚਲਾ ਗਿਆ। ਸਵੇਰੇ 6 ਵਜੇ ਦੁਕਾਨ ਖੋਲ੍ਹੀ ਤਾਂ ਦੁਕਾਨ ਵਿੱਚ ਲੱਗੀ ਐੱਲਸੀਡੀ ਅਤੇ ਸੁਜਾਤਾ ਦਾ ਜੂਸਰ ਗਰੈਂਡਰ ਚੋਰੀ ਹੋ ਗਿਆ ਸੀ। ਦੂਜੀ ਘਟਨਾ ਆਟਾ ਚੱਕੀ 'ਤੇ ਵਾਪਰੀ। ਜਾਣਕਾਰੀ ਦਿੰਦੇ ਹੋਏ ਗੁਰਮੀਤ ਸਿੰਘ ਪੁੱਤਰ ਭਗਵਿੰਦਰ ਸਿੰਘ ਨੇ ਦੱਸਿਆ ਕਿ ਰਾਤ ਸਮੇਂ ਚੋਰ ਉਨ੍ਹਾਂ ਦੀ ਕੰਧ ਟੱਪ ਕੇ ਉਸ ਦਾ ਤੇ ਉਸ ਦੀ ਪਤਨੀ ਦੇ ਐੱਮਆਈ ਕੰਪਨੀ ਦੇ ਦੋ ਮੋਬਾਇਲ ਫੋਨ ਅਤੇ 5500 ਰੁਪਏ ਗੱਲੇ ਵਿੱਚੋਂ ਕੱਢ ਕੇ ਫਰਾਰ ਹੋ ਗਏ। ਦੋਵਾਂ ਘਟਨਾਵਾਂ ਵਿੱਚ ਦੁਕਾਨਦਾਰਾਂ ਦਾ ਕਰੀਬ ਨਗਦੀ ਸਮੇਤ 50 ਹਜ਼ਾਰ ਦਾ ਨੁਕਸਾਨ ਹੋਇਆ। ਇਸ ਸਬੰਧੀ ਥਾਣਾ ਕਾਦੀਆਂ ਵਿਖੇ ਇਤਲਾਹ ਦੇ ਦਿੱਤੀ ਗਈ ਹੈ। ਕਸਬੇ ਅੰਦਰ ਲੁੱਟ ਖੋਹ ਤੇ ਚੋਰੀ ਦੀਆਂ ਘਟਨਾਵਾਂ ਦਿਨੋਂ ਦਿਨ ਵੱਧ ਰਹੀਆਂ ਹਨ।ਲੋਕਾਂ ਦੀ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਤੋਂ ਮੰਗ ਹੈ ਕਿ ਉਨ੍ਹਾਂ ਦੀ ਜਾਨ-ਮਾਲ ਦੀ ਰਾਖੀ ਕੀਤੀ ਜਾਵੇ।

# ਨਾਬਾਲਗਾ ਨੂੰ ਉਧਾਲਣ ਦੇ ਦੋਸ਼ 'ਚ ਨੌਜਵਾਨ ਖ਼ਿਲਾਫ਼ ਪੁਲਸ ਨੇ ਕਾਰਵਾਈ ਆਰੰਭੀ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਇਕ ਨਾਬਾਲਗ ਲੜਕੀ ਨੂੰ ਉਧਾਲਣ ਵਾਲੇ ਨੌਜਵਾਨ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਲੜਕੀ ਦੇ ਪਿਤਾ ਨੇ ਦੱਸਿਆ ਕਿ ਮੇਰੀ ਲੜਕੀ ਨਾਬਾਲਗ ਹੈ। 4 ਅਗਸਤ ਨੂੰ ਮੈਂ ਅਤੇ ਮੇਰੀ ਪਤਨੀ ਆਪਣੀ ਰਿਸ਼ਤੇਦਾਰੀ ਵਿੱਚ ਗਏ ਹੋਏ ਸੀ ਕਿ ਘਰ ਵਿੱਚ ਲੜਕੀ ਅਤੇ ਲੜਕਾ ਸਨ। 4/5 ਅਗਸਤ ਦੀ ਦਰਮਿਆਨੀ ਰਾਤ ਦੋ ਨੌਜਵਾਨ ਸਾਡੇ ਡੇਰੇ 'ਤੇ ਆਏ ਅਤੇ ਮੇਰੀ ਲੜਕੀ ਨੂੰ ਡਰਾ ਧਮਕਾ ਕੇ ਵਿਆਹ ਕਰਵਾਉਣ ਦੀ ਨੀਅਤ ਨਾਲ ਵਰਗਲਾ ਫੁਸਲਾ ਕੇ ਆਪਣੇ ਨਾਲ ਲੈ ਗਏ ਹਨ। ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਪੀੜਤ ਦੇ ਬਿਆਨਾਂ 'ਤੇ ਕਾਰਵਾਈ ਕਰਦਿਆਂ ਕਥਿਤ ਦੋਸ਼ੀਆਂ ਖ਼ਿਲਾਫ਼ ਜ਼ੇਰੇ ਧਾਰਾ 137, 87 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਮਾਤਾ ਚਿੰਤਪੁਰਨੀ ਦੇ ਮੇਲੇ ਨੂੰ ਸਮਰਪਿਤ ਲੰਗਰ ਲਗਾਇਆ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਅਜਨਾਲਾ ਸ਼ਹਿਰ ਦੇ ਡੇਰਾ ਰੋਡ ਵਿਖੇ ਮਾਤਾ ਚਿੰਤਪੁਰਨੀ ਮੇਲੇ ਨੂੰ ਸਮਰਪਿਤ ਅਜਨਾਲਾ ਸ਼ਹਿਰ ਵਿੱਚ ਦੂਸਰਾ ਸਾਲਾਨਾ ਲੰਗਰ ਲਗਾਇਆ ਗਿਆ। ਇਹ ਲੰਗਰ ਵਿੱਚ ਅਨੇਕਾਂ ਪ੍ਰਕਾਰ ਦੇ ਭੋਜਨ ਪਕਵਾਨ ਤਿਆਰ ਕਰਕੇ ਸੰਗਤਾਂ ਨੂੰ ਛਕਾਏ ਗਏ। ਇਸ ਮੌਕੇ ਕਰਿਆਨਾ ਯੂਨੀਅਨ ਅਜਨਾਲਾ ਦੇ ਸਾਬਕਾ ਪ੍ਰਧਾਨ ਨੰਦ ਕਿਸ਼ੋਰ ਭੱਲਾ, ਸੇਵਾਦਾਰ ਦਵਿੰਦਰ ਕੁਮਾਰ ਪੁਰੀ, ਰਵੀ ਲੋਹੇ ਵਾਲੇ, ਗੋਲਡੀ ਕਰਿਆਨੇ ਵਾਲੇ, ਅਵਿਨਾਸ਼ ਕੁਮਾਰ, ਰੋਹਿਤ ਭੱਲਾ, ਮੋਹਨ ਲਾਲ ਸ਼ਰਮਾ, ਵਪਾਰ ਮੰਡਲ ਅਜਨਾਲਾ ਦੇ ਸਾਬਕਾ ਪ੍ਰਧਾਨ ਪ੍ਰਵੀਨ ਕੁਮਾਰ ਕੁਕਰੇਜਾ, ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਭੱਟੀ, ਆਮ ਆਦਮੀ ਪਾਰਟੀ ਦੇ ਸ਼ਹਿਰੀ ਪ੍ਰਧਾਨ ਅਮਿਤ ਔਲ, ਸਾਬਕਾ ਪ੍ਰਧਾਨ ਦੀਪਕ ਕੁਮਾਰ ਚੈਨਪੁਰੀਆ, ਸੌਰਵ ਸਰੀਨ, ਵਿਜੇ ਬਾਂਸਲ ਆਦਿ ਹਾਜ਼ਰ ਸਨ।

# ਮੇਜਰ ਸਿੰਘ ਮੰਨਣ ਨੂੰ ਸਦਮਾ, ਮਾਤਾ ਦਾ ਦਿਹਾਂਤ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜਥੇਬੰਦੀ ਦੇ ਪ੍ਰਧਾਨ ਮੇਜਰ ਸਿੰਘ ਮੰਨਣ ਉਸ ਵੇਲੇ ਗਹਿਰਾ ਸਦਮਾ ਪੁੱਜਾ ਜਦੋਂ ਉਨ੍ਹਾਂ ਦੀ ਸਤਿਕਾਰਯੋਗ ਮਾਤਾ ਸੁਰਜੀਤ ਕੌਰ ਦਾ ਦਿਹਾਂਤ ਹੋ ਗਿਆ। ਉਨ੍ਹਾਂ ਦੇ ਤਿੰਨ ਬੇਟੇ ਸਨ।ਅਮਰਜੀਤ ਸਿੰਘ, ਮੇਜਰ ਸਿੰਘ, ਸੁਖਵੰਤ ਸਿੰਘ ਮੰਨਣ ਮਾਤਾ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਮੰਨਣ ਵਿਖੇ ਕਰ ਦਿੱਤਾ ਗਿਆ ਹੈ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਗੁਰਬਾਜ ਸਿੰਘ ਸਿੱਧਵਾਂ, ਜਸਵੰਤ ਸਿੰਘ ਸੋਹਲ ਪ੍ਰਧਾਨ, ਪ੍ਰਧਾਨ ਦਿਲਬਾਗ ਸਿੰਘ ਐਮਾ, ਸਰਬਜੀਤ ਸਿੰਘ ਐਮਾ, ਗੁਰਵਿੰਦਰ ਸਿੰਘ ਕਾਲੂ ਐਮਾ, ਪ੍ਰਧਾਨ ਹਰਪ੍ਰੀਤ ਸਿੰਘ ਐਮਾ ਖੁਰਦ, ਸਵਰਨ ਸਿੰਘ ਐਮਾ, ਜਸਵੰਤ ਸਿੰਘ ਪ੍ਰਧਾਨ ਮੰਨਣ, ਧਿਆਨ ਸਿੰਘ ਫੌਜੀ ਮੰਨਣ, ਗੁਰਜੀਤ ਸਿੰਘ ਮੰਨਣ, ਲਖਵਿੰਦਰ ਸਿੰਘ ਫੌਜੀ ਮੰਨਣ, ਹਰਬਿੰਦਰ ਸਿੰਘ ਮੰਨਣ, ਸੁਰਿੰਦਰ ਸਿੰਘ ਆਦਿ ਕਿਸਾਨ ਆਗੂ ਹਾਜ਼ਰ ਸਨ ਜਿਨ੍ਹਾਂ ਪੀੜਤ ਪਰਿਵਾਰ ਨਾਲ ਦੁਖ ਪ੍ਰਗਟਾਇਆ।ਅੰਤਿਮ ਅਰਦਾਸ ਬੁੱਧਵਾਰ 21 ਅਗਸਤ ਨੂੰ ਗੁਰਦੁਆਰਾ ਸਾਹਿਬ ਵਿਖੇ ਹੋਵੇਗੀ।

# ਆਜ਼ਾਦੀ ਦਿਹਾੜੇ ਮੌਕੇ ਮਜਲਿਸ ਖ਼ੁਦਾਮ ਉਲ ਅਹਿਮਦੀਆ ਨੇ ਖ਼ੂਨਦਾਨ ਕੈਂਪ ਲਗਾਇਆ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-78ਵੇਂ ਸੁਤੰਤਰਤਾ ਦਿਵਸ ਮੌਕੇ ਮੁਸਲਿਮ ਜਮਾਤ ਅਹਿਮਦੀਆ ਦੇ ਨੌਜਵਾਨਾਂ ਦੀ ਸੰਸਥਾ ਮਜਲਿਸ ਖ਼ੁਦਾਮ ਉਲ ਅਹਿਮਦੀਆ ਵੱਲੋਂ ਕਾਦੀਆਂ ਦੇ ਸਰਾਏ ਤਾਹਿਰ ਸਿਵਲ ਲਾਈਨ ਵਿਖੇ ਇਕ ਖ਼ੂਨਦਾਨ ਕੈਂਪ ਲਗਾਇਆ ਗਿਆ ਜਿਸ ਵਿੱਚ ਵੱਡੀ ਗਿਣਤੀ ਵਿੱਚ ਅਹਿਮਦੀ ਨੌਜਵਾਨਾਂ ਅਤੇ ਇਲਾਕੇ ਦੇ ਨੌਜਵਾਨਾਂ ਨੇ ਖ਼ੂਨਦਾਨ ਕੀਤਾ।ਪ੍ਰਧਾਨ ਸ਼ਮੀਮ ਅਹਿਮਦ ਗੌਰੀ ਨੇ ਇਸ ਖ਼ੂਨਦਾਨ ਕੈਂਪ ਦਾ ਬਕਾਇਦਾ ਉਦਘਾਟਨ ਕੀਤਾ ।ਇਸ ਮੌਕੇ ਡਾ. ਪ੍ਰਿਆ ਬਟਾਲਾ ਤੋਂ ਆਪਣੀ ਟੀਮ ਦੇ ਨਾਲ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਕਿਹਾ ਇਸ ਖ਼ੂਨਦਾਨ ਦਾ ਮਹੱਤਵ ਹੋਰ ਵੀ ਵਧ ਜਾਂਦਾ ਹੈ ਕਿਉਂਕਿ ਅੱਜ ਪੰਦਰਾਂ ਅਗਸਤ ਆਜ਼ਾਦੀ ਦਾ ਦਿਨ ਹੈ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਸ਼ੇਸ਼ ਤੌਰ 'ਤੇ ਅਹਿਮਦ ਸ਼ਮੀਮ, ਡਾ. ਪ੍ਰਿਆ ਬਟਾਲਾ, ਕਾਦੀਆਂ ਵੈੱਲਫੇਅਰ ਕਲੱਬ ਦੇ ਚੇਅਰਮੈਨ ਤਾਰਿਕ ਅਹਿਮਦ, ਸ਼ਰਜੀਲ ਅਹਿਮਦ ਗੁਲਸ਼ਨ, ਇਫਤਿਖਾਰ ਓਦ ਦੀਨ ਕਮਰ ਵਿਸ਼ੇਸ਼ ਤੌਰ ਤੇ ਮੌਜੂਦ ਸੀ ।

# ਬਾਬਾ ਸ੍ਰੀ ਚੰਦ ਸਕੂਲ ਚੂਹੜ ਚੱਕ ਵਿਖੇ 78ਵੇਂ ਆਜ਼ਾਦੀ ਦਿਹਾੜੇ ਦੇ ਜਸ਼ਨ ਮਨਾਏ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਬਾਬਾ ਸ੍ਰੀ ਚੰਦ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਚੂਹੜ ਚੱਕ (ਲੋਧਾ) ਦੀਨਾਨਗਰ ਵਿਖੇ ਆਜ਼ਾਦੀ ਦਿਵਸ ਸਬੰਧੀ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿਚ ਐੱਮ. ਡੀ ਸਤਨਾਮ ਸਿੰਘ ਮੁੱਖ ਮਹਿਮਾਨ ਵਜੋਂ ਹਜ਼ਾਰ ਹੋਏ ਜਿਨ੍ਹਾਂ ਨੇ ਬਚਿਆਂ ਨੂੰ ਆਜ਼ਾਦੀ ਦਿਵਸ ਦੇ ਇਤਿਹਾਸ ਤੇ ਕੁਰਬਾਨੀਆਂ ਬਾਰੇ ਜਾਣਕਾਰੀ ਦਿੱਤੀ।ਇਸ ਸਮੇਂ ਵਿਦਿਆਰਥਣਾਂ ਵੱਲੋਂ ਗਿੱਧਾ ਪੇਸ਼ ਕੀਤਾ ਗਿਆ।ਅੱਠਵੀਂ ਜਮਾਤ ਦੇ ਵਿਦਿਆਰਥੀ ਤਨੁਸ਼ ਕੁਮਾਰ ਨੇ ਐ ਵਤਨ ਤੇਰੇ ਲੀਏ ਗੀਤ ਗਾ ਕੇ ਸਾਰਿਆਂ ਦਾ ਮਨ ਜਿੱਤ ਲਿਆ।ਪ੍ਰਿੰ. ਰੀਨਾ ਸਰਮਾਲ ਤੇ ਵਾਈਸ ਪ੍ਰਿੰ. ਅਸ਼ਵਨੀ ਕੁਮਾਰ ਵਲੋਂ ਬਚਿਆ ਨੂੰ 15 ਅਗਸਤ ਬਾਰੇ ਜਾਣੂ ਕਰਵਾਇਆ ਗਿਆ ਅਤੇ ਬੱਚਿਆਂ ਦਾ ਦਿਲੋਂ ਧੰਨਵਾਦ ਕੀਤਾ ਅਤੇ ਲੱਡੂ ਵੰਡੇ ਗਏ।

ਇਸ ਮੌਕੇ ਸਮੂਹ ਸਟਾਫ ਮੈਂਬਰ ਅਮਨਦੀਪ, ਵਿਕਾਸ ਬੈਂਸ, ਗੁਰਜਿੰਦਰ ਕੌਰ, ਕਾਜਲ, ਸਲਾਰੀਆ, ਕਾਜਲ, ਕਮਲਜੀਤ ਕੌਰ, ਸ਼ਾਲਿਨੀ ਸੈਣੀ, ਪੱਲਵੀ, ਸੁਰੇਖਾ, ਨੇਹਾ, ਕੋਆਈਡੀਨੇਟਰ ਇੰਦਰਜੀਤ ਕੌਰ, ਨੇਹਾ, ਅੰਜੂ, ਮਹਿਕ, ਸਰਿਸ਼ਟਾ ਤੇ ਜੀਵਨ ਮੌਜੂਦ ਸਨ।

# ਸੈਕਰਡ ਸੋਲਜ਼ ਕਾਨਵੈਂਟ ਸਕੂਲ ਕਾਲੇ ਨੇ ਬੜੇ ਚਾਵਾਂ ਨਾਲ ਮਨਾਇਆ ਤੀਜ ਦਾ ਤਿਉਹਾਰ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਸੈਕਰਡ ਸੋਲਜ਼ ਕਾਨਵੈਂਟ ਸਕੂਲ ਕਾਲੇ ਵਿੱਚ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਸੱਭਿਆਚਾਰਕ ਪਹਿਰਾਵੇ 'ਚ ਤਿਆਰ ਹੋਈਆਂ ਵਿਦਿਆਰਥਣਾਂ ਨੇ ਹੱਥਾਂ ਤੇ ਮਹਿੰਦੀ ਲਗਾ ਕੇ ਤੇ ਗਿੱਧਾ ਪਾ ਆਨੰਦ ਮਾਣਿਆ।ਪ੍ਰੋਗਰਾਮ ਦੀ ਸ਼ੁਰੂਆਤ 'ਚ ਬੱਚਿਆਂ ਨੇ ਸ਼ਬਦ ਤੇ ਕਵੀਸ਼ਰੀ ਸੁਣਾ ਕੇ ਸਭ ਨੂੰ ਆਨੰਦਮਈ ਅਵਸਥਾ ਵਿੱਚ ਭੇਜ ਦਿੱਤਾ।ਇਸ ਤੋਂ ਬਾਅਦ ਲੜਕਿਆਂ ਨੇ ਸਟੇਜ ਤੇ ਭੰਗੜੇ ਤੇ ਵਿਦਿਆਰਥਣਾਂ ਨੇ ਗਿੱਧੇ ਦੀ ਪੇਸ਼ਕਾਰੀ ਕਰਕੇ ਪ੍ਰੋਗਰਾਮ ਨੂੰ ਚਾਰ ਚੰਨ ਲਗਾਏ। ਇਸ ਮੌਕੇ ਸਟੇਜ ਤੇ ਬੋਲਦਿਆਂ ਸਕੂਲ ਚੇਅਰਮੈਨ ਕੰਧਾਲ ਸਿੰਘ ਬਾਠ ਨੇ ਕਿਹਾ ਕਿ ਤੀਆਂ ਸਾਡੀਆਂ ਧੀਆਂ ਦਾ ਤਿਉਹਾਰ ਹੈ ਤੇ ਇਸ ਤਿਉਹਾਰ ਦਾ ਸਾਡੇ ਸੱਭਿਆਚਾਰ ਵਿੱਚ ਵਿਸ਼ੇਸ਼ ਸਥਾਨ ਹੈ।ਉਨ੍ਹਾਂ ਕਿਹਾ ਕਿ ਇਸ ਤਿਉਹਾਰ ਨੂੰ ਮਨਾਉਣ ਦਾ ਉਦੇਸ਼ ਵਿਦਿਆਰਥੀਆਂ ਨੂੰ ਆਪਣੇ ਸੱਭਿਆਚਾਰ ਨਾਲ ਜੋੜਨਾ ਹੈ।ਤਕਨਾਲੋਜੀ ਤੇ ਸੋਸ਼ਲ ਮੀਡੀਆ ਕਾਰਨ ਅਸੀਂ ਆਪਣੇ ਸੱਭਿਆਚਾਰ ਤੋਂ ਦੂਰ ਹੁੰਦੇ ਜਾ ਰਹੇ ਹਾਂ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਨੂੰ ਸੱਭਿਆਚਾਰ ਨਾਲ ਜੋੜਨ ਲਈ ਅਜਿਹੇ ਤਿਉਹਾਰ ਜ਼ਰੂਰ ਮਨਾਉਣੇ ਚਾਹੀਦੇ ਹਨ। ਇਸ ਮੌਕੇ ਪ੍ਰਿੰਸੀਪਲ ਲਖਬੀਰ ਕੌਰ ਨੇ ਕਿਹਾ ਕਿ ਵਿੱਦਿਅਕ ਅਦਾਰਿਆਂ ਨੂੰ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰ ਨਾਲ ਜੋੜਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਸੱਭਿਆਚਾਰ ਤੋਂ ਟੁੱਟ ਕੇ ਅਸੀਂ ਕਦੇ ਵੀ ਅੱਗੇ ਨਹੀਂ ਵਧ ਸਕਦੇ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਲਗਨ ਨਾਲ ਪੜ੍ਹਨ ਤੇ ਆਪਣੇ ਸੱਭਿਆਚਾਰ ਨਾਲ ਜੁੜਨ ਦਾ ਸੰਦੇਸ਼ ਦਿੱਤਾ।

ਇਸ ਮੌਕੇ ਵਿਦਿਆਰਥਣਾਂ ਦੇ ਮਹਿੰਦੀ ਤੇ ਰੱਖੜੀ ਬਣਾਉਣ ਦੇ ਮੁਕਾਬਲੇ ਵੀ ਕਰਵਾਏ ਗਏ।ਵਿਦਿਆਰਥਣਾਂ ਨੇ ਬੜੇ ਚਾਅ ਨਾਲ ਘਰੇਲੂ ਸਾਮਾਨ ਦੀ ਵਰਤੋਂ ਕਰਕੇ ਰੱਖੜੀਆਂ ਬਣਾਈਆਂ। ਸਕੂਲ ਚੇਅਰਮੈਨ ਤੇ ਪ੍ਰਿੰਸੀਪਲ ਵੱਲੋਂ ਵਿਦਿਆਰਥਣਾਂ ਨੂੰ ਉਨ੍ਹਾਂ ਦੀ ਬੇਹਤਰੀਨ ਕਲਾ ਲਈ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

# ਪ੍ਰਗਟ ਸਿੰਘ ਨੇ ਬਤੌਰ ਬੀ ਡੀ ਪੀ ਓ ਤਰਸਿੱਕਾ ਅਹੁਦਾ ਸੰਭਾਲਿਆ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਬਲਾਕ ਵਿਕਾਸ ਪੰਚਾਇਤ ਅਫਸਰ ਦਫਤਰ ਤਰਸਿੱਕਾ ਵਿਖੇ ਪ੍ਰਗਟ ਸਿੰਘ ਵੱਲੋਂ ਬੀਡੀਪੀਓ ਦਾ ਅਹੁਦਾ ਸੰਭਾਲ ਕੇ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ।ਇਲਾਕੇ ਦੇ ਆਪ ਆਗੂਆਂ ਅਤੇ ਹੋਰ ਪੰਚਾਂ ਸਰਪੰਚਾਂ ਦੀ ਹਾਜ਼ਰੀ ਵਿੱਚ ਅਹੁਦਾ ਸੰਭਾਲਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਚਾਇਤ ਅਫਸਰ ਪ੍ਰਗਟ ਸਿੰਘ ਨੇ ਕਿਹਾ ਕਿ ਪੰਚਾਇਤ ਦਫਤਰ ਤਰਸਿੱਕਾ ਨੂੰ ਹੋਰ ਵੀ ਸੁਚਾਰੂ ਢੰਗ ਨਾਲ ਚਲਾਉਣ ਲਈ ਵਿਸ਼ੇਸ਼ ਯਤਨ ਕੀਤੇ ਜਾਣਗੇ ਅਤੇ ਪਿੰਡਾਂ ਦੇ ਵਿਕਾਸ ਸਬੰਧੀ ਕੋਈ ਮੁਸ਼ਕਿਲ ਨਹੀਂ ਪੇਸ਼ ਆਉਣ ਦਿੱਤੀ ਜਾਵੇਗੀ।

ਅਹੁਦਾ ਸੰਭਾਲਣ ਦੇ ਮੌਕੇ ਆਪ ਪਾਰਟੀ ਵੱਲੋਂ ਸੀਨੀਅਰ ਆਗੂ ਬਲਬੀਰ ਸਿੰਘ ਬੋਪਾਰਾਏ ਨੇ ਕਿਹਾ ਕਿ ਇਲਾਕੇ ਦੀ ਖੁਸ਼ਕਿਸਮਤੀ ਹੈ ਕਿ ਉਹਨਾਂ ਨੂੰ ਅਜਿਹੇ ਅਫਸਰ ਦੀ ਨਿਯੁਕਤੀ ਮਿਲੀ ਹੈ ਜਿਨਾਂ ਵੱਲੋਂ ਹਮੇਸ਼ਾ ਹੀ ਪੰਚਾਇਤਾਂ ਦੇ ਕਮ ਨੂੰ ਸਹੀ ਤਰੀਕੇ ਨਾਲ ਕਰਨ ਲਈ ਸਿਰ ਤੋੜ ਯਤਨ ਕੀਤੇ ਜਾਂਦੇ ਹਨ ਅਤੇ ਅਸੀਂ ਵੀ ਨਵ ਨਿਯੁਕਤ ਬੀਡੀਪੀਓ ਨੂੰ ਪਿੰਡਾਂ ਦੇ ਵਿਕਾਸ ਸਬੰਧੀ ਪੂਰਨ ਸਹਿਯੋਗ ਦੇਵਾਂਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੰਚਾਇਤ ਸੈਕਟਰੀ ਬਲਜਿੰਦਰ ਸਿੰਘ ਨਿਰਵੈਲ ਸਿੰਘ, ਤਰਵਿੰਦਰ ਸਿੰਘ ਸਾਧਪੁਰ ਆਪ ਆਗੂ, ਨਿਸ਼ਾਨ ਸਿੰਘ ਚੁਗਾਵਾਂ ਆਪ ਆਗੂ, ਬਲਰਾਜ ਸਿੰਘ ਤਰਸਿੱਕਾ ਅਤੇ ਹੋਰ ਆਗੂ ਹਾਜ਼ਰ ਸਨ।

# ਸਕੂਲੀ ਬੱਚਿਆਂ ਨੂੰ ਚਿਕਨਗੁਨੀਆ ਬੁਖ਼ਾਰ ਬਾਰੇ ਦਿੱਤੀ ਜਾਣਕਾਰੀ



**ਚੋਹਲਾ ਸਾਹਿਬ (ਰਮਨ ਚੱਢਾ)**-ਸਿਵਲ ਸਰਜਨ ਤਰਨ ਤਾਰਨ ਡਾ. ਭਾਰਤ ਭੂਸ਼ਣ ਅਤੇ ਜ਼ਿਲ੍ਹਾ ਅਪੋਲੋਜਿਸਟ ਡਾਕਟਰ ਸਿਮਰਨ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾ. ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀਐੱਚਸੀ ਸਰਹਾਲੀ ਦੀ ਯੋਗ ਅਗਵਾਈ ਹੇਠ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫਤਿਆਬਾਦ ਵਿਖੇ ਚਿਕਨਗੁਨੀਆ ਅਤੇ ਡੇਂਗੂ ਬੁਖ਼ਾਰ ਬਾਰੇ ਬੱਚਿਆਂ ਨੂੰ ਜਾਣਕਾਰੀ ਦਿੱਤੀ ਗਈ ਹੈ। ਇਸ ਸਮੇਂ ਐੱਸ. ਆਈ. ਹਰਮੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਾਨੂੰ ਆਪਣਾ ਆਲਾ-ਦੁਆਲਾ ਸਾਫ ਸੁਥਰਾ ਰੱਖਣਾ ਚਾਹੀਦਾ ਹੈ ਅਤੇ ਆਪਣੇ ਘਰਾਂ ਦੀਆਂ ਛੱਤਾਂ ਤੇ ਪਏ ਗਮਲਿਆਂ ਅਤੇ ਟੁੱਟੇ ਟਾਇਰਾਂ ਵਿੱਚ ਪਾਣੀ ਇੱਕਠਾ ਨਹੀਂ ਹੋਣ ਦੇਣਾ ਚਾਹੀਦਾ ਅਤੇ ਆਪਣੇ ਕੂਲਰਾਂ ਦੀ ਹਫਤੇ ਵਿੱਚ 1 ਵਾਰ ਸਾਫ ਸਫਾਈ ਜਰੂਰ ਕਰਨੀ ਚਾਹੀਦੀ ਹੈ। ਇਸ ਸਮੇਂ ਅਮਨਦੀਪ ਸਿੰਘ ਹੈਲਥ ਵਰਕਰ ਫਤਿਆਬਾਦ ਨੇ ਦੱਸਿਆ ਕਿ ਸਾਨੂੰ ਰਾਤ ਸੌਣ ਸਮੇਂ ਮੱਛਰ ਭਜਾਉਣ ਵਾਲੀਆਂ ਕਰੀਮਾਂ ਅਤੇ ਤੇਲਾਂ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਨੇ ਦੱਸਿਆ ਕਿ ਜੇਕਰ ਤੁਹਾਨੂੰ ਤੇਜ਼ ਬੁਖ਼ਾਰ ਜਾਂ ਸਿਰ ਦਰਦ ਹੈ ਤਾਂ ਤੁਰੰਤ ਨਜ਼ਦੀਕੀ ਸਿਹਤ ਕੇਂਦਰ ਵਿੱਚ ਜਾਕੇ ਆਪਣੀ ਜਾਂਚ ਕਰਵਾਓ। ਇਸ ਸਮੇਂ ਗਗਨਦੀਪ ਕੌਰ ਸੀਐੱਚਓ, ਨਵਜੋਤ ਕੌਰ ਹੈਲਥ ਕੇਅਰ, ਅਮਿਤਾ ਰਾਣੀ ਆਸ਼ਾ ਵਰਕਰ ਆਦਿ ਹਾਜ਼ਰ ਸਨ।

# ਲੇਡੀਜ਼ ਡਾਕਟਰ ਤੇ ਨਰਸਾਂ ਨੇ ਮਨਾਇਆ ਮਿਲ ਕੇ ਤੀਆਂ ਦਾ ਤਿਉਹਾਰ



**ਕਲਾਨੌਰ (ਮਨਦੀਪ ਕੋਹਲੀ)**-ਸਾਲ ਵਿੱਚ ਇੱਕ ਮਹੀਨਾ ਸਾਵਣ ਦਾ ਹੁੰਦਾ ਹੈ ਜਿਸ ਮਹੀਨੇ ਵਿੱਚ ਹਰ ਇੱਕ ਨੂੰ ਭਾਵੇਂ ਉਹ ਨਵੀਂ ਵਿਆਹੀ ਮੁਟਿਆਰ ਹੋਵੇ ਜਾਂ ਸਾਵਣ ਕੱਟਣ ਆਈ ਧੀ ਹੋਵੇ ਜਾਂ ਫਿਰ ਵੱਧ ਉਮਰ ਦੀਆਂ ਔਰਤਾਂ ਸਾਵਣ ਮਹੀਨੇ ਵਿੱਚ ਤੀਆਂ ਦਾ ਤਿਹਾਰ ਮਨਾਉਣ ਦਾ ਚਾਹ ਹਰ ਇੱਕ ਇੱਕੋ ਜਿਹਾ ਹੀ ਹੁੰਦਾ ਹੈ। ਸਾਵਣ ਮਹੀਨੇ ਦੇ ਤੀਆਂ ਦੇ ਤਿਉਹਾਰ ਨੂੰ ਕਲਾਨੌਰ ਦੇ ਕਮਿਊਨਿਟੀ ਹੈਲਥ ਸੈਂਟਰ ਵਿੱਚ ਵੀ ਬੜੇ ਚਾਵਾਂ ਨਾਲ ਮਨਾਇਆ ਗਿਆ। ਅੱਜ ਦਾ ਇਹ ਤੀਆਂ ਦਾ ਤਿਉਹਾਰ ਸਟਾਫ ਨਰਸ ਮੈਡਮ ਕੁਲਜੀਤ ਕੌਰ ਦੀ ਅਗਵਾਈ ਵਿੱਚ ਮਨਾਇਆ ਗਿਆ ਜਿੱਥੇ ਹਸਪਤਾਲ ਦੀਆਂ ਸਟਾਫ ਨਰਸ, ਹਸਪਤਾਲ ਵਰਕਰਾਂ ਅਤੇ ਹੋਰ ਲੇਡੀਜ ਸਟਾਫ ਵੱਲੋਂ ਤੀਆਂ ਦੇ ਤਿਉਹਾਰ ਨੂੰ ਗਿੱਧਾ ਬੋਲੀਆਂ ਅਤੇ ਪੀਂਘਾਂ ਝੂਟ ਕੇ ਮਨਾਇਆ ਗਿਆ। ਇਸ ਮੌਕੇ ਡਾਕਟਰ ਰਿਚਾ, ਡਾਕਟਰ ਸ਼ਵੇਤਾ, ਕੁਲਜੀਤ ਕੌਰ, ਕਮਲਜੀਤ ਕੌਰ, ਗੁਰਮੀਤ ਕੌਰ, ਲਖਵਿੰਦਰ ਕੌਰ, ਰਮਨਦੀਪ ਕੌਰ, ਨਵਜੋਤ ਕੌਰ, ਮਨਜੀਤ ਕੌਰ, ਸੁਮਨ ਕੁਮਾਰੀ ਸਾਰੇ ਹੀ ਸਟਾਫ ਨਰਸ ਅਤੇ ਪਲਵਿੰਦਰ ਕੌਰ ਏਐਨਐਮ, ਸੁਖਜੀਤ ਕੌਰ ਐਲਐਚਵੀ, ਹਨੀ ਮਹਾਜਨ ਸੀਐਚਓ, ਲਖਵਿੰਦਰ ਕੌਰ ਸੀਨੀਅਰ ਸਹਾਇਕ, ਲਖਵਿੰਦਰ ਕੌਰ, ਬਲਜੀਤ ਕੌਰ, ਸੁਮਨ ਕੁਮਾਰੀ, ਸੁਰਜੀਤ ਕੌਰ, ਹਰਜੀਤ ਕੌਰ ਸੋਮਾ ਆਦਿ ਵੀ ਹਾਜ਼ਰ ਸਨ।

# ਪੰਜਾਬ 'ਚ ਅਮਨ-ਕਾਨੂੰਨ ਦੀ ਹਾਲਤ ਲਗਾਤਾਰ ਨਿੱਘਰਦੀ ਜਾ ਰਹੀ: ਲਿਬਰੇਸ਼ਨ



**ਬਟਾਲਾ (ਤਰਲੋਕ ਬੱਗਾ)**-ਫੈਜ਼ਪੁਰਾ ਰੋਡ ਪਾਰਟੀ ਦਫਤਰ ਵਿਖੇ ਸੀ. ਪੀ. ਆਈ. (ਐੱਮਐੱਲ) ਲਿਬਰੇਸ਼ਨ ਦੀ ਜ਼ਿਲ੍ਹਾ ਸਕੱਤਰੇਤ ਦੀ ਮੀਟਿੰਗ ਵਿਜੇ ਸੋਹਲ ਦੀ ਪ੍ਰਧਾਨਗੀ ਹੇਠ ਕਰਨ ਪਿੱਛੋਂ ਮੀਟਿੰਗ ਦੀ ਕਾਰਵਾਈ ਦਸਦਿਆਂ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਕਿਹਾ ਕਿ ਮੀਟਿੰਗ ਵਿੱਚ ਪੰਜਾਬ ਦੀ ਰਾਜਨੀਤਕ ਸਥਿਤੀ 'ਤੇ ਵਿਚਾਰ ਕਰਦਿਆਂ ਮਹਿਸੂਸ ਕੀਤਾ ਗਿਆ ਹੈ ਕਿ ਭਗਵੰਤ ਮਾਨ ਦੀ ਸਰਕਾਰ ਪੰਜਾਬ ਵਿੱਚ ਅਮਨ ਕਾਨੂੰਨ ਦੀ ਹਾਲਤ ਸੁਧਾਰਨ ਵਿੱਚ ਬੁਰੀ ਤਰ੍ਹਾਂ ਫੇਲ੍ਹ ਹੋ ਰਹੀ ਹੈ। ਭਾਵੇਂ ਮੁੱਖ ਮੰਤਰੀ ਭਗਵੰਤ ਮਾਨ ਨੇ ਪਿਛਲੇ ਸਾਲ 15 ਅਗਸਤ ਨੂੰ ਝੰਡਾ ਝੁਲਾਉਣ ਸਮੇਂ ਪੰਜਾਬ ਨਾਲ 2024 ਦੇ 15 ਅਗਸਤ ਤੱਕ ਨਸ਼ਾ ਖਤਮ ਕਰਨ ਦਾ ਵਾਅਦਾ ਕੀਤਾ ਸੀ ਪਰ ਨੌਜਵਾਨ ਨਸ਼ਿਆਂ ਨਾਲ ਲਗਾਤਾਰ ਮਰ ਰਹੇ ਹਨ। ਜਨਤਾ ਨਾ ਘਰਾਂ ਵਿੱਚ ਮਹਿਫੂਜ਼ ਹੈ ਅਤੇ ਨਾ ਹੀ ਘਰੋਂ ਬਾਹਰ। ਲੁੱਟਾਂ-ਖੋਹਾਂ, ਫਿਰੌਤੀਆਂ, ਭਾੜੇ ਦੇ ਅਤੇ ਨਿੱਜੀ ਕਤਲ ਪੰਜਾਬ ਵਿੱਚ ਆਮ ਵਰਤਾਰਾ ਹੋ ਗਿਆ ਹੈ। ਸਮੁੱਚੇ ਪ੍ਰਸ਼ਾਸਨ ਅਤੇ ਆਮ ਆਦਮੀ ਪਾਰਟੀ ਦੇ ਅੰਦਰਲੇ ਹਲਕਿਆਂ ਵਿਚ ਭ੍ਰਿਸ਼ਟਾਚਾਰ ਚਰਮ ਸੀਮਾ ਉਪਰ ਹੈ। ਢਾਈ ਸਾਲਾਂ ਵਿਚ ਸਰਕਾਰ ਨਿਰੋਲ ਕਰਜ਼ੇ ਦੇ ਪੈਸਿਆਂ ਨਾਲ ਚਲਾਈ ਗਈ ਹੈ। ਪੁਲਸ ਦਾ ਪਹਿਲੀਆਂ ਸਰਕਾਰਾਂ ਦੀ ਤਰ੍ਹਾਂ ਰਾਜਨੀਤੀਕਰਨ ਕਰ ਦਿੱਤਾ ਗਿਆ ਹੈ। ਸਮਾਜ ਦਾ ਹਰ ਵਰਗ ਸੜਕਾਂ ਉਪਰ ਬੈਠਾ ਹੈ। ਆਮ ਜਨਤਾ ਦੀ ਕਿਧਰੇ ਵੀ ਕੋਈ ਸੁਣਵਾਈ ਨਹੀਂ ਹੈ। ਮੀਟਿੰਗ ਵਿੱਚ ਗੁਲਜ਼ਾਰ ਸਿੰਘ ਭੁੰਬਲੀ, ਅਸ਼ਵਨੀ ਕੁਮਾਰ ਲੱਖਣ ਕਲਾਂ, ਸੁਖਦੇਵ ਸਿੰਘ ਭਾਗੋਕਾਵਾਂ ਅਤੇ ਦਲਬੀਰ ਭੋਲਾ ਮਲਕਵਾਲ ਸ਼ਾਮਲ ਸੀ

# ਐੱਸ. ਐੱਸ. ਪੀ. ਸੁਹੇਲ ਕਾਸਿਮ ਮੀਰ ਦਾ ਸੁਆਗਤ



**ਬੁਤਾਲਾ (ਨਿਰਮਲ ਸਿੰਘ ਸੰਘਾ)**-ਜ਼ਿਲਾ ਬਟਾਲਾ ਦਾ ਚਾਰਜ ਸੰਭਾਲਣ ਤੇ ਬੈਸਟ ਫੋਟੋਗ੍ਰਾਫ਼ਰ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਸੁਖਵਿੰਦਰ ਸਿੰਘ ਧੁੱਪਸੜੀ ਨੇ ਐੱਸ . ਐੱਸ. ਪੀ. ਸੁਹੇਲ ਕਾਸਿਮ ਮੀਰ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਸਨਮਾਨਿਤ ਕੀਤਾ।ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਚੇਅਰਮੈਨ ਮਦਨ ਲਾਲ, ਜਨਰਲ ਸੈਕਟਰੀ ਆਕਾਸ਼ ਦੀਪ, ਕੈਸ਼ੀਅਰ ਕਮਲਨੈਨ, ਪ੍ਰੈੱਸ ਸਕੱਤਰ ਅਸ਼ੋਕ ਮਹਿਰਾ ਆਦਿ ਹਾਜ਼ਰ ਸਨ।ਇਸ ਮੌਕੇ ਬੋਲਦਿਆਂ ਐੱਸ. ਐੱਸ. ਪੀ. ਬਟਾਲਾ ਨੇ ਕਿਹਾ ਕਿ ਸਮਾਜ ਨੂੰ ਹਮੇਸ਼ਾ ਚੰਗੀਆਂ ਸੰਸਥਾਵਾਂ ਦੀ ਲੋੜ ਹੁੰਦੀ ਹੈ।ਸਮਾਜ ਵਿੱਚ ਆ ਰਹੀਆਂ ਮੁਸ਼ਕਲਾਂ ਨੂੰ ਨਜਿੱਠਣ ਲਈ ਯੂਨੀਅਨ ਦਾ ਸਾਥ ਬਹੁਤ ਜਰੂਰੀ ਹੈ।ਇਸ ਸਮੇਂ ਸਰਕਲ ਪ੍ਰਧਾਨ ਕਰਮਜੀਤ ਸਿੰਘ ਲਾਲੀ ਮਹਿਤਾ ਚੌਕ, ਸਰਕਲ ਪ੍ਰਧਾਨ ਨਿਰਮਲ ਸਿੰਘ ਸੰਘਾ ਬੁਤਾਲਾ, ਸੀਨੀਅਰ ਮੀਤ ਪ੍ਰਧਾਨ ਰਜਿੰਦਰ ਚੌਹਾਨ, ਸਹਾਇਕ ਕੈਸ਼ੀਅਰ ਐਨਥਨੀ, ਮੀਤ ਪ੍ਰਧਾਨ ਦਲਜੀਤ ਸਿੰਘ, ਜ਼ਿਲਾ ਸੈਕਟਰੀ ਸਿੰਦਰਪਾਲ ਸਿੰਘ ਗੌਰੀ ਆਦਿ ਹਾਜ਼ਰ ਸਨ।

# ਆਜ਼ਾਦੀ ਦਿਵਸ 'ਤੇ ਹਿੰਦੂ ਸੰਗਠਨਾਂ ਨੇ ਲੋਕਾਂ ਨੂੰ ਤਿਰੰਗੇ ਝੰਡੇ ਵੰਡੇ



**ਦੀਨਾਨਗਰ, (ਸੰਜੀਵ)**-ਸਥਾਨਕ ਬੱਸ ਸਟੈਂਡ ਵਿਖੇ ਹਿੰਦੂ ਆਗੂ ਅਜੈ ਕੁਮਾਰ, ਹਿੰਦੂ ਆਗੂ ਪਵਨ ਵਰਮਾ ਅਤੇ ਈ-ਰਿਕਸ਼ਾ ਯੂਨੀਅਨ ਵੱਲੋਂ ਤਿਰੰਗੇ ਝੰਡੇ ਵੰਡੇ ਗਏ ਅਤੇ ਸਮੂਹ ਦੇਸ਼ ਵਾਸੀਆਂ ਨੂੰ ਇਸ ਸ਼ੁਭ ਦਿਹਾੜੇ ਦੀ ਵਧਾਈ ਦਿੱਤੀ। ਅਜੈ ਕੁਮਾਰ ਅਤੇ ਪਵਨ ਵਰਮਾ ਨੇ ਕਿਹਾ ਕਿ ਸਾਡੇ ਆਜ਼ਾਦੀ ਘੁਲਾਟੀਆਂ ਨੇ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਬਹੁਤ ਕੁਰਬਾਨੀਆਂ ਦਿੱਤੀਆਂ ਪਰ ਇਸ ਦਿਨ ਕੁਝ ਦੇਸ਼ ਵਿਰੋਧੀ ਲੋਕ ਦੇਸ਼ ਦ ਤਿਰੰਗੇ ਝੰਡੇ ਦਾ ਅਪਮਾਨ ਕਰਦੇ ਹਨ ਅਤੇ ਆਜ਼ਾਦੀ ਦਿਵਸ ਨੂੰ ਕਾਲੇ ਦਿਵਸ ਵਜੋਂ ਮਨਾਉਣ ਦੀ ਗੱਲ ਕਰਦੇ ਹਨ। ਅਜਿਹੇ ਦੇਸ਼ ਵਿਰੋਧੀ ਲੋਕਾਂ ਨੂੰ ਸਜ਼ਾ ਮਿਲਣੀ ਚਾਹੀਦੀ ਹੈ। ਇਸ ਮੌਕੇ ਗੋਪਾਲ ਸ਼ਰਮਾ, ਈ-ਰਿਕਸ਼ਾ ਯੂਨੀਅਨ ਦੇ ਪ੍ਰਧਾਨ ਰਾਜਨ ਕੁਮਾਰ, ਬ੍ਰਿਜ ਭਗਤ, ਸਾਗਰ ਕੁਮਾਰ, ਤਰੁਣ ਠਾਕੁਰ, ਸੰਜੀਵ ਮਹਿਰਾ, ਅਜੇ ਕੁਮਾਰ, ਦਵਿੰਦਰ ਸਿੰਘ, ਰਮੇਸ਼ ਕੁਮਾਰ, ਸੁਰਜੀਤ ਕੁਮਾਰ ਆਦਿ ਹਾਜ਼ਰ ਸਨ।

# ਭਾਈ ਗੁਰਦਾਸ ਸਕੂਲ ਲੱਖਣ ਕਲਾਂ ਵਿਖੇ ਮਨਾਇਆ 78ਵਾਂ ਆਜ਼ਾਦੀ ਦਿਹਾੜਾ

**ਕਲਾਨੌਰ (ਮਨਦੀਪ ਕੋਹਲੀ)**- ਕਲਾਨੌਰ ਖੇਤਰ ਵਿੱਚ ਵਿਦਿਆ ਦੇ ਚਾਨਣ ਮੁਨਾਰੇ ਵੱਜੋਂ ਜਾਣੇ ਜਾਂਦੇ ਭਾਈ ਗੁਰਦਾਸ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਲੱਖਣ ਕਲਾਂ ਵਿੱਚ ਆਜ਼ਾਦੀ ਦਾ 78ਵਾਂ ਸੁਤੰਤਰਤਾ ਦਿਵਸ ਪ੍ਰਿੰ. ਮੈਡਮ ਬਲਜਿੰਦਰ ਕੌਰ ਕਾਹਲੋਂ ਦੀ ਸੁਚੱਜੀ ਅਗਵਾਈ ਹੇਠ ਮਨਾਇਆ ਗਿਆ।ਪ੍ਰੋਗਰਾਮ ਵਿੱਚ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਬਲਬੀਰ ਸਿੰਘ ਕਾਹਲੋਂ ਨੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਬੱਚਿਆਂ ਦੀ ਹੌਸਲਾ ਅਫਜ਼ਾਈ ਕੀਤੀ।ਪ੍ਰੋਗਰਾਮ ਵਿੱਚ ਬੱਚਿਆਂ ਮਨਸੀਰਤ ਕੌਰ, ਅਕਾਲ ਜੋਤ ਕੌਰ, ਮੁਸਕਾਨ ਕੌਰ, ਗੁਰਨਾਜ਼ ਕੌਰ, ਜਸਮੀਤ ਕੌਰ ਆਦਿ ਵੱਲੋਂ ਦੇਸ਼ ਭਗਤੀ ਨਾਲ ਸੰਬੰਧਿਤ ਕਵਿਤਾਵਾਂ, ਭਾਸ਼ਣ ਮੁਕਾਬਲੇ, ਕੋਰੀਓਗ੍ਰਾਫੀ ਕਰਵਾਈ ਗਈ।ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਮੈਡਮ ਬਲਜਿੰਦਰ ਕੌਰ ਕਾਹਲੋਂ ਵੱਲੋਂ ਬੱਚਿਆਂ ਨੂੰ ਬੜੇ ਵਿਸਥਾਰ ਨਾਲ ਦੱਸਿਆ ਗਿਆ ਕਿ ਕਿਸ ਤਰ੍ਹਾਂ ਅੰਗਰੇਜ਼ ਹਕੂਮਤ ਤੋਂ ਭਾਰਤ ਦੇਸ਼ ਦੇ ਸੂਰਵੀਰ ਯੋਧਿਆਂ ਅਤੇ ਸ਼ਹੀਦਾਂ ਨੇ ਆਪਣੀ ਜਾਨ ਦੇਸ਼ ਤੋਂ ਕੁਰਬਾਨ ਕਰਕੇ ਭਾਰਤ ਦੇਸ਼ ਨੂੰ ਆਜ਼ਾਦ ਕਰਵਾਇਆ ਸੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮੈਡਮ ਪ੍ਰਭਜੋਤ ਕੌਰ, ਮੈਡਮ ਸੁਖਵਿੰਦਰ ਕੌਰ, ਮੈਡਮ ਸ਼ਰਨਦੀਪ ਕੌਰ, ਐੱਸ. ਪੀ. ਸਿੰਘ ਸਮੇਤ ਸਾਰਾ ਸਟਾਫ ਹਾਜ਼ਰ ਸੀ।

# ਜੀਟੀਬੀ ਆਈ ਸਕੂਲ ਕਲਿਆਣਪੁਰ 'ਚ ਭਾਰਤ ਛੱਡੋ ਅੰਦੋਲਨ ਦਿਵਸ ਮਨਾਇਆ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਗੁਰੂ ਤੇਗ ਬਹਾਦਰ ਇੰਟਰਨੈਸ਼ਨਲ (ਜੀ. ਟੀ. ਬੀ. ਆਈ.) ਸਕੂਲ ਕਲਿਆਣਪੁਰ ਵਿੱਚ ਭਾਰਤ ਛੱਡੋ ਅੰਦੋਲਨ ਦਿਵਸ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਚੇਅਰਮੈਨ ਤਰਸੇਮ ਸਿੰਘ ਅਤੇ ਮੈਨੇਜਿੰਗ ਡਾਇਰੈਕਟਰ ਸੁਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤੇ ਪ੍ਰਿੰਸੀਪਲ ਬਰਿੰਦਰ ਜੋਤ ਕੌਰ ਅਤੇ ਐਜੂਕੇਸ਼ਨ ਡਾਇਰੈਕਟਰ ਡਾ.ਕ੍ਰਿਤਇੰਦਰ ਕੌਰ ਦੀ ਅਗਵਾਈ ਵਿੱਚ ਪ੍ਰਭਾਵਸ਼ਾਲੀ ਪ੍ਰੋਗਰਾਮ ਅਜੋਜਿਤ ਕੀਤਾ ਗਿਆ।

ਪ੍ਰੋਗਰਾਮ ਦੌਰਾਨ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਨਾਟਕ, ਕਵਿਤਾ ਤੇ ਭਾਸ਼ਣ ਦੀ ਪੇਸ਼ਕਾਰੀ ਦੁਆਰਾ ਅੱਜ ਦੀ ਪੀੜ੍ਹੀ ਨੂੰ ਆਪਣੇ ਪੁਰਾਣੇ ਇਤਿਹਾਸ ਬਾਰੇ ਜਾਗਰੂਕ ਕਰਦੇ ਹੋਏ ਦੱਸਿਆ ਗਿਆ ਕਿ ਸਾਨੂੰ ਆਜ਼ਾਦੀ ਪ੍ਰਾਪਤ ਕਰਨ ਲਈ ਕਿੰਨੇ ਸੰਘਰਸ਼ ਕਰਨੇ ਪਏ। ਸਾਨੂੰ ਇਸ ਆਜ਼ਾਦੀ ਨੂੰ ਮਾਣਦੇ ਹੋਏ ਆਪਣੇ ਦੇਸ਼ ਨੂੰ ਤਰੱਕੀ ਦੇ ਰਸਤੇ ਤੇ ਲੈ ਕੇ ਜਾਣਾ ਚਾਹੀਦਾ ਹੈ। ਐਜੂਕੇਸ਼ਨ ਡਾਇਰੈਕਟਰ ਡਾ.ਕ੍ਰਿਤਇੰਦਰ ਕੌਰ ਨੇ ਵਿਦਿਆਰਥੀ ਸਰਵੇਸ਼ ਅਬਰੋਲ ਦੇ ਮਹਾਤਮਾ ਗਾਂਧੀ ਦੀ ਭੂਮਿਕਾ ਦੇ ਕਿਰਦਾਰ ਦੀ ਬਹੁਤ ਤਾਰੀਫ਼ ਕੀਤੀ।

ਉਨ੍ਹਾਂ ਨੇ ਬੱਚਿਆਂ ਦੀ ਸ਼ਾਨਦਾਰੀ ਪੇਸ਼ਕਾਰੀ ਨੂੰ ਵੇਖਦੇ ਹੋਏ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਅਤੇ ਭਵਿੱਖ ਵਿੱਚ ਵੀ ਅਜਿਹੇ ਹੋਰ ਪ੍ਰੋਗਰਾਮਾਂ ਅਤੇ ਹੋਰ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਬੱਚਿਆਂ ਨੂੰ ਪ੍ਰੇਰਿਤ ਕੀਤਾ। ਬੱਚਿਆਂ ਨੂੰ ਇਸ ਪ੍ਰੋਗਰਾਮ ਦੀ ਤਿਆਰੀ ਅਧਿਆਪਕਾ ਰੁਪਿੰਦਰ ਕੌਰ ਤੇ ਜਸਪਿੰਦਰ ਕੌਰ ਵਲੋਂ ਕਰਵਾਈ ਗਈ। ਇਸ ਸਮੇਂ ਕੋਆਰਡੀਨੇਟਰ ਅਕਵਿੰਦਰ ਕੌਰ, ਸਪਨਾ ਮਹਿੰਗੀ, ਅਮਨਦੀਪ ਕੌਰ, ਪ੍ਰਭਜੋਤ ਕੌਰ, ਜੋਤੀ ਅਤੇ ਸਮੂਹ ਸਟਾਫ਼ ਹਾਜ਼ਰ ਸੀ।

# ਖੇਲੋ ਇੰਡੀਆ ਜੂਡੋ ਵੂਮੈਨ ਲੀਗ ਨਾਰਥ ਜ਼ੋਨਲ 'ਚ ਹਰਪੁਨੀਤ ਕੌਰ ਨੇ ਦੋ ਮੈਡਲ ਜਿੱਤੇ




**ਗੁਰਦਾਸਪੁਰ,(ਜਨਕ ਮਹਾਜਨ)**-8 ਅਗਸਤ ਤੋਂ 11 ਤੱਕ ਨਾਰਥ ਜ਼ੋਨਲ ਸਬ ਜੂਨੀਅਰ, ਕੈਡੇਟ, ਜੂਨੀਅਰ, ਸੀਨੀਅਰ ਖੇਡਾਂ ਕਰਵਾਈਆਂ ਗਈਆਂ ਜਿਸ ਵਿਚ ਜੰਮੂ-ਕਸ਼ਮੀਰ, ਹਿਮਾਚਲ ਪ੍ਰਦੇਸ਼, ਪੰਜਾਬ ਹਰਿਆਣਾ, ਦਿੱਲੀ ਉੱਤਰ ਪ੍ਰਦੇਸ਼ ਉਤਰਾਖੰਡ ਅਤੇ ਚੰਡੀਗੜ੍ਹ ਦੀਆਂ ਲੜਕੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਸ਼ਹੀਦ ਭਗਤ ਸਿੰਘ ਜੂਡੋ ਟਰੇਨਿੰਗ ਸੈਂਟਰ ਗੁਰਦਾਸਪੁਰ ਦੀ ਹੋਣਹਾਰ ਖਿਡਾਰਣ ਹਰਪੁਨੀਤ ਕੌਰ ਨੇ ਇਨ੍ਹਾਂ ਖੇਡਾਂ ਵਿਚ ਦੋ ਮੈਡਲ ਜਿੱਤ ਕੇ ਗੁਰਦਾਸਪੁਰ ਅਤੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ। ਪਹਿਲੇ ਦਿਨ ਕੈਡਿਟਸ ਗਰੁੱਪ ਅੰਡਰ 17 ਸਾਲ ਦੇ +78 ਕਿਲੋ ਭਾਰ ਵਰਗ ਵਿੱਚ ਉਹ ਸੈਮੀਫਾਈਨਲ ਵਿਚ ਹਾਰ ਕੇ ਬਰੌਂਜ਼ ਮੈਡਲ ਵਿਜੇਤਾ ਬਣੀ ਅਤੇ 2000 ਰੁਪਏ ਦੀ ਇਨਾਮੀ ਰਾਸ਼ੀ ਪ੍ਰਾਪਤ ਕੀਤੀ। ਦੂਜੇ ਦਿਨ ਜੂਨੀਅਰ ਵਰਗ ਅੰਡਰ 21 ਸਾਲ ਵਿੱਚ ਹਰਪੁਨੀਤ ਕੌਰ ਨੇ ਕੈਡਟਿਸ ਗਰੁੱਪ ਦੀ ਗੋਲਡ ਮੈਡਲ ਵਿਜੇਤਾ ਲੜਕੀ ਨੂੰ ਸੈਮੀਫਾਈਨਲ ਵਿਚ ਪਛਾੜ ਕੇ ਫਾਈਨਲ ਵਿੱਚ ਪ੍ਰਵੇਸ਼ ਕੀਤਾ ਅਤੇ ਸਿਲਵਰ ਮੈਡਲ ਜਿੱਤਣ ਵਿੱਚ ਕਾਮਯਾਬ ਹੋਈ। ਖੇਡ ਮੰਤਰਾਲੇ ਵੱਲੋਂ ਉਸ ਨੂੰ 4000 ਰੁਪਏ ਦਾ ਇਨਾਮ ਦਿੱਤਾ ਗਿਆ। ਇਸ ਜਿੱਤ ਤੋਂ ਬਾਅਦ ਹਰਪੁਨੀਤ ਕੌਰ ਦੀ ਚੋਣ ਨੈਸ਼ਨਲ ਪੱਧਰ ਤੇ ਖੇਡਣ ਲਈ ਹੋਈ ਹੈ ਜਿਥੇ ਸਮੁੱਚੇ ਭਾਰਤ ਵਿਚੋਂ ਅੱਠ ਖਿਡਾਰਨਾਂ ਦੇ ਮੁਕਾਬਲੇ ਕਰਵਾਏ ਜਾਣਗੇ ਅਤੇ ਪਹਿਲੀਆਂ ਚਾਰ ਖਿਡਾਰਨਾਂ ਨੂੰ ਢੁੱਕਵੇਂ ਇਨਾਮ ਅਤੇ ਅੰਤਰਰਾਸ਼ਟਰੀ ਪੱਧਰ ਦੀ ਸਿਖਲਾਈ ਦਿੱਤੀ ਜਾਵੇਗੀ।

